ਸੋਮਵਾਰ, 29 ਜੂਨ, 2026

15 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 28

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 29 JUNE, 2026 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12







## ਸੰਗਤ ਦਾ ਪੂਰਾ ਪਿਆਰ ਮਿਲ ਰਿਹੈ : ਮਾਨ

### ਪਾਰਟੀ ਦੇ ਸਿੱਖ ਵਿਧਾਇਕ ਤੇ ਮੰਤਰੀ ਅੱਜ ਸ੍ਰੀ ਅਕਾਲ ਤਖਤ ਸਾਹਿਬ ’ਤੇ ਪੇਸ਼ ਹੋਣਗੇ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਆਮ ਆਦਮੀ ਪਾਰਟੀ ਦੇ ਸਾਰੇ ਸਿੱਖ ਵਿਧਾਇਕ ਤੇ ਮੰਤਰੀ 29 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋਣਗੇ ਅਤੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ ਬਾਰੇ ਸਰਕਾਰ ਦਾ ਪੱਖ ਰੱਖਣਗੇ। ਇਹ ਜਾਣਕਾਰੀ ਐਤਵਾਰ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਇੱਕ ਪ੍ਰੈੱਸ ਕਾਨਫਰੰਸ ’ਚ ਦਿੱਤੀ। ਇਸ ਤੋਂ ਪਹਿਲਾਂ ਉਨ੍ਹਾਂ ਨੇ ਇੱਥੇ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਨਾਲ ਇੱਕ ਬੰਦ ਕਮਰਾ ਮੀਟਿੰਗ ਵੀ ਕੀਤੀ। ਮਾਨ ਨੇ ਦੱਸਿਆ ਕਿ ਗੈਰ-ਸਿੱਖ ਵਿਧਾਇਕ ਵੀ ਆਪਣਾ ਪੱਖ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਭੇਜਣਗੇ। ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੋ ਵੀ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ, ਉਸ ’ਤੇ ਸਰਕਾਰ ਵੱਲੋਂ ਵਿਚਾਰ ਕੀਤਾ ਜਾਵੇਗਾ।

ਵਿਵਾਦਤ ਵੀਡੀਓ ਦੇ ਮਾਮਲੇ ਵਿੱਚ ਇੱਕ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾ ਕਿਹਾ ਕਿ ਉਹ ਇਸ ਮਾਮਲੇ ਵਿੱਚ ਮਾਸਕ ਵਾਲੀ ਸਾਹਮਣੇ ਆਈ ਵੀਡੀਓ ਅਤੇ ਆਪਣਾ ਲਿਖਤੀ ਪੱਖ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਭੇਜਣਗੇ। ਉਹ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਤ ਹਨ ਅਤੇ ਪਹਿਲਾਂ ਵੀ ਜਦੋਂ ਉਨ੍ਹਾ ਨੂੰ ਬੁਲਾਇਆ ਗਿਆ ਸੀ, ਤਾਂ ਉਹ ਰਾਸ਼ਟਰਪਤੀ ਦੇ ਦੌਰੇ ਦੌਰਾਨ ਵੀ ਉੱਥੇ ਗਏ ਸਨ। ਇੱਕ ਹੋਰ ਸਵਾਲ ਦੇ ਜਵਾਬ ਵਿੱਚ ਉਨ੍ਹਾ ਕਿਹਾ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਨਾਲ ਮੱਥਾ ਲਾਉਣ ਜਾਂ ਟਕਰਾਉਣ ਬਾਰੇ ਸੋਚ ਵੀ ਨਹੀਂ ਸਕਦੇ। ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਉਨ੍ਹਾ ਨੂੰ ‘ਗੁਰੂ ਦੋਖੀ’ ਤੇ ‘ਪੰਥ ਵਿਰੋਧੀ’ ਕਰਾਰ ਦੇਣ ਅਤੇ ਸੰਗਤ ਨੂੰ ਬਾਈਕਾਟ ਕਰਨ ਦੇ ਕੀਤੇ ਗਏ ਆਦੇਸ਼ ਬਾਰੇ ਉਨ੍ਹਾ ਕਿਹਾ ਕਿ ਇਸ ਮਾਮਲੇ ਵਿੱਚ ਸੰਗਤ ਦਾ ਜੋ ਵੀ ਫੈਸਲਾ ਹੋਵੇਗਾ, ਉਹ ਪ੍ਰਵਾਨ ਹੋਵੇਗਾ। ਉਨ੍ਹਾ ਕਿਹਾ ਕਿ ਸੰਗਤ ਵੱਡੀ ਗਿਣਤੀ ਵਿੱਚ ਉਨ੍ਹਾ ਨੂੰ ਮਿਲ ਰਹੀ ਹੈ ਅਤੇ ਉਨ੍ਹਾ ਦਾ ਸਮਰਥਨ ਕਰ ਰਹੀ ਹੈ। ਉਹ ਰੋਜ਼ ਸੰਗਤ ਵਿੱਚ ਜਾ ਰਹੇ ਹਨ ਅਤੇ ਉਨ੍ਹਾ

• ਬਾਕੀ ਸਫਾ 2 ’ਤੇ

## ਹਿਟਲਰ ਤੇ ਗੌਡਸੇ ਦੇ ਪੈਰੋਕਾਰ ਮਹਾਰਾਜਾ ਰਣਜੀਤ ਸਿੰਘ ਦੇ ਅਨੁਯਾਈ ਨਹੀਂ ਹੋ ਸਕਦੇ : ਬੰਤ ਬਰਾੜ

### ਜਲੰਧਰ ’ਚ ਸਫਲ ਕਨਵੈਨਸ਼ਨ ਤੇ ਰੋਹ ਭਰਪੂਰ ਮੁਜ਼ਾਹਰਾ




**ਜਲੰਧਰ (ਗਿਆਨ ਸੈਦਪੁਰੀ)**

‘ਅੱਜਕੱਲ੍ਹ ਭਾਜਪਾ ਅਤੇ ਆਰ ਐੱਸ ਐੱਸ ਵੱਲੋਂ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਸਥਾਪਤ ਕਰਨ ਦਾ ਪ੍ਰਚਾਰ ਜ਼ੋਰਾਂ-ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ। ਹੋਰ ਕੂੜ-ਪ੍ਰਚਾਰ ਵਾਂਗ ਇਹ ਵੀ ਸਿੱਖ ਭਾਈਚਾਰੇ ਨੂੰ ਗੁੰਮਰਾਹ ਕਰਨ ਦਾ ਇੱਕ ਤਰੀਕਾ ਹੈ। ਹਿਟਲਰ ਅਤੇ ਗੌਡਸੇ ਦੇ ਪੈਰੋਕਾਰ ਮਹਾਰਾਜਾ ਰਣਜੀਤ ਸਿੰਘ ਦੇ ਅਨੁਯਾਈ ਨਹੀਂ ਹੋ ਸਕਦੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਅਤੇ ਸੀ ਪੀ ਆਈ ਦੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕੀਤਾ। ਉਹ ਸੀ ਪੀ ਆਈ ਵੱਲੋਂ ਪੰਜਾਬ ਦੇ ਮਸਲਿਆਂ ’ਤੇ ਨਿੱਠ ਕੇ ਵਿਚਾਰ ਵਟਾਂਦਰਾ ਕਰਨ ਲਈ ਜ਼ਿਲ੍ਹਾ ਪੱਧਰੀ ਕਨਵੈਨਸ਼ਨਾਂ ਦੇ ਸਿਲਸਲੇ ਤਹਿਤ ਐਤਵਾਰ ਨੂੰ ਜ਼ਿਲ੍ਹਾ ਜਲੰਧਰ ਦੀ ਕਨਵੈਨਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਭਾਜਪਾ ਹਿੰਦੂਤਵ ਦੇ ਪ੍ਰਚਾਰ-ਪ੍ਰਸਾਰ ਦੇ ਸਬੱਬ ਨਾਲ ਹੀ ਹਿੰਦੂ ਭਾਈਚਾਰੇ ਨੂੰ ਗੁੰਮਰਾਹ ਕਰਨ ਦੇ ਆਹਰ ਵਿੱਚ ਹੈ। ਕਾਮਰੇਡ ਬਰਾੜ ਨੇ ਕਿਹਾ ਕਿ ਦੇਸ਼ ਵਿੱਚ ਕਰੋੜਾਂ ਕਿਸਾਨਾਂ, ਮਜ਼ਦੂਰਾਂ, ਛੋਟੇ ਦੁਕਾਨਦਾਰਾਂ ਤੇ ਕਾਰਖਾਨੇਦਾਰਾਂ ਵਿੱਚ ਹਿੰਦੂ ਭਾਈਚਾਰਾ ਸ਼ਾਮਲ ਹੈ। ਜਦੋਂ ਉਹ ਆਪਣੇ ਹੱਕ ਮੰਗਦੇ ਹਨ ਤਾਂ ਉਨ੍ਹਾਂ ’ਤੇ ਤਸ਼ੱਦਦ ਕੀਤਾ ਜਾਂਦਾ ਹੈ। ਪਿਛਲੇ ਸਮੇਂ ਦਿੱਲੀ ਦੀਆਂ ਬਰੂਹਾਂ ’ਤੇ

• ਬਾਕੀ ਸਫਾ 2 ’ਤੇ

## ਵੱਡੇ ਚੜ੍ਹਾਵਾ ਚੋਰਾਂ ਨੂੰ ਬਚਾਇਆ ਜਾ ਰਿਹੈ : ਕੇਜਰੀਵਾਲ

**ਅੰਮ੍ਰਿਤਸਰ** : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅਯੁੱਧਿਆ ’ਚ ਸ੍ਰੀ ਰਾਮ ਮੰਦਰ ਵਿੱਚ ਹੋਈ ਚੋਰੀ ਦੇ ਮਾਮਲੇ ਵਿੱਚ ਛੋਟੇ-ਛੋਟੇ ਲੋਕਾਂ ਦੀ ਗ੍ਰਿਫ਼ਤਾਰੀ ’ਤੇ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਚੜ੍ਹਾਵਾ ਚੋਰੀ ਕਰਨ ਵਾਲੇ ਵੱਡੇ ਲੋਕਾਂ ਨੂੰ ਬਚਾਇਆ ਜਾ ਰਿਹਾ ਹੈ। ਰਾਮ ਮੰਦਰ ਵਿੱਚ 200 ਕਰੋੜ ਰੁਪਏ ਦੀ ਚੋਰੀ ਹੋਈ ਅਤੇ ਬਰਾਮਦ ਸਿਰਫ਼ 80 ਲੱਖ ਰੁਪਏ ਹੋਏ, ਬਾਕੀ ਪੈਸਾ ਕਿੱਥੇ ਗਿਆ?

ਉਨ੍ਹਾ ਕਿਹਾ ਕਿ ਚੋਰੀ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਖੁੱਲ੍ਹੇਆਮ ਘੁੰਮ ਰਹੀਆਂ ਹਨ ਅਤੇ ਜਾਂਚ ਦੇ ਨਾਂਅ ’ਤੇ ਸਿਰਫ਼ ਖਾਨਾਪੂਰਤੀ ਹੋ ਰਹੀ ਹੈ।ਕਿਸੇ ਪੈਸੇ ਗਿਣਨ ਵਾਲੇ ਜਾਂ ਕਿਸੇ ਛੋਟੇ ਜਿਹੇ ਚੌਕੀਦਾਰ ਨੂੰ ਫੜ ਲਿਆ ਗਿਆ ਹੈ। ਜਿਨ੍ਹਾਂ ਅੱਠ ਲੋਕਾਂ ਨੂੰ ਫੜਿਆ ਗਿਆ ਹੈ, ਉਹ ਬਹੁਤ ਛੋਟੇ ਪੱਧਰ ਦੇ ਹਨ।ਇੱਕ ਦੋਸ਼ ਇਹ ਵੀ ਹੈ ਕਿ 200 ਕਰੋੜ ਰੁਪਏ ਦੀ ਨਕਦੀ ਚੋਰੀ ਹੋਈ ਹੈ, ਪਰ ਇਨ੍ਹਾਂ ਅੱਠ ਲੋਕਾਂ ਤੋਂ ਕੇਵਲ 80 ਲੱਖ ਰੁਪਏ ਦੀ ਹੀ ਰਿਕਵਰੀ ਹੋਈ ਹੈ, ਬਾਕੀ ਦਾ ਪੈਸਾ ਕਿੱਥੇ ਗਿਆ?

### ਵਿਸ਼ਾਲ ਲਵ-ਕੁਸ਼ ਮੰਦਰ ਬਣੇਗਾ

ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਮੰਦਰ ਦੇ ਨੇੜੇ ਲਵ-ਕੁਸ਼ ਅਤੇ ਮਾਤਾ ਜਾਨਕੀ ਦੇ ਇੱਕ ਵਿਸ਼ਾਲ ਅਤੇ ਸ਼ਾਨਦਾਰ ਮੰਦਰ ਦਾ ਨਿਰਮਾਣ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਵਿਸ਼ਾਲ ਲਵ-ਕੁਸ਼ ਮੰਦਰ ਦੇ ਨਿਰਮਾਣ ਦਾ ਸਿਧਾਂਤਕ ਫੈਸਲਾ ਲਿਆ ਹੈ।ਜਲਦੀ ਹੀ ਇਸ ਦੀ ਵਿਸਤ੍ਰਿਤ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਮੁੱਖ ਮੰਤਰੀ ਮਾਨ ਨਾਲ ਪ੍ਰੈੱਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਮੰਦਰ ਦੇ ਬਣਨ ਨਾਲ ਨਾ ਸਿਰਫ਼ ਪੰਜਾਬ ਅਤੇ ਦੇਸ਼, ਸਗੋਂ ਪੂਰੀ ਦੁਨੀਆ ਦੇ ਲੋਕਾਂ ਵਿੱਚ ਭਾਰੀ ਖੁਸ਼ੀ ਅਤੇ ਉਤਸ਼ਾਹ ਦੇਖਣ ਨੂੰ ਮਿਲੇਗਾ।

## ਵਾਂਗਚੁੱਕ ਵੱਲੋਂ ਭੁੱਖ ਹੜਤਾਲ ਸ਼ੁਰੂ



**ਨਵੀਂ ਦਿੱਲੀ (ਨ ਜ਼ ਸ)**

ਜਲਵਾਯੂ ਕਾਰਕੁੰਨ ਸੋਨਮ ਵਾਂਗਚੁੱਕ ਨੇ ਐਤਵਾਰ ਜੰਤਰ-ਮੰਤਰ ਵਿਖੇ ਭੁੱਖ ਹੜਤਾਲ ਸ਼ੁਰੂ ਕੀਤੀ, ਜਿੱਥੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) 20 ਜੂਨ ਤੋਂ ਪ੍ਰੀਖਿਆਵਾਂ ਵਿੱਚ ਬੇਨੇਮੀਆਂ ਨੂੰ ਲੈ ਕੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਧਰਨਾ ਦੇ ਰਹੀ ਹੈ। ਵਾਂਗਚੁੱਕ ਦੇ ਵਰਤ ਸ਼ੁਰੂ ਕਰਨ ਵੇਲੇ ਸੈਂਕੜੇ ਪ੍ਰਦਰਸ਼ਨਕਾਰੀ, ਜਿਨ੍ਹਾਂ ਵਿੱਚ

• ਬਾਕੀ ਸਫਾ 2 ’ਤੇ

## ਭਾਸ਼ਾ ਵਿਭਾਗ ਨੂੰ ਬੰਦ ਕਰਵਾਉਣ ਲਈ ਸਰਗਰਮ ਅਫਸਰ ਲਾਬੀ ਦਾ ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਤਿੱਖਾ ਵਿਰੋਧ

**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**-ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਨੇ ਪਿਛਲੇ ਦਿਨੀਂ ਕੁਝ ਅਖ਼ਬਾਰੀ ਰਿਪੋਰਟਾਂ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਵੱਲੋਂ ਸੋਸ਼ਲ ਮੀਡੀਆ ਉਪਰ ਅਫ਼ਸਰਾਂ ਦੀ ਇਕ ਲਾਬੀ ਵੱਲੋਂ ਭਾਸ਼ਾ ਵਿਭਾਗ ਨੂੰ ਬੰਦ ਕਰਨ ਦੀਆਂ ਕਨਸੋਆਂ ਦਾ ਤਿੱਖਾ ਵਿਰੋਧ ਕੀਤਾ ਹੈ।ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਪੰਜਾਬ ਦੇ ਪ੍ਰਧਾਨ ਸੁਰਜੀਤ ਜੱਜ ਅਤੇ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ ਨੇ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਸਮੇਂ-ਸਮੇਂ ’ਤੇ ਅਫਸਰਾਂ ਦੀ ਇਕ ਲਾਬੀ ਪੰਜਾਬੀ ਵਿਰੋਧੀ ਸਾਜ਼ਿਸ਼ਾਂ ਵਿੱਚ ਮਸ਼ਗੂਲ ਰਹਿੰਦੀ ਹੈ। ਇਹਨਾਂ ਦੀਆਂ ਨਜ਼ਰਾਂ ਵਿੱਚ ਭਾਸ਼ਾ ਵਿਭਾਗ ਵਰਗੇ ਅਦਾਰੇ ਚਿੱਟੇ ਹਾਥੀ ਹਨ, ਜਿਨ੍ਹਾਂ ਨਾਲ ਸਰਕਾਰ ਨੂੰ ਕੋਈ ਫਾਇਦਾ ਨਹੀਂ ਹੁੰਦਾ, ਉਲਟਾ ਇਹਨਾਂ ਅਫ਼ਸਰਾਂ ਉਪਰ ਪੰਜਾਬੀ ਵਿਚ ਕੰਮ ਕਰਨ ਦਾ ਦਬਾਅ ਬਣਦਾ ਹੈ, ਜਿਹੜਾ ਇਹਨਾਂ ਨੂੰ ਕਤਈ ਮਨਜ਼ੂਰ ਨਹੀਂ ਹੁੰਦਾ।ਅਜਿਹੀਆਂ ਲਾਬੀਆਂ ਪੰਜਾਬੀ ਵਿਰੋਧੀ ਬਿਰਤਾਂਤ ਸਿਰਜ ਕੇ ਸਿਆਸੀ ਲੀਡਰਾਂ ਨੂੰ ਵੀ ਉਂਗਲ ਤੇ ਚੜ੍ਹਾ ਲੈਂਦੀਆਂ ਹਨ। ਇਹ ਸਿਆਸੀ ਨੇਤਾਵਾਂ ਨੂੰ ਇਹ ਜਚਾ ਦਿੰਦੀਆਂ ਹਨ ਕਿ ਭਾਸ਼ਾ ਵਿਭਾਗ ਅਤੇ ਪੰਜਾਬੀ ਭਾਸ਼ਾ ਅਤੇ ਸਾਹਿਤ ਨਾਲ ਜੁੜੇ ਹੋਰ ਅਦਾਰਿਆਂ ਨਾਲ ਵੋਟਾਂ ਨੂੰ ਕੋਈ ਫਰਕ ਨਹੀਂ ਪੈਂਦਾ, ਸਗੋਂ ਲੇਖਕ ਆਮ ਤੌਰ ’ਤੇ ਸੱਤਾ ਦੇ ਵਿਰੋਧ ਵਿਚ ਭੁਗਤਦਾ ਹੈ।ਉੱਘੇ ਚਿੰਤਕ ਸਵਰਾਜਬੀਰ, ਪੰਜਾਬੀ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਇਤਿਹਾਸਕਾਰ ਸੁਵਰਨ

• ਬਾਕੀ ਸਫਾ 2 ’ਤੇ

## ਅੱਜ-ਨਾਮਾ

ਪੁਆੜੇ ਪਹਿਲੇ ਨਾ ਲੱਗ ਰਹੇ ਕਿਸੇ ਬੰਨੇ,
ਨੁਕਤਾ ਨਵਾਂ ਲਿਆ ਕਿਸੇ ਨੇ ਚੱਕ ਬੇਲੀ।
ਮੁਖੀ ਹਿਮਾਚਲ ਸਰਕਾਰ ਦਾ ਕਹੀ ਜਾਵੇ,
ਚੰਡੀਗੜ੍ਹ ਵਿੱਚ ਹੈ ਉਨ੍ਹਾਂ ਦਾ ਹੱਕ ਬੇਲੀ।
ਮਿਲ ਕੇ ਆਣ ਗਵਰਨਰ ਨੂੰ ਕਹਿ ਦਿੱਤਾ,
ਛੱਡਿਆ ਪਾਸੇ ਅਸਾਨੂੰ ਕਿਉਂ ਧੱਕ ਬੇਲੀ।
ਐਵੇਂ ਈ ਆਣ ਵਿਚਾਲੇ ਉਸ ਲੱਤ ਗੱਡੀ,
ਦਾਅਵੇ ਏਸ ਦਾ ਕਈਆਂ ਨੂੰ ਸ਼ੱਕ ਬੇਲੀ।
ਕੀਤਾ ਦਾਅਵਾ ਨਾ ਜਾਪਦਾ ਆਪ ਉਹਨੇ,
ਜਾਪਦੀ ਚਾਬੀ ਆ ਕਿਸੇ ਘੁੰਮਾਈ ਬੇਲੀ।
ਸੱਠਾਂ ਸਾਲਾਂ ਦੀ ਸੁਣੀਂ ਨਾ ਬਾਤ ਜਿਹੜੀ,
ਐਵੇਂ ਸਿਰ ਦੇ ਵਿੱਚ ਨਹੀਂ ਆਈ ਬੇਲੀ।

-ਤੀਸ ਮਾਰ ਖਾਂ


## ਜਸਟਿਸ ਸਿੱਧੂ ਦਾ ਦੇਹਾਂਤ



**ਗੁਰੂਗ੍ਰਾਮ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਿਟਿੰਗ ਜੱਜ ਜਸਟਿਸ ਮਹਾਬੀਰ ਸਿੰਘ ਸਿੱਧੂ (59) ਦਾ ਐਤਵਾਰ ਤੜਕੇ ਗੁਰੂਗ੍ਰਾਮ ਦੇ ਮੇਦਾਂਤਾ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਉਹ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਉਹ 4 ਅਪਰੈਲ 1967 ਨੂੰ ਹਰਿਆਣਾ ਦੇ ਹਾਂਸੀ ਜ਼ਿਲ੍ਹੇ ਦੇ ਪਿੰਡ ਮਸੂਦਪੁਰ ਵਿੱਚ ਪੈਦਾ ਹੋਏ ਸਨ।

## ਵਤਨ ਪਰਤਾਂਗੀ : ਹਸੀਨਾ

**ਨਵੀਂ ਦਿੱਲੀ** : ਦੋ ਸਾਲ ਪਹਿਲਾਂ ਭੱਜ ਕੇ ਭਾਰਤ ਆਈ ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੇ ਕਿਹਾ ਹੈ ਕਿ ਉਹ ਇਸ ਸਾਲ ਵਤਨ ਪਰਤ ਜਾਵੇਗੀ। ਐੱਨ ਡੀ ਟੀ ਵੀ ਨਾਲ ਇੱਕ ਇੰਟਰਵਿਊ ਵਿੱਚ ਹਸੀਨਾ ਨੇ ਕਿਹਾ ਕਿ ਉਹ ਮੌਤ ਤੋਂ ਨਹੀਂ ਡਰਦੀ।

# ਭਾਰਤ ਨੂੰ ਅਮਰੀਕਾ ਦੀ ਬਸਤੀ ਸਮਝ ਰਿਹੈ ਟਰੰਪ : ਬੰਤ ਬਰਾੜ

- ਕੇਂਦਰ ਸਰਕਾਰ ਨੇ ਸੰਘੀ ਢਾਂਚੇ ਨੂੰ ਡੂੰਘੀ ਸੱਟ ਮਾਰੀ : ਅਰਸ਼ੀ
- ਸੀ ਪੀ ਆਈ ਵੱਲੋਂ ਪੰਜਾਬ ਦੇ ਮੁੱਦਿਆਂ 'ਤੇ 10 ਜੁਲਾਈ ਨੂੰ ਹੋਵੇਗੀ ਬਠਿੰਡਾ ਵਿਖੇ ਜ਼ਿਲ੍ਹਾ ਪੱਧਰੀ ਕਨਵੈਂਨਸ਼ਨ

**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ, ਪਰਵਿੰਦਰਜੀਤ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲਾ ਬਠਿੰਡਾ ਦੀ ਜਿਲਾ ਕੌਂਸਲ ਮੀਟਿੰਗ ਕਾ ਗੁਰਮੀਤ ਕੌਰ ਬੁਰਜ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੂਬਾ ਪਾਰਟੀ ਦੇ ਪ੍ਰੋਗਰਾਮ ਅਨੁਸਾਰ ਪੰਜਾਬ ਦੇ ਮੁੱਦਿਆਂ ਉੱਪਰ ਲੋਕਾਂ ਨੂੰ ਚੇਤਨ ਅਤੇ ਲਾਮਬੰਦ ਕਰਨ ਲਈ ਜ਼ਿਲਾ ਪੱਧਰੀ ਕਨਵੈਂਨਸ਼ਨ 10 ਜੁਲਾਈ ਨੂੰ ਟੀਚਰ ਹੋਮ ਬਠਿੰਡਾ ਵਿਖੇ ਕੀਤੀ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸਾਬਕਾ ਸੂਬਾ ਸਕੱਤਰ ਅਤੇ ਕੇਂਦਰੀ ਐਗਜੈਕਟਿਵ ਕਮੇਟੀ ਮੈਂਬਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਕੇਂਦਰ ਵਿੱਚ ਰਾਜ ਕਰ ਰਹੀ ਬੀ ਜੇ ਪੀ ਦੀ ਮੋਦੀ ਸਰਕਾਰ ਨੇ ਕੌਮਾਂਤਰੀ ਪੱਧਰ 'ਤੇ ਅਮਰੀਕੀ ਸਾਮਰਾਜ ਦਾ ਪਿੱਠੂ ਬਣ ਕੇ ਦੇਸ਼ ਦਾ ਮਾਨ ਸਨਮਾਨ ਮਿੱਟੀ ਵਿੱਚ ਰੋਲ ਦਿੱਤਾ ਹੈ।ਅਮਰੀਕੀ ਰਾਸ਼ਟਰਪਤੀ ਟਰੰਪ ਮੋਦੀ ਸਰਕਾਰ ਨੂੰ ਦੂਜੇ ਦੇਸ਼ਾਂ ਨਾਲ ਸੰਬੰਧ ਰੱਖਣ ਅਤੇ ਤੇਲ ਖਰੀਦਣ ਲਈ ਇਸ ਤਰ੍ਹਾਂ ਦਿਸ਼ਾ ਨਿਰਦੇਸ਼ ਦੇ ਰਿਹਾ ਹੈ ਜਿਵੇਂ ਕਿ ਭਾਰਤ ਕੋਈ ਆਜ਼ਾਦ ਦੇਸ਼ ਨਾ ਹੋ ਕੇ ਅਮਰੀਕਾ ਦੀ ਇੱਕ ਬਸਤੀ ਹੋਵੇ।ਭਾਰਤ ਫਲਸਤੀਨ, ਲਿਬਨਾਨ ਅਤੇ ਇਰਾਨ ਵਿੱਚ ਵੱਡੇ ਪੱਧਰ 'ਤੇ ਮਨੁੱਖੀ ਨਸਲਕੁਸ਼ੀ ਤੇ ਅਮਰੀਕਾ ਦੁਆਰਾ ਮਾਰੇ ਗਏ ਭਾਰਤੀ ਨਾਗਰਿਕਾਂ ਦੀ ਹਾਲੇ ਤੱਕ ਨਿੰਦਾ ਵੀ ਨਹੀਂ ਕਰ ਸਕਿਆ।ਮੋਦੀ ਸਰਕਾਰ ਅਮਰੀਕਾ ਨਾਲ ਜੋ ਵਪਾਰ ਸਮਝੌਤਾ ਕਰਨ ਜਾ ਰਹੀ ਹੈ ਉਸ ਨਾਲ ਨਾ ਕੇਵਲ ਭਾਰਤੀ ਖੇਤੀ ਸਗੋਂ ਡੇਅਰੀ, ਪੋਲਟਰੀ ਅਤੇ ਛੋਟਾ ਉਦਯੋਗ ਵੀ ਬੁਰੀ ਤਰ੍ਹਾਂ ਬਰਬਾਦ ਹੋ ਜਾਵੇਗਾ।ਉਹਨਾਂ ਮੰਗ ਕੀਤੀ ਕਿ ਅਮਰੀਕਾ ਤੇ ਦੂਜੇ ਸਾਮਰਾਜੀ ਮੁਲਕਾਂ ਨਾਲ ਕੀਤੇ ਜਾ ਰਹੇ ਅਜਿਹੇ ਘਾਤਕ ਸਮਝੌਤੇ ਤੁਰੰਤ ਰੋਕੇ ਜਾਣ।ਕਾ ਬਰਾੜ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਨਰੇਗਾ ਕਾਨੂੰਨ ਖਤਮ ਕਰਕੇ 14 ਕਰੋੜ ਲੋਕਾਂ ਦਾ ਰੁਜ਼ਗਾਰ ਖੋਹ ਲਿਆ ਹੈ ਅਤੇ ਚਾਰ ਕਿਰਤ ਕਾਨੂੰਨ ਲਾਗੂ ਕਰਕੇ ਮਜ਼ਦੂਰਾਂ ਦੀ ਸਥਿਤੀ ਇੱਕ ਬੰਧੂਆ ਮਜ਼ਦੂਰ ਵਰਗੀ ਬਣਾ ਦਿੱਤੀ ਹੈ।ਉਹਨਾਂ ਮੰਗ ਕੀਤੀ ਕਿ ਦੇਸ਼ ਦੇ ਅਨਪੜ ਮਜ਼ਦੂਰਾਂ ਲਈ ਨਰੇਗਾ ਕਾਨੂੰਨ ਤੁਰੰਤ ਬਹਾਲ ਕੀਤਾ ਜਾਵੇ ਅਤੇ ਮਜ਼ਦੂਰਾਂ ਨੂੰ ਘੱਟੋ ਘੱਟ 300 ਦਿਨ ਰੁਜਗਾਰ ਦਿੱਤਾ ਜਾਵੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਅਤੇ ਸੀ ਪੀ ਆਈ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਕੇਂਦਰ ਸਰਕਾਰ ਕੇਂਦਰੀਕਰਨ ਦੀ ਨੀਤੀ 'ਤੇ ਚੱਲ ਕੇ ਭਾਰਤੀ ਸੰਵਿਧਾਨ ਵਿੱਚ ਰਾਜਾਂ ਨੂੰ ਮਿਲੇ ਹੋਏ ਅਧਿਕਾਰਾਂ ਨੂੰ ਖਤਮ ਕਰ ਰਹੀ ਹੈ ਅਤੇ ਦੇਸ਼ ਦੇ ਫੈਡਰਲ ਢਾਂਚੇ 'ਤੇ ਡੂੰਘੀ ਸੱਟ ਮਾਰ ਰਹੀ ਹੈ।ਮੋਦੀ ਸਰਕਾਰ ਨੇ ਦੇਸ਼ ਅੰਦਰ ਸੁਪਰੀਮ ਕੋਰਟ, ਚੋਣ ਕਮਿਸ਼ਨ ਅਤੇ ਦੂਜੀਆਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਵਿਰੋਧੀ ਪਾਰਟੀਆਂ ਦੇ ਆਗੂਆਂ ਤੇ ਲੋਕਾਂ ਦੇ ਹੱਕਾਂ ਲਈ ਲੜਨ ਵਾਲੇ ਲੋਕਾਂ ਉੱਪਰ ਲਗਾਤਾਰ ਪਰਚੇ ਦਰਜ ਕਰਕੇ ਅਤੇ ਪ੍ਰੈਸ ਦਾ ਗਲਾ ਘੁੱਟ ਕੇ ਦੇਸ਼ ਵਿੱਚ ਅਣਐਲਾਨੀ ਐਮਰਜੈਂਸੀ ਲਾਈ ਹੋਈ ਹੈ।ਕਾਮਰੇਡ ਅਰਸ਼ੀ ਨੇ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਨੁਮਾਇੰਦਗੀ ਖਤਮ ਕਰਕੇ ਅਤੇ ਪੰਜਾਬ ਦੇ ਦਰਿਆਵਾਂ ਉੱਪਰ ਆਪਣਾ ਪੂਰਨ ਕੰਟਰੋਲ ਕਰਕੇ ਪਿਛਲੀਆਂ ਕੇਂਦਰੀ ਸਰਕਾਰਾਂ ਵਾਂਗ ਪੰਜਾਬ ਨਾਲ ਇੱਕ ਹੋਰ ਧੱਕੇਸ਼ਾਹੀ ਕੀਤੀ ਹੈ। ਭਗਵੰਤ ਮਾਨ ਸਰਕਾਰ ਨੂੰ ਆੜੇ ਹੱਥੀ ਲੈਂਦਿਆਂ ਕਮਿਊਨਿਸਟ ਆਗੂ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਕੇਵਲ ਚੁਟਕਲੇ ਸੁਣਾ ਕੇ ਡੰਗ ਸਾਰ ਰਹੀ ਹੈ ਅਤੇ ਪਿਛਲੇ ਸਾਢੇ ਚਾਰ ਸਾਲ ਵਿੱਚ ਪੰਜਾਬ ਦਾ ਕੋਈ ਵੀ ਮੁੱਦਾ ਨਾ ਤਾਂ ਕੇਂਦਰ ਸਰਕਾਰ ਤੋਂ ਹੱਲ ਕਰਵਾ ਸਕੀ ਹੈ ਅਤੇ ਨਾ ਹੀ ਪੰਜਾਬ ਦੇ ਵਿਕਾਸ ਲਈ ਕੋਈ ਠੋਸ ਖੇਤੀ ਨੀਤੀ,ਉਦਯੋਗ ਨੀਤੀ ਅਤੇ ਨਾ ਹੀ ਨੌਜਵਾਨਾਂ ਲਈ ਪੱਕੇ ਰੁਜ਼ਗਾਰ ਦੀ ਨੀਤੀ ਲਿਆ ਸਕੀ ਹੈ।ਬੇਰੁਜ਼ਗਾਰ ਨੌਜਵਾਨਾਂ ਨੂੰ ਕੰਮ ਦੇਣ ਦੀ ਬਜਾਏ ਉਲਟਾ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਆਏ ਦਿਨ ਛੱਲੀਆਂ ਵਾਂਗੂ ਕੁੱਟ ਰਹੀ ਹੈ ਜੋ ਕਿ ਕਿਸੇ ਵੀ ਲੋਕਤੰਤਰੀ ਰਾਜ ਅੰਦਰ ਬਹੁਤ ਹੀ ਸ਼ਰਮਨਾਕ ਵਰਤਾਰਾ ਹੈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜਿਲਾ ਸਕੱਤਰ ਅਤੇ ਕਿਸਾਨ ਆਗੂ ਬਲਕਰਨ ਸਿੰਘ ਬਰਾੜ ਨੇ ਕਿਹਾ ਕਿ ਝੋਨੇ ਦੀ ਲਵਾਈ ਲਈ ਕਿਸਾਨਾਂ ਨੂੰ 24 ਘੰਟੇ ਬਿਜਲੀ ਸਪਲਾਈ ਦੇ ਦਾਅਵੇ ਕਰਨ ਵਾਲੀ ਭਗਵੰਤ ਮਾਨ ਸਰਕਾਰ ਪੂਰੀ ਤਰ੍ਹਾਂ ਫੇਲ ਹੋਈ ਹੈ। ਘਰਾਂ ਤੇ ਖੇਤੀ ਸੈਕਟਰ ਅੰਦਰ ਵੱਡੇ ਵੱਡੇ ਬਿਜਲੀ ਦੇ ਕੱਟ ਲੱਗ ਰਹੇ ਹਨ। ਮੀਟਿੰਗ ਵਿੱਚ ਸੀ ਪੀ ਆਈ ਦੀ ਜ਼ਿਲਾ ਐਗਜੈਕਟਿਵ ਦੀ ਚੋਣ ਵੀ ਕੀਤੀ ਗਈ ਅਤੇ ਜਸਵੀਰ ਸਿੰਘ ਆਕਲੀਆ ਤੇ ਮੱਖਣ ਸਿੰਘ ਗੁਰੂਸਰ ਨੂੰ ਜਿਲਾ ਮੀਤ ਸਕੱਤਰ ਚੁਣਿਆ ਗਿਆ।ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਮਿੱਠੂ ਸਿੰਘ ਘੁੱਦਾ,ਪੂਰਨ ਸਿੰਘ ਗੁੰਮਟੀ, ਜਰਨੈਲ ਸਿੰਘ ਯਾਤਰੀ, ਜਸਵੀਰ ਕੌਰ ਸਰਾ,ਜਸਵਿੰਦਰ ਸਿੰਘ ਭਾਈ ਰੂਪਾ,ਰਾਜਾ ਸਿੰਘ ਦਾਨ ਸਿੰਘ ਵਾਲਾ, ਦਰਸ਼ਨ ਸਿੰਘ ਫੁੱਲੋ ਮਿੱਠੀ, ਹਰਨੇਕ ਸਿੰਘ ਆਲੀ ਕੇ, ਗੁਰਜੰਟ ਸਿੰਘ ਕੋਟਸ਼ਮੀਰ ਅਤੇ ਮੱਖਣ ਸਿੰਘ ਜੋਧਪੁਰ ਨੇ ਵੀ ਸੰਬੋਧਨ ਕੀਤਾ।



## ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ 'ਤੇ ਰੋਸ ਧਰਨਾ



**ਰਾਏਕੋਟ (ਸੰਤੋਖ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਹਸਨਪੁਰ) ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ 'ਤੇ ਸਥਿਤ ਜੋਧਾਂ-ਰਤਨ ਮੁੱਖ ਬਾਜ਼ਾਰ ਵਿੱਚ ਰੋਸ ਧਰਨਾ ਦੇ ਕੇ ਆਵਾਜਾਈ ਪੂਰੀ ਤਰ੍ਹਾਂ ਠੱਪ ਕਰ ਦਿੱਤੀ ਗਈ।ਧਰਨੇ ਦੌਰਾਨ ਕਿਸਾਨ ਆਗੂਆਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ ਦੇ ਸਰਕਾਰੀ ਨਾਮਕਰਨ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਅਤੇ ਸੂਬਾ ਸਰਕਾਰ ਦੇ ਵਾਅਦੇ ਅਨੁਸਾਰ ਖੇਤੀ ਲਈ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ।ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਲੰਬੇ ਸੰਘਰਸ਼ ਬਾਅਦ ਲੁਧਿਆਣਾ ਦੇ ਭਾਈ ਬਾਲਾ ਚੌਕ ਤੋਂ ਰਾਏਕੋਟ ਤੱਕ ਮਾਰਗ ਦਾ ਨਾਮ ਦੇਸ਼ ਦੀ ਅਜ਼ਾਦੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਗ਼ਦਰ ਲਹਿਰ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ ਉਪਰ ਤਾਂ ਰੱਖ ਦਿੱਤਾ ਗਿਆ ਹੈ, ਪਰ ਇਸ ਉਪਰ ਹਾਲੇ ਵੀ ਪੂਰੀ ਤਰ੍ਹਾਂ ਅਮਲ ਨਹੀਂ ਕੀਤਾ ਜਾ ਰਿਹਾ।ਨਗਰ ਨਿਗਮ ਲੁਧਿਆਣਾ ਵੱਲੋਂ ਵੀ ਇਸ਼ਤਿਹਾਰੀ ਬੋਰਡਾਂ 'ਤੇ 'ਪੱਖੋਵਾਲ ਰੋਡ' ਲਿਖਿਆ ਜਾ ਰਿਹਾ ਹੈ, ਜੋ ਸਰਕਾਰੀ ਫ਼ੈਸਲੇ ਦੀ ਅਣਦੇਖੀ ਹੈ।ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਲਿਖਤੀ ਮੰਗ ਪੱਤਰ ਦੇਣ ਦੇ ਬਾਵਜੂਦ ਕੋਈ ਢੁਕਵੀਂ ਕਾਰਵਾਈ ਨਹੀਂ ਹੋਈ। ਜਥੇਬੰਦੀ ਦੇ ਸੂਬਾ ਪ੍ਰਧਾਨ ਜਗਰੂਪ ਸਿੰਘ ਹਸਨਪੁਰ, ਜਨਰਲ ਸਕੱਤਰ ਹਰਦੀਪ ਸਿੰਘ ਸਰਾਭਾ, ਪ੍ਰੈਸ ਸਕੱਤਰ ਬਲਦੇਵ ਸਿੰਘ ਸਰਾਭਾ, ਮੀਤ ਪ੍ਰਧਾਨ ਬੇਨੀਪਾਲ ਸਿੰਘ ਅਲੀਵਾਲ ਅਤੇ ਗੁਰਪ੍ਰੀਤ ਸਿੰਘ ਪਮਾਲ ਨੇ ਧਰਨਾਕਾਰੀਆਂ ਨੂੰ ਸੰਬੋਧਨ ਕੀਤਾ।

## ਮਾਨ ਸਰਕਾਰ ਦੇ ਫੈਸਲਿਆਂ ਤੋਂ ਜਨਤਾ ਬਾਗੋ-ਬਾਗ : ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਸੂਬੇ ਵਿੱਚ ਚੱਲ ਰਹੀ ਵਿਕਾਸ ਦੀ ਲਹਿਰ ਅਤੇ ਲੋਕ-ਪੱਖੀ ਫੈਸਲਿਆਂ ਸਦਕਾ ਆਮ ਆਦਮੀ ਪਾਰਟੀ (ਆਪ) ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਪ੍ਰਚੰਡ ਬਹੁਮਤ ਨਾਲ ਸੱਤਾ ਵਿੱਚ ਆਵੇਗੀ। ਇਹ ਦਾਅਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਸੰਗਰੂਰ ਦੀ ਸ਼ਕੀਲ ਕਲੋਨੀ ਵਿਖੇ ਚਲਾਈ ਗਈ ਇੱਕ ਵਿਸ਼ੇਸ਼ ਜਨ-ਸੰਪਰਕ ਮੁਹਿੰਮ ਦੌਰਾਨ ਕੀਤਾ। ਉਹ ਇੱਥੇ ਹੇਠਲੇ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਜਾਣਨ ਅਤੇ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪਹੁੰਚੇ ਹੋਏ ਸਨ।ਡਾ. ਜਵੰਧਾ ਨੇ ਸ਼ਕੀਲ ਕਲੋਨੀ ਦੇ ਨਿਵਾਸੀਆਂ ਨਾਲ ਇੱਕ ਉੱਚ-ਪੱਧਰੀ ਬੈਠਕ ਕੀਤੀ।ਇਸ ਦੌਰਾਨ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਏ ਗਏ ਇਨਕਲਾਬੀ ਸੁਧਾਰਾਂ, ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਅਤੇ ਜਨ-ਕਲਿਆਣਕਾਰੀ ਸਕੀਮਾਂ ਦਾ ਖ਼ਾਕਾ ਸਥਾਨਕ ਲੋਕਾਂ ਸਾਹਮਣੇ ਰੱਖਿਆ।ਬੈਠਕ ਦੌਰਾਨ ਜਿੱਥੇ ਕਲੋਨੀ ਵਾਸੀਆਂ ਨੇ ਸਰਕਾਰ ਦੀਆਂ ਨੀਤੀਆਂ ਦੀ ਸ਼ਲਾਘਾ ਕੀਤੀ, ਉੱਥੇ ਹੀ ਉਨ੍ਹਾਂ ਨੇ ਆਪਣੇ ਇਲਾਕੇ ਨਾਲ ਸਬੰਧਤ ਕੁਝ ਪ੍ਰਸ਼ਾਸਨਿਕ ਅਤੇ ਬੁਨਿਆਦੀ ਢਾਂਚੇ ਦੀਆਂ ਸਮੱਸਿਆਵਾਂ ਚੇਅਰਮੈਨ ਦੇ ਸਨਮੁੱਖ ਰੱਖੀਆਂ। ਇਸ ਮੌਕੇ ਸ਼ਬੀਰ ਕੁਮਾਰ, ਦੀਪਕ ਕੁਮਾਰ, ਰਾਜੂ ਯਾਦਵ, ਸਤੀਸ਼ ਕੁਮਾਰ, ਜੈ ਪਾਲ ਚੌਹਾਨ, ਤੁਲਸ਼ੀ ਸ਼ਰਮਾ, ਗੁਰਨਾਮ ਸਿੰਘ, ਰਵੀ ਚੰਦ, ਮੁਕੇਸ਼ ਕੁਮਾਰ, ਦਿਨੇਸ਼ ਕੁਮਾਰ, ਅਵਿਨਾਸ਼ ਕੁਮਾਰ, ਹਰਮਨ, ਆਕਾਸ਼, ਗੌਤਮ, ਕਰਨ ਅਤੇ ਸੁਨੀਲ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਸ਼ਾਮਲ ਸਨ।

## ਵਿਧਾਇਕ ਦੇ ਸਾਬਕਾ ਪੀ ਏ ਸੀਰਾ ਮੱਲੂਆਣਾ ਨੇ ਇੰਦਰਜੀਤ ਮਾਨ ਦਾ ਪੱਲਾ ਫੜਿਆ



**ਬਠਿੰਡਾ (ਰਾਜੀਵ ਗੋਇਲ)**-ਆਪ ਦੇ ਹਲਕਾ ਰਾਮਪੁਰਾ ਫੂਲ ਤੋਂ ਵਿਧਾਇਕ ਬਲਕਾਰ ਸਿੱਧੂ ਦੇ ਸਾਬਕਾ ਪੀ.ਏ ਸੀਰਾ ਮੱਲੂਆਣਾ ਵੱਲੋਂ ਕਾਫੀ ਸਮੇਂ ਬਾਅਦ ਮੁੜ ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੂੰ ਜੱਫੀ ਪਾਉਂਦੇ ਹੋਏ ਪਾਰਟੀ ਲਈ ਦੁਬਾਰਾ ਪ੍ਰਚਾਰ ਕਰਨ ਬਾਰੇ ਕਿਹਾ ਗਿਆ ਹੈ। ਦੱਸਣਾ ਬਣਦਾ ਹੈ ਕਿ ਵਿਧਾਇਕ ਨਾਲ ਨਰਾਜ਼ਗੀ ਤੋਂ ਬਾਅਦ ਸੀਰਾ ਮੱਲੂਆਣਾ ਸਾਇਡ 'ਤੇ ਹੋ ਗਏ ਸਨ, ਪਰ ਅੱਜ ਉਨ੍ਹਾਂ ਵੱਲੋਂ 'ਆਪ' ਦੇ ਚੇਅਰਮੈਨ ਮਾਨ ਨਾਲ ਚੱਲਣ ਦਾ ਭਰੋਸਾ ਦਿੱਤਾ ਗਿਆ ਹੈ। ਮੱਲੂਆਣਾ ਨੇ ਕਿਹਾ ਕਿ ਉਹ ਸਭ ਤੋਂ ਪਹਿਲਾਂ ਤਾਂ ਪਾਰਟੀ ਨਾਲ ਨਰਾਜ਼ ਚੱਲ ਰਹੇ ਆਗੂਆਂ ਨੂੰ ਮਨਾਉਣ ਦੀ ਕੋਸ਼ਿਸ਼ ਕਰਦੇ ਹੋਏ ਉਨ੍ਹਾਂ ਨੂੰ ਨਾਲ ਲੈ ਕੇ ਚੱਲਣ ਲਈ ਯਤਨ ਕਰਨਗੇ। ਦੂਜਾ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਭਵਿੱਖ ਵਿੱਚ ਪਾਰਟੀ ਵੱਲੋਂ ਹਲਕਾ ਰਾਮਪੁਰਾ ਫੂਲ ਤੋਂ ਮੁੜ ਬਲਕਾਰ ਸਿੱਧੂ ਨੂੰ ਟਿਕਟ ਦਿੱਤੀ ਜਾਂਦੀ ਹੈ ਤਾਂ ਉਹ ਪਾਰਟੀ ਲਈ ਰਾਮਪੁਰਾ ਫੂਲ ਦੀ ਥਾਂ ਕਿਤੇ ਹੋਰ ਜਾ ਕੇ ਮਿਹਨਤ ਕਰਨਗੇ, ਪਰ ਜੇਕਰ ਪਾਰਟੀ ਵੱਲੋਂ 2027 ਦੀਆਂ ਚੋਣਾਂ ਲਈ ਇੰਦਰਜੀਤ ਮਾਨ ਨੂੰ ਚਿਹਰਾ ਐਲਾਨਿਆ ਜਾਂਦਾ ਹੈ ਤਾਂ ਉਹ ਮਾਨ ਲਈ ਦਿਨ-ਰਾਤ ਮਿਹਨਤ ਕਰਨਗੇ। ਉਧਰ ਚੇਅਰਮੈਨ ਮਾਨ ਵੱਲੋਂ ਵੀ ਸੀਰਾ ਮੱਲੂਆਣਾ ਨੂੰ ਪਾਰਟੀ ਅੰਦਰ ਬਣਦਾ ਮਾਣ-ਸਤਿਕਾਰ ਦੇਣ ਦੀ ਗੱਲ ਆਖੀ ਗਈ ਹੈ।

## ਪੁਲ਼ ਬਣਾਉਣ ਦੀ ਮੰਗ ਨੂੰ ਲੈ ਕੇ ਨੈਸ਼ਨਲ ਹਾਈਵੇ 'ਤੇ ਰੋਸ ਪ੍ਰਦਰਸ਼ਨ



**ਬੱਧਨੀ ਕਲਾਂ (ਲਵਲੀ ਕੁਮਾਰ)**-ਨੈਸ਼ਨਲ ਹਾਈਵੇ 703 ਰੋਡ ਬੱਧਨੀ ਲੋਪੋ ਕੱਟ 'ਤੇ ਪੁਲ਼ ਬਣਾਉਣ ਦੀ ਮੰਗ ਨੂੰ ਲੈ ਕੇ ਇਲਾਕਾ ਵਾਸੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਕੁਝ ਸਮੇਂ ਲਈ ਆਵਾਜਾਈ ਠੱਪ ਕਰ ਦਿੱਤੀ ਤੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਪ੍ਰਦਰਸ਼ਨ ਵਿੱਚ ਸ਼ਾਮਲ ਲੋਕਾਂ ਨੇ ਕਿਹਾ ਕਿ ਪੁਲ਼ ਨਾ ਹੋਣ ਕਾਰਨ ਰੋਜ਼ਾਨਾ ਆਵਾਜਾਈ ਦੌਰਾਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕਈ ਵਾਰ ਸੰਬੰਧਤ ਵਿਭਾਗ ਤੇ ਪ੍ਰਸ਼ਾਸਨ ਨੂੰ ਮੰਗ ਪੱਤਰ ਵੀ ਦਿੱਤੇ ਜਾ ਚੁੱਕੇ ਹਨ, ਪਰ ਹਾਲੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ।ਧਰਨਾਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀ ਮੰਗ ਨੂੰ ਜਲਦ ਪੂਰਾ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਮੌਕੇ 'ਤੇ ਪਹੁੰਚੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਮੰਗ ਉੱਚ ਅਧਿਕਾਰੀਆਂ ਤੱਕ ਪਹੁੰਚਾਉਣ ਅਤੇ ਹੱਲ ਲਈ ਯਤਨ ਕਰਨ ਦਾ ਭਰੋਸਾ ਦਿੱਤਾ, ਜਿਸ ਤੋਂ ਬਾਅਦ ਸਥਿਤੀ ਆਮ ਹੋਈ ਅਤੇ ਆਵਾਜਾਈ ਮੁੜ ਸ਼ੁਰੂ ਕਰ ਦਿੱਤੀ ਗਈ।ਸ਼ੇਰ ਏ ਪੰਜਾਬ ਯੂਨੀਅਨ, ਨਿਹੰਗ ਸਿੰਘ ਜਥੇਬੰਦੀ, ਲੋਕ ਇਨਸਾਫ਼ ਪਸੰਦ ਜਥੇਬੰਦੀ, ਬੀਕੇਯੂ ਸਰਸਾਂ ਤੋਂ ਇਲਾਵਾ ਹੋਰ ਜਥੇਬੰਦੀ ਦੇ ਆਗੂ ਹਾਜ਼ਰ ਸਨ।

## ਸਰਕਾਰ ਦੇ ਅੱਠ ਘੰਟੇ ਬਿਜਲੀ ਦੇਣ ਦੇ ਦਾਅਵਿਆਂ ਦੀ ਨਿਕਲੀ ਫੂਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਈ ਦਿਨਾਂ ਤੋਂ ਕਿਸਾਨਾਂ ਨੂੰ ਬਿਜਲੀ ਪੂਰੀ ਨਾ ਮਿਲਣ ਕਾਰਨ ਗੁੱਸੇ 'ਚ ਆਏ ਕਿਸਾਨਾਂ ਦਾ ਇੱਕ ਵਫਦ ਕਿਸਾਨਾਂ ਨੂੰ ਬਿਜਲੀ ਦੀ ਆ ਰਹੀ ਸਮੱਸਿਆ ਦੇ ਹੱਲ ਕਰਾਉਣ ਦੇ ਲਈ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਧੰਨਾ ਸਿੰਘ ਦੌਣ ਕਲਾਂ ਦੀ ਅਗਵਾਈ ਹੇਠ ਐਸ.ਡੀ.ਓ ਪੀ.ਐਸ.ਪੀ ਫੋਕਲ ਪੁਆਇੰਟ ਪਟਿਆਲਾ ਨੂੰ ਮਿਲਿਆ, ਜਿਸ ਵਿੱਚ ਉਨ੍ਹਾਂ ਦੱਸਿਆ ਕਿ ਬਿਜਲੀ ਪੂਰਾ ਸਮਾਂ ਨਹੀਂ ਆ ਰਹੀ, ਜਿਸ ਕਰਕੇ ਉਨ੍ਹਾਂ ਨੂੰ ਝੋਨਾ ਲਾਉਣ ਵਿੱਚ ਬਹੁਤ ਵੱਡੀ ਸਮੱਸਿਆ ਆ ਰਹੀ ਹੈ। ਉਪ ਮੰਡਲ ਅਫਸਰ ਨੇ ਜਥੇਬੰਦੀ ਦੇ ਵਫਦ ਨੂੰ ਭਰੋਸਾ ਦਿਵਾਇਆ ਕਿ ਉਹ ਬੜੀ ਜਲਦੀ ਹੀ ਇਹ ਸਮੱਸਿਆ ਦਾ ਹੱਲ ਕਰਨਗੇ ਤੇ ਕਿਸਾਨਾਂ ਨੂੰ ਪੂਰੀ ਬਿਜਲੀ ਜਿੱਥੇ ਹੁਣ ਲਗਾਤਾਰ ਦੇਣਗੇ ਤੇ ਉੱਥੇ ਪਿਛਲੇ ਸਮੇਂ ਦੇ ਵਿੱਚ ਵੀ ਜੋ ਸਪਲਾਈ ਘੱਟ ਗਈ ਹੈ, ਉਸ ਨੂੰ ਵੀ ਪੂਰਾ ਕਰਨ ਦੀ ਕੋਸ਼ਿਸ਼ ਕਰਨਗੇ। ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਤਰਨਜੀਤ ਸਿੰਘ ਸਰਪੰਚ ਰਸੂਲਪੁਰ, ਰਜਿੰਦਰ ਸਿੰਘ ਸਾਬਕਾ ਸਰਪੰਚ ਦੌਣ ਕਲਾਂ, ਦਰਸ਼ਨ ਬੇਲੂ ਮਾਜਰਾ, ਰਜਿੰਦਰ ਸਿੰਘ ਧਾਲੀਵਾਲ ਤੇ ਅਮੀਰ ਸਿੰਘ ਰਸੂਲਪੁਰ ਆਦਿ ਆਗੂ ਸ਼ਾਮਲ ਹੋਏ। ਆਗੂਆਂ ਨੇ ਵਿਚਾਰ ਚਰਚਾ ਕਰਦੇ ਹੋਏ ਕਿਹਾ ਕਿ ਜੇਕਰ ਬਾਰਿਸ਼ ਨਾ ਹੋਈ ਤਾਂ ਆਉਣ ਵਾਲੇ ਸਮੇਂ ਵਿੱਚ ਜਿੱਥੇ ਹੋਰ ਸੰਕਟ ਪੈਦਾ ਹੋ ਸਕਦਾ ਹੈ, ਉੱਥੇ ਲਾਜ਼ਮੀ ਹੈ ਕਿ ਆਪਣੀ ਜਥੇਬੰਦਕ ਤਾਕਤ ਨੂੰ ਵੱਡੀ ਕਰਦੇ ਹੋਏ ਆਉਣ ਵਾਲੇ ਸਮੇਂ ਵਿੱਚ ਵੀ ਵੱਡੇ ਅਧਿਕਾਰੀਆਂ ਦੇ ਖਿਲਾਫ ਸੰਘਰਸ਼ ਕਰਨ ਲਈ ਤਿਆਰ ਰਹਿਣਾ ਚਹੀਦਾ ਹੈ।

## ਮਾਨ ਵੱਲੋਂ ਪੰਜਾਬ ਭਰ 'ਚ 500 ਪੇਂਡੂ ਜਿੰਮ ਲੋਕਾਂ ਨੂੰ ਸਮਰਪਿਤ



**ਫ਼ਰੀਦਕੋਟ (ਨ ਜ਼ ਸ)**-ਪੰਜਾਬ ਨੂੰ ਨਸ਼ਾ ਮੁਕਤ, ਸਿਹਤਮੰਦ ਅਤੇ ਖੇਡ ਸੱਭਿਆਚਾਰ ਵਾਲਾ ਸੂਬਾ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਅੱਜ ਸੂਬੇ ਭਰ ਵਿੱਚ 500 ਆਧੁਨਿਕ ਪੇਂਡੂ ਜਿੰਮ ਲੋਕਾਂ ਨੂੰ ਸਮਰਪਿਤ ਕਰਕੇ ਇੱਕ ਹੋਰ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਪਹਿਲਾਂ ਹੀ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਲਈ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨਾ ਹੈ।1,791 ਕਰੋੜ ਰੁਪਏ ਦੇ ਰਿਕਾਰਡ ਖੇਡ ਬਜਟ ਦੇ ਸਹਿਯੋਗ ਨਾਲ ਸੂਬਾ ਸਰਕਾਰ ਪੰਜਾਬ ਭਰ ਵਿੱਚ 3,000 ਆਧੁਨਿਕ ਪੇਂਡੂ ਜਿੰਮ ਸਥਾਪਤ ਕਰ ਰਹੀ ਹੈ ਅਤੇ 3,100 ਖੇਡ ਮੈਦਾਨ ਵਿਕਸਤ ਕਰ ਰਹੀ ਹੈ, ਅਤੇ ਇਸ ਦੇ ਨਾਲ ਹੀ ਟਿਕਾਊ ਖੇਤੀਬਾੜੀ ਵਰਤੋਂ ਲਈ ਪਿੰਡਾਂ ਦੇ ਛੱਪੜਾਂ ਦੇ ਨਵੀਨੀਕਰਨ ਲਈ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ।ਪੇਂਡੂ ਜਿੰਮ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਪੰਜਾਬ ਦੇ ਨੌਜਵਾਨਾਂ ਅਤੇ ਖੇਡ ਜਗਤ ਲਈ ਇੱਕ ਇਤਿਹਾਸਕ ਦਿਨ ਹੈ।ਇਹ ਪੇਂਡੂ ਜਿੰਮ ਅਤੇ ਖੇਡ ਮੈਦਾਨ ਸਾਡੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਅਸੀਂ ਫ਼ਰੀਦਕੋਟ ਦੇ ਪਿੰਡ ਚੰਦ ਬਾਜਾ ਤੋਂ 500 ਪੇਂਡੂ ਜਿੰਮਾਂ ਦਾ ਉਦਘਾਟਨ ਕੀਤਾ ਹੈ, ਅਤੇ ਮੈਂ ਪੰਜਾਬ ਦੇ ਨੌਜਵਾਨਾਂ ਨੂੰ ਇਸ ਵਿਲੱਖਣ ਅਤੇ ਇਤਿਹਾਸਕ ਪਹਿਲਕਦਮੀ 'ਤੇ ਵਧਾਈ ਦਿੰਦਾ ਹਾਂ।ਸਾਡਾ ਇੱਕੋ ਇੱਕ ਸੁਪਨਾ ਨਸ਼ਾ ਮੁਕਤ, ਸਿਹਤਮੰਦ ਅਤੇ ਰੰਗਲਾ ਪੰਜਾਬ ਬਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਿਰਫ਼ ਖੇਡਾਂ ਲਈ 1,791 ਕਰੋੜ ਰੁਪਏ ਦਾ ਰਿਕਾਰਡ ਬਜਟ ਰੱਖਿਆ ਗਿਆ ਹੈ। ਸਾਡੇ ਨੌਜਵਾਨਾਂ ਨੂੰ ਖੇਡ ਮੈਦਾਨ ਅਤੇ ਆਧੁਨਿਕ ਜਿੰਮ ਤੱਕ ਪਹੁੰਚ ਪ੍ਰਦਾਨ ਕਰਨਾ ਸਾਡੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ।ਅਸੀਂ ਲਗਭਗ 200 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਭਰ ਵਿੱਚ 3,000 ਆਧੁਨਿਕ ਪੇਂਡੂ ਜਿੰਮ ਸਥਾਪਤ ਕਰਨ ਦਾ ਟੀਚਾ ਰੱਖਿਆ ਹੈ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਕਈ ਹੋਰ ਪਤਵੰਤੇ ਹਾਜ਼ਰ ਸਨ।

## ਨੰਬਰਦਾਰ ਯੂਨੀਅਨ ਵੱਲੋਂ ਸਰਪੰਚਾਂ ਨੂੰ ਦਸ-ਦਸ ਹਜ਼ਾਰ ਦੇਣ ਦਾ ਸਵਾਗਤ

**ਦਿੜ੍ਹਬਾ (ਜਸਵੀਰ ਲਾਡੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਸਾਲ ਪੰਦਰਾਂ ਅਗਸਤ ਨੂੰ ਪੰਜਾਬ ਦੇ ਪਿੰਡਾਂ ਦੇ ਸਰਪੰਚਾਂ ਨੂੰ ਦਸ ਹਜ਼ਾਰ ਰੁਪਏ ਤਨਖਾਹ ਦੇਣ ਦੇ ਫੈਸਲੇ ਦਾ ਨੰਬਰਦਾਰ ਯੂਨੀਅਨ ਪੰਜਾਬ ਸਵਾਗਤ ਕਰਦੀ ਹੈ ਅਤੇ ਪੰਜਾਬ ਦੇ ਸਮੂਹ ਸਰਪੰਚਾਂ ਨੂੰ ਮੁਬਾਰਕਾਂ ਦਿੰਦਿਆਂ ਨੰਬਰਦਾਰ ਯੂਨੀਅਨ ਦੇ ਸੂਬਾ ਜਰਨਲ ਸਕੱਤਰ ਹਰਬੰਸ ਸਿੰਘ ਇਸਰਹੇਲ ਅਤੇ ਰਣ ਸਿੰਘ ਮਹਿਲਾਂ ਨੇ ਮਾਨ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਜਿਵੇ ਸਰਪੰਚ ਦਾ ਅਹੁਦਾ ਬਹੁਤ ਹੀ ਮਹੱਤਵਪੂਰਨ ਅਤੇ ਜਿੰਮੇਵਾਰੀ ਆ ਅਤੇ ਰੁਝੇਵੇਂ ਭਰਿਆ ਹੁੰਦਾ ਹੈ ਉਸੇ ਤਰਾਂ ਨੰਬਰਦਾਰਾ ਦਾ ਅਹੁਦਾ ਵੀ ਬੜੀ ਅਹਿਮੀਅਤ ਅਤੇ ਜਿੰਮੇਵਾਰੀ ਨਿਭਾਉਣ ਵਾਲਾ ਅਹੁਦਾ ਹੈ ਜੋ ਕਿ ਰੈਵੇਨਿਊ ਡਿਪਾਰਟਮੈਂਟ ਦਾ ਇਕ ਧੁਰਾ ਹੋਣ ਦੇ ਨਾਲ-ਨਾਲ ਸਰਕਾਰ ਦਾ ਵੀ ਇਕ ਅਹਿਮ ਅੰਗ ਮੰਨਿਆ ਜਾਦਾ ਹੈ। ਉਨ੍ਹਾ ਕਿਹਾ ਕਿ ਜਦੋ ਸਰਪੰਚ ਅਤੇ ਨੰਬਰਦਾਰ ਸਮਾਜ ਅਤੇ ਸਰਕਾਰ ਪ੍ਰਤੀ ਧੰਨ ਦੇਹੀ ਨਾਲ ਆਪਣੀ ਜੁੰਮੇਵਾਰੀ ਨਿਭਾਅ ਰਹੇ ਹਨ , ਫਿਰ ਪੈਸੇ ਦੇਣ ਦੇ ਮਾਮਲੇ ਚ ਸਰਕਾਰ ਨੰਬਰਦਾਰਾ ਨਾਲ ਵਿਤਕਰਾ ਕਿਉ ਕਰ ਰਹੀ ਸਰਪੰਚਾ ਦੀ ਤਨਖਾਹ ਦਸ ਹਜ਼ਾਰ ਅਤੇ ਨੰਬਰਦਾਰ ਦਾ ਮਾਣ ਭੱਤਾ ਪੰਦਰਾ ਸੌ ਇਹ ਪੰਜਾਬ ਦੇ ਸਮੂਹ ਨੰਬਰਦਾਰਾ ਨਾਲ ਸਰਾਸਰ ਬੇਇਨਸਾਫੀ ਹੈ ,ਜਦਕਿ ਪੰਜਾਬ ਦੀ ਆਮ ਆਦਮੀ ਪਾਰਟੀ ਨੇ ਸਰਕਾਰ ਬਣਨ ਤੋ ਪਹਿਲਾ ਆਪਣੇ ਚੋਣ ਮੈਨੀਫੈਸਟੋ ਚ ਪੰਜਾਬ ਦੇ ਨੰਬਰਦਾਰ ਨਾਲ ਵਾਅਦਾ ਕੀਤਾ ਸੀ ਕਿ ਨੰਬਰਦਾਰ ਦਾ ਮਾਣ ਭੱਤਾ ਪੰਜ ਹਜ਼ਾਰ ਰੁਪਏ ਕੀਤਾ ਜਾਵੇਗਾ ਪਰ ਸਰਕਾਰ ਵਾਅਦਾ ਪੂਰਾ ਕਰਨ ਦੀ ਬਜਾਏ ਨੰਬਰਦਾਰ ਨਾਲ ਕੋਝਾ ਮਜਾਕ ਕਰ ਹੈ।



ਜੋ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀ ਕੀਤਾ ਜਾ ਸਕਦਾ।ਉਨ੍ਹਾ ਪੰਜਾਬ ਦੇ ਸਮੂਹ ਨੰਬਰਦਾਰਾ ਨੂੰ ਕਿਹਾ ਕਿ ਆਉ ਆਪਣੀਆ ਜਾਇਜ ਮੰਗਾ ਮਨਵਾਉਣ ਲਈ ਇਕ ਮੰਚ ਤੇ ਇਕੱਤਰ ਹੋ ਕੇ ਇਕ ਸਾਂਝਾ ਪਲੇਟਫਾਰਮ ਬਣਾਕੇ ਆਪਣੀਆ ਮੰਗਾ ਪ੍ਰਤੀ ਸੁਚੇਤ ਹੋਈਏ ਅਤੇ ਸਮੇ ਦੀ ਨਜ਼ਾਕਤ ਨੂੰ ਸਮਝਦੇ ਹੋਏ ਆਪਸੀ ਗਿਲੇ ਸਿਕਵੇ ਭੁਲਾ ਕੇ ਸਿਰਫ ਤੇ ਸਿਰਫ ਪੰਜਾਬ ਦੇ ਨੰਬਰਦਾਰਾ ਲੜਾਈ ਲੜੀਏ।

## ਪੰਜਾਬੀ ਨਫ਼ਰਤ ਵਾਲੀ ਸਿਆਸਤ ਨਹੀਂ ਸਗੋਂ ਪੰਜਾਬ ਲਈ ਵਿਕਾਸ ਮਾਡਲ ਦੇ ਚਾਹਵਾਨ : ਡਾ. ਅਵਲੀਨ ਕੌਰ ਰਾਮੂੰਵਾਲਾ

**ਮੋਗਾ (ਇਕਬਾਲ ਸਿੰਘ ਖਹਿਰਾ)**



ਨੌਜਵਾਨ ਚਿੰਤਕ ਡਾ. ਅਵਲੀਨ ਕੌਰ ਰਾਮੂੰਵਾਲਾ ਨੇ ਕਿਹਾ ਹੈ ਕਿ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਗੱਦੀਨਸ਼ੀਨ ਹੋਈ ਸੀ ਤਾਂ ਉਸ ਵੇਲੇ ਪੰਜਾਬੀਆਂ ਨੂੰ ਇਹ ਆਸ ਬੱਝੀ ਸੀ ਕਿ ਹੁਣ ਸ਼ਾਇਦ ਪੰਜਾਬ ਆਪਣੇ ਅਮੀਰ ਵਿਰਸੇ ਤੇ ਸ਼ਾਨਾਮੱਤੇ ਇਤਿਹਾਸ ਦੀਆਂ ਲੀਹਾਂ 'ਤੇ ਚੱਲ ਕੇ ਨੌਜਵਾਨਾਂ ਨੂੰ ਭਵਿੱਖ ਲਏ ਸਹੀ ਮਾਰਗ ਦਰਸ਼ਨ ਦਿਖਾ ਸਕੇਗਾ।

ਉਨ੍ਹਾਂ ਕਿਹਾ ਕਿ ਸਰਕਾਰ ਦੇ ਬਦਲਾਵ ਨਾਲ ਪੰਜਾਬ ਦੇ ਸੁਨਹਿਰੀ ਭਵਿੱਖ ਦਾ ਮਾਡਲ ਸਥਾਪਤ ਕੀ ਹੋਣਾ ਸੀ, ਸਗੋਂ ਇੱਕ ਪੰਜਾਬੀ ਹੋਣ ਦੇ ਨਾਤੇ, ਪੰਜਾਬ ਦੀ ਮੌਜੂਦਾ ਰਾਜਨੀਤੀ ਨੂੰ ਦੇਖ ਕੇ ਅੱਜ ਹਰ ਨੌਜਵਾਨ ਨਿਰਾਸ਼ਾ ਦੇ ਦੌਰ ਵਿੱਚੋਂ ਗੁਜ਼ਰਨ ਲਈ ਮਜਬੂਰ ਹੈ।ਉਨ੍ਹਾਂ ਕਿਹਾ ਕਿ ਇਹ ਨਿਰਾਸ਼ਾ ਕਿਸੇ ਇੱਕ ਵਿਚਾਰਧਾਰਾ ਜਾਂ ਪਾਰਟੀ ਨਾਲ ਅਸਹਿਮਤੀ ਕਾਰਨ ਨਹੀਂ, ਸਗੋਂ ਇਸ ਲਈ ਹੈ ਕਿਉਂਕਿ ਅੱਜ ਰਾਜਨੀਤੀ ਦਾ ਪੱਧਰ ਉਸ ਮਿਆਰ ਤੋਂ ਕਾਫ਼ੀ ਹੇਠਾਂ ਚਲਾ ਗਿਆ ਹੈ, ਜਿਸ ਦੀ ਪੰਜਾਬੀਆਂ ਨੇ ਆਸ ਕੀਤੀ ਸੀ।ਉਨ੍ਹਾਂ ਕਿਹਾ ਕਿ ਜਦੋਂ ਮੌਜੂਦਾ ਸਰਕਾਰ ਸੱਤਾ ਵਿੱਚ ਆਈ ਸੀ ਤਾਂ ਲੋਕਾਂ ਨੇ ਇੱਕ ਨਵੀਂ ਸੋਚ, ਨਵੀਂ ਰਾਜਨੀਤੀ ਅਤੇ ਲੋਕ-ਹਿੱਤ ਨੂੰ ਪਹਿਲ ਦੇਣ ਵਾਲੇ ਪ੍ਰਸ਼ਾਸਨ ਦੀ ਉਮੀਦ ਕੀਤੀ ਸੀ, ਪਰ ਲੋਕਾਂ ਨੂੰ ਸਭ ਤੋਂ ਵੱਧ ਨਿਰਾਸ਼ਾ ਉਸ ਵੇਲੇ ਹੁੰਦੀ ਹੈ, ਜਦੋਂ ਉੱਚ ਅਹੁਦਿਆਂ 'ਤੇ ਬੈਠੇ ਨੇਤਾਵਾਂ ਵੱਲੋਂ ਅਜਿਹੀ ਭਾਸ਼ਾ ਜਾਂ ਲਹਿਜ਼ਾ ਵਰਤਿਆ ਜਾਂਦਾ ਹੈ, ਜੋ ਅਹੁਦੇ ਦੀ ਮਰਿਆਦਾ ਨਾਲ ਮੇਲ ਨਹੀਂ ਖਾਂਦਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਰਫ਼ ਇੱਕ ਪਾਰਟੀ ਦਾ ਨੇਤਾ ਨਹੀਂ ਹੁੰਦਾ, ਸਗੋਂ ਉਹ ਪੂਰੇ ਸੂਬੇ ਦਾ ਪ੍ਰਤੀਨਿਧ ਹੁੰਦਾ ਹੈ ਅਤੇ ਉਸ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਪਣੇ ਵਿਚਾਰਾਂ ਅਤੇ ਬਿਆਨਾਂ ਰਾਹੀਂ ਸੱਭਿਆਚਾਰਕ ਤੇ ਸਨਮਾਨਜਨਕ ਰਾਜਨੀਤੀ ਦੀ ਮਿਸਾਲ ਪੇਸ਼ ਕਰੇਗਾ।ਡਾ. ਅਵਲੀਨ ਕੌਰ ਰਾਮੂੰਵਾਲਾ ਨੇ ਕਿਹਾ ਕਿ ਲੋਕ ਇਹ ਸੁਣਨਾ ਚਾਹੁੰਦੇ ਹਨ ਕਿ ਸਰਕਾਰ ਨੇ ਕੀ ਹਾਸਲ ਕੀਤਾ ਹੈ, ਭਵਿੱਖ ਲਈ ਕੀ ਯੋਜਨਾਵਾਂ ਹਨ ਤੇ ਪੰਜਾਬ ਨੂੰ ਹਰ ਫਰੰਟ 'ਤੇ ਅੱਗੇ ਕਿਵੇਂ ਲੈ ਕੇ ਜਾਣਾ ਹੈ ਪਰ ਜਦੋਂ ਰਾਜਨੀਤਿਕ ਭਾਸ਼ਣਾਂ ਵਿੱਚ ਵਿਰੋਧੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਬਾਰੇ ਅਪਮਾਨਜਨਕ ਗੱਲਾਂ ਵੱਧ ਸੁਣਨ ਨੂੰ ਮਿਲਦੀਆਂ ਹਨ ਤਾਂ ਇਹ ਲੋਕਤੰਤਰ ਦੀ ਸਿਹਤ ਲਈ ਚੰਗਾ ਸੰਕੇਤ ਨਹੀਂ ਹੁੰਦਾ।

## ਸਫਾ 1 ਦੇ ਬਾਕੀ...

### ਸੰਗਤ ਦਾ ਪੂਰਾ ਪਿਆਰ...

ਨਾਲ ਗੱਲਬਾਤ ਕਰ ਰਹੇ ਹਨ। ਕਈ ਵਾਰ ਤਾਂ ਉਹ ਅਜਿਹੀਆਂ ਥਾਵਾਂ 'ਤੇ ਵੀ ਜਾਂਦੇ ਹਨ, ਜਿੱਥੇ ਗੁਰਦੁਆਰਾ ਸਾਹਿਬ ਵਿੱਚ ਉਨ੍ਹਾ ਦੇ ਬਾਈਕਾਟ ਦਾ ਬੋਰਡ ਲੱਗਾ ਹੁੰਦਾ ਹੈ, ਪਰ ਉੱਥੇ ਵੀ ਸੰਗਤ ਉਨ੍ਹਾ ਨੂੰ ਸਿਰੋਪਾਓ ਦੇ ਰਹੀ ਹੈ ਅਤੇ ਗੱਲਬਾਤ ਕਰ ਰਹੀ ਹੈ। ਜਦੋਂ ਉਨ੍ਹਾ ਨੂੰ ਪੁੱਛਿਆ ਗਿਆ ਕਿ ਕੀ ਸ੍ਰੀ ਅਕਾਲ ਤਖਤ ਸਾਹਿਬ ਦਾ ਇਹ ਫੈਸਲਾ ਕਿਸੇ ਦੇ ਦਬਾਅ ਹੇਠ ਕੀਤਾ ਗਿਆ ਲੱਗਦਾ ਹੈ, ਤਾਂ ਉਨ੍ਹਾ ਨੇ ਇਸ 'ਤੇ ਕੁਝ ਵੀ ਬੋਲਣ ਤੋਂ ਨਾਂਹ ਕਰ ਦਿੱਤੀ। ਕੀ ਇਹ ਫੈਸਲਾ ਸਿਆਸਤ ਤੋਂ ਪ੍ਰੇਰਤ ਹੈ, ਇਸ ਸਵਾਲ 'ਤੇ ਉਨ੍ਹਾ ਕਿਹਾ, "ਜਿਸ ਤਰ੍ਹਾਂ ਮੇਰੇ ਬਾਈਕਾਟ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ, ਕੀ ਕਦੇ ਸੁਖਬੀਰ ਸਿੰਘ ਬਾਦਲ ਖਿਲਾਫ ਵੀ ਅਜਿਹਾ ਪ੍ਰਚਾਰ ਕੀਤਾ ਗਿਆ? ਜਿਵੇਂ ਇਸ ਵੇਲੇ ਵਿਰੋਧੀ ਪਾਰਟੀਆਂ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਇੱਕਜੁੱਟ ਹੋ ਕੇ ਮੇਰੇ ਵਿਰੁੱਧ ਪ੍ਰਚਾਰ ਕਰ ਰਹੀਆਂ ਹਨ, ਉਸ ਤੋਂ ਲੱਗਦਾ ਹੈ ਕਿ ਉਹ ਇਸ ਮਾਮਲੇ ਨੂੰ ਮੇਰੇ ਖਿਲਾਫ ਧਾਰਮਿਕ ਰੰਗਤ ਦੇ ਕੇ ਵਰਤਣਾ ਚਾਹੁੰਦੇ ਹਨ।"

ਮਹਾਰਾਸ਼ਟਰ ਸਰਕਾਰ ਵੱਲੋਂ 70 ਸਾਲ ਪੁਰਾਣੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਐਕਟ, 1956 ਨੂੰ ਰੱਦ ਕਰਨ ਦੇ ਫੈਸਲੇ ਬਾਰੇ ਪੁੱਛੇ ਗਏ ਇੱਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ—ਮਹਾਰਾਸ਼ਟਰ ਸਰਕਾਰ ਨੂੰ ਸਿੱਖ ਕੌਮ ਦੇ ਮਾਮਲਿਆਂ ਵਿੱਚ ਦਖ਼ਲ ਨਹੀਂ ਦੇਣਾ ਚਾਹੀਦਾ। ਮਹਾਰਾਸ਼ਟਰ ਦੀ ਭਾਜਪਾ ਸਰਕਾਰ ਨੂੰ ਅਜਿਹੀਆਂ ਕਾਰਵਾਈਆਂ ਰਾਹੀਂ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਤੋਂ ਬਚਣਾ ਚਾਹੀਦਾ ਹੈ, ਜੋ ਕਿਸੇ ਦੇ ਵੀ ਹਿੱਤ ਵਿੱਚ ਨਹੀਂ ਹਨ। ਸਿਆਸਤ ਅਤੇ ਧਰਮ ਵੱਖੋ-ਵੱਖਰੇ ਹਨ ਅਤੇ ਇਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਆਪਸ ਵਿੱਚ ਨਹੀਂ ਮਿਲਾਉਣਾ ਚਾਹੀਦਾ।

### ਵਾਂਗਚੁੱਕ ਵੱਲੋਂ...

ਜ਼ਿਆਦਾਤਰ ਨੌਜਵਾਨ ਅਤੇ ਵਿਦਿਆਰਥੀ ਸਨ, ਇਕੱਠੇ ਹੋਏ। ਕਈ ਕਿਸਾਨ ਆਗੂ ਵੀ ਮੌਜੂਦ ਸਨ। ਭੁੱਖ ਹੜਤਾਲ ਸ਼ੁਰੂ ਕਰਨ ਤੋਂ ਪਹਿਲਾਂ ਵਾਂਗਚੁੱਕ ਅਤੇ ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਰਾਜਘਾਟ ਵਿਖੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦਿੱਤੀ।

ਇਸੇ ਦੌਰਾਨ ਸੀ ਜੇ ਪੀ ਨੇ ਦੋਸ਼ ਲਾਇਆ ਹੈ ਕਿ ਵਾਂਗਚੁੱਕ ਵੱਲੋਂ ਭੁੱਖ ਹੜਤਾਲ ਸ਼ੁਰੂ ਕਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਦਿੱਲੀ ਪੁਲਸ ਨੇ ਜੰਤਰ-ਮੰਤਰ 'ਤੇ ਪਾਣੀ ਕੁਨੈਕਸ਼ਨ ਕੱਟ ਦਿੱਤਾ। ਵਾਰ-ਵਾਰ ਬੇਨਤੀਆਂ ਕਰਨ ਅਤੇ ਵਾਂਗਚੁਕ ਜੀ ਦੀ ਉਮਰ ਅਤੇ ਸਿਹਤ ਸੰਬੰਧੀ ਚਿੰਤਾਵਾਂ ਬਾਰੇ ਦੱਸਣ ਦੇ ਬਾਵਜੂਦ ਪੁਲਸ ਸਹਿਯੋਗ ਨਹੀਂ ਕਰ ਰਹੀ।

### ਹਿਟਲਰ ਤੇ ਗੌਡਸੇ ਦੇ ਪੈਰੋਕਾਰ...

ਲੜਿਆ ਤੇ ਜਿੱਤਿਆ ਗਿਆ ਕਿਸਾਨ ਅੰਦੋਲਨ ਸਭ ਦੇ ਸਾਹਮਣੇ ਹੈ। ਉਸ ਅੰਦੋਲਨ ਵਿੱਚ ਸਭ ਜਾਤਾਂ ਤੇ ਧਰਮਾਂ ਦੇ ਲੋਕ ਸ਼ਾਮਲ ਸਨ। ਇਨ੍ਹਾਂ ਸਭਨਾਂ ਨੂੰ ਭਾਜਪਾ ਸਰਕਾਰ ਦੇ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ ਸੀ। ਕਮਿਊਨਿਸਟ ਆਗੂ ਨੇ ਕਿਹਾ ਕਿ ਅਸਲ ਵਿੱਚ ਭਾਜਪਾ ਕਿਸੇ ਵੀ ਧਰਮ ਜਾਂ ਮਜ਼ਹਬ ਦੀ ਰਖਵਾਲੀ ਨਹੀਂ ਹੈ। ਇਹ ਤਾਂ ਸਿਰਫ਼ ਅਡਾਨੀਆਂ-ਅੰਬਾਨੀਆਂ ਦੀ ਹੇਜ਼ਲੀ ਹੈ, ਜਿਨ੍ਹਾਂ ਦਾ ਧਰਮ ਭਾਰਤ ਦੇ ਜਲ, ਜੰਗਲ ਤੇ ਜ਼ਮੀਨ 'ਤੇ ਕਬਜ਼ਾ ਕਰਨਾ ਹੈ।

ਬਰਾੜ ਨੇ ਕਿਹਾ ਕਿ ਮਹਾਂਰਾਸ਼ਟਰ, ਪੱਛਮੀ ਬੰਗਾਲ ਅਤੇ ਬਿਹਾਰ ਵਿੱਚ ਚੋਣ ਕਮਿਸ਼ਨ ਦੀ ਮਿਲੀਭੁਗਤ ਅਤੇ ਹਰ ਕਿਸਮ ਦੇ ਛਲਾਵੇ ਨਾਲ ਭਾਜਪਾ ਨੇ ਸੱਤਾ ਹਥਿਆਈ ਹੈ। ਇਹੋ ਫਾਰਮੂਲਾ ਪੰਜਾਬ ਵਿੱਚ ਵਰਤਣ ਦੀ ਤਿਆਰੀ ਹੈ। ਕਾਮਰੇਡ ਬਰਾੜ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਭਗਤ ਸਿੰਘ, ਸਰਾਭਾ ਤੇ ਸਾਡੇ ਊਧਮ ਸਿੰਘ ਨੇ ਕੁਰਬਾਨੀਆਂ ਦਿੱਤੀਆਂ। ਇਤਿਹਾਸ ਕੂਕ-ਕੂਕ ਕੇ ਦੱਸਦਾ ਹੈ ਕਿ ਉਨ੍ਹਾਂ ਸਮਿਆਂ 'ਚ ਆਰ ਐੱਸ ਐੱਸ ਵਾਲੇ ਅੰਗਰੇਜ਼ ਭਗਤ ਵੀਰ ਸਾਵਰਕਰ ਨੇ ਜੇਲ੍ਹ ਤੋਂ ਬਾਹਰ ਆਉਣ ਲਈ ਅੰਗਰੇਜ਼ ਸਰਕਾਰ ਕੋਲੋਂ 10 ਵਾਰ ਮਾਫ਼ੀ ਮੰਗੀ ਸੀ। ਇਹੀ ਸਾਵਰਕਰ ਇਨ੍ਹਾਂ ਦਾ ਸਭ ਤੋਂ ਵੱਡਾ ਆਗੂ ਮੰਨਿਆ ਜਾਂਦਾ ਹੈ। ਕਮਿਊਨਿਸਟ ਆਗੂ ਨੇ ਪੰਜਾਬ ਨੂੰ ਦਰਪੇਸ਼ ਅਹਿਮ ਮਸਲਿਆਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਦੇ ਮਸਲੇ ਨਜਿੱਠਣ ਲਈ ਜਿੱਥੇ ਸਮੂਹ ਪੰਜਾਬੀਆਂ ਨੂੰ ਗੰਭੀਰ ਹੋਣਾ ਪਵੇਗਾ, ਉੱਥੇ ਕਮਿਊਨਿਸਟ ਧਿਰਾਂ ਨੂੰ ਵੱਡੀ ਲੜਾਈ ਦੇਣੀ ਪਵੇਗੀ। ਕਾਮਰੇਡ ਬਰਾੜ ਨੇ ਇਨ੍ਹੀਂ ਦਿਨੀਂ ਝੋਨੇ, ਮੱਕੀ ਦੇ ਕੰਮ ਦਾ ਭਰ ਸੀਜ਼ਨ ਤੇ ਅੰਤ ਦੀ ਗਰਮੀ ਵਿੱਚ ਕਨਵੈਨਸ਼ਨ ਵਿੱਚ ਤਸੱਲੀਬਖਸ਼ ਗਿਣਤੀ ਵਿੱਚ ਸ਼ਾਮਲ ਹੋਣ ਲਈ ਜਲੰਧਰ ਦੇ ਕਾਮਰੇਡਾਂ ਦੀ ਪ੍ਰਸੰਸਾ ਕੀਤੀ।

ਕਾਮਰੇਡ ਸੰਤੋਸ਼ ਬਰਾੜ, ਗਿਆਨ ਸੈਦਪੁਰੀ ਤੇ ਮਨਦੀਪ ਦੀਪੂ ਦੀ ਪ੍ਰਧਾਨਗੀ ਵਿੱਚ ਹੋਈ ਕਨਵੈਨਸ਼ਨ ਨੂੰ ਕਾਮਰੇਡ ਹਰਜਿੰਦਰ ਸਿੰਘ ਮੌਜੀ, ਕਾਮਰੇਡ ਰਣਜੀਤ ਸਿੰਘ ਔਲਖ, ਕਾਮਰੇਡ ਸੰਤੋਸ਼ ਬਰਾੜ, ਕਾਮਰੇਡ ਵੀਰ ਕੁਮਾਰ, ਪਲਵਿੰਦਰ ਫਲਪੋਤਾ, ਕਾਮਰੇਡ ਸੁਨੀਲ ਕੁਮਾਰ ਤੇ ਸਿਕੰਦਰ ਸੰਧੂ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਨੇ ਚਲਾਈ। ਕਨਵੈਨਸ਼ਨ ਉਪਰੰਤ ਕਾਮਰੇਡ ਬੰਤ ਸਿੰਘ ਬਰਾੜ ਦੀ ਅਗਵਾਈ ਵਿੱਚ ਰੋਹ ਭਰਪੂਰ ਮਾਰਚ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਦੌਰਾਨ ਕੇਂਦਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਮਨਦੀਪ ਦੀਪੂ ਨੇ ਸਭ ਦਾ ਧੰਨਵਾਦ ਕੀਤਾ।

ਇਸ ਮੌਕੇ ਕਾਮਰੇਡ ਪਰਮਜੀਤ ਸਿੰਘ ਸਮਰਾਏ, ਤਰਸੇਮ ਜੰਡਿਆਲਾ, ਰਜਿੰਦਰ ਕੁਮਾਰ ਹੈਪੀ, ਪਰਮਜੀਤ ਤਰਕਸ਼ੀਲ, ਨਿਰਮਲ ਦੇਵੀ, ਕਸ਼ਮੀਰ ਕੁਰੈਸ਼ੀ, ਮਹਿੰਦਰ ਸਿੰਘ ਘੋੜਾਬਾਹੀ, ਸਵਰਨਜੀਤ ਸਿੰਘ ਆਦਿ ਵੀ ਹਾਜ਼ਰ ਸਨ।

### ਭਾਸ਼ਾ ਵਿਭਾਗ ਨੂੰ...

ਸਿੰਘ ਵਿਰਕ, ਕਹਾਣੀਕਾਰ ਕਿਰਪਾਲ ਕਜ਼ਾਕ, ਬਲਦੇਵ ਮੋਗਾ, ਗੁਰਨਾਮ ਕੰਵਰ , ਲਾਭ ਸਿੰਘ ਖੀਵਾ , ਦੇਵਿੰਦਰ ਦਮਨ, ਜਸਵੰਤ ਦਮਨ, ਮੱਖਣ ਮਾਨ, ਡਾ. ਅਰਵਿੰਦਰ ਕੌਰ ਕਾਕੜਾ, ਡਾ. ਸਰਬਜੀਤ ਕੌਰ ਸੋਹਲ, ਸ਼ਬਦੀਸ਼, ਅਤਰਜੀਤ ਸਿੰਘ, ਸ਼ਾਇਰ ਡਾ. ਪਾਲ ਕੌਰ, ਡਾ. ਗੁਲਜ਼ਾਰ ਪੰਧੇਰ, ਡਾ. ਅਨੂਪ ਸਿੰਘ, ਪ੍ਰੋ. ਬਲਦੇਵ ਬੱਲੀ, ਗੁਰਮੀਤ ਕੜਿਆਲਵੀ, ਡਾ. ਗੁਰਮੀਤ ਕੱਲਰਮਾਜਰੀ, ਰਮੇਸ਼ ਯਾਦਵ, ਜਸਪਾਲ ਮਾਨਖੇੜਾ, ਸੁਰਿੰਦਰ ਗਿੱਲ, ਦਰਸ਼ਨ ਜੋਗਾ, ਹਰਮੀਤ ਵਿਦਿਆਰਥੀ, ਡਾ. ਸੰਤੋਖ ਸੁੱਖੀ, ਮਨਜੀਤ ਪੁਰੀ, ਖੁਸ਼ਵੰਤ ਬਰਗਾੜੀ, ਸਤਪਾਲ ਭੀਖੀ, ਕੁਲਦੀਪ ਚੌਹਾਨ, ਗੁਰਨੈਬ ਮਘਾਣੀਆਂ ਅਤੇ ਹਰਿਆਣਾ ਇਕਾਈ ਦੇ ਜਨਰਲ ਸਕੱਤਰ ਡਾ. ਹਰਵਿੰਦਰ ਸਿੰਘ ਨੇ ਤਿੱਖੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਭਾਸ਼ਾ ਵਿਭਾਗ ਦੇ ਇਕ ਹਿੱਸੇ 'ਤੇ ਪਹਿਲਾਂ ਹੀ ਕਬਜ਼ਾ ਕੀਤਾ ਜਾ ਚੁੱਕਿਆ ਹੈ। ਉਸ ਨੂੰ ਮਿਲਣ ਵਾਲੀਆਂ ਗ੍ਰਾਂਟਾਂ ਰੁਕ-ਰੁਕ ਕੇ ਆ ਰਹੀਆਂ ਹਨ । ਸੈਂਕੜੇ ਮਹੱਤਵਪੂਰਨ ਕਿਤਾਬਾਂ ਪੁਨਰ ਪ੍ਰਕਾਸ਼ਨ ਨੂੰ ਤਰਸ ਰਹੀਆਂ ਹਨ। ਪ੍ਰਗਤੀਸ਼ੀਲ ਲੇਖਕ ਸੰਘ ਜਸਵੰਤ ਜ਼ਫ਼ਰ ਦੁਆਰਾ ਪੰਜਾਬੀ ਭਾਸ਼ਾ ਦੀ ਕੀਤੀ ਜਾ ਰਹੀ ਪਹਿਰੇਦਾਰੀ ਦੀ ਪੁਰਜ਼ੋਰ ਹਮਾਇਤ ਕਰਦਾ ਹੈ ਅਤੇ ਇਸ ਖੇਤਰ ਵਿਚ ਕਾਰਜਸ਼ੀਲ ਸਾਰੀਆਂ ਜਥੇਬੰਦੀਆਂ ਨੂੰ ਸੱਦਾ ਦਿੰਦਾ ਹੈ ਕਿ ਆਓ ਮਿਲ ਕੇ ਸਾਂਝੀ ਰਣਨੀਤੀ ਬਣਾਈਏ ਅਤੇ ਅਜਿਹਾ ਕੋਈ ਮੰਦਭਾਗਾ ਫੈਸਲਾ ਹੋਣ ਤੋਂ ਪਹਿਲਾਂ ਇਸ ਨੂੰ ਰੋਕਣ ਦੀਆਂ ਪੇਸ਼ਬੰਦੀਆਂ ਕੀਤੀਆਂ ਜਾ ਸਕਣ।

## ਭਾਜਪਾ ਰਣਜੀਤ ਸਿੰਘ ਵਾਲਾ ਰਾਜ ਮੁੜ ਲਿਆਵੇਗੀ : ਹਰਪਾਲਪੁਰ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਪੂਰੀ ਵਾਹ ਲਗਾਏਗੀ ਤੇ ਹਰ ਪਾਸਿਓਂ ਖ਼ਤਮ ਹੁੰਦੇ ਜਾ ਰਹੇ ਪੰਜਾਬ ਨੂੰ ਬਚਾਉਣ ਲਈ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਭਾਗ ਵਰਗਾ ਰਾਜ ਭਾਗ ਸਥਾਪਤ ਕਰੇਗੀ। ਇਹ ਵਿਚਾਰ ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਤੇ ਵਿਧਾਨ ਸਭਾ ਹਲਕਾ ਘਨੌਰ ਤੋਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲ ਪੁਰ ਨੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਨੂੰ ਸਿਜਦਾ ਕਰਨ ਲਈ ਪੰਜਾਬੀ ਯੂਨੀਵਰਸਿਟੀ ਦੇ ਗੇਟ ਸਾਹਮਣੇ ਠੰਡੇ ਮਿੱਠੇ ਜਲ ਦੀ ਛਬੀਲ ਦੀ ਸਮਾਪਤੀ ਮਗਰੋਂ ਚੋਣਵੇਂ ਪਤਰਕਾਰਾ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ।ਹਰਪਾਲਪੁਰ ਨੇ ਕਿਹਾ ਕਿ ਅੱਜ ਪੰਜਾਬ ਦੇ ਹਰ ਪੱਖੋਂ ਹਲਾਤ ਬਦ ਤੋਂ ਬਦਤਰ ਹੁੰਦੇ ਜਾ ਰਹੇ ਹਨ। ਪੰਜਾਬ ਦੀ ਅਮਨ ਕਾਨੂੰਨ ਦੀ ਵਿਵਸਥਾ ਨਿੱਘਰਦੀ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਸੇਵਕ ਸਿੰਘ ਭੱਟਮਾਜਰਾ, ਰਾਜਵੀਰ ਸਿੰਘ ਚੱਪੜ, ਬਲਜਿੰਦਰ ਸਿੰਘ ਚੱਪੜ, ਸੁਖਵਿੰਦਰ ਸਿੰਘ ਬੱਤੀ, ਹਰਮਨਦੀਪ ਸਿੰਘ, ਹਰਦੀਪ ਸ਼ਰਮਾ, ਤਰਨਦੀਪ ਸਿੰਘ ਸਮੇਤ ਬਹੁਤ ਸਾਰੇ ਆਗੂ ਹਾਜ਼ਰ ਸਨ।

## ਹਵਾਈ ਅੱਡਾ ਹਲਵਾਰਾ ਵਿਖੇ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਨੇ ਛਬੀਲ ਲਗਾਈ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈ)**-ਸ਼ਨੀਵਾਰ ਨੂੰ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਇਕਾਈ ਏਅਰ ਫੋਰਸ ਹਲਵਾਰਾ ਵੱਲੋਂ ਪ੍ਰਧਾਨ ਗੁਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਹਲਵਾਰਾ ਵਿਖੇ ਛਬੀਲ ਲਗਾਈ ਗਈ। ਅੱਤ ਦੀ ਪੈ ਰਹੀ ਗਰਮੀ ਮੌਕੇ ਰਾਹੀਆਂ ਨੂੰ ਠੰਡਾ ਮਿੱਠਾ ਜੱਲ ਛਕਾ ਕੇ ਉਹਨਾਂ ਨੂੰ ਗਰਮੀ ਤੋਂ ਰਾਹਤ ਦਿਵਾਉਣ ਦਾ ਉਪਰਾਲਾ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਸੂਬਾ ਜੁਆਇੰਟ ਸਕੱਤਰ ਗੁਰਦੀਪ ਸਿੰਘ ਕਲਸੀ ਅਤੇ ਤਹਿਸੀਲ ਰਾਏਕੋਟ ਦੇ ਪ੍ਰਧਾਨ ਗੁਰਦੀਪ ਸਿੰਘ ਮਿੱਠੇਵਾਲ ਨੇ ਆਖਿਆ ਕਿ ਇਹ ਯੂਨੀਅਨ ਵੱਲੋਂ ਲਗਾਈ ਗਈ ਛਬੀਲ ਜਿੱਥੇ ਰਾਹੀਆਂ ਲਈ ਗਰਮੀ ਤੋਂ ਰਾਹਤ ਪ੍ਰਦਾਨ ਕਰਦੀ ਹੈ, ਉੱਥੇ ਪੰਜਾਬ ਦੇ ਅਮੀਰ ਸੱਭਿਆਚਾਰ ਨੂੰ ਹੋਰ ਬੜ੍ਹਾਵਾ ਦਿੰਦੀ ਹੈ।ਉਹਨਾਂ ਕਿਹਾ ਕਿ ਕੁੱਝ ਲੋਕਾ ਵੱਲੋ ਧਰਮਾਂ, ਜ਼ਾਤਾਂ, ਗੋਤਾਂ ਤੇ ਇਲਾਕਿਆਂ ਦੇ ਨਾਮ ਉੱਪਰ ਫੁੱਟ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਅਜਿਹੇ ਸਮੇਂ ਛਬੀਲਾਂ ਆਪਸੀ ਪਿਆਰ, ਮੁਹੱਬਤ, ਇੱਕ ਦੂਜੇ ਨੂੰ ਸਮਝਣ ਦੇ ਵਿੱਚ ਸਹਾਈ ਹੁੰਦੀਆਂ ਹਨ।ਇਸ ਮੌਕੇ ਤੇ ਹੋਰਨਾ ਤੋਂ ਇਲਾਵਾ ਗੁਰਪ੍ਰੀਤ ਸਿੰਘ ਸੁਧਾਰ, ਮਲਵਿੰਦਰ ਸਿੰਘ ਅਜੇ, ਲਵਲੀ ਰਾਏਕੋਟ, ਨਿਹਾਲ ਸਿੰਘ ਰਾਏਕੋਟ, ਆਦਿ ਹਾਜ਼ਰ ਸਨ।

## ਨੌਜਵਾਨ ਭਾਰਤ ਸਭਾ ਵੱਲੋਂ ਨਗਰ ਪੰਚਾਇਤ ਘੱਗਾ ਦੇ ਦਫਤਰ ਵੱਲ ਮਾਰਚ ਦਾ ਐਲਾਨ




**ਘੱਗਾ (ਭੁਪਿੰਦਰਜੀਤ ਮੌਲਵੀਵਾਲਾ)**-ਨੌਜਵਾਨ ਭਾਰਤ ਸਭਾ ਵੱਲੋਂ ਨੌਜਵਾਨ ਆਗੂ ਗੁਰਦੀਪ ਅਜ਼ਾਦ ਦੀ ਅਗਵਾਈ ਹੇਠ ਘੱਗਾ ਵਿੱਚ ਪਿਛਲੇ 35-40 ਸਾਲਾਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰਾਂ ਦੇ ਨੌਜਵਾਨਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਮਜ਼ਦੂਰ ਪਰਿਵਾਰਾਂ ਨੂੰ ਦਰਪੇਸ਼ ਸਮੱਸਿਆਵਾਂ, ਰਿਹਾਇਸ਼ ਦੇ ਹੱਕ ਅਤੇ ਸਰਕਾਰੀ ਯੋਜਨਾਵਾਂ ਤੋਂ ਵਾਂਝੇ ਰਹਿਣ ਦੇ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਪਹਿਲੀ ਜੁਲਾਈ ਨੂੰ ਮਜ਼ਦੂਰ ਪਰਿਵਾਰਾਂ ਵੱਲੋਂ ਮੁਸ਼ਕਿਲਾਂ ਦੇ ਹੱਲ ਦੀ ਮੰਗ ਨੂੰ ਲੈ ਕੇ ਨਗਰ ਪੰਚਾਇਤ ਘੱਗਾ ਦੇ ਦਫਤਰ ਤੱਕ ਰੋਸ ਮਾਰਚ ਕੀਤਾ ਜਾਵੇਗਾ।ਇਸ ਦੌਰਾਨ ਮਜ਼ਦੂਰ ਪਰਿਵਾਰਾਂ ਲਈ ਪੱਕੀ ਰਿਹਾਇਸ਼, ਘਰ ਬਣਾਉਣ ਲਈ ਜ਼ਮੀਨ ਅਤੇ ਹੋਰ ਬੁਨਿਆਦੀ ਸਹੂਲਤਾਂ ਦੀ ਮੰਗ ਕੀਤੀ ਜਾਵੇਗੀ। ਨੌਜਵਾਨ ਸਭਾ ਦੇ ਆਗੂ ਗੁਰਦੀਪ ਅਜ਼ਾਦ ਅਤੇ ਰਾਹੁਲ ਸਿੰਘ ਨੇ ਕਿਹਾ ਕਿ ਘੱਗਾ ਦੇ ਮਜ਼ਦੂਰ ਪਰਿਵਾਰ ਕਈ ਦਹਾਕਿਆਂ ਤੋਂ ਝੁੱਗੀਆਂ ਵਿੱਚ ਬਹੁਤ ਮੁਸ਼ਕਲ ਹਾਲਾਤ ਵਿੱਚ ਜੀਵਨ ਬਤੀਤ ਕਰ ਰਹੇ ਹਨ, ਪਰ ਅੱਜ ਤੱਕ ਉਨ੍ਹਾਂ ਨੂੰ ਕੋਈ ਪੱਕਾ ਹੱਲ ਨਹੀਂ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੱਲਾ, ਜੱਸੀ, ਸਵਰਨਾ, ਵੀਰੂ, ਖਿੜਕੀ, ਕਰਨ ਆਦਿ ਹਾਜ਼ਰ ਸਨ ।

## ਵਿਧਾਇਕ ਅਜੀਤਪਾਲ ਕੋਹਲੀ ਵੱਲੋਂ ਡੇਢ ਕਰੋੜ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ 20 ਨੰਬਰ ਫਾਟਕ ਬਾਰਾਂਦਰੀ ਗਾਰਡਨ ਕੋਲ ਡੇਢ ਕਰੋੜ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ ਕੀਤਾ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ 'ਚ ਨਵੀਆਂ ਸੜਕਾਂ ਲਗਾਤਾਰ ਬਣਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਆਗਾਮੀ ਮੌਨਸੂਨ ਸੀਜ਼ਨ ਤੋਂ ਪਹਿਲਾਂ ਸਾਰੀਆਂ ਸੜਕਾਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਇਸ ਮੌਕੇ ਕੌਂਸਲਰ ਨੇਹਾ ਸਿੱਧੂ, ਅਮਨ ਜੌਲੀ ਬਲਾਕ ਪ੍ਰਧਾਨ, ਐਕਸੀਅਨ ਪਿਊਸ਼ ਅਗਰਵਾਲ ਅਤੇ ਐੱਸ ਡੀ ਓ ਮੁਨੀਸ਼ ਕੁਮਾਰ ਅਤੇ ਸੰਦੀਪ ਵਾਲੀਆ ਮੌਜੂਦ ਰਹੇ ।

## ਡਾ. ਅਰੋੜਾ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-'ਪੰਜਾਬ ਦਾ ਇੱਕੋ ਨਾਅਰਾ ਭਗਵੰਤ ਮਾਨ ਸਰਕਾਰ ਦੁਬਾਰਾ' ਦੇ ਨਾਅਰੇ ਨਾਲ ਵਾਰਡ ਨੰਬਰ 48 ਅਤੇ 49 ਵਿੱਚ ਲੋਕ ਮਿਲਣੀ ਪ੍ਰੋਗਰਾਮ ਕਰਾਇਆ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਦੀ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਵਾਸੀਆਂ ਨਾਲ ਮੁਲਾਕਾਤ ਕਰਕੇ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ। ਵਾਰਡ ਨੰਬਰ 48 ਦੇ ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ ਤੇ ਵਾਰਡ ਨੰਬਰ 49 ਦੇ ਕੌਂਸਲਰ ਪਿਆਰਾ ਦੀ ਹਾਜ਼ਰੀ ਵਿੱਚ ਲੋਕਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਵਚਨਬੱਧ ਹੈ।ਲੋਕ ਮਿਲਣੀ ਦੌਰਾਨ ਵਾਰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਵਾਰਡ ਵਾਸੀਆਂ ਨੇ ਆਪਣੀਆਂ ਸਮੱਸਿਆਵਾਂ ਵਿਧਾਇਕਾ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਦੇ ਹੱਲ ਲਈ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ।ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰ ਰਹੀ ਹੈ ਅਤੇ ਹਰ ਸਮੱਸਿਆ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

## ਅਪਾਹਜ ਵਿਅਕਤੀ ਨੂੰ ਭੇਟ ਕੀਤਾ ਟਰਾਈਸਾਈਕਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ (ਰਜਿ.) ਵੱਲੋਂ ਸਮਾਜ ਸੇਵਾ ਦੇ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਸੰਗਤ ਦੇ ਸਹਿਯੋਗ ਨਾਲ ਇੱਕ ਲੋੜਵੰਦ ਦਿਵਿਆਂਗ ਵਿਅਕਤੀ ਨੂੰ ਟਰਾਈ ਸਾਈਕਲ ਭੇਟ ਕੀਤੀ ਗਈ।ਸੁਸਾਇਟੀ ਦਾ ਉਦੇਸ਼ ਲੋੜਵੰਦਾਂ ਨੂੰ ਆਤਮ-ਨਿਰਭਰ ਬਣਾਉਣਾ ਹੈ ਤਾਂ ਜੁ ਉਹ ਆਪਣਾ ਰੋਜ਼ਗਾਰ ਕਰਕੇ ਇੱਜ਼ਤ ਨਾਲ ਆਪਣਾ ਜੀਵਨ ਬਤੀਤ ਕਰ ਸਕਣ।ਸੁਸਾਇਟੀ ਦੇ ਪ੍ਰਧਾਨ ਗੁਰਜੋਤ ਸਿੰਘ ਅਤੇ ਚੇਅਰਮੈਨ ਰਾਘਵ ਸ਼ਰਮਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ (ਰਜਿ.) ਮੋਗਾ ਪਿਛਲੇ ਕਈ ਸਾਲਾਂ ਤੋਂ ਖੂਨਦਾਨ ਦੇ ਖੇਤਰ ਵਿੱਚ ਨਿਰਸਵਾਰਥ ਸੇਵਾ ਨਿਭਾ ਰਹੀ ਹੈ।ਸੁਸਾਇਟੀ ਵੱਲੋਂ ਐਮਰਜੈਂਸੀ ਸਮੇਂ ਮੋਗਾ ਹੀ ਨਹੀਂ, ਸਗੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅਤੇ ਹਸਪਤਾਲਾਂ ਵਿੱਚ ਲੋੜਵੰਦ ਮਰੀਜ਼ਾਂ ਨੂੰ ਖੂਨ ਮੁਹੱਈਆ ਕਰਾਇਆ ਜਾਂਦਾ ਹੈ।ਖੂਨਦਾਨ ਦੀ ਸੇਵਾ ਦੇ ਨਾਲ-ਨਾਲ ਸੰਸਥਾ ਵੱਲੋਂ ਸਮਾਜ ਭਲਾਈ ਦੇ ਹੋਰ ਕਾਰਜ ਵੀ ਲਗਾਤਾਰ ਕੀਤੇ ਜਾਂਦੇ ਹਨ, ਜਿਨ੍ਹਾਂ ਵਿੱਚ ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ ਟਰਾਈ ਸਾਈਕਲਾਂ ਮੁਹੱਈਆ ਕਰਾਉਣਾ ਵੀ ਸ਼ਾਮਲ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਈਟੀਓ ਨੇ ਲੋਕ ਮਿਲਣੀਆਂ 'ਚ ਸੁਣੀਆਂ ਲੋਕ ਸਮੱਸਿਆਵਾਂ

## ਅਧਿਕਾਰੀਆਂ ਨੂੰ ਦਿੱਤੇ ਤੁਰੰਤ ਹੱਲ ਕਰਨ ਦੇ ਨਿਰਦੇਸ਼

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):** ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਰਸੂਲਪੁਰ ਕਲਾਂ, ਡਡੂਆਣਾ ਅਤੇ ਮਿਹਰਬਾਨਪੁਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ।ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦਾ ਤੁਰੰਤ ਅਤੇ ਯੋਗ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ।ਇਸ ਮੌਕੇ ਕੈਬਿਨਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕਈ ਲੋਕ-ਪੱਖੀ ਯੋਜਨਾਵਾਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ, 10 ਲੱਖ ਰੁਪਏ ਤੱਕ ਦੀ ਸਾਲਾਨਾ ਸਿਹਤ ਬੀਮਾ ਯੋਜਨਾ, ਸਿੱਖਿਆ ਕ੍ਰਾਂਤੀ, ਸਿਹਤ ਕ੍ਰਾਂਤੀ ਅਤੇ ਹੋਰ ਅਨੇਕਾਂ ਜਨ-ਕਲਿਆਣਕਾਰੀ ਯੋਜਨਾਵਾਂ ਸਫਲਤਾਪੂਰਵਕ ਲਾਗੂ ਕੀਤੀਆਂ ਗਈਆਂ ਹਨ।ਉਨ੍ਹਾਂ ਲੋਕਾਂ ਨੂੰ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਨਾਗਰਿਕ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਪਾਰਦਰਸ਼ੀ ਅਤੇ ਸਮੇਂ ਸਿਰ ਮਿਲੇ।ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਨਿਪਟਾਰਾ ਕਰਨਾ ਅਤੇ ਸਰਕਾਰ ਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਕਾਇਮ ਕਰਨਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 17ਵਾਂ ਮਹਾਨ ਗੁਰਮਤਿ ਸਮਾਗਮ 5 ਜੁਲਾਈ ਨੂੰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਪਿੰਡ ਧਰਮਕੋਟ ਰੰਧਾਵਾ ਵਿਖੇ ਹਰ ਸਾਲ ਦੀ ਤਰ੍ਹਾਂ 5 ਜੁਲਾਈ ਦਿਨ ਐਤਵਾਰ ਨੂੰ ਧੰਨ-ਧੰਨ ਛੇਵੀਂ ਪਾਤਸ਼ਾਹੀ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 17ਵਾਂ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਧਾਰਮਿਕ ਸਮਾਗਮ ਸਬੰਧੀ ਚੋਣਵੇਂ ਪੱਤਰਕਾਰਾ ਨੂੰ ਜਾਣਕਾਰੀ ਦਿੰਦਿਆਂ ਐਡਵੋਕੇਟ ਬਲਰਾਜ ਸਿੰਘ ਰੰਧਾਵਾ ਤੇ ਊਧਮ ਸਿੰਘ ਨੇ ਦੱਸਿਆ ਕਿ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਧਰਮਕੋਟ ਰੰਧਾਵਾ ਦੇ ਗੁਰਦੁਆਰਾ ਸਹਿਬ ਵਿਖੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ 5 ਜੁਲਾਈ ਦਿਨ ਐਤਵਾਰ ਨੂੰ ਧੰਨ-ਧੰਨ ਛੇਵੀਂ ਪਾਤਸ਼ਾਹੀ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 17ਵਾਂ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਗੁਰਮਤਿ ਸਮਾਗਮ ਵਿੱਚ ਸੰਤ ਮਹਾਂਪੁਰਸ਼ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣਗੇ। ਉਪਰੰਤ ਰਾਗੀ, ਢਾਡੀ ਜਥੇ ਅਤੇ ਗੁਰੂ ਘਰ ਦੇ ਮਹਾਨ ਕੀਰਤਨੀਏ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕਰਨਗ।ਉਨ੍ਹਾਂ ਦੱਸਿਆ ਕਿ ਇਸ ਮੌਕੇ ਕੇ. ਵੀ. ਆਈ. ਬਲੱਡ ਬੈਂਕ ਮਜੀਠਾ ਰੋਡ ਅੰਮ੍ਰਿਤਸਰ ਵਾਲਿਆਂ ਵੱਲੋਂ 6ਵਾਂ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ ਅਤੇ ਪ੍ਰਬੰਧਕਾਂ ਵੱਲੋਂ ਪੌਦਿਆਂ ਦਾ ਲੰਗਰ ਵੀ ਲਗਾਇਆ ਜਾਵੇਗਾ। ਇਸ ਮੌਕੇ ਸੰਗਤਾਂ ਲਈ ਗੁਰੂ ਕਾ ਅਟੁੱਟ ਲੰਗਰ ਵੀ ਲਗਾਇਆ ਜਾਵੇਗਾ। ਇਸ ਮੌਕੇ ਪਟਵਾਰੀ ਮੁਖਤਾਰ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਮਗਵਿੰਦਰ ਸਿੰਘ ਮੰਗੀਆਂ ਸੋਸ਼ਲ ਮੀਡੀਆ ਇੰਚਾਰਜ ਆਦਿ ਹਾਜ਼ਰ ਸਨ।



# ਪੰਜਾਬ ਇਸਤਰੀ ਸਭਾ ਵੱਲੋਂ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ 'ਤੇ ਸੈਮੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-** ਪੰਜਾਬ ਇਸਤਰੀ ਸਭਾ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੇ ਇੱਕ ਸੈਮੀਨਾਰ ਕਾਮਰੇਡ ਸੋਹਨ ਸਿੰਘ ਜੋਸ਼ ਲਾਇਬਰੇਰੀ ਨੇੜੇ ਡੀਸੀ ਆਫਿਸ ਵਿੱਚ ਕਰਵਾਇਆ ਗਿਆ।ਇਸ ਵਿੱਚ ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਅਤੇ 'ਕਿਤਾਬ ਬੋਲਦੀ ਹੈ ਪੜ੍ਹੋ ਅਤੇ ਲਿਖੋ' ਦੇ ਸੰਚਾਲਕ ਡਾਕਟਰ ਪ੍ਰਭਜੋਤ ਕੌਰ ਅਤੇ ਹੈਲਪ ਏ ਚਾਈਲਡ ਆਫ ਇੰਡੀਆ ਦੇ ਪ੍ਰੋਜੈਕਟ ਅਫਸਰ ਰੇਖਾ ਭੱਟੀ ਅਤੇ ਪਵਨ ਭੱਟੀ ਨੇ ਪ੍ਰਬੰਧ ਦੀ ਜ਼ਿੰਮੇਵਾਰੀ ਨਿਭਾਈ।ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ 'ਤੇ ਚਾਨਣਾ ਪਾਉਣ ਲਈ ਸਤਿੰਦਰ ਸਿੰਘ ਓਠੀ, ਅਨਿਲ ਖੰਨਾ, ਡਾਕਟਰ ਜਸਵਿੰਦਰ ਕੌਰ ਅਤੇ ਪ੍ਰੋਫੈਸਰ ਬਲਜਿੰਦਰ ਕੌਰ ਨੇ ਖੂਬਸੂਰਤ ਕਵਿਤਾਵਾਂ ਪੜੀਆਂ। ਪ੍ਰੋਫੈਸਰ ਸਿਮਰਜੀਤ ਕੌਰ ਨੇ ਰੱਬ ਨੂੰ ਸਮਾਜ ਵਿੱਚ ਵਾਪਰ ਰਹੀਆਂ ਦੁਖਦਾਈ ਘਟਨਾਵਾਂ ਬਾਰੇ ਇੱਕ ਨਿਹੋਰਾ ਮਾਰ ਕੇ ਕਵਿਤਾ ਪੇਸ਼ ਕੀਤੀ ਗਈ ।ਉਥੇ ਗਾਇਕ ਗੌਬਿਨ ਵਡਾਲੀ ਨੇ ਗੁਰੂ ਜੀ ਬਾਰੇ ਇੱਕ ਭਾਵ ਭਿੰਨੀ ਕਵਿਤਾ, ਮਜ਼ਦੂਰ ਦੀ ਜ਼ਿੰਦਗੀ ਦਾ ਦੁਖਾਂਤ ਅਤੇ ਹੋਰ ਵਿਸ਼ਿਆਂ 'ਤੇ ਗੀਤ ਪੇਸ਼ ਕੀਤੇ।ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਗੁਰੂ ਅਰਜਨ ਦੇਵ ਜੀ ਦੀ ਕੁਰਬਾਨੀ ਦਾ ਜ਼ਿਕਰ ਕਰਦਿਆਂ ਹੋਇਆ ਅਜੋਕੇ ਸਮਾਜ ਵਿੱਚ ਫੈਲ ਰਹੀਆਂ ਸਮਾਜਿਕ ਬੁਰਾਈਆਂ ਅਤੇ ਸਰਕਾਰਾਂ ਵੱਲੋਂ ਉਨ੍ਹਾਂ ਦੀ ਅਣਦੇਖੀ ਦਾ ਵਰਣਨ ਕੀਤਾ ਅਤੇ ਦੱਸਿਆ ਕਿ ਸਾਰਾ ਹੀ ਪਬਲਿਕ ਸੈਕਟਰ ਖਤਮ ਕੀਤਾ ਜਾ ਰਿਹਾ ਹੈ ਜਿਸ ਨਾਲ ਇਨ੍ਹਾਂ ਸੈਕਟਰ ਤੋਂ ਸੇਵਾਵਾਂ ਲੈਣ ਵਾਲੇ ਅਤੇ ਸੇਵਾਵਾਂ ਦੇਣ ਵਾਲੇ ਦੋਵੇਂ ਹੀ ਨੁਕਸਾਨ ਵਿੱਚ ਰਹਿਣਗੇ ।ਕਿਤਾਬ ਬੋਲਦੀ ਹੈ ਦੇ ਸੰਚਾਲਕ ਡਾਕਟਰ ਪ੍ਰਭਜੋਤ ਨੇ ਜਿੱਥੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦਾ ਵਰਣਨ ਕੀਤਾ ਉਥੇ ਉਨ੍ਹਾਂ ਨੇ ਆਪਣੇ ਪ੍ਰੋਜੈਕਟ ਕਿਤਾਬ ਬੋਲਦੀ ਹੈ ਪੜ੍ਹੋ ਅਤੇ ਲਿਖੋ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਮੈਂ ਬਹੁਤ ਕੋਸ਼ਿਸ਼ ਕਰ ਰਹੀ ਹਾਂ ਕਿ ਇਨ੍ਹਾਂ ਕਿਤਾਬਾਂ ਰਾਹੀਂ ਨੌਜਵਾਨ ਬੱਚਿਆਂ ਨੂੰ ਜੋੜਿਆ ਜਾਵੇ ਤਾਂ ਕਿ ਉਹ ਆਪਣੇ ਇਤਿਹਾਸ ਸਬੰਧੀ ਸਹੀ ਸਹੀ ਜਾਣਕਾਰੀ ਹਾਸਿਲ ਕਰ ਸਕਣ।ਇਸ ਤੋਂ ਇਲਾਵਾ ਹੈਲਪ-ਏ-ਚਾਇਲਡ ਆਫ ਇੰਡੀਆ ਦੇ ਸੰਚਾਲਕ ਪਵਨ ਭੱਟੀ, ਪੰਜਾਬ ਇਸਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਪਰਵੀਨ ਕੌਰ ਨੇ ਵੀ ਸੰਬੋਧਨ ਕੀਤਾ।ਰੇਖਾ ਭੱਟੀ ਨੇ ਸਟੇਜ ਦਾ ਸੰਚਾਲਨ ਬੜੀ ਖ਼ੂਬਸੂਰਤੀ ਨਾਲ ਕੀਤਾ।ਅੰਤ ਵਿੱਚ ਨਾਮਧਾਰੀ ਸੰਸਥਾ ਦੇ ਪ੍ਰਧਾਨ ਭੈਣ ਭੁਪਿੰਦਰ ਕੌਰ ਨੇ ਧੰਨਵਾਦ ਕੀਤਾ।




# ਸਰਪੰਚਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦੇਣਾ ਇਤਿਹਾਸਕ ਫੈਸਲਾ : ਕੁਲਦੀਪ ਪਾਠਕ

**ਢਿੱਲਵਾਂ, (ਪਲਵਿੰਦਰ ਸਿੰਘ ਜੈ ਰਾਮਪੁਰ)-** ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਇਤਿਹਾਸ 'ਚ ਪਹਿਲੀ ਵਾਰ ਇਹ ਫੈਸਲਾ ਲਿਆ ਗਿਆ ਕਿ ਲੋਕਤੰਤਰ ਦੀ ਜੜ੍ਹ ਪਿੰਡਾਂ ਦੇ ਸਰਪੰਚਾਂ ਨੂੰ ਮਾਣਭੱਤਾ ਪ੍ਰਤੀ ਮਹੀਨਾ 10 ਹਜ਼ਾਰ ਰੁਪਏ ਦਿੱਤਾ ਜਾਣਾ ਭਗਵੰਤ ਮਾਨ ਦੀ ਆਪ ਸਰਕਾਰ ਦੇ ਮਾਰਕੀਟ ਕਮੇਟੀ ਢਿੱਲਵਾਂ ਦੇ ਚੇਅਰਮੈਨ ਕੁਲਦੀਪ ਪਾਠਕ ਤੇ ਸੂਬਾ ਸੰਯੁਕਤ ਸਕੱਤਰ ਆਮ ਆਦਮੀ ਪਾਰਟੀ ਨੇ ਕਿਹਾ ਕਿ ਸਰਕਾਰ ਦੀ ਨਿਵੇਕਲੀ ਯੋਜਨਾ 18 ਸਾਲ ਤੋਂ ਉਪਰ ਦੀਆਂ ਮਹਿਲਾਵਾਂ (ਜਨਰਲ ਕੈਟਾਗਰੀ ਦੀਆਂ ਮਹਿਲਾਵਾਂ ਨੂੰ 1000 ਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਪ੍ਰਤੀ ਮਹੀਨਾ ਦੇਣਾ ਤੇ ਹੋਰ ਸਭ ਤੋਂ ਵੱਧ ਸਹੂਲਤਾਂ ਪ੍ਰਦਾਨ ਕਰਕੇ ਗਰੀਬ ਵਰਗ ਦੇ ਲੋਕਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰ ਰਹੀ ਹੈ, ਜੋ ਦੇਸ਼ ਦੀ ਆਜ਼ਾਦੀ ਤੋਂ ਬਾਅਦ ਕੋਈ ਵੀ ਸਰਕਾਰ ਅਜਿਹੀਆਂ ਸਹੂਲਤਾਂ ਨਹੀਂ ਦੇ ਸਕੀ, ਜਿਸ ਦੀ ਹਰ ਵਰਗ ਸ਼ਲਾਘਾ ਕਰ ਰਿਹਾ ਹੈ ਜਿਸ ਤੋਂ ਵਿਰੋਧੀ ਪਾਰਟੀਆਂ ਬੁਖਲਾ ਗਈਆਂ ਹਨ ਤੇ ਉਨ੍ਹਾਂ ਪਾਸ ਇਸਦਾ ਝੂਠ ਪ੍ਰਚਾਰ ਕਰਨ ਤੋਂ ਸਿਵਾਏ ਹੋਰ ਕੋਈ ਵੀ ਕੰਮ ਨਹੀਂ ਰਿਹਾ। ਉਨ੍ਹਾਂ ਪਾਸ ਨਾ ਤਾਂ ਪਹਿਲਾਂ ਚੋਣ ਏਜੰਡਾ ਸੀ ਤੇ ਨਾ ਹੀ ਹੋਰ ਅੱਗੇ ਕਹਿਣ ਲਈ ਕੁਝ ਬਚਿਆ ਹੈ। ਹਰ ਪਾਸੇ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਹੀ ਵੱਡਾ ਏਜੰਡਾ ਹੈ ਜਿਸਦੀ ਹਰ ਵਰਗ ਲੋਕ ਸ਼ਲਾਘਾ ਕਰਦੇ ਨਜ਼ਰ ਆਉਂਦੇ ਹਨ।



# ਬੀ ਐੱਲ ਓ ਨੇ ਜੁੜਵੇਂ ਭਰਾਵਾਂ ਸੋਹਣੇ ਤੇ ਮੋਹਣੇ ਦੇ ਘਰ ਵੰਡੇ ਗਣਨਾ ਫਾਰਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-** ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿੰਮ ਤਹਿਤ ਵਿਧਾਨ ਸਭਾ ਹਲਕਾ 20-ਅਟਾਰੀ (ਐਸ.ਸੀ.) ਦੇ ਬੂਥ ਨੰਬਰ 101 ਦੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਸਤਪਾਲ ਸਿੰਘ ਵੱਲੋਂ ਇੱਕ ਵਿਲੱਖਣ ਉਦਾਹਰਨ ਪੇਸ਼ ਕਰਦਿਆਂ ਜੁੜਵਾਂ ਭਰਾਵਾਂ ਸੋਹਣਾ ਸਿੰਘ ਅਤੇ ਮੋਹਣਾ ਸਿੰਘ ਦੇ ਘਰ ਪਹੁੰਚ ਕੇ ਗਣਨਾ ਫਾਰਮ ਵੰਡੇ ਗਏ। ਇਹ ਦੋਵੇਂ ਭਰਾ ਜੁੜਵਾਂ ਹੋਣ ਦੇ ਬਾਵਜੂਦ ਵੱਖ-ਵੱਖ ਯੋਗ ਵੋਟਰ ਵਜੋਂ ਰਜਿਸਟਰਡ ਹਨ। ਬੀ. ਐੱਲ. ਓ. ਵੱਲੋਂ ਉਨ੍ਹਾਂ ਦੀ ਪਛਾਣ ਦੀ ਤਸਦੀਕ ਕਰਦਿਆਂ ਜਨਮ ਮਿਤੀ, ਪਰਿਵਾਰਕ ਵੇਰਵੇ, ਰਿਸ਼ਤੇ, ਮੌਜੂਦਾ ਪਤੇ ਅਤੇ ਹੋਰ ਲੋੜੀਂਦੀ ਜਾਣਕਾਰੀ ਦੀ ਜਾਂਚ ਕੀਤੀ ਗਈ ਅਤੇ ਪ੍ਰੀ-ਫਿਲਡ ਗਣਨਾ ਫਾਰਮ ਉਨ੍ਹਾਂ ਨੂੰ ਸੌਂਪੇ ਗਏ। ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀ ਐੱਸ.ਆਈ.ਆਰ.-2026 ਮੁਹਿੰਮ ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਪੂਰੀ ਤਰ੍ਹਾਂ ਸ਼ੁੱਧ, ਪਾਰਦਰਸ਼ੀ, ਭਰੋਸੇਯੋਗ ਅਤੇ ਸਮਾਵੇਸ਼ੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ 2134 ਬੀ.ਐੱਲ.ਓਜ਼ ਘਰ-ਘਰ ਜਾ ਕੇ ਵੋਟਰਾਂ ਨਾਲ ਸੰਪਰਕ ਕਰ ਰਹੇ ਹਨ ਤਾਂ ਜੋ ਹਰ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਯਕੀਨੀ ਬਣਾਇਆ ਜਾ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਗਲਤ ਜਾਂ ਦੁਹਰਾਈ ਐਂਟਰੀ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ 2026 ਤਹਿਤ ਘਰ-ਘਰ ਤਸਦੀਕ, ਦਿਵਿਆਂਗ (ਪੀ.ਡਬਲਿਊ.ਡੀ.) ਵੋਟਰਾਂ ਅਤੇ ਸੀਨੀਅਰ ਨਾਗਰਿਕਾਂ ਲਈ ਵਿਸ਼ੇਸ਼ ਸਹੂਲਤਾਂ, ਮੋਬਾਈਲ ਐਪਾਂ ਰਾਹੀਂ ਸੋਧ ਅਤੇ ਰਜਿਸਟ੍ਰੇਸ਼ਨ ਦੀ ਸਹੂਲਤ ਅਤੇ ਜਨਮ-ਮੌਤ ਦੇ ਰਿਕਾਰਡਾਂ ਨਾਲ ਵੋਟਰ ਸੂਚੀਆਂ ਦੀ ਮਿਲਾਨੀ ਵਰਗੇ ਕਦਮ ਚੁੱਕੇ ਜਾ ਰਹੇ ਹਨ, ਤਾਂ ਜੋ ਵੋਟਰ ਸੂਚੀਆਂ ਨੂੰ ਪੂਰੀ ਤਰ੍ਹਾਂ ਸਹੀ ਅਤੇ ਅਪਡੇਟ ਬਣਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੀ. ਐੱਲ. ਓ. ਨਾਲ ਪੂਰਾ ਸਹਿਯੋਗ ਕਰਨ, ਪ੍ਰੀ-ਫਿਲਡ ਗਣਨਾ ਫਾਰਮ ਦੀ ਧਿਆਨ ਨਾਲ ਜਾਂਚ ਕਰਨ, ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਜਮ੍ਹਾਂ ਕਰਵਾਉਣ ਅਤੇ ਇਸ ਮਹੱਤਵਪੂਰਨ ਲੋਕਤੰਤਰੀ ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਐੱਸ. ਆਈ. ਆਰ.-2026 ਦਾ ਸੰਦੇਸ਼ ਹੈ ਕਿ ਕੋਈ ਵੀ ਯੋਗ ਵੋਟਰ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ ਅਤੇ ਕੋਈ ਵੀ ਅਯੋਗ ਐਂਟਰੀ ਵੋਟਰ ਸੂਚੀ ਵਿੱਚ ਦਰਜ ਨਾ ਹੋਵੇ।



# ਗੁ: ਬਾਬਾ ਸਿਧਾਣਾ ਸਾਹਿਬ ਜੀ ਬਘੇਲ ਸਿੰਘ ਵਾਲਾ ਵਿਖੇ ਸਾਲਾਨਾ ਜੋੜ ਮੇਲਾ ਅੱਜ ਤੇ ਭਲਕ

**ਝਬਾਲ, (ਹਰਜਿੰਦਰ ਸਿੰਘ ਸੋਨੀ)-** ਕਸਬਾ ਝਬਾਲ ਅਧੀਨ ਪੈਂਦੀ ਗ੍ਰਾਮ ਪੰਚਾਇਤ ਬਘੇਲ ਸਿੰਘ ਵਾਲਾ ਲਾਲੂ ਘੁੰਮਣ ਰਸਤਾ ਵਿਖੇ ਧੰਨ-ਧੰਨ ਬਾਬਾ ਸਿਧਾਣਾ ਸਾਹਿਬ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਬਾਬਾ ਸਿਧਾਣਾ ਸਾਹਿਬ ਵਿਖੇ ਦੋ ਰੋਜ਼ਾ ਸਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਝਬਾਲ ਅਤੇ ਬਘੇਲ ਸਿੰਘ ਵਾਲਾ ਵਾਸੀਆਂ ਦੀਆ ਸੰਗਤਾਂ ਦੇ ਪੂਰਨ ਸਹਿਯੋਗ ਨਾਲ 29-30 ਜੂਨ ਦਿਨ ਸੋਮਵਾਰ ਅਤੇ ਮੰਗਲਵਾਰ ਨੂੰ ਬੜੀ ਸ਼ਰਧਾ ਭਾਵਨਾ, ਸਤਿਕਾਰ ਤੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਬਲਜੀਤ ਸਿੰਘ ਨੇ ਦੱਸਿਆ ਕਿ 27 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਈ ਤੇ ਭੋਗ 29 ਜੂਨ ਨੂੰ ਪਾਏ ਜਾਣ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ।30 ਨੂੰ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥੇ ਗੁਰੂ ਜੱਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।ਪੰਥ ਦੀਆਂ ਸਿਰਮੌਰ ਧਾਰਮਿਕ ਸਖਸ਼ੀਅਤਾਂ ਅਤੇ ਰਾਜਸੀ ਹਸਤੀਆਂ ਵੀ ਹਾਜ਼ਰੀਆਂ ਭਰਨ ਲਈ ਪੁੱਜਣਗੇ।ਜੋੜ ਮੇਲੇ ਦੌਰਾਨ ਸਰਦਾਰ ਬ੍ਰਦਰਜ਼ ਪਗੜੀ ਸੈਂਟਰ ਝਬਾਲ ਵੱਲੋਂ ਦਸਤਾਰ, ਦੁਮਾਲਾ ਸਜਾਉਣ ਅਤੇ ਪੱਗਾਂ ਦਾ ਮੁਫ਼ਤ ਲੰਗਰ ਅਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਪੰਜਾਬ 295 ਦੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਡਾਕਟਰ ਬਲਜੀਤ ਸਿੰਘ ਛਾਪਾ ਆਦਿ ਟੀਮ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ।ਇਸ ਮੌਕੇ ਛਬੀਲਾਂ ਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ ਜਦਕਿ ਸ਼ਾਮ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਕਲੱਬ ਦੀਆਂ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਕਰਵਾਇਆ ਜਾਵੇਗਾ।

# ਗੁਰਧਾਮਾਂ ਦੇ ਦਰਸ਼ਨਾਂ ਲਈ ਅੱਡਾ ਜੈਂਤੀਪੁਰੋਂ ਬੱਸ ਰਵਾਨਾ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਅੱਡਾ ਜੈਂਤੀਪੁਰ ਤੋਂ ਵੱਖ ਵੱਖ ਗੁਰਧਾਮਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਹੋਈ। ਇਸ ਸਬੰਧੀ ਗੱਲਬਾਤ ਕਰਦਿਆਂ ਬਚਨ ਲਾਲ ਕਾਲੇ ਸ਼ਾਹ ਨੇ ਦੱਸਿਆ ਕਿ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਸਾਡੇ ਵੱਲੋਂ ਬੇਨਤੀ ਕੀਤੀ ਗਈ ਸੀ ਕਿ ਅੱਡਾ ਜੈਂਤੀਪੁਰ ਦੀਆਂ ਸੰਗਤਾਂ ਗੁਰਧਾਮਾਂ ਦੇ ਦਰਸ਼ਨਾਂ ਲਈ ਤਿਆਰ ਹੋਈਆਂ ਹਨ। ਉਨ੍ਹਾਂ ਵੱਲੋਂ ਸਾਡੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਵਾਲੀ ਬੱਸ ਸਾਡੇ ਨਗਰ ਨੂੰ ਭੇਜੀ ਜੋ ਸੰਗਤਾਂ ਨੂੰ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰਵਾ ਕੇ ਵਾਪਸ ਅੱਡਾ ਜੈਂਤੀਪੁਰ ਵਿਖੇ ਪਹੁੰਚਾਵੇਗੀ। ਯਾਤਰਾ ਲਈ ਰਵਾਨਾ ਹੋਈਆਂ ਸੰਗਤਾਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਬਚਨ ਲਾਲ (ਕਾਲਾ ਸ਼ਾਹ), ਬਾਬਾ ਸੁਖਚੈਨ ਸਿੰਘ, ਮਲਕੀਤ ਸਿੰਘ ਗੋਲਡੀ, ਜਸਬੀਰ ਸਿੰਘ ਸਰਹਾਲੀਆ, ਇੰਦਰਜੀਤ ਸਿੰਘ ਬਿੱਟੂ ਫੌਜੀ, ਗੁਲਸ਼ਨ ਕੁਮਾਰ ਬਾਵਾ, ਲਾਲ ਸਿੰਘ ਸ੍ਰੀ ਚੰਦ ਲੈਬ ਵਾਲੇ, ਬੀਐੱਲਓ ਮਾਸਟਰ ਰਿਸੀ ਸ਼ਰਮਾ, ਬੀਐੱਲਓ ਕੁਲਵਿੰਦਰ ਕੌਰ, ਜਸਵਿੰਦਰ ਕੌਰ, ਮੈਨੇਜਰ ਰਣਬੀਰ ਸਿੰਘ ਵਡਾਲਾ, ਰਵੀਦੀਪ ਸਿੰਘ ਵਡਾਲਾ, ਸ਼ਰਨਜੀਤ ਸਿੰਘ, ਨਿਰਮਲ ਸਿੰਘ, ਮਨਮੋਹਨ ਸਿੰਘ ਢਿੱਲੋਂ, ਮਨਜਿੰਦਰ ਸਿੰਘ, ਕਵਲਜੀਤ ਸਿੰਘ ਸਿੱਧੂ, ਜੋਬਨ ਕਾਹਲੋਂ (ਅਮਰੀਕ ਸਪੋਰਟਸ ਪ੍ਰਧਾਨ) ਆਦਿ ਹਾਜ਼ਰ ਸਨ।

# ਕੇਨ ਕਮਿਸ਼ਨਰ ਨੇ ਗੰਨੇ ਦੀ ਫ਼ਸਲ ਦੇ ਕੀਤੇ ਜਾ ਰਹੇ ਸਰਵੇਖਣ ਦਾ ਲਿਆ ਜਾਇਜ਼ਾ

**ਧਾਰੀਵਾਲ, (ਮਨਦੀਪ ਵਿੱਕੀ)-** ਹਰ ਸਾਲ ਜੂਨ ਜੁਲਾਈ ਮਹੀਨੇ ਦੌਰਾਨ ਗੰਨੇ ਦੀ ਫ਼ਸਲ ਦਾ ਸਹਿਕਾਰੀ ਅਤੇ ਨਿੱਜੀ ਖੰਡ ਵਲੋਂ ਸਰਵੇਅ ਕੀਤਾ ਜਾਂਦਾ ਹੈ ਤਾਂ ਗੰਨੇ ਦੀ ਫ਼ਸਲ ਹੇਠ ਰਕਬੇ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਉਸ ਅਨੁਸਾਰ ਕਲੰਡਰ ਨਿਰਧਾਰਤ ਕੀਤਾ ਜਾ ਸਕੇ। ਇੰਡੀਅਨ ਸੁਕਰੋਜ਼ ਲਿਮਿਟਡ ਮੁਕੇਰੀਆਂ ਦੇ ਅਧਿਕਾਰਿਤ ਖੇਤਰ ਵਿਚ ਚੱਲ ਰਹੇ ਸਰਵੇਖਣ ਦੇ ਕੰਮ ਦਾ ਜਾਇਜ਼ਾ ਲੈਣ ਲਈ ਗੰਨਾ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਵਲੋਂ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ।ਦੌਰੇ ਦੌਰਾਨ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦੀਆਂ ਗੰਨੇ ਦੀ ਫ਼ਸਲ ਨਾਲ ਸੰਬੰਧਤ ਮੁਸ਼ਕਲਾਂ ਦਾ ਮੌਕੇ 'ਤੇ ਹੱਲ ਕੀਤਾ।ਇਸ ਟੀਮ ਵਿਚ ਡਾਕਟਰ ਗੁਲਜ਼ਾਰ ਸਿੰਘ ਸੰਘੇੜਾ ਨਿਰਦੇਸ਼ਕ ਖੇਤਰੀ ਖੋਜ ਕੇਂਦਰ, ਡਾਕਟਰ ਸੰਜੇ ਸਿੰਘ ਵਾਈਸ ਪ੍ਰੈਜ਼ੀਡੈਂਟ ਖੰਡ ਮਿੱਲ, ਡਾਕਟਰ ਰਜਿੰਦਰ ਕੁਮਾਰ ਕੀਟ ਵਿਗਿਆਨੀ , ਡਾਕਟਰ ਜਸਨ ਜੀਤ ਕੌਰ, ਡਾਕਟਰ ਅਨੁਰਾਧਾ, ਡਾਕਟਰ ਮਿੱਤਰ ਮਾਨ ਸਿੰਘ ਖੇਤੀ ਵਿਕਾਸ ਅਧਿਕਾਰੀ (ਗੰਨਾ) ਅਤੇ ਹੋਰ ਅਧਿਕਾਰੀ ਸ਼ਾਮਿਲ ਸਨ।ਪਿੰਡ ਭੈਣੀ ਪਸਵਾਲ ਵਿਚ ਗਲਬਾਤ ਕਰਦਿਆਂ ਕੇਨ ਕਮਿਸ਼ਨਰ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਹਰ ਸਾਲ ਜੂਨ ਜੁਲਾਈ ਮਹੀਨੇ ਦੌਰਾਨ ਗੰਨੇ ਦੀ ਫ਼ਸਲ ਉੱਪਰ ਕੀੜਿਆਂ ਅਤੇ ਬਿਮਾਰੀਆਂ ਦੇ ਹਮਲੇ ਦਾ ਜਾਇਜ਼ਾ ਲੈਣ ਲਈ ਦਫਤਰ ਗੰਨਾ ਕਮਿਸ਼ਨਰ ਪੰਜਾਬ, ਖੇਤਰੀ ਖੋਜ ਕੇਂਦਰ ਕਪੂਰਥਲਾ ਅਤੇ ਖੰਡ ਮਿੱਲਾਂ ਵੱਲੋਂ ਸਾਂਝੇ ਤੌਰ 'ਤੇ ਗੰਨੇ ਦੀ ਫ਼ਸਲ ਦਾ ਸਰਵੇਖਣ ਕੀਤਾ ਜਾਂਦਾ ਹੈ ਤਾਂ ਜੋ ਸਮੇਂ ਸਿਰ ਗੰਨਾ ਕਾਸ਼ਤਕਾਰਾਂ ਨੂੰ ਸਹੀ ਤਕਨੀਕੀ ਅਗਵਾਈ ਦਿੱਤੀ ਜਾ ਸਕੇ।ਉਨ੍ਹਾਂ ਨੇ ਕਿਹਾ ਕਿ ਮੂਢੀ ਫਸਲ ਦੀ ਸੰਭਾਲ ਵੱਲ ਸਹੀ ਸਮੇਂ ਤੇ ਧਿਆਨ ਨਾਂ ਦੇਣ ਨਾਲ ਪੈਦਾਵਾਰ ਘਟਦੀ ਹੈ , ਜੋਂ ਗੰਨਾ ਕਾਸ਼ਤਕਾਰਾਂ ਅਤੇ ਖੰਡ ਮਿੱਲਾਂ ਨੂੰ ਆਰਥਿਕ ਨੁਕਸਾਨ ਦਾ ਕਾਰਨ ਬਣਦੀ ਹੈ ।ਇਸ ਮੌਕੇ ਹਾਜ਼ਰ ਗੰਨਾ ਕਾਸ਼ਤ ਕਾਰਾਂ ਨੇ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ ਕਿ ਇਸ ਵਾਰ ਸਹਿਕਾਰੀ ਖੰਡ ਮਿੱਲਾਂ ਦੁਆਰਾ ਖਰੀਦੇ ਗਏ ਗੰਨੇ ਦੀ ਅਦਾਇਗੀ ਕਰ ਦਿੱਤੀ ਹੈ ਅਤੇ ਆਸ ਪ੍ਰਗਟਾਈ ਕਿ ਨਿੱਜੀ ਖੰਡ ਮਿੱਲਾਂ ਦੇ ਬਿਹਾਫ ਤੇ ਦਿੱਤੀ ਜਾਣ ਵਾਲੀ ਸਬਸਿਡੀ ਦੀ ਅਦਾਇਗੀ ਵੀ ਜਲਦ ਕਰ ਦਿੱਤੀ ਜਾਵੇਗੀ।





# ਬੀਬੀ ਨਰਿੰਦਰ ਕੌਰ ਤੇ ਸਿਕੰਦਰ ਸਿੰਘ ਖਿੱਦੋਵਾਲੀ ਦਾ ਸਨਮਾਨ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-** ਹਲਕਾ ਮਜੀਠਾ ਵਿੱਚ ਨਵੇਂ ਬਣੇ ਬੀ. ਡੀ. ਪੀ. ਓ. ਦਫਤਰ ਬਲਾਕ ਮਜੀਠਾ 02 ਮੱਤੇਵਾਲ ਵਿਖੇ ਬੀਬੀ ਨਰਿੰਦਰ ਕੌਰ ਨੂੰ ਚੇਅਰਮੈਨ ਅਤੇ ਸਿਕੰਦਰ ਸਿੰਘ ਖਿੱਦੋਵਾਲੀ ਨੂੰ ਵਾਈਸ ਚੇਅਰਮੈਨ ਲਗਾਉਣ ਉਨ੍ਹਾਂ ਦੇ ਦਫਤਰ ਪਹੁੰਚ ਕੇ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਬੀਬੀ ਨਰਿੰਦਰ ਕੌਰ ਅਤੇ ਸਿਕੰਦਰ ਸਿੰਘ ਖਿੱਦੋਵਾਲੀ ਨੂੰ ਸਨਮਾਨਿਤ ਕੀਤਾ ਅਤੇ ਸ਼ੁਭ ਕਾਮਨਾਵਾਂ ਦਿੱਤੀਆਂ।

# ਗੁਰਦੁਆਰਾ ਬਾਬਾ ਭਾਈ ਭਾਨਾ ਵਿਖੇ ਸਾਲਾਨਾ ਸਮਾਗਮ ਕਰਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਕਸਬਾ ਬਿਆਸ ਦੇ ਨਜ਼ਦੀਕ ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਸਮਾਗਮ ਕਰਾਇਆ ਗਿਆ। ਬਾਬਾ ਅਵਤਾਰ ਸਿੰਘ ਨੇ ਦੱਸਿਆ ਕਿ ਪਰਸੋਂ ਵਾਲੇ ਰੋਜ਼ ਤੋਂ ਸ੍ਰੀ ਆਖੰਡ ਪਾਠ ਸਾਹਿਬ ਦਾ ਆਰੰਭ ਕੀਤਾ ਗਿਆ ਅਤੇ ਤਿੰਨ ਦਿਨ ਹੀ ਸਵੇਰ ਤੋਂ ਰਾਤ ਤੱਕ ਗੁਰੂ ਦਾ ਲੰਗਰ ਅਟੁੱਟ ਵਰਤਾਇਆ ਗਿਆ। ਐਤਵਾਰ ਵਾਲੇ ਦਿਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਬਾਬਾ ਸਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਅਤੇ ਬਾਬਾ ਜਸਬੀਰ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਚਰਨ ਕਮਲ ਸਾਹਿਬ ਪਾਤਸ਼ਾਹੀ ਨੌਵੀਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਗੁਰਬਾਣੀ ਦੀ ਵਿਆਖਿਆ ਕੀਤੀ। ਬਾਬਾ ਦਵਿੰਦਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ।


ਇਸ ਮੌਕੇ ਅਮਰਜੀਤ ਸਿੰਘ ਅੰਬਾ, ਕਪੂਰ ਸਿੰਘ ਭੁੱਲਰ, ਬਲਬੀਰ ਸਿੰਘ, ਤਰਸੇਮ ਸਿੰਘ ਹੀਰਾ, ਕੁਲਜੀਤ ਸਿੰਘ, ਬਲਬੀਰ ਸਿੰਘ ਬੀਰਾ, ਸਤਨਾਮ ਸਿੰਘ, ਦਰਸ਼ਨ ਸਿੰਘ, ਭੁਪਿੰਦਰ ਸਿੰਘ ਬਿੱਟੂ, ਗੁਰਪ੍ਰੀਤ ਸਿੰਘ ਭੁੱਟੋ, ਜੋਗਾ ਸਿੰਘ, ਸਾਬਕਾ ਸਰਪੰਚ ਜਸਵੰਤ ਸਿੰਘ, ਕਾਮਰੇਡ ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਭਗਵੰਤ ਸਿੰਘ ਆਪ ਆਗੂ, ਸੂਬਾ ਸਿੰਘ, ਮਨਜਿੰਦਰ ਸਿੰਘ ਸ਼ੇਰਾ, ਰਣਜੀਤ ਸਿੰਘ, ਗੁਰਦੀਪ ਸਿੰਘ, ਅਮਰਜੀਤ ਸਿੰਘ ਕਾਲਾ, ਬੀਬੀ ਸਵਿੰਦਰ ਕੌਰ ਰੱਖੜਾ ਅਤੇ ਪਿੰਡ ਵਜ਼ੀਰ ਭੁੱਲਰ ਤੇ ਇਲਾਕੇ ਦੀ ਸਮੂਹ ਸੰਗਤ ਹਾਜ਼ਰ ਸੀ।

# ਬ੍ਰਾਈਟ ਮਾਈਂਡਜ਼ ਪੰਜਾਬ ਮੁਹਿੰਮ ਤਹਿਤ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

## ਸਕੂਲੀ ਸਿੱਖਿਆ ਪੱਖੋਂ ਕੇਰਲ ਨੂੰ ਪਛਾੜ ਕੇ ਸੂਬਾ ਪੰਜਾਬ ਦੇਸ਼ ਭਰ 'ਚੋਂ ਅੱਵਲ ਸਥਾਨ 'ਤੇ : ਬੈਂਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** 'ਬ੍ਰਾਈਟ ਮਾਈਂਡਜ਼ ਪੰਜਾਬ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉੱਪ ਮੁੱਖ ਮੰਤਰੀ ਤੇ ਆਪ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਦਸਮੇਸ਼ ਆਡੀਟੋਰੀਅਮ ਵਿਖੇ ਇਕ ਸ਼ਾਨਦਾਰ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ 95 ਫ਼ੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸਬੰਧਿਤ 332 ਕਰੀਬ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਅਤੇ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਸਕੱਤਰ ਸਿੰਘ ਬੱਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੱਲਵੀ ਸ਼ਰਮਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਜ਼ਿਲ੍ਹਾ ਅੰਮ੍ਰਿਤਸਰ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸਾਰੇ ਬੱਚੇ ਸੂਬਾ ਪੰਜਾਬ ਅਤੇ ਦੇਸ਼ ਦਾ ਭਵਿੱਖ ਹਨ। ਮਿਆਰੀ ਸਿੱਖਿਆ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਸਕੂਲ ਸਿੱਖਿਆ ਵਿੱਚ ਕੇਰਲ ਨੂੰ ਪਛਾੜ ਕੇ ਪੰਜਾਬ ਹੁਣ ਭਾਰਤ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲੇ ਸਥਾਨ 'ਤੇ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਨੀਤੀ ਆਯੋਗ ਦੀ 2026 ਦੀ ਰਿਪੋਰਟ ਅਤੇ ਕੇਂਦਰ ਦੀ ਪੀ.ਜੀ.ਆਈ 2.0 ਦਰਜਾਬੰਦੀ ਨਾਲ ਸੂਬੇ ਦੇ ਸਕੂਲਾਂ ਨੂੰ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਐਕਟ ਵਿੱਚ ਸੋਧ ਕਰਨ ਲਈ ਇਕ ਆਰਡੀਨੈਂਸ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਤਹਿਤ ਫੀਸਾਂ ਅਤੇ ਫੰਡਾਂ ਵਿੱਚ ਸਾਲਾਨਾ ਵਾਧਾ ਵੱਧ ਤੋਂ ਵੱਧ 5 ਫੀਸਦੀ ਤੱਕ ਸੀਮਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਫ਼ੀਸਾਂ ਵਿੱਚ 'ਗੈਰ-ਵਾਜਬ' ਵਾਧਾ ਕਰਨ ਵਾਲੇ ਸਕੂਲਾਂ ਵਿਰੁੱਧ ਕਾਰਵਾਈ ਕਰਨ ਦਾ ਵੀ ਫ਼ੈਸਲਾ ਕੀਤਾ ਹੈ ਅਤੇ ਇਕੱਠੀ ਕੀਤੀ ਗਈ ਵਾਧੂ ਰਕਮ ਮਾਪਿਆਂ ਨੂੰ ਵਾਪਸ ਕਰਵਾਈ ਜਾਵੇਗੀ। ਇਸ ਦੌਰਾਨ ਦਿੱਲੀ ਦੇ ਸਾਬਕਾ ਉੱਪ ਮੁੱਖ ਮੰਤਰੀ ਤੇ ਆਪ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਖੁੱਲ੍ਹੀ ਰਚਨਾਤਮਕ ਗੱਲਬਾਤ ਕੀਉਨ੍ਹਾਂ ਕਿਹਾ ਕਿ ਜੇਕਰ ਸਿੱਖਿਆ ਠੀਕ ਕਰ ਦਿੱਤੀ ਜਾਵੇ, ਤਾਂ ਦੇਸ਼ ਆਪਣੇ ਆਪ ਠੀਕ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰੀਖਿਆ ਪ੍ਰਣਾਲੀ ਰੱਟੇ ਦੀ ਜਗ੍ਹਾ ਸਮਝਣ ਵਾਲੀ ਹੋਣੀ ਚਾਹੀਦੀ ਹੈ।



# ਇੱਕ ਹੋਰ ਖੁਲਾਸਾ

'ਨਾ ਖਾਵਾਂਗਾ ਤੇ ਨਾ ਖਾਣ ਦੇਵਾਂਗਾ' ਦਾ ਦਾਅਵਾ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਥਾਪੇ ਗਏ ਅਹੁਦੇਦਾਰਾਂ ਬਾਰੇ ਆਏ ਦਿਨ ਸਨਸਨੀਖੇਜ਼ ਖੁਲਾਸੇ ਹੋ ਰਹੇ ਹਨ। ਅਯੁੱਧਿਆ ਦੇ ਰਾਮ ਮੰਦਰ ਵਿੱਚ ਚੜ੍ਹਾਵੇ 'ਚ ਘਪਲੇ ਅਤੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਦੇ ਪਰਵਾਰਕ ਮੈਂਬਰਾਂ ਵੱਲੋ ਸੰਭਾਵਤ ਪ੍ਰੋਜੈਕਟਾਂ ਬਾਰੇ ਫੈਸਲੇ ਤੋਂ ਪਹਿਲਾਂ ਉੱਥੇ ਸਸਤੇ ਭਾਅ ਜ਼ਮੀਨਾਂ ਖਰੀਦਣ ਦੀਆਂ ਰਿਪੋਰਟਾਂ ਤੋਂ ਬਾਅਦ ਹੁਣ ਕੇਂਦਰੀ ਮੰਤਰੀ ਭਾਗੀਰਥ ਚੌਧਰੀ ਵੱਲੋਂ ਖੀਰੇ ਦੀ ਖੇਤੀ ਲਈ ਆਪਣੇ ਹੀ ਮੰਤਰਾਲੇ ਤੋਂ 99 ਲੱਖ ਰੁਪਏ ਦੀ ਸਬਸਿਡੀ ਲੈਣ ਦੀ ਰਿਪੋਰਟ ਸਾਹਮਣੇ ਆ ਗਈ ਹੈ। ਸਰਕਰਦਾ ਅੰਗਰੇਜ਼ੀ ਅਖਬਾਰ 'ਇੰਡੀਅਨ ਐੈਕਸਪ੍ਰੈੱਸ' ਦੀ ਜਾਂਚ ਰਿਪੋਰਟ ਮੁਤਾਬਕ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਰਾਜ ਮੰਤਰੀ ਭਾਗੀਰਥ ਚੌਧਰੀ ਨੂੰ ਆਪਣੇ ਮੰਤਰਾਲੇ ਵੱਲੋਂ ਚਲਾਈ ਜਾ ਰਹੀ ਇੱਕ ਯੋਜਨਾ ਦੇ ਤਹਿਤ ਸਰਕਾਰੀ ਸਬਸਿਡੀ ਮਿਲੀ।

ਰਾਜਸਥਾਨ ਦੇ ਡਿਡਵਾਨਾ-ਕੁਚਮਨ ਜ਼ਿਲ੍ਹੇ ਦੇ ਪੇਹ ਪਿੰਡ ਵਿੱਚ ਮੰਤਰੀ ਭਾਗੀਰਥ ਚੌਧਰੀ ਦਾ ਫਾਰਮ ਹੈ। ਉੱਥੇ ਲੱਗਾ ਇੱਕ ਬੋਰਡ ਕਹਿੰਦਾ ਹੈ ਕਿ ਰਾਸ਼ਟਰੀ ਬਾਗਬਾਨੀ ਬੋਰਡ ਨੇ ਇਸ ਪ੍ਰੋਜੈਕਟ ਲਈ 99.60 ਲੱਖ ਰੁਪਏ ਦੀ ਸਹਾਇਤਾ ਪ੍ਰਦਾਨ ਕੀਤੀ ਹੈ। ਹਾਲਾਂਕਿ, ਬੋਰਡ ਇਹ ਜ਼ਿਕਰ ਨਹੀਂ ਕਰਦਾ ਕਿ ਇਸ ਯੋਜਨਾ ਦਾ ਲਾਭਪਾਤਰੀ ਖ਼ੁਦ ਕੇਂਦਰੀ ਖੇਤੀਬਾੜੀ ਰਾਜ ਮੰਤਰੀ ਹੈ। ਭਾਗੀਰਥ ਚੌਧਰੀ ਨੇ ਆਪਣੇ ਫਾਰਮ 'ਤੇ ਵੱਡੇ ਪੱਧਰ 'ਤੇ ਖੀਰੇ ਦੀ ਵਪਾਰਕ ਕਾਸ਼ਤ ਕਰਨ ਲਈ ਇੱਕ ਪੋਲੀ ਹਾਊਸ ਪ੍ਰੋਜੈਕਟ ਸ਼ੁਰੂ ਕੀਤਾ। ਪ੍ਰੋਜੈਕਟ ਦੀ ਕੁੱਲ ਲਾਗਤ ਲੱਗਭੱਗ 1.99 ਕਰੋੜ ਰੁਪਏ ਦੱਸੀ ਗਈ ਹੈ। ਲੱਗਭੱਗ 49.80 ਲੱਖ ਰੁਪਏ ਖੁਦ ਲਾਏ ਅਤੇ 1.49 ਕਰੋੜ ਦਾ ਬੈਂਕ ਕਰਜ਼ਾ ਲਿਆ। ਪ੍ਰੋਜੈਕਟ ਪੂਰਾ ਹੋਣ ਤੋਂ ਬਾਅਦ 99.03 ਲੱਖ ਦੀ ਸਰਕਾਰੀ ਸਬਸਿਡੀ ਸਿੱਧੇ ਬੈਂਕ ਲੋਨ ਖਾਤੇ ਵਿੱਚ ਜਮ੍ਹਾਂ ਕਰ ਦਿੱਤੀ ਗਈ।

ਇਹ ਸਹਾਇਤਾ 'ਬਾਗਬਾਨੀ ਫਸਲਾਂ ਦੇ ਉਤਪਾਦਨ ਅਤੇ ਵਾਢੀ ਤੋਂ ਬਾਅਦ ਪ੍ਰਬੰਧਨ ਰਾਹੀਂ ਵਪਾਰਕ ਬਾਗਬਾਨੀ ਦਾ ਵਿਕਾਸ' ਯੋਜਨਾ ਦੇ ਤਹਿਤ ਪ੍ਰਦਾਨ ਕੀਤੀ ਗਈ ਸੀ, ਜੋ ਕਿ ਬਾਗਬਾਨੀ ਦੇ ਏਕੀਕ੍ਰਿਤ ਵਿਕਾਸ ਮਿਸ਼ਨ ਦਾ ਹਿੱਸਾ ਹੈ, ਜਿਸ ਨੂੰ ਕੇਂਦਰ ਸਰਕਾਰ 2014-15 ਤੋਂ ਲਾਗੂ ਕਰ ਰਹੀ ਹੈ। ਯੋਜਨਾ ਤਹਿਤ ਖੀਰੇ, ਟਮਾਟਰ ਤੇ ਸ਼ਿਮਲਾ ਮਿਰਚ ਵਰਗੀਆਂ ਸਬਜ਼ੀਆਂ ਦੀ ਵਪਾਰਕ ਕਾਸ਼ਤ 'ਤੇ ਸਬਸਿਡੀ ਦਿੱਤੀ ਜਾਂਦੀ ਹੈ। ਫੁੱਲਾਂ ਦੀ ਖੇਤੀ ਵੀ ਇਸ 'ਚ ਸ਼ਾਮਲ ਹੈ। ਸਬਸਿਡੀ ਪ੍ਰੋਜੈਕਟ ਲਾਗਤ ਦਾ 50 ਪ੍ਰਤੀਸ਼ਤ, ਵੱਧ ਤੋਂ ਵੱਧ 1 ਕਰੋੜ ਤੱਕ ਕਵਰ ਕਰਦੀ ਹੈ। ਵਿਵਾਦ ਇਸ ਤੱਥ ਤੋਂ ਪੈਦਾ ਹੋਇਆ ਹੈ ਕਿ ਰਾਸ਼ਟਰੀ ਬਾਗਬਾਨੀ ਬੋਰਡ ਖੇਤੀਬਾੜੀ ਮੰਤਰਾਲੇ ਦੇ ਅਧੀਨ ਕੰਮ ਕਰਦਾ ਹੈ, ਜਿਸ ਦੇ ਕੇਂਦਰੀ ਖੇਤੀਬਾੜੀ ਮੰਤਰੀ ਐੈਕਸ-ਆਫਿਸ਼ੀਓ ਚੇਅਰਮੈਨ ਤੇ ਖੇਤੀਬਾੜੀ ਰਾਜ ਮੰਤਰੀ ਐੈਕਸ-ਆਫਿਸ਼ੀਓ ਵਾਈਸ-ਚੇਅਰਮੈਨ ਹਨ। ਇਸ ਦਾ ਮਤਲਬ ਹੈ ਕਿ ਭਾਗੀਰਥ ਚੌਧਰੀ ਖੁਦ ਬੋਰਡ ਦੇ ਐੈਕਸ-ਆਫਿਸ਼ੀਓ ਵਾਈਸ-ਚੇਅਰਮੈਨ ਹਨ, ਜਿਸ ਰਾਹੀਂ ਇਹ ਯੋਜਨਾ ਚਲਾਈ ਜਾਂਦੀ ਹੈ। ਹਾਲਾਂਕਿ, ਨਿਯਮਾਂ ਮੁਤਾਬਕ ਪ੍ਰੋਜੈਕਟਾਂ ਲਈ ਅੰਤਮ ਪ੍ਰਵਾਨਗੀ ਇੱਕ ਵੱਖਰੀ ਪ੍ਰੋਜੈਕਟ ਪ੍ਰਵਾਨਗੀ ਕਮੇਟੀ ਵੱਲੋਂ ਦਿੱਤੀ ਜਾਂਦੀ ਹੈ, ਜਿਸ ਵਿੱਚ ਚੇਅਰਮੈਨ ਅਤੇ ਵਾਈਸ-ਚੇਅਰਮੈਨ ਸ਼ਾਮਲ ਨਹੀਂ ਹੁੰਦੇ। ਇਸ ਦੇ ਬਾਵਜੂਦ, ਇਹ ਸਵਾਲ ਪੈਦਾ ਹੋਇਆ ਹੈ ਕਿ ਕੀ ਮੰਤਰੀ ਦੇ ਆਪਣੇ ਮੰਤਰਾਲੇ ਦੀ ਯੋਜਨਾ ਤੋਂ ਲਾਭ ਉਠਾਉਣ ਨਾਲ ਹਿੱਤਾਂ ਦਾ ਟਕਰਾਅ ਪੈਦਾ ਨਹੀਂ ਹੁੰਦਾ? ਇਸ ਤੋਂ ਇਲਾਵਾ ਭਾਗੀਰਥ ਚੌਧਰੀ ਵੱਲੋਂ ਆਪਣੀ ਸੰਪਤੀ ਬਾਰੇ 31 ਮਾਰਚ, 2025 ਨੂੰ ਪ੍ਰਧਾਨ ਮੰਤਰੀ ਦਫਤਰ ਨੂੰ ਸੌਂਪੇ ਗਏ ਹਲਫਨਾਮੇ ਵਿੱਚ ਪੇਹ ਪਿੰਡ ਵਿੱਚ ਖੇਤੀਬਾੜੀ ਜ਼ਮੀਨ ਦਾ ਜ਼ਿਕਰ ਹੈ, ਪਰ ਇਸ ਪ੍ਰੋਜੈਕਟ ਦਾ ਕੋਈ ਜ਼ਿਕਰ ਨਹੀਂ ਹੈ। ਇਹ ਪਹਿਲੀ ਵਾਰ ਨਹੀਂ ਸੀ, ਜਦੋਂ ਭਾਗੀਰਥ ਚੌਧਰੀ ਨੇ ਇਸ ਯੋਜਨਾ ਲਈ ਅਰਜ਼ੀ ਦਿੱਤੀ ਸੀ। ਉਨ੍ਹਾ 2018 ਵਿੱਚ ਵੀ ਅਰਜ਼ੀ ਦਿੱਤੀ ਸੀ, ਪਰ ਤਕਨੀਕੀ ਕਾਰਨਾਂ ਕਰਕੇ ਇਸ ਨੂੰ ਰੱਦ ਕਰ ਦਿੱਤਾ ਗਿਆ ਸੀ। ਉਨ੍ਹਾ ਦੇ ਪੁੱਤਰ ਨੇ ਵੀ ਉਸੇ ਸਾਲ ਉਸੇ ਯੋਜਨਾ ਤਹਿਤ ਅਰਜ਼ੀ ਦਿੱਤੀ ਸੀ, ਪਰ ਯੋਜਨਾ ਦੇ ਮਾਪਦੰਡ ਪੂਰੇ ਨਾ ਹੋਣ ਕਾਰਨ ਇਸ ਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਮਾਮਲਾ ਉਜਾਗਰ ਹੋਣ ਤੋਂ ਬਾਅਦ ਰਾਜਨੀਤਕ ਅਤੇ ਪ੍ਰਸ਼ਾਸਕੀ ਹਲਕਿਆਂ ਵਿੱਚ ਇਹ ਬਹਿਸ ਤੇਜ਼ ਹੋ ਗਈ ਹੈ ਕਿ ਭਾਵੇਂ ਨਿਯਮਾਂ ਮੁਤਾਬਕ ਮੰਤਰੀ ਦੇ ਪ੍ਰੋਜੈਕਟ ਨੂੰ ਇੱਕ ਵੱਖਰੀ ਕਮੇਟੀ ਨੇ ਮਨਜ਼ੂਰੀ ਦਿੱਤੀ ਹੋਵੇ, ਪਰ ਕੀ ਆਪਣੇ ਹੀ ਮੰਤਰਾਲੇ ਦੀ ਸਕੀਮ ਤੋਂ ਸਬਸਿਡੀ ਲੈਣਾ ਨੈਤਿਕ ਤੌਰ 'ਤੇ ਸਹੀ ਮੰਨਿਆ ਜਾ ਸਕਦਾ ਹੈ?

ਸ਼ੇਰ-ਏ-ਪੰਜਾਬ ਦੀ ਬਰਸੀ ਸਮੇਂ ਵਿਸ਼ੇਸ਼

# ਸ਼ਾਹ ਮੁਹੰਮਦਾ ਇੱਕ ਸਰਕਾਰ ਬਾਝੋਂ

**ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ**

ਅੱਜ ਮਹਾਰਾਜਾ ਰਣਜੀਤ ਸਿੰਘ ਦੀ 187ਵੀਂ ਬਰਸੀ ਮੌਕੇ ਭਾਰਤ ਤੋਂ ਪਾਕਿਸਤਾਨੀ ਪੰਜਾਬ ਵਿੱਚ ਪਹੁੰਚੇ ਹੋਏ ਸਿੱਖ ਸ਼ਰਧਾਲੂ ਉਥੋਂ ਦੇ ਸਥਾਨਕ ਵਾਸੀਆਂ ਸਹਿਤ ਮਹਾਰਾਜਾ ਨੂੰ ਸ਼ਰਧਾ ਦੇ ਫੁੱਲ ਭੇਟ ਕਰ ਰਹੇ ਹਨ। ਇਧਰ, ਭਾਰਤੀ ਪੰਜਾਬ ਵਿੱਚ ਮਹਾਰਾਜਾ ਦੇ ਰਾਜ ਜਿਹਾ ਰਾਜ ਸਥਾਪਤ ਕਰਨ ਲਈ ਚੋਣਾਂ ਪੂਰਬ ਹੀ ਭਰਪੂਰ ਚਰਚਾਵਾਂ ਜ਼ੋਰ-ਸ਼ੋਰ ਨਾਲ ਕੀਤੀਆਂ ਜਾ ਰਹੀਆਂ ਹਨ। ਇਸੇ ਇਤਿਹਾਸਕ ਦਿਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬ ਵਿਧਾਨ ਸਭਾ ਵਿੱਚ 13 ਅਪ੍ਰੈਲ, 2026 ਨੂੰ 'ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਨੂੰ ਸਰਬਸੰਮਤੀ ਨਾਲ ਪਾਸ ਕਰਨ ਵਾਲੇ ਕਾਨੂੰਨਸਾਜ਼ ਸ੍ਰੀ ਅਕਾਲ ਤਖ਼ਤ ਸਾਹਿਬ ਸਨਮੁੱਖ ਹੁੰਮ-ਹੁਮਾ ਕੇ ਹਾਜ਼ਰੀ ਭਰ ਰਹੇ ਹਨ।

ਮਹਾਰਾਜਾ ਨੇ 27 ਜੂਨ, 1839 ਨੂੰ (15 ਹਾੜ ਨਾਨਕਸ਼ਾਹੀ ਸੰਮਤ 371-ਜੰਤਰੀ 300 ਯੀਅਰਜ਼-ਪੰਨਾ 371-ਪਾਲ ਸਿੰਘ ਪੁਰੇਵਾਲ ਅਨੁਸਾਰ) ਪੰਜਾਬ ਦੀ ਤਤਕਾਲੀ ਰਾਜਧਾਨੀ ਲਾਹੌਰ ਵਿਖੇ ਸਦਾ ਵਾਸਤੇ ਅੱਖਾਂ ਮੀਟੀਆਂ ਸਨ। ਸੋ, ਪਰਚਲਤ ਨਾਨਕਸ਼ਾਹੀ ਸੰਮਤ ਨੂੰ ਮੁੱਖ ਰੱਖ ਕੇ 15 ਹਾੜ ਭਾਵ 29 ਜੂਨ ਨੂੰ ਹੀ ਇਹ ਬਰਸੀ ਮਨਾਈ ਜਾਂਦੀ ਹੈ। ਉਨ੍ਹਾ ਦਾ "ਜਨਮ 13 ਨਵੰਬਰ, 1780 ਨੂੰ ਗੁਜਰਾਂਵਾਲਾ ਦੇ ਅਸਥਾਨ 'ਤੇ (ਫੂਲਵੰਸ਼ ਦੇ ਬਜ਼ੁਰਗਾਂ ਮੁਤਾਬਕ ਨਾਨਕੇ ਬਡਰੁੱਖੀਂ-ਮਹਾਨ ਕੋਸ਼ ਕ੍ਰਿਤ ਭਾਈ ਕਾਨ੍ਹ ਸਿੰਘ ਨਾਭਾ-ਪੰਨਾ 1019) ਹੋਇਆ ਸੀ। ਕੁਝ ਲੋਕ ਗਲਤੀ ਨਾਲ 2 ਨਵੰਬਰ, 1780 ਨੂੰ ਉਸ ਦੀ ਜਨਮ ਮਿਤੀ ਮੰਨਦੇ ਹਨ।" (ਪੰਜਾਬ ਦਾ ਇਤਿਹਾਸ-ਪੰਨਾ 510-ਡਾ. ਭਗਤ ਸਿੰਘ) ਇਨ੍ਹਾਂ ਵੇਰਵਿਆਂ ਅਨੁਸਾਰ ਉਨ੍ਹਾਂ ਨੇ 58 ਸਾਲ 7 ਮਹੀਨੇ 14 ਦਿਨ ਆਪਣਾ ਜੀਵਨ ਜੀਵਿਆ। ਇਹ ਉਮਰ ਤਾਂ ਵਧੇਰੇ ਵੱਡੀ ਨਹੀਂ ਹੈ, ਪਰ ਉਨ੍ਹਾਂ ਦੇ ਕਾਰਜ ਅਤੇ ਕਾਰਨਾਮੇ ਜ਼ਰੂਰ ਵੱਡੇ ਸਨ।

ਉਨ੍ਹਾਂ ਦੇ ਪਿਤਾ ਸ੍ਰੀ ਮਹਾਂ ਸਿੰਘ ਦੀ ਬੇਵਕਤੀ ਮੌਤ 14 ਅਪ੍ਰੈਲ, 1790 ਨੂੰ ਹੋ ਗਈ ਸੀ। "1790 ਤੋਂ ਅਗਲੇ ਦਹਾਕੇ ਵਿੱਚ ਪੰਜਾਬ ਇੱਕ ਗੁੰਝਲਦਾਰ ਬੁਝਾਰਤ ਜਾਪਦਾ ਸੀ। ਇਸ ਦੇ 14 ਟੁਕੜੇ ਸਨ। ਪਾਸਿਆਂ ਤੋਂ ਇਸ ਵਿੱਚ ਪੰਜ ਤੀਰ ਖੁੱਭੇ ਹੋਏ ਸਨ। ਇਹ 14 ਵਿੱਚੋਂ 12 ਟੁਕੜੇ ਸਿੱਖ ਮਿਸਲਾਂ ਦੇ ਸਨ ਅਤੇ ਬਾਕੀ ਦੋ ਵਿੱਚੋਂ ਇੱਕ ਲਾਹੌਰ ਦੇ ਲਾਗੇ ਪਠਾਣਾਂ ਅਧੀਨ ਕਸੂਰ ਦਾ ਇਲਾਕਾ ਸੀ ਅਤੇ ਦੂਜਾ ਦੱਖਣ-ਪੂਰਬ ਵਿੱਚ ਜਾਰਜ ਥੌਮਸ ਨਾਂਅ ਦੇ ਇੱਕ ਸਾਹਸੀ ਅੰਗਰੇਜ਼ ਅਧੀਨ ਹਾਂਸੀ ਦਾ ਇਲਾਕਾ ਸੀ।" (ਖੁਸ਼ਵੰਤ ਸਿੰਘ-ਰਣਜੀਤ ਸਿੰਘ-ਮਹਾਰਾਜਾ ਆਫ਼ ਦੀ ਪੰਜਾਬ-ਪੇਜ਼ 28) ਮਹਾਰਾਜੇ ਨੇ ਵੱਡੇ ਹੋ ਕੇ ਬਹੁਤ ਬਹਾਦਰੀ ਦੇ ਬਲ ਅਤੇ ਸੂਰਬੀਰ ਸਿੱਖ ਫੌਜਾਂ ਦੇ ਸ਼ਾਨਦਾਰ ਸਹਿਯੋਗ ਸਦਕਾ 12 ਟੁਕੜੇ ਤਾਂ ਇਕੱਠੇ ਕਰਕੇ ਲਾਹੌਰ ਰਾਜ ਅਥਵਾ ਪੰਜਾਬ ਰਾਜ ਕਾਇਮ ਕੀਤਾ, ਪਰ ਦੋ ਟੁਕੜੇ ਰਹਿ ਗਏ: ਇੱਕ ਟੁਕੜਾ ਮਾਲਵੇ ਦੀਆਂ ਫੂਲਕੀਆਂ ਰਿਆਸਤਾਂ ਨੇ ਦੂਜੇ ਟੁਕੜੇ ਈਸਟ ਇੰਡੀਆ ਦੇ ਅੰਗਰੇਜ਼ ਹਾਕਮਾਂ ਦੀ ਸਰਪ੍ਰਸਤੀ ਪ੍ਰਾਪਤ ਕਰਕੇ ਉਨ੍ਹਾਂ ਵਿਰੁੱਧ ਸ਼ਕਤੀਸ਼ਾਲੀ ਸਾਂਝਾ ਗਠਜੋੜ ਬਣਾ ਲਿਆ। ਉਸ ਨੇ ਇਹ 4 ਤੀਰ ਤਾਂ ਕੱਢ ਦਿੱਤੇ, ਅਫ਼ਗਾਨਾਂ, ਰਾਜਪੂਤਾਂ, ਗੋਰਖਿਆਂ ਅਤੇ ਮਰਾਠਿਆਂ ਦੇ ਸੰਭਾਵਿਤ ਹਮਲਿਆਂ ਦੇ, ਪਰ ਪੰਜਵਾਂ ਤੀਰ, ਅੰਗਰੇਜ਼ ਹਾਕਮਾਂ ਨੇ ਫੂਲਕੀਆਂ ਰਿਆਸਤਾਂ ਦੀ ਮਿਲੀ-ਭੁਗਤ ਨਾਲ ਉਸ ਦੇ ਇਸ ਸੰਸਾਰ ਤੋਂ ਸਦਾ ਵਾਸਤੇ ਵਿਦਾ ਹੋਣ ਦੇ ਸਿਰਫ਼ ਦਸ ਸਾਲਾਂ ਅੰਦਰ ਹੀ ਪੰਜਾਬ ਦੇ ਸੁਤੰਤਰ ਰਾਜ ਦੇ ਪੇਟ, ਲਾਹੌਰ ਵਿੱਚ ਖੋਭ ਦਿੱਤਾ। ਮਹਾਰਾਜਾ ਦੇ ਉਤਰਾਧਿਕਾਰੀ ਬਿਲਕੁਲ ਅਯੋਗ ਨਿਕਲੇ, ਰਾਜ ਦੇ ਗਦਾਰ ਅੰਗਰੇਜ਼ਾਂ ਨਾਲ ਜਾ ਮਿਲੇ, ਲਾਹੌਰ ਦਰਬਾਰ ਵਿੱਚ ਸਾਜ਼ਿਸ਼ਾਂ ਹੋਣ ਲੱਗੀਆਂ, ਕਤਲੋਗਾਰਤ ਹੋਈ ਅਤੇ ਆਖ਼ਰੀ ਮਹਾਰਾਜੇ ਦਲੀਪ ਸਿੰਘ ਦੇ ਰਾਖੇ ਬਣੇ ਅੰਗਰੇਜ਼ ਅਧਿਕਾਰੀਆਂ ਨੇ ਰਾਖਸ਼ ਬਣ ਕੇ ਹੀ ਉਸ ਦਾ ਸਾਰਾ ਰਾਜ ਹੜੱਪ ਕਰ ਲਿਆ।

"ਇਸ (ਮਹਾਰਾਜਾ) ਨੇ ਛੋਟੇ ਸਰਦਾਰ (ਛੋਟੇ ਇਲਾਕੇ ਦੇ ਮਿਸਲਦਾਰ-ਲੇਖਕ) ਦੇ ਘਰ ਪੈਦਾ ਹੋ ਕੇ ਸਤਲੁਜ ਤੋਂ ਪੇਸ਼ਾਵਰ ਅਤੇ ਤਿੱਬਤ ਦੀ ਹੱਦ ਤੋਂ ਸਿੰਧ ਤੀਕ ਆਪਣਾ ਰਾਜ ਫੈਲਾ ਕੇ ਚਾਰ ਸੂਬੇ (ਲਾਹੌਰ, ਪੇਸ਼ਾਵਰ, ਕਸ਼ਮੀਰ, ਮੁਲਤਾਨ) ਕਾਇਮ ਕੀਤੇ। ਮਹਾਰਾਜਾ ਦਾ ਖਿਆਲ ਸੀ ਕਿ ਸਿੱਖਾਂ ਦੀ ਸਾਰੀ ਖਿੰਡੀ ਹੋਈ ਤਾਕਤ ਨੂੰ ਇਕੱਠੀ ਕਰਕੇ ਇੱਕ ਕੇਂਦਰੀ ਸਲਤਨਤ ਬਣਾਈ ਜਾਵੇ।" (ਮਹਾਨ ਕੋਸ਼-ਪੰਨਾ 1019) ਮਹਾਰਾਜਾ ਬਾਰ੍ਹਵੀਂ ਮਿਸਲ ਫੂਲਕੀਆ ਦੇ ਭਾਰੀ ਵਿਰੋਧ ਕਰਕੇ ਅਤੇ ਮਹਾਰਾਜਾ ਦੀ ਸਰਪ੍ਰਸਤੀ ਦੀ ਥਾਂ ਅੰਗਰੇਜ਼ ਹਾਕਮਾਂ ਦੀ ਸਰਪ੍ਰਸਤੀ ਵਿੱਚ ਚਲੇ ਜਾਣ ਕਰਕੇ ਸਾਰੀ ਸਿੱਖ ਸ਼ਕਤੀ ਤਾਂ ਸੰਗਠਿਤ ਨਾ ਕਰ ਸਕਿਆ, ਪਰ ਇੱਕ ਬਹੁਤ ਵਿਸ਼ਾਲ ਕੇਂਦਰੀਕ੍ਰਿਤ ਬਾਦਸ਼ਾਹਤ ਬਣਾਉਣ ਵਿੱਚ ਜ਼ਰੂਰ ਸਫ਼ਲ ਹੋਇਆ।

ਹੈਨਰੀ ਲਾਰੈਂਸ ਅਨੁਸਾਰ ਰਣਜੀਤ ਸਿੰਘ ਪਾਸ 65,841 ਨਿਯਮਤ ਅਤੇ 37,868 ਅਨਿਯਮਤ ਸੈਨਿਕ ਸਨ। ਮਿਸਟਰ ਬਾਰ ਅਨੁਸਾਰ ਮਹਾਰਾਜਾ ਦੀ ਆਖ਼ਰੀ ਵਰ੍ਹਿਆਂ ਵਿੱਚ ਉਸ ਦੀ ਸੈਨਾ ਦੀ ਕੁੱਲ ਗਿਣਤੀ 76,000 ਸੀ। ਡਾ. ਫੌਜਾ ਸਿੰਘ ਅਨੁਸਾਰ ਸੈਨਾ ਦੀ ਕੁੱਲ ਗਿਣਤੀ 80,000 ਤੋਂ ਕੁਝ ਵੱਧ ਸੀ ਅਤੇ ਰਣਜੀਤ ਸਿੰਘ ਆਪਣੀ ਸੈਨਾ 'ਤੇ ਆਪਣੇ ਰਾਜ ਦੀ ਤਿੰਨ ਕਰੋੜ ਦੀ ਕੁੱਲ ਆਮਦਨ ਵਿੱਚੋਂ 1,27,96,482 ਰੁਪਏ (ਲੱਗਭੱਗ 43 ਫੀਸਦੀ) ਪ੍ਰਤੀ ਸਾਲ ਖਰਚ ਕਰਦਾ ਸੀ। (ਪੰਜਾਬ ਦਾ ਇਤਿਹਾਸ-ਪੰਨੇ 621 ਅਤੇ 622)

ਮਹਾਰਾਜਾ ਰਣਜੀਤ ਸਿੰਘ ਦੀ ਨਾਬਾਲਗੀ ਸਮੇਂ ਦੀ ਤ੍ਰਿਗੜੀ, ਮਾਤਾ ਰਾਜ ਕੌਰ, ਸੱਸ ਸਦਾ ਕੌਰ ਅਤੇ ਦੀਵਾਨ ਲਖਪਤ ਰਾਏ ਨੇ 1790 ਤੋਂ 1797 ਦੇ ਸੱਤ ਸਾਲਾਂ ਦਾ ਸ਼ੁਕਰਚੱਕੀਆ ਮਿਸਲ ਦਾ ਰਾਜ ਪ੍ਰਬੰਧ ਅਜਿਹੀ ਕੁਸ਼ਲਤਾ ਨਾਲ ਚਲਾਇਆ ਕਿ ਬਾਲਗ ਰਣਜੀਤ ਸਿੰਘ ਨੇ ਖੁਦ ਆਪ, ਸਦਾ ਕੌਰ ਸਹਿਤ ਫੌਜ ਦੀ ਸੁਯੋਗ ਅਗਵਾਈ ਕਰਕੇ 7 ਜੁਲਾਈ, 1799 ਨੂੰ ਲਾਹੌਰ ਦੇ ਸ਼ਾਹੀ ਕਿਲ੍ਹੇ ਉਪਰ ਕੇਸਰੀ ਨਿਸ਼ਾਨ ਸਾਹਿਬ ਝੁਲਾ ਦਿੱਤਾ। ਪਰ ਦੂਜੇ ਪਾਸੇ ਮਹਾਰਾਜੇ ਦੀ ਵਿਦਾਇਗੀ ਉਪਰੰਤ ਤਿੰਨ ਡੋਗਰੇ ਭਰਾਵਾਂ : ਪ੍ਰਧਾਨ ਮੰਤਰੀ ਰਾਜਾ ਧਿਆਨ ਸਿੰਘ, ਰਾਜਾ ਗੁਲਾਬ ਸਿੰਘ ਅਤੇ ਰਾਜਾ ਸੁਚੇਤ ਸਿੰਘ ਦੀ 'ਸੁਚੇਤ ਤ੍ਰਿਗੜੀ' ਨੇ ਗੁੱਝੀਆਂ ਚਾਲਾਂ ਚੱਲ ਕੇ 1839 ਤੋਂ 1846 ਦੇ ਸੱਤ ਵਰ੍ਹਿਆਂ ਵਿੱਚ ਹੀ ਸਰਕਾਰ-ਏ-ਖ਼ਾਲਸਾ ਦੀ ਗੁੱਡੀ ਅਰਸ਼ ਤੋਂ ਫ਼ਰਸ਼ ਉਪਰ ਲਿਆ ਦਿੱਤੀ। ਮਹਾਰਾਜੇ ਦੀ 1799 ਦੀ ਲਾਹੌਰ ਦੀ ਇਤਿਹਾਸਕ ਜਿੱਤ ਦੀ ਮਹੱਤਤਾ ਪ੍ਰਿੰ. ਸਤਿਬੀਰ ਸਿੰਘ ਨੇ ਇਸ ਪ੍ਰਕਾਰ ਪ੍ਰਗਟ ਕੀਤੀ ਸੀ, "ਜੋ ਸੁਪਨਾ ਅਹਿਮਦ ਸ਼ਾਹ ਅਬਦਾਲੀ ਨੇ ਪੰਜਾਬ ਨੂੰ ਅਫ਼ਗਾਨ ਸਾਮਰਾਜ ਨਾਲ ਮਿਲਾਉਣ ਦਾ ਲਿਆ ਸੀ, ਉਹ ਚੂਰ-ਚੂਰ ਹੋ ਗਿਆ।" ਕਰਨਲ ਪੋਲੀਅਰ ਨੇ ਠੀਕ ਲਿਖਿਆ ਸੀ-ਪੰਜਾਬ ਸਿੱਖਾਂ ਦਾ ਹਿੰਦੁਸਤਾਨ ਨੂੰ ਇੱਕ ਤੋਹਫ਼ਾ। (ਸਾਡਾ ਇਤਿਹਾਸ, ਭਾਗ ਦੂਜਾ-ਪੰਨਾ 352) ਪਰ ਤਿੰਨ ਡੋਗਰੇ ਰਾਜਿਆਂ, ਅੰਗਰੇਜ਼ਾਂ ਦੇ ਝੋਲੀ ਚੁੱਕ ਜਗੀਰਦਾਰ ਸਿੱਖ ਮੁਖੀਆਂ ਅਤੇ ਫ਼ੌਜਾਂ ਦੇ ਦੋ ਜਰਨੈਲਾਂ, ਲਾਲ ਸਿੰਘ ਅਤੇ ਤੇਜ ਸਿੰਘ ਦੀ ਮੈਦਾਨ-ਏ-ਜੰਗ ਵਿੱਚ ਜਿੱਤ ਰਹੀਆਂ ਸਿੱਖ ਫੌਜਾਂ ਨਾਲ ਗ਼ਦਾਰੀ ਕਰਕੇ ਜੇਤੂ ਫੌਜਾਂ ਅੰਤ ਵਿੱਚ ਹਰਾ ਦਿੱਤੀਆਂ ਗਈਆਂ। ਸਿੱਟੇ ਵਜੋਂ ਅੰਗਰੇਜ਼ ਸੈਨਾ "ਲੈੱਫ਼ਟ, ਰਾਈਟ" ਪਰੇਡ ਕਰਦੀ ਹੋਈ 20 ਫ਼ਰਵਰੀ, 1846 ਨੂੰ ਲਾਹੌਰ ਵਿਖੇ ਆ ਧਮਕੀ ਸੀ। ਉਨ੍ਹਾਂ ਯੂਨੀਅਨ ਜੈਕ ਫ਼ਲੈਗ ਹੱਥ ਵਿੱਚ ਫੜ ਕੇ ਕੇਸਰੀ ਨਿਸ਼ਾਨ ਸਾਹਿਬ ਉਤਾਰਨ ਦੀ ਤਿਆਰੀ ਕੱਸ ਲਈ ਸੀ। ਇਹ ਅਸਹਿ ਦ੍ਰਿਸ਼ ਦੇਖ ਕੇ ਦੇਸ਼ ਭਗਤ ਸ਼ਾਇਰ ਸ਼ਾਹ ਮੁਹੰਮਦ ਨੇ ਦਰੁਸਤ ਹੀ ਫ਼ਰਮਾਇਆ ਸੀ, "ਜੰਗ ਹਿੰਦ ਪੰਜਾਬ ਦਾ ਹੋਣ ਲੱਗਾ, ਦੋਵੇਂ ਪਾਤਸ਼ਾਹੀ ਫੌਜਾਂ ਭਾਰੀਆਂ ਨੀ। ਅੱਜ ਹੋਵੇ ਸਰਕਾਰ ਤਾਂ ਮੁੱਲ ਪਾਵੇ, ਜਿਹੜੀਆਂ ਖਾਲਸੇ ਨੇ ਤੇਗਾਂ ਮਾਰੀਆਂ ਨੀ।

ਸ਼ਾਹ ਮੁਹੰਮਦਾ ਇੱਕ ਸਰਕਾਰ ਬਾਝੋਂ, ਫੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੀ।"

ਜੰਗਨਾਮਾ ਸਿੰਘਾਂ ਅਤੇ ਫ਼ਰੰਗੀਆਂ)

1845-1846 ਦੇ ਪਹਿਲੇ ਐਂਗਲੋ-ਸਿੱਖ ਯੁੱਧ ਪਿੱਛੋਂ ਦੂਜਾ 1848-1849 ਦਾ ਯੁੱਧ ਤਾਂ ਅੰਗਰੇਜ਼ਾਂ ਦਾ ਇੱਕ ਦਿਖਾਵਾ ਸੀ। ਉਨ੍ਹਾਂ ਹੌਲੀ-ਹੌਲੀ 29 ਮਾਰਚ, 1849 ਨੂੰ ਅਜ਼ਾਦ ਪੰਜਾਬ ਨੂੰ ਧੱਕੇ ਨਾਲ ਆਪਣੇ ਰਾਜ ਵਿੱਚ ਮਿਲਾ ਲਿਆ ਸੀ।

"ਮਹਾਰਾਜਾ ਰਣਜੀਤ ਸਿੰਘ ਦੀ ਸਰਕਾਰ ਦਾ ਮਨੋਰਥ ਸੁਯੋਗਤਾ, ਅਨੁਸ਼ਾਸਨ ਅਤੇ ਨਿਆ ਨੂੰ ਉੱਤਮ ਬਣਾਉਣਾ ਸੀ। ਪਰਜਾ ਦੀ ਭਲਾਈ ਦਾ ਖਿਆਲ ਸਦਾ ਉਸ ਨੇ ਸਾਹਮਣੇ ਰੱਖਿਆ। ਉਸ ਨੇ ਮੰਤਰੀ ਮੰਡਲ ਅਤੇ ਕੇਂਦਰੀ ਸੈਕਟਰੀਏਟ ਦੀ ਸਥਾਪਨਾ ਕੀਤੀ, ਭਾਵੇਂ ਉਸ ਦੇ ਰਾਜ ਵਿੱਚ ਵਿਧਾਨ ਸਭਾ ਦੀ ਵਿਵਸਥਾ ਨਹੀਂ ਸੀ। ਪ੍ਰਬੰਧਕੀ ਮਨੋਰਥਾਂ ਨੂੰ ਸਾਹਮਣੇ ਰੱਖਦਿਆਂ ਹੋਇਆ ਉਹ ਆਪ ਹੀ ਕਾਨੂੰਨ ਅਤੇ ਪ੍ਰਬੰਧਕੀ ਨਿਯਮ ਬਣਾਉਣ ਲਈ ਸਮਰੱਥ ਸੀ। ਅਲੈਗਜ਼ੈਂਡਰ ਬਰਨਜ਼ ਕਹਿੰਦਾ ਹੈ ਕਿ ਉਸ ਨੇ ਇੱਕ ਅਜਿਹਾ ਸ਼ਾਸਨ ਲਾਗੂ ਕੀਤਾ, ਜੋ ਪੂਰਬੀ ਦੇਸ਼ਾਂ ਵਿੱਚ ਪ੍ਰਚਲਤ ਸ਼ਾਸਨ ਤੋਂ ਬਿਲਕੁੱਲ ਵੱਖਰੀ ਕਿਸਮ ਦਾ ਸੀ।" (ਪੰਜਾਬ ਦਾ ਇਤਿਹਾਸ-ਪੰਨਾ 587)

ਮਹਾਰਾਜਾ ਦੇ 1790 ਤੋਂ 1839 ਈ. ਤੱਕ ਦੇ 50 ਕੁ ਸਾਲਾਂ ਦੇ ਰਾਜ ਕਾਲ ਵਿੱਚ ਕਿਸੇ ਨੂੰ ਵੀ ਮੌਤ ਦੀ ਸਜ਼ਾ ਨਹੀਂ ਦਿੱਤੀ ਗਈ। ਅਸਲ ਵਿੱਚ ਅਜਿਹੀ ਨੌਬਤ ਹੀ ਨਹੀਂ ਆਈ, ਕਿਉਂਕਿ ਉਸ ਵੇਲੇ ਦੀ ਅਮਨ, ਕਾਨੂੰਨ ਦੀ ਸੁੱਚਜੀ ਸਥਿਤੀ ਤੋਂ ਪਰਜਾ ਪੂਰੀ ਤਰ੍ਹਾਂ ਸੰਤੁਸ਼ਟ ਸੀ। ਜੇ ਕੋਈ ਰਾਜਾ ਜਾਂ ਮਿਸਲਦਾਰ ਉਸ ਦੀਆਂ ਫ਼ੌਜਾਂ ਤੋਂ ਕਰਾਰੀ ਹਾਰ ਵੀ ਖਾਂਦਾ ਸੀ, ਤਦ ਵੀ ਮਹਾਰਾਜਾ ਉਸ ਨੂੰ ਬਿਲਕੁੱਲ ਬਰਬਾਦ ਕਰਨ ਤੱਕ ਨਹੀਂ ਜਾਂਦਾ ਸੀ। ਕਹਿੰਦੇ ਹਨ ਕਿ ਉਸ ਦੇ ਨਜ਼ਦੀਕ ਇੱਕ ਘੋੜਾ ਤਿਆਰ-ਬਰ-ਤਿਆਰ ਖੜ੍ਹਾ ਰੱਖਿਆ ਜਾਂਦਾ ਸੀ ਤਾਂ ਕਿ ਉਹ ਤੁਰੰਤ ਉਸ ਉੱਤੇ ਸਵਾਰ ਹੋ ਕੇ ਆਪ ਆਪਾਤਕਾਲੀਨ ਸਥਿਤੀ ਨੂੰ ਸੰਭਾਲ ਸਕੇ। ਰਾਤ ਵੇਲੇ ਵੀ ਉਸ ਦੇ ਸੌਣ ਕਮਰੇ ਦੇ ਨਾਲ ਦੇ ਕਮਰੇ ਵਿੱਚ ਉਸ ਦਾ ਸੈਕਟਰੀ ਸੌਂਦਾ ਸੀ ਤਾਂ ਕਿ ਉਹ ਲੋੜ ਵੇਲੇ ਮਹਾਰਾਜਾ ਦਾ ਕੋਈ ਆਦੇਸ਼ ਲਿਖ ਕੇ ਝੱਟਪੱਟ ਅਗਲਾ ਕਦਮ ਚੁੱਕ ਸਕੇ। ਇਸ ਤੋਂ ਵੱਡੀ ਖ਼ੂਬੀ ਇਹ ਕਿ ਉਹ ਅੱਜ ਦਾ ਕੰਮ ਕੱਲ੍ਹ 'ਤੇ ਨਹੀਂ ਛੱਡਦਾ ਸੀ।

ਮਹਾਰਾਜਾ ਭਾਵੇਂ ਅਨਪੜ੍ਹ ਸੀ, ਪਰ ਉਹ ਪੜ੍ਹਿਆਂ, ਲਿਖਿਆਂ ਦੀ ਖਾਸ ਕਰਕੇ ਵਿਦਵਾਨਾਂ ਦੀ ਬਹੁਤ ਕਦਰ ਕਰਦਾ ਸੀ। ਉਸ ਦੀ ਯਾਦ ਸ਼ਕਤੀ ਵੀ ਕਮਾਲ ਦੀ ਸੀ। ਉਸ ਨੂੰ ਬਹੁਤੇ ਪਿੰਡਾਂ ਅਤੇ ਸਰਪੰਚਾਂ ਦੇ ਨਾਂਅ ਯਾਦ ਸਨ। "ਪਿੰਡਾਂ ਦੇ ਲੋਕਾਂ ਦੀਆਂ ਮਾਮੂਲੀ ਔਕੜਾਂ ਦੀਆਂ ਸ਼ਿਕਾਇਤਾਂ ਸੁਣ ਕੇ ਉਹ ਪਿੰਡਾਂ (ਉਸ ਵੇਲੇ ਪਿੰਡ ਨੂੰ ਮਉਜ਼ਾ ਕਹਿੰਦੇ ਸਨ) ਵਿੱਚ ਪੁੱਜ ਜਾਂਦਾ ਸੀ ਤੇ ਉਨ੍ਹਾਂ ਦੀਆਂ ਔਖਿਆਈਆਂ ਘਟਾਉਣ ਲਈ ਜੋ ਕੁਝ ਸੰਭਵ ਸੀ, ਆਪਣਾ ਨਿੱਜੀ ਧਿਆਨ ਦੇ ਕੇ ਉਹ ਕਰਦਾ ਸੀ।" (ਪੰਜਾਬ ਦਾ ਇਤਿਹਾਸ-ਪੰਨਾ 592)। ਉਸ ਨੂੰ ਆਪਣੇ ਰਾਜ ਦੇ ਹਰ ਭਾਗ ਤੋਂ ਸੂਚਨਾਵਾਂ ਰੋਜ਼ਾਨਾ ਪਹੁੰਚਦੀਆਂ ਸਨ ਅਤੇ ਉਹ ਸੁਣ ਕੇ ਨਿਪਟਾਰਾ ਕਰੀ ਜਾਂਦਾ ਸੀ।

"ਅੱਜ ਦੀ ਤਰ੍ਹਾਂ ਰਣਜੀਤ ਸਿੰਘ ਦੇ ਸਮੇਂ ਵੀ ਪੰਜਾਬ ਦੀ ਵਧੇਰੇ ਵਸੋਂ ਪਿੰਡਾਂ ਵਿੱਚ ਰਹਿੰਦੀ ਸੀ ਅਤੇ ਖੇਤੀਬਾੜੀ ਉਨ੍ਹਾਂ ਦਾ ਮੁੱਖ ਧੰਦਾ ਸੀ। ਮਹਾਰਾਜਾ ਰਣਜੀਤ ਸਿੰਘ ਨੇ ਸਭ ਤੋਂ ਵੱਧ ਧਿਆਨ ਕਿਸਾਨਾਂ ਵੱਲ ਦਿੱਤਾ, ਜੋ ਲੋਕਾਂ ਦੇ ਅੰਨਦਾਤਾ ਅਤੇ ਸਰਕਾਰ ਦਾ ਖ਼ਜ਼ਾਨਾ ਭਰਨ ਵਾਲੇ ਸਨ।" (ਪੰਜਾਬ ਦਾ ਇਤਿਹਾਸ-ਪੰਨੇ 670 ਅਤੇ 671) ਸਰਕਾਰ ਦੀ ਕਿਸਾਨ ਪੱਖੀ ਨੀਤੀ ਕਰਕੇ ਕਿਸਾਨਾਂ ਨੇ ਵੀ ਉਤਸ਼ਾਹਿਤ ਹੋ ਕੇ ਅੰਨ ਨਾਲ ਭੰਡਾਰ ਭਰ ਦਿੱਤੇ। ਕਿਸਾਨਾਂ ਨੂੰ ਫ਼ਸਲਾਂ ਦਾ ਜਾਇਜ਼ ਮੁੱਲ ਮਿਲਦਾ ਸੀ, ਭਾਵੇਂ ਪਹਿਲਾਂ ਬੋਹਲ ਵਿੱਚੋਂ ਹੀ ਲੋੜੀਂਦੀ ਕਟੌਤੀ ਕੀਤੀ ਜਾਂਦੀ ਸੀ। ਖਾਸ ਗੱਲ ਇਹ ਸੀ ਕਿ ਸਭ ਚੀਜ਼ਾਂ ਸਮੇਤ ਅਨਾਜ ਦੀਆਂ ਸਸਤੇ ਭਾਅ ਮਿਲਦੀਆਂ ਸਨ। "ਸਰਕਾਰੀ ਰਿਕਾਰਡਾਂ ਅਨੁਸਾਰ 1830 ਤੋਂ 1840 ਵਿੱਚ ਲਾਹੌਰ ਅਤੇ ਅੰਮ੍ਰਿਤਸਰ ਵਿੱਚ ਇੱਕ ਨਾਨਕਸ਼ਾਹੀ ਰੁਪਏ ਦੀ ਕਣਕ ਇੱਕ ਮਣ, ਜੌਂ ਦੋ ਮਣ, ਛੋਲੇ ਇੱਕ ਮਣ, ਗੁੜ 20 ਸੇਰ ਅਤੇ ਚਾਵਲ 8 ਸੇਰ ਵਿਕਦੇ ਸਨ।" (ਪੰਜਾਬ ਦਾ ਇਤਿਹਾਸ-ਪੰਨੇ 675 ਅਤੇ 676) (1 ਮਣ=40 ਸੇਰ= ਅਤੇ 1 ਸੇਰ+ 0.9 ਕਿਲੋਗਰਾਮ-ਲੇਖਕ)

(● ਬਾਕੀ ਸਫ਼ਾ 7 'ਤੇ)

# ਭਾਜਪਾ ਨੇ ਪੰਜਾਬ ਜਿੱਤਣ ਲਈ ਪਾਸਪੋਰਟ ਨੂੰ ਕੀਤਾ ਜ਼ੀਰੋ !

**ਸੁਖਦੇਵ ਸਲੇਮਪੁਰੀ**

ਤੁਹਾਡੇ ਕੋਲ ਭਾਰਤੀ ਪਾਸਪੋਰਟ ਹੈ, ਤਾਂ ਤੁਸੀਂ ਕਿਸੇ ਵੀ ਸਰਕਾਰੀ/ਅਰਧ-ਸਰਕਾਰੀ/ਗੈਰ-ਸਰਕਾਰੀ ਸੰਸਥਾ ਵਿੱਚ ਕਿਸੇ ਕੰਮ ਲਈ ਆਪਣੇ ਬਾਰੇ ਪਛਾਣ ਕਰਵਾਉਣ ਲਈ ਸਬੂਤ ਵਜੋਂ ਇਸ ਦੀ ਵਰਤੋਂ ਕਰ ਸਕਦੇ ਹੋ। ਜੇ ਤੁਹਾਡੇ ਕੋਲ ਵੋਟਰ ਕਾਰਡ ਨਹੀਂ ਹੈ, ਪਰ ਵੋਟਰ ਸੂਚੀ ਵਿੱਚ ਤੁਹਾਡਾ ਨਾਂਅ ਦਰਜ ਹੈ ਤਾਂ ਵਿਧਾਨ ਸਭਾ, ਲੋਕ ਸਭਾ ਸਮੇਤ ਹਰ ਤਰ੍ਹਾਂ ਦੀਆਂ ਚੋਣਾਂ ਸਮੇਂ ਸਬੂਤ ਵਜੋਂ ਪਾਸਪੋਰਟ ਦੀ ਵਰਤੋਂ ਕਰ ਸਕਦੇ ਹੋ।ਪਾਸਪੋਰਟ ਤੁਹਾਡੀ ਨਾਗਰਿਕਤਾ ਦਾ ਸਭ ਤੋਂ ਵੱਡਾ ਸਬੂਤ ਹੈ। ਪਾਸਪੋਰਟ ਬਣਵਾਉਣ ਲਈ ਬਹੁਤ ਗੁੰਝਲਦਾਰ ਪ੍ਰਕਿਰਿਆ ਵਿੱਚੋਂ ਦੀ ਲੰਘਣਾ ਪੈਂਦਾ ਹੈ, ਤਾਂ ਜਾ ਕੇ ਪਾਸਪੋਰਟ ਹੱਥ ਵਿੱਚ ਆਉਂਦਾ ਹੈ।ਕਿਸੇ ਵਿਅਕਤੀ ਦਾ ਪਾਸਪੋਰਟ ਬਣਾਉਣ ਤੋਂ ਪਹਿਲਾਂ ਸਰਕਾਰ ਡੂੰਘੀ ਜਾਂਚ ਕਰਦੀ ਹੈ। ਪਾਸਪੋਰਟ ਦੇ ਜ਼ਰੀਏ ਅਸੀਂ ਵਿਦੇਸ਼ ਵਿੱਚ ਜਾ ਸਕਦੇ ਹਾਂ, ਘੁੰਮ ਸਕਦੇ ਹਾਂ, ਪਰ ਭਾਰਤ ਸਰਕਾਰ ਨੇ ਇਸ ਦੀ ਕੀਮਤ ਨੂੰ 'ਬਿੱਗ ਜ਼ੀਰੋ' ਬਣਾ ਦਿੱਤਾ ਹੈ, ਜਿਸ ਕਰਕੇ ਹੁਣ ਭਾਰਤੀ ਪਾਸਪੋਰਟ ਮਹਿਜ਼ ਇੱਕ ਕਾਗਜ਼ ਦੇ ਟੁਕੜੇ ਤੋਂ ਵੱਧ ਕੁਝ ਵੀ ਨਹੀਂ ਰਿਹਾ। ਵਿਦੇਸ਼ ਜਾਣ ਸਮੇਂ ਟਿਕਟ ਖ਼ਰੀਦਣ ਲਈ ਇੱਕ ਸਹਾਇਕ ਕਾਗਜ਼ ਦਾ ਟੁਕੜਾ ਹੈ, ਇਸ ਤੋਂ ਵੱਧ ਕੁਝ ਵੀ ਨਹੀਂ।ਹੁਣ ਜੇ ਤੁਸੀਂ ਸਰਕਾਰੇ-ਦਰਬਾਰੇ ਜਾਂ ਕਿਸੇ ਹੋਰ ਕੰਮ ਲਈ ਆਪਣੀ ਪਛਾਣ ਦਰਸਾਉਣ ਲਈ ਪਾਸਪੋਰਟ ਦੀ ਸਬੂਤ ਵਜੋਂ ਵਰਤੋਂ ਕਰੋਗੇ ਤਾਂ ਨਹੀਂ ਮੰਨੀ ਜਾਵੇਗੀ, ਕਿਉਂਕਿ ਹੁਣ ਇਹ ਤੁਹਾਨੂੰ ਭਾਰਤੀ ਨਾਗਰਿਕ ਹੋਣ ਦਾ ਸਬੂਤ ਨਹੀਂ ਦੇਵੇਗਾ।ਭਾਰਤ ਨੂੰ ਛੱਡ ਕੇ ਸੰਸਾਰ ਦੇ ਬਾਕੀ ਦੇਸ਼ਾਂ ਦੇ ਨਾਗਰਿਕਾਂ ਕੋਲ ਜੇਕਰ ਆਪਣੇ ਦੇਸ਼ ਦਾ ਪਾਸਪੋਰਟ ਹੈ, ਤਾਂ ਉੱਥੋਂ ਦੀ ਨਾਗਰਿਕਤਾ ਨੂੰ ਸਪੱਸ਼ਟ ਕਰਦਾ ਹੈ, ਪਰ ਭਾਰਤੀ ਪਾਸਪੋਰਟ ਭਾਰਤੀ ਨਾਗਰਿਕਤਾ ਦਾ ਸਬੂਤ ਨਹੀਂ ਮੰਨਿਆ ਜਾਵੇਗਾ। ਉਂਝ ਵੀ ਜਦੋਂ ਅਸੀਂ ਹੇਨਲੇ ਪਾਸਪੋਰਟ ਇੰਡੈਕਸ ਦੀ ਰਿਪੋਰਟ ਵੇਖਦੇ ਹਾਂ ਤਾਂ ਪਤਾ ਲੱਗਦਾ ਹੈ ਕਿ ਕੌਮਾਂਤਰੀ ਪੱਧਰ 'ਤੇ ਭਾਰਤੀ ਪਾਸਪੋਰਟ ਦਾ ਰੈਂਕ 75 ਤੋਂ 80 ਦੇ ਵਿਚਕਾਰ ਆਉਂਦਾ ਹੈ, ਜਦਕਿ ਸਿੰਗਾਪੁਰ ,ਜਪਾਨ, ਫਰਾਂਸ, ਯੂ. ਏ. ਈ, ਸਪੇਨ ਵਰਗੇ ਦੇਸ਼ਾਂ ਦੇ ਪਾਸਪੋਰਟਾਂ ਦਾ ਰੈਂਕ ਭਾਰਤ ਤੋਂ ਬਹੁਤ ਉੱਪਰ ਹੈ।

ਹੁਣ ਸੋਚਣ ਵਾਲੀ ਗੱਲ ਹੈ ਕਿ ਭਾਰਤੀ ਪਾਸਪੋਰਟ ਦੀ ਕੀਮਤ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਇਕ ਦਮ ਜ਼ੀਰੋ ਕਿਉਂ ਬਣਾ ਦਿੱਤੀ ਹੈ ।ਇਸ ਦਾ ਵੱਡਾ ਕਾਰਨ ਹੈ ਕਿ ਪੰਜਾਬ ਵਿੱਚ ਅਗਲੇ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ-ਪਹਿਲਾਂ ਪੰਜਾਬ ਵਿੱਚ ਵੋਟਾਂ ਦੀ ਸੁਧਾਈ (ਐੱਸ. ਆਈ. ਆਰ.) ਦਾ ਕੰਮ 26 ਜੂਨ ਤੋਂ ਦੂਜੇ ਪੜਾਅ ਤਹਿਤ ਸ਼ੁਰੂ ਹੋ ਗਿਆ ਹੈ। ਭਾਜਪਾ ਸਰਕਾਰ ਹਰ ਕੀਮਤ 'ਤੇ ਪੰਜਾਬ ਚੋਣਾਂ ਜਿੱਤਣ ਲਈ ਹਰ ਤਰ੍ਹਾਂ ਦੇ ਹੱਥਕੰਡੇ ਅਪਣਾ ਰਹੀ ਹੈ, ਜਿਸ ਕਾਰਨ ਕਰਕੇ ਪਾਸਪੋਰਟ ਦੀ ਕੀਮਤ ਖਤਮ ਕਰ ਦਿੱਤੀ ਗਈ ਹੈ। ਭਾਜਪਾ ਇਸ ਗੱਲ ਤੋਂ ਭਲੀ-ਭਾਂਤ ਜਾਣਦੀ ਹੈ ਕਿ ਪੰਜਾਬ ਵਿੱਚ ਲਗਭਗ 32 ਫ਼ੀਸਦੀ ਲੋਕਾਂ ਕੋਲ ਪਾਸਪੋਰਟ ਹਨ, ਉਹ ਵੋਟਾਂ ਦੀ ਸੁਧਾਈ ਸਮੇਂ ਭਾਰਤੀ ਨਾਗਰਿਕ ਦੇ ਸਬੂਤ ਵਜੋਂ ਇਸ ਦੀ ਵਰਤੋਂ ਕਰ ਸਕਦੇ ਹਨ, ਇਸ ਲਈ ਪਾਸਪੋਰਟ ਦੀ ਮਹੱਤਤਾ ਖ਼ਤਮ ਕਰ ਦਿੱਤੀ ਗਈ ਹੈ, ਤਾਂ ਜੋ ਵੱਧ ਤੋਂ ਵੱਧ ਵੋਟਾਂ ਕੱਟੀਆਂ ਜਾ ਸਕਣ ।ਭਾਜਪਾ ਨੇ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਚੋਣਾਂ ਜਿੱਤਣ ਲਈ ਚੋਣਾਂ ਤੋਂ ਪਹਿਲਾਂ ਜਿੱਥੇ ਵੋਟਾਂ ਦੀ ਸੁਧਾਈ ਕਰਵਾਈ ਹੈ, ਉੱਥੋਂ-ਉੱਥੋਂ ਦੀ ਵੋਟ ਸਥਿਤੀ ਨੂੰ ਵੇਖਦਿਆਂ ਵੋਟ ਸੁਧਾਈ ਲਈ ਸ਼ਰਤਾਂ ਖੜ੍ਹੀਆਂ ਕੀਤੀਆਂ ,ਜਿਵੇਂ ਬਿਹਾਰ ਵਿੱਚ ਚੋਣਾਂ ਜਿੱਤਣ ਲਈ ਵੋਟਾਂ ਦੀ ਸੁਧਾਈ ਲਈ ਹੋਰ ਨਿਯਮ/ਸ਼ਰਤਾਂ ਬਣਾਈਆਂ, ਪੱਛਮੀ ਬੰਗਾਲ ਅਤੇ ਅਸਾਮ ਵਰਗੇ ਰਾਜਾਂ ਵਿੱਚ ਉੱਥੋਂ ਦੀਆਂ ਵੋਟ ਪ੍ਰਸਥਿਤੀਆਂ ਅਨੁਸਾਰ ਵੋਟ ਸੁਧਾਈ ਲਈ ਨਿਯਮ ਨਿਰਧਾਰਿਤ ਕਰ ਦਿੱਤੇ, ਹੁਣ ਪੰਜਾਬ ਦੀ ਵੋਟ ਸਥਿਤੀ ਅਨੁਸਾਰ ਪਾਸਪੋਰਟ ਦੀ ਮਹੱਤਤਾ ਨੂੰ ਮਿੱਟੀ ਵਿੱਚ ਮਿਲਾ ਦਿੱਤਾ ਗਿਆ ਹੈ ।ਭਾਜਪਾ ਇਸ ਗੱਲ ਤੋਂ ਵੀ ਜਾਣੂ ਹੈ ਕਿ ਪੰਜਾਬ ਦੇ ਲੋਕ ਵੱਡੀ ਗਿਣਤੀ ਵਿੱਚ ਵਿਦੇਸ਼ਾਂ ਵਿੱਚ ਬੈਠੇ ਹਨ, ਜਦਕਿ ਬਿਹਾਰ, ਉੱਤਰ ਪ੍ਰਦੇਸ਼, ਹਿਮਾਚਲ ਪ੍ਰਦੇਸ਼ ਤੋਂ ਇਲਾਵਾ ਹੋਰ ਕਈ ਰਾਜਾਂ ਦੇ ਲੋਕ ਬਹੁਤ ਵੱਡੀ ਗਿਣਤੀ ਵਿੱਚ ਪੰਜਾਬ ਵਿੱਚ ਆ ਕੇ ਵਸ ਰਹੇ ਹਨ ।ਪ੍ਰਵਾਸੀ ਲੋਕਾਂ ਵਿੱਚ ਪੰਜਾਬ ਵਿੱਚ ਧੜਾਧੜ ਵੋਟਾਂ ਬਣਾਉਣ ਦੀ ਹੋੜ ਲੱਗੀ ਹੋਈ ਹੈ।ਇਸ ਤਰ੍ਹਾਂ ਭਾਜਪਾ ਪੰਜਾਬ ਜਿੱਤਣ ਲਈ ਪੂਰੀ ਤਰ੍ਹਾਂ ਪੱਬਾਂ ਭਾਰ ਹੋਈ ਬੈਠੀ ਹੈ ।

ਪੰਜਾਬੀ ਇਹ ਵੀ ਸਮਝ ਗਏ ਹਨ ਕਿ ਪੰਜਾਬ ਚੋਣਾਂ ਤੋਂ ਬਾਅਦ ਪਾਸਪੋਰਟ ਦੀ ਮਹੱਤਤਾ ਸੰਬੰਧੀ ਜਾਰੀ ਕੀਤੇ ਹੁਕਮ ਰੱਦ ਕਰ ਦਿੱਤੇ ਜਾਣਗੇ, ਇਹ ਸਭ ਕੁਝ ਚੋਣਾਂ ਜਿੱਤਣ ਲਈ ਮਹਿਜ਼ ਇੱਕ ਹੱਥ-ਕੰਡਾ ਹੈ। ਭਾਰਤੀ ਨਾਗਰਿਕਤਾ ਨੂੰ ਦਰਸਾਉਂਦਾ ਭਾਰਤੀ ਪਾਸਪੋਰਟ ਦੀ ਮਹੱਤਤਾ ਨੂੰ ਖ਼ਤਮ ਕਰਕੇ ਭਾਜਪਾ ਸਰਕਾਰ ਨੇ ਬਹੁਤ ਵੱਡੀ ਗਲਤੀ ਕੀਤੀ ਹੈ, ਪਰ ਪੰਜਾਬ ਉਪਰ ਕਬਜ਼ਾ ਕਰਨ ਲਈ ਅਜਿਹਾ ਕਦਮ ਚੁੱਕਣਾ ਭਾਜਪਾ ਦੀ ਕਮਜ਼ੋਰੀ ਬਣ ਗਿਆ ਹੈ।

ਅਫ਼ਸੋਸ ਇਸ ਗੱਲ ਦਾ ਹੈ ਕਿ ਫਰਜ਼ ਕਰੋ ਜੇਕਰ ਕੈਨੇਡਾ/ਅਮਰੀਕਾ ਵਿੱਚ ਪਾਕਿਸਤਾਨੀ, ਚੀਨੀ, ਜਾਪਾਨੀ, ਬੰਗਲਾਦੇਸ਼ੀ, ਈਰਾਨੀ, ਇਰਾਕੀ, ਨੇਪਾਲੀ, ਭੂਟਾਨੀ ਕਿਸੇ ਮਹਿਫ਼ਲ ਵਿੱਚ ਬੈਠੇ ਹੋਣਗੇ ਤਾਂ ਉਹ ਜਦੋਂ ਆਪਣੇ ਜਾਂ ਆਪਣੇ ਦੇਸ਼ ਬਾਰੇ ਜਾਣ/ਪਛਾਣ ਕਰਵਾਉਣਗੇ ਤਾਂ ਆਪਣਾ ਪਾਸਪੋਰਟ ਵਿਖਾਉਣਗੇ ।ਉਹ ਬਹੁਤ ਹੀ ਫ਼ਖਰ ਨਾਲ ਆਪਣੇ ਦੇਸ਼ ਦਾ ਪਾਸਪੋਰਟ ਆਪਣੇ ਦੇਸ਼ ਦੀ ਨਾਗਰਿਕਤਾ ਦਾ ਸਬੂਤ ਪੇਸ਼ ਕਰਨ ਲਈ ਵਿਖਾਉਣਗੇ, ਪਰ ਜਦੋਂ ਕੋਈ ਭਾਰਤੀ ਆਪਣੀ ਨਾਗਰਿਕਤਾ ਦਾ ਸਬੂਤ ਦੇਣ ਲਈ ਆਪਣਾ ਪਾਸਪੋਰਟ ਵਿਖਾਏਗਾ ਤਾਂ ਉਸ ਨੂੰ ਭਾਰੀ ਨਮੋਸ਼ੀ ਝੱਲਣੀ ਪਵੇਗੀ, ਕਿਉਂਕਿ ਭਾਰਤ ਸਰਕਾਰ ਨੇ ਭਾਰਤੀ ਪਾਸਪੋਰਟ ਦੀ ਮਹੱਤਤਾ ਖਤਮ ਕਰ ਦਿੱਤੀ ਹੈ, ਜਿਸ ਕਰਕੇ ਵਿਦੇਸ਼ਾਂ ਵਿੱਚ ਵਸਦੇ ਭਾਰਤੀ ਪਾਸਪੋਰਟ ਵਾਲਿਆਂ ਸਮੇਤ ਭਾਰਤ ਵਿੱਚ ਵਸਦੇ ਭਾਰਤੀ ਪਾਸਪੋਰਟ ਵਾਲੇ ਭਾਰਤੀਆਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ। ਲੋਕ ਗੱਲਾਂ ਕਰ ਰਹੇ ਹਨ ਕਿ ਕੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ਵੀ ਭਾਰਤੀ ਨਾਗਰਿਕਤਾ ਦਾ ਕੋਈ ਅਧਿਕਾਰਤ ਦਸਤਾਵੇਜ਼ ਹੈ ਜਾਂ ਨਹੀਂ, ਜੇ ਕੋਈ ਦਸਤਾਵੇਜ਼ ਹੈ ਤਾਂ ਕਿਹੜਾ ਦਸਤਾਵੇਜ਼ ਹੈ?

# ਸੰਪਰਕ : 97806-20233

# ਕਾਂਗੋ ਬਣਨ ਵੱਲ ਵਧ ਰਿਹਾ ਭਾਰਤ

**ਰਵੀ ਕੰਵਰ**

ਅਫਰੀਕਾ ਮਹਾਂਦੀਪ ਦਾ ਦੇਸ਼ 'ਡੈਮੋਕ੍ਰੇਟਿਕ ਰਿਪਬਲਿਕ ਆਫ ਕਾਂਗੋ' (ਡੀ ਆਰ ਸੀ) ਇਕ ਵਾਰ ਫਿਰ ਕੋਵਿਡ-19 ਵਰਗੀ ਘਾਤਕ ਬੀਮਾਰੀ ਈਬੋਲਾ (ਵਾਇਰਸ ਨਾਲ ਫੈਲਣ ਵਾਲੀ ਲਾਗ ਅਧਾਰਤ) ਦੀ ਮਾਰ ਹੇਠ ਹੈ। ਜੂਨ ਦੇ ਪਹਿਲੇ ਹਫਤੇ ਤੱਕ 246 ਲੋਕ ਮਰ ਚੁੱਕੇ ਸਨ ਅਤੇ 1 ਹਜ਼ਾਰ ਤੋਂ ਵੱਧ ਹੋਰ ਮਾਮਲੇ ਰਜਿਸਟਰ ਹੋ ਚੁੱਕੇ ਹਨ। ਲੱਖਾਂ ਹੋਰ ਲੋਕ ਇਸ ਦੇ ਤੇਜ਼ੀ ਨਾਲ ਫੈਲਣ ਕਰਕੇ ਜੋਖ਼ਮ ਅਧੀਨ ਹਨ। ਹਾਲਾਂਕਿ ਸਰਕਾਰੀ ਅੰਕੜੇ ਇਸ ਤੋਂ ਕਿਤੇ ਘੱਟ ਹਨ।

ਈਬੋਲਾ, ਸਰੀਰ ਦੇ ਅੰਦਰੂਨੀ ਟਿਸ਼ੂਆਂ ਨੂੰ ਨੁਕਸਾਨ ਪੁਚਾਉਣ ਵਾਲੀ ਇਕ ਬਹੁਤ ਹੀ ਖਤਰਨਾਕ ਤੇ ਘਾਤਕ ਵਾਇਰਲ ਬੀਮਾਰੀ ਹੈ। ਇਸ 'ਚ ਸਰੀਰ ਦੇ ਅੰਦਰ ਤੇ ਬਾਹਰ ਖ਼ੂਨ ਵਗਣ ਲੱਗਦਾ ਹੈ ਤੇ ਬੜੇ ਦਰਦਨਾਕ ਢੰਗ ਨਾਲ ਮਰੀਜ਼ ਦੀ ਮੌਤ ਹੋ ਜਾਂਦੀ ਹੈ। ਇਸ ਵੇਲੇ 'ਬੁਨਡੀਬੁਗਯੋ ਸਟ੍ਰੇਨ' ਸਰਗਰਮ ਹੈ, ਜਿਸ 'ਚ 2 ਤੋਂ ਲੈ ਕੇ 21 ਦਿਨਾਂ ਬਾਅਦ ਬੀਮਾਰੀ ਦੇ ਲੱਛਣ ਸਾਹਮਣੇ ਆਉਂਦੇ ਹਨ। ਇਹ ਤੇਜ਼ ਬੁਖ਼ਾਰ ਨਾਲ ਸ਼ੁਰੂ ਹੁੰਦਾ ਹੈ। ਛੇਤੀ ਹੀ ਗੰਭੀਰ ਦਸਤ ਤੇ ਉਲਟੀਆਂ ਲੱਗ ਜਾਂਦੀਆਂ ਹਨ, ਜਿਸ ਨਾਲ ਸਰੀਰ 'ਚ ਪਾਣੀ ਦੀ ਭਾਰੀ ਕਮੀ ਹੋ ਜਾਂਦੀ ਹੈ ਤੇ ਮਹੱਤਵਪੂਰਨ ਅੰਗ ਕੰਮ ਕਰਨਾ ਬੰਦ ਕਰ ਦਿੰਦੇ ਹਨ। ਕਈ ਵਾਰੀ ਤਾਂ ਸਰੀਰ ਦੀ ਰੋਗ ਰੋਧਕ ਪ੍ਰਣਾਲੀ ਹੀ ਹਮਲਾ ਸ਼ੁਰੂ ਕਰ ਦਿੰਦੀ ਹੈ ਤੇ ਖ਼ੂਨ ਦੇ ਗਤਲੇ ਬਣਨ ਨਾਲ ਉਸ ਦਾ ਵਹਾਅ ਰੁਕ ਜਾਂਦਾ ਹੈ ਅਤੇ ਦਿਲ ਫੇਲ੍ਹ ਹੋ ਜਾਣ ਨਾਲ ਮਰੀਜ਼ ਦੀ ਮੌਤ ਹੋ ਜਾਂਦੀ ਹੈ। 'ਬੁਨਡੀਬੁਗਯੋ ਸਟ੍ਰੇਨ' ਦੇ ਸ਼ਿਕਾਰ ਲਗਭਗ ਇਕ ਤਿਹਾਈ ਮਰੀਜ਼ਾਂ ਦੀ ਮੌਤ ਹੋ ਜਾਂਦੀ ਹੈ। ਇਸ ਸਟ੍ਰੇਨ ਦਾ ਟਾਕਰਾ ਕਰਨ ਵਾਲੀ ਕੋਈ ਦਵਾਈ ਹਾਲੇ ਤੱਕ ਮੌਜੂਦ ਨਹੀਂ ਹੈ। ਈਬੋਲਾ ਵਾਇਰਸ ਸਭ ਤੋਂ ਪਹਿਲਾਂ 1976 'ਚ ਮੌਜੂਦਾ ਡੀ ਆਰ ਸੀ, ਜਿਸ ਦਾ ਪੁਰਾਣਾ ਨਾਂਅ ਜਾਇਰੇ ਸੀ, ਵਿਖੇ ਸਾਹਮਣੇ ਆਇਆ ਸੀ। ਇੱਥੇ ਵਗਦੇ ਦਰਿਆ ਈਬੋਲਾ ਦੇ ਖੇਤਰ 'ਚ ਇਸ ਦਾ ਪਹਿਲਾ ਕੇਸ ਸਾਹਮਣੇ ਆਉਣ ਕਰਕੇ ਹੀ ਇਸ ਘਾਤਕ ਵਾਇਰਸ ਦਾ ਨਾਂਅ 'ਈਬੋਲਾ' ਪਿਆ ਸੀ।

ਈਬੋਲਾ, 'ਡੈਮੋਕ੍ਰੇਟਿਕ ਰਿਪਬਲਿਕ ਆਫ ਕਾਂਗੋ' 'ਚ ਇਸ ਵੇਲੇ ਮਹਾਂਮਾਰੀ ਦਾ ਰੂਪ ਧਾਰਨ ਕਰਦਾ ਜਾ ਰਿਹਾ ਹੈ। ਗੁਆਂਢੀ ਦੇਸ਼ ਯੁਗਾਂਡਾ ਦੀ ਰਾਜਧਾਨੀ ਕੰਪਾਲਾ 'ਚ ਵੀ 'ਬੁਨਡੀਬੁਗਯੋ ਸਟ੍ਰੇਨ' ਦੇ ਕੁਝ ਕੇਸਾਂ ਦੀ ਪਹਿਚਾਣ ਹੋਈ ਹੈ । ਡੀ ਆਰ ਸੀ ਦੇ ਗੋਮਾ ਸ਼ਹਿਰ 'ਚ ਵੀ ਈਬੋਲਾ ਦੇ ਕੁਝ ਮਾਮਲੇ ਸਾਹਮਣੇ ਆਏ ਹਨ। ਇਹ ਸ਼ਹਿਰ ਇਟੂਰੀ ਸੂਬੇ ਤੋਂ 350 ਮੀਲ ਦੂਰ ਹੈ, ਜਿੱਥੇ ਸਭ ਤੋਂ ਪਹਿਲਾਂ ਇਬੋਲਾ ਦੇ ਕੇਸਾਂ ਬਾਰੇ ਪਤਾ ਲੱਗਾ ਸੀ।

ਇਸ ਘਾਤਕ ਮਹਾਂਮਾਰੀ ਈਬੋਲਾ ਨੂੰ 'ਰੱਬ ਦੀ ਮਰਜ਼ੀ' ਜਾਂ ਇਕ 'ਕੁਦਰਤੀ ਆਫ਼ਤ' ਦੱਸਿਆ ਜਾ ਰਿਹਾ ਹੈ। ਇਹ ਬੜਾ ਸੌਖਾ ਤੇ ਸ਼ਾਤਰਾਨਾ ਰਾਹ ਹੈ। ਇਸ ਨਾਲ ਅਜਿਹੀਆਂ ਬਿਪਤਾਵਾਂ ਪੈਦਾ ਕਰਨ ਵਾਲੇ ਹਾਲਾਤ ਤੇ ਚੁਗਿਰਦੇ ਦੇ ਨੁਕਸਾਨ ਲਈ ਜ਼ਿੰਮੇਵਾਰ ਤਾਕਤਾਂ, ਲੋਕਾਂ, ਸੰਸਥਾਵਾਂ ਨੂੰ ਬਰੀ ਕਰਕੇ ਸਾਰਾ ਦੋਸ਼ ਸਥਾਨਕ ਲੋਕਾਂ ਦੇ ਪਛੜੇਪਣ ਤੇ ਮਾੜੀ ਕਿਸਮਤ ਦੇ ਸਿਰ ਮੜ੍ਹ ਦਿੱਤਾ ਜਾਂਦਾ ਹੈ, ਜਦਕਿ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਹੈ। 'ਡੈਮੋਕ੍ਰੇਟਿਕ ਰਿਪਬਲਿਕ ਆਫ ਕਾਂਗੋ' ਦੀ ਜਰਖੇਜ਼ ਧਰਤੀ ਕੋਬਾਲਟ, ਕੋਲਟਾਨ, ਸੋਨੇ ਵਰਗੀਆਂ ਕੀਮਤੀ ਧਾਤਾਂ ਤੇ ਦੁਰਲਭ ਖਣਿਜ ਪਦਾਰਥਾਂ ਨਾਲ ਭਰਪੂਰ ਹੈ। ਇਨ੍ਹਾਂ ਬੇਸ਼ਕੀਮਤੀ ਖਣਿਜਾਂ ਤੇ ਧਾਤਾਂ ਕਰਕੇ ਹੀ ਇਹ ਖੇਤਰ ਸਦੀਆਂ ਤੋਂ ਇੱਥੋਂ ਦੇ ਲੋਕਾਂ ਦੀਆਂ ਬਿਪਤਾਵਾਂ ਦਾ ਕਾਰਨ ਬਣਿਆ ਆ ਰਿਹਾ ਹੈ। ਉਹੀ ਕੀਮਤੀ ਵਸੀਲੇ, ਜੋ ਉਨ੍ਹਾਂ ਦਾ ਜੀਵਨ ਸੰਵਾਰ ਸਕਦੇ ਹਨ, ਦੀ ਲੁੱਟ ਸਦਕਾ ਉਨ੍ਹਾਂ ਨੂੰ ਨਿਰੰਤਰ ਮੁਸੀਬਤਾਂ ਝੱਲਣੀਆਂ ਪੈ ਰਹੀਆਂ ਹਨ। 1961 'ਚ ਕਾਂਗੋ 'ਚ ਸੱਤਾ 'ਤੇ ਕਾਬਜ ਹੋਏ ਖੱਬੇ ਪੱਖੀ ਆਗੂ ਪੈਟਰਿਸ ਲੁਮੂੰਬਾ ਨੂੰ ਸੀ ਆਈ ਏ ਨੇ ਕਤਲ ਕਰਵਾ ਦਿੱਤਾ ਸੀ। ਇਸ ਪਿਛੋਂ ਸੱਤਾ 'ਤੇ ਬਿਠਾਏ ਸਾਮਰਾਜੀ ਹੱਥਠੋਕੇ ਮੋਬੂਤੁ ਸੇਸੇ ਸੇਕੋ ਨੇ ਲੁਮੂੰਬਾ ਵੱਲੋਂ ਉਸਾਰਿਆ ਸਿਹਤ ਸੰਭਾਲ ਢਾਂਚਾ ਤਬਾਹ ਕਰ ਦਿੱਤਾ ।

ਮੌਜੂਦਾ ਸਮੇਂ ਈਬੋਲਾ ਵਾਇਰਸ ਜਿਸ ਖੇਤਰ 'ਚ ਸਾਹਮਣੇ ਆਇਆ ਹੈ, ਉਹ ਦੁਨੀਆ ਦਾ ਸਭ ਤੋਂ ਗੰਭੀਰ ਮਨੁੱਖੀ ਸੰਕਟ ਝੱਲ ਰਿਹਾ ਹੈ। ਪੂਰਬੀ ਖਿੱਤਾ, ਪਿੱਛਲੇ 30 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਜੰਗਾਂ ਦਾ ਮੈਦਾਨ ਬਣਿਆ ਹੋਇਆ ਹੈ । ਇਸ ਦੇ ਸਿੱਟੇ ਵਜੋਂ 60 ਲੱਖ ਲੋਕ, ਜਿਨ੍ਹਾਂ 'ਚੋਂ ਬਹੁਤੇ ਬੀਮਾਰੀਆਂ ਤੇ ਭੁੱਖ ਦਾ ਸ਼ਿਕਾਰ ਬਣੇ ਹਨ, ਮਾਰੇ ਜਾ ਚੁੱਕੇ ਹਨ। 70 ਲੱਖ ਤੋਂ ਵੱਧ ਲੋਕ ਅੰਦਰੂਨੀ ਉਜਾੜੇ ਦਾ ਸ਼ਿਕਾਰ ਬਣੇ ਹਨ। ਇਨ੍ਹਾਂ 'ਚੋਂ ਬਹੁਤੇ ਉਨ੍ਹਾਂ ਆਰਜ਼ੀ ਕੈਂਪਾਂ 'ਚ ਤੂੜੇ ਹੋਏ ਹਨ, ਜਿੱਥੇ ਨਾ ਪੀਣ ਲਈ ਸਾਫ਼ ਪਾਣੀ ਹੈ ਤੇ ਨਾ ਹੀ ਮਲ-ਮੂਤਰ ਨੂੰ ਠੀਕ ਢੰਗ ਨਾਲ ਨਿਪਟਾਉਣ ਦਾ ਪ੍ਰਬੰਧ ਹੈ। ਦੇਸ਼ ਦੇ 2 ਕਰੋੜ 70 ਲੱਖ ਲੋਕ ਗੰਭੀਰ ਭੁੱਖਮਰੀ ਦੇ ਸ਼ਿਕਾਰ ਹਨ। ਹੈਜ਼ਾ, ਚੇਚਕ, ਮੌਂਕੀ ਪੌਕਸ ਆਦਿ ਰੋਗਾਂ ਦਾ ਬੋਲਬਾਲਾ ਹੈ। ਈਬੋਲਾ ਤੇ ਹੋਰ ਘਾਤਕ ਮਹਾਂਮਾਰੀਆਂ ਦੇ ਪਨਪਣ ਤੇ ਫੈਲਣ ਲਈ ਇਹੋ ਜਿਹੀਆਂ ਸਥਿਤੀਆਂ ਹੀ ਜਰਖੇਜ਼ ਭੋਇੰ ਤਿਆਰ ਕਰਦੀਆਂ ਹਨ।

ਹੁਣ ਵੀ ਜਦੋਂ ਡੀ ਆਰ ਸੀ ਦਾ ਇਟੂਰੀ ਪ੍ਰਾਂਤ ਈਬੋਲਾ ਮਹਾਂਮਾਰੀ ਦਾ ਕੇਂਦਰ ਬਣਿਆ ਹੋਇਆ ਹੈ, ਉਥੇ ਅਤੇ ਕਿਵੂਸ ਪ੍ਰਾਂਤ 'ਚ ਕੋਲਟਨ ਤੇ ਸੋਨੇ ਦੀਆਂ ਖਾਨਾਂ 'ਤੇ ਕਬਜ਼ੇ ਲਈ ਰਵਾਂਡਾ ਦੀ ਸ਼ਹਿ ਪ੍ਰਾਪਤ ਐਮ-23 ਹਥਿਆਰਬੰਦ ਅੱਤਵਾਦੀ ਗਰੁੱਪਾਂ ਦੇ ਹਮਲੇ ਜਾਰੀ ਹਨ। ਪੱਛਮੀ ਦੇਸ਼ਾਂ ਤੇ ਸਾਮਰਾਜੀ ਅਮਰੀਕਾ ਦੀਆਂ ਦਿਓਕੱਦ ਵਪਾਰਕ ਕਾਰਪੋਰੇਸ਼ਨਾਂ ਇਨ੍ਹਾਂ ਦੀ ਪਿੱਠ 'ਤੇ ਹਨ। ਕੋਬਾਲਟ, ਕੋਟਾਨ ਤੇ ਸੋਨਾ ਆਦਿ ਦੁਰਲਭ ਖਣਿਜ ਇਨ੍ਹਾਂ ਲੁਟੇਰੀਆਂ ਕੰਪਨੀਆਂ ਵੱਲੋਂ ਬਣਾਏ ਜਾਂਦੇ ਤੇ ਵਿਕਸਤ ਦੇਸ਼ਾਂ ਦੇ ਧਨਾਢਾਂ ਵੱਲੋਂ ਵਰਤੇ ਜਾਂਦੇ ਸਮਾਰਟ ਫੋਨ, ਲੈਪਟੋਪ ਤੇ ਬਿਜਲਈ ਵਾਹਨਾਂ ਦਾ ਸ਼ਿੰਗਾਰ ਬਣਦੇ ਹਨ। ਗਲੈਨਕੋਰ ਵਰਗੇ ਖਣਿਜ, ਇਨ੍ਹਾਂ ਤਕਨੀਕੀ ਕਾਰਪੋਰੇਟਾਂ ਦੇ ਮੁਨਾਫ਼ਿਆਂ 'ਚ ਅਥਾਹ ਵਾਧਾ ਕਰਦੇ ਹਨ।

ਟਰੰਪ ਪ੍ਰਸ਼ਾਸਨ ਵੱਲੋਂ ਪਿਛਲੇ ਸਾਲ ਕੀਤਾ ਗਿਆ 'ਵਾਸ਼ਿੰਗਟਨ ਸਮਝੌਤਾ' ਦੁਰਲਭ ਖਣਿਜਾਂ ਦੀ ਇਸੇ ਲੁੱਟ ਦੀ ਨੰਗੀ-ਚਿੱਟੀ ਮਿਸਾਲ ਹੈ। ਇਸ ਨਾਲ ਟਰੰਪ ਦੇ ਨਜ਼ਦੀਕੀ ਧਨਾਢ ਤਾਂ ਮਾਲਾਮਾਲ ਹੋ ਰਹੇ ਹਨ, ਪਰ ਇਸ ਖੇਤਰ ਦੇ ਮਿਹਨਤਕਸ਼ ਮੌਤ ਦੇ ਮੂੰਹ 'ਚ ਪੈ ਰਹੇ ਹਨ।

ਹੁਣ ਤੱਕ ਹੋਈਆਂ ਖੋਜਾਂ ਮੁਤਾਬਕ ਈਬੋਲਾ ਜਿਹੀਆਂ ਮਹਾਂਮਾਰੀਆਂ ਨੂੰ ਫੈਲਾਉਣ ਵਾਲੇ ਵਾਇਰਸਾਂ ਦਾ ਸਰੋਤ ਜੰਗਲੀ ਜੀਵ ਹਨ। ਵਪਾਰਕ ਕਾਰਪੋਰੇਸ਼ਨਾਂ ਜਦੋਂ ਆਪਣੇ ਲਾਲਚ ਤੇ ਮੁਨਾਫ਼ੇ ਨੂੰ ਮੁੱਖ ਰੱਖ ਕੇ ਖਣਿਜਾਂ ਦਾ ਖਨਨ ਕਰਨ ਲਈ ਅੰਨ੍ਹੇਵਾਹ ਜੰਗਲ ਸਾਫ ਕਰਦੀਆਂ ਹਨ ਤਾਂ ਇਨ੍ਹਾਂ ਮਹਾਂਮਾਰੀਆਂ ਦੇ ਵਾਇਰਸ ਦੇ ਸਰੋਤ, ਜੰਗਲੀ ਜੀਵਾਂ ਦਾ ਮਨੁੱਖਾਂ ਦੇ ਸੰਪਰਕ 'ਚ ਆਉਣ ਦਾ ਜੋਖ਼ਮ ਵੱਧ ਜਾਂਦਾ ਹੈ। ਪਹਿਲਾਂ ਜਿਨ੍ਹਾਂ ਜੰਗਲਾਂ ਤੱਕ ਲੋਕਾਂ ਦੀ ਪਹੁੰਚ ਨਹੀਂ ਸੀ ਹੁੰਦੀ, ਉਥੇ ਲੋਕ ਜੰਗਲੀ ਜਾਨਵਰਾਂ ਦਾ ਸ਼ਿਕਾਰ ਕਰਨ ਲਈ ਪਹੁੰਚਦੇ ਹਨ ਤੇ ਉਨ੍ਹਾਂ ਦਾ ਮਾਸ ਖਾਂਦੇ ਹਨ। ਜੰਗਲੀ ਜਾਨਵਰਾਂ ਤੋਂ ਮਨੁੱਖਾਂ ਤੱਕ ਵਾਇਰਸਾਂ ਦੇ ਪੁੱਜਣ ਦਾ ਇਹ ਵੀ ਇਕ ਜ਼ਰੀਆ ਬਣਦਾ ਹੈ। ਇਕ ਹੋਰ ਕਾਰਨ ਵੀ ਹੈ। ਜੰਗਲੀ ਜੀਵ ਜਿਨ੍ਹਾਂ ਦੇ ਰਹਿਣ ਟਿਕਾਣੇ ਜੰਗਲ ਉਜਾੜ ਦਿੱਤੇ ਜਾਂਦੇ ਹਨ, ਉਹ ਭੋਜਨ ਦੀ ਤਲਾਸ਼ 'ਚ ਮਨੁੱਖੀ ਬਸਤੀਆਂ ਚ ਪਹੁੰਚਦੇ ਹਨ। ਜੰਗਲੀ ਜੀਵਾਂ ਤੋਂ ਮਨੁੱਖਾਂ ਤੱਕ ਫੈਲਣ ਵਾਲੀਆਂ ਬੀਮਾਰੀਆਂ ਦੇ ਇਹ ਮੁੱਖ ਰਾਹ ਹਨ । ਇਹ ਤੱਥ, 2014-16 ਤੇ 2018-20 ਦੀਆਂ ਈਬੋਲਾ ਮਹਾਂਮਾਰੀਆਂ ਵੇਲੇ ਬਾਖ਼ੂਬੀ ਤਸਦੀਕ ਹੋ ਚੁੱਕੇ ਹਨ। ਇਹ ਕੋਈ ਸੰਯੋਗ ਨਹੀਂ ਸੀ ਕਿ ਈਬੋਲਾ ਦੇ ਸਭ ਤੋਂ ਪਹਿਲੇ ਮਾਮਲਿਆਂ ਦੀ ਸ਼ਨਾਖ਼ਤ ਦੇਸ਼ ਦੇ ਪੂਰਬੀ ਹਿੱਸੇ ਦੇ ਖਾਣਾਂ ਵਾਲੇ ਖੇਤਰਾਂ 'ਚ ਹੀ ਹੋਈ ਸੀ।

ਅਜਿਹੀਆਂ ਬਿਮਾਰੀਆਂ ਦੇ ਉਭਾਰ ਤੇ ਪਸਾਰ ਦਾ ਇਕ ਹੋਰ ਕਾਰਨ ਵੀ ਹੁੰਦਾ ਹੈ। ਸਥਾਨਕ ਲੋਕਾਂ ਦੀ ਮੰਦੀ ਸਿਹਤ ਤੇ ਮਾੜੀਆਂ ਜਿਉਣ ਹਾਲਤਾਂ। ਇਸੇ ਕਰਕੇ ਉਹ ਅਜਿਹੇ ਵਾਇਰਸਾਂ ਦੇ ਸ਼ਿਕਾਰ ਸੌਖਿਆਂ ਹੀ ਬਣ ਜਾਂਦੇ ਹਨ । ਕੀਮਤੀ ਖਣਿਜਾਂ ਨਾਲ ਭਰਪੂਰ ਖੇਤਰਾਂ 'ਤੇ ਕਬਜ਼ਾ ਕਰਨ ਹਿਤ ਉੱਥੋਂ ਦੇ ਮੂਲ ਨਿਵਾਸੀਆਂ ਨੂੰ ਉਨ੍ਹਾਂ ਦੇ ਪਰਿਵੇਸ਼ ਤੋਂ ਉਜਾੜਨ ਲਈ ਇਨ੍ਹਾਂ ਕਾਰਪੋਰੇਸ਼ਨਾਂ ਦੀਆਂ ਪੁਸ਼ਤ-ਪਨਾਹ ਪੂੰਜੀਵਾਦੀ-ਸਾਮਰਾਜੀ ਸਰਕਾਰਾਂ ਇਨ੍ਹਾਂ ਖੇਤਰਾਂ, ਖਾਸ ਕਰਕੇ ਡੀ ਆਰ ਸੀ ਵਰਗੇ ਅਫਰੀਕੀ ਦੇਸ਼ਾਂ 'ਚ ਖਾਨਾਜੰਗੀਆਂ ਕਰਾਉਂਦੀਆਂ ਹਨ। ਇਸ ਕੰਮ ਲਈ ਇਸ ਖਿੱਤੇ 'ਚ ਕਬੀਲਾਈ ਪਛਾਣਾਂ ਨੂੰ ਵਰਤਿਆ ਜਾਂਦਾ ਹੈ। ਕਬੀਲਾਈ ਸਰਦਾਰਾਂ ਤੇ ਸਥਾਨਕ ਸਮਾਜ ਵਿਰੋਧੀ ਤੱਤਾਂ ਨੂੰ ਹਥਿਆਰ ਤੇ ਪੈਸਾ ਦਿੱਤਾ ਜਾਂਦਾ ਹੈ । ਲਿਹਾਜ਼ਾ, ਮੂਲ ਨਿਵਾਸੀ ਆਪਣੀਆਂ ਜ਼ਮੀਨਾਂ ਛੱਡ ਕੇ ਉਜੜ ਜਾਣ ਲਈ ਮਜਬੂਰ ਹੋ ਜਾਂਦੇ ਹਨ । ਦੂਜੀ ਵਾਰ ਅਮਰੀਕਾ ਦੀ ਸੱਤਾ ਸੰਭਾਲਣ ਤੋਂ ਪਿੱਛੋਂ ਡੋਨਾਲਡ ਟਰੰਪ ਨੇ ਲੰਘੇ 15 ਮਹੀਨਿਆਂ ਚ ਆਪਣੇ ਦੁਸ਼ਮਣ ਨੂੰ ਸਬਕ ਸਿਖਾਉਣ ਲਈ ਆਪਣਾ ਹੀ ਘਰ ਤਬਾਹ ਕਰ ਲੈਣ 'ਤੇ ਅਧਾਰਤ ਨੀਤੀ ਅਧੀਨ ਆਪਣੇ ਹੀ ਉਸ ਖੋਜ ਪ੍ਰੋਗਰਾਮ ਨੂੰ ਬਰਬਾਦ ਕਰ ਲਿਆ ਹੈ, ਜੋ ਘਾਤਕ ਵਾਇਰਸ 'ਤੇ ਅਧਾਰਤ ਇਸ ਮਹਾਂਮਾਰੀ ਨੂੰ ਉਸ ਦੇ ਮੁਢਲੇ ਸਰੋਤ 'ਤੇ ਹੀ ਰੋਕਣ ਦੇ ਸਮਰੱਥ ਸੀ । ਟਰੰਪ ਨੇ ਜਨਵਰੀ 2025 'ਚ ਇਸ ਖੇਤਰ 'ਚ ਈਬੋਲਾ ਵਰਗੀਆਂ ਬੀਮਾਰੀਆਂ ਦੇ ਮੁਢਲੇ ਲੱਛਣ ਤੇਜ਼ ਬੁਖ਼ਾਰ 'ਤੇ ਖੋਜ ਕਰਨ ਲਈ 10 ਅਰਬ ਡਾਲਰ ਖਰਚੇ ਜਾਣ ਦਾ ਪ੍ਰੋਗਰਾਮ ਖਤਮ ਕਰ ਦਿੱਤਾ ਸੀ । ਡਬਲਿਊ ਐੱਚ ਓ, ਯੂ ਐੱਸ ਏਡ ਦੀ ਇਮਦਾਦ ਨਾਲ ਅਜਿਹੇ ਢਾਂਚੇ ਚਲਾਉਂਦਾ ਸੀ, ਜੋ ਅਫਰੀਕਾ 'ਚ ਫੁਟਣ ਵਾਲੀਆਂ ਬੀਮਾਰੀਆਂ ਦੀ ਨਿਗਰਾਨੀ ਕਰਦੇ ਸਨ।

ਟਰੰਪ ਪ੍ਰਸ਼ਾਸਨ ਦੇ ਇਨ੍ਹਾਂ ਕਦਮਾਂ ਦੇ ਤਬਾਹਕੁੰਨ ਨਤੀਜੇ ਧਰਤੀ 'ਤੇ ਖ਼ੂਬ ਦਿੱਸ ਵੀ ਰਹੇ ਹਨ। ਪ੍ਰਯੋਗਸ਼ਾਲਾਵਾਂ ਬੰਦ ਹੋ ਗਈਆਂ। ਸੰਪਰਕ ਲੱਭਣ ਦੀ ਵਿਵਸਥਾ ਖੇਰੂੰ-ਖੇਰੂ ਹੋ ਗਈ। ਸਿੱਖਿਅਤ ਸਿਹਤ ਕਾਮੇ ਖਿੰਡ ਗਏ। ਇਸੇ ਦਾ ਹੀ ਸਿੱਟਾ ਸੀ ਕਿ ਡੀ ਆਰ ਸੀ ਦੇ ਇਟੂਰੀ, ਜਿੱਥੋਂ ਇਹ ਬੀਮਾਰੀ ਫੁੱਟੀ ਸੀ, ਵਿਖੇ ਇਸ ਦਾ ਪਤਾ ਲਗਭਗ 6 ਹਫਤਿਆਂ ਪਿਛੋਂ ਲੱਗ ਸਕਿਆ ਸੀ। ਇਹ ਹੈ ਉਹ ਸਮਾਜਿਕ ਕਤਲ, ਜਿਸ ਲਈ ਜ਼ਿੰਮੇਵਾਰ ਉਹ ਹਾਕਮ ਜਮਾਤ ਹੈ, ਜਿਹੜੀ ਜਾਣ ਬੁੱਝ ਕੇ ਅਜਿਹੀਆਂ ਸਥਿਤੀਆਂ ਬਣਾ ਕੇ ਰੱਖਦੀ ਹੈ।

ਮੌਜੂਦਾ ਸਟ੍ਰੇਨ ਦੀ ਵੈਕਸੀਨ ਬਣਾਉਣ ਲਈ ਘੱਟੋ-ਘੱਟ 8-9 ਮਹੀਨੇ ਲੱਗਣ ਦੀ ਗੱਲ ਕੀਤੀ ਜਾ ਰਹੀ ਹੈ। ਇਸ ਵੇਲੇ ਸਥਿਤੀ ਇਹ ਹੈ ਕਿ ਉਥੇ ਕੰਮ ਕਰ ਰਹੇ ਸਿਹਤ ਕਰਮੀਆਂ ਕੋਲ ਪੀ ਪੀ ਈ ਕਿੱਟਾਂ ਤੇ ਰੋਗਾਣੂ ਰੋਧਕ ਜੈੱਲ ਵਰਗੀਆਂ ਬੁਨਿਆਦੀ ਵਸਤਾਂ ਵੀ ਨਹੀਂ ਹਨ ਤੇ ਉਹ ਅਪਣਾ ਜੀਵਨ ਦਾਅ 'ਤੇ ਲਾ ਕੇ ਕੰਮ ਕਰ ਰਹੇ ਹਨ। ਕਈ ਸਿਹਤਕਰਮੀ ਤਾਂ ਲਾਗ ਦਾ ਸ਼ਿਕਾਰ ਹੋ ਕੇ ਮਰ ਵੀ ਚੁੱਕੇ ਹਨ।

ਅਮਰੀਕਾ, ਅਫਰੀਕਾ ਦੇ ਹੀ ਦੇਸ਼ ਕੀਨੀਆ 'ਚ ਇਕ ਆਈਸੋਲੇਸ਼ਨ ਕੇਂਦਰ ਬਣਾ ਰਿਹਾ ਹੈ। ਇੱਥੇ ਈਬੋਲਾ ਦੇ ਜੋਖ਼ਮ ਵਾਲੇ ਅਮਰੀਕੀ ਨਾਗਰਿਕ ਭੇਜੇ ਜਾਣਗੇ ਤੇ ਉਨ੍ਹਾਂ ਨੂੰ ਆਪਣੇ ਦੇਸ਼ ਜਾਣ ਦੀ ਇਜਾਜ਼ਤ ਨਹੀਂ ਹੋਵੇਗੀ। ਉੱਥੇ ਕੇਵਲ ਅਮਰੀਕੀ ਨਾਗਰਿਕ ਹੀ ਦਾਖਲ ਹੋ ਸਕਣਗੇ। ਕੀਨੀਆ ਦੇ ਲੋਕਾਂ ਦਾ ਸੁਆਲ ਹੈ ਕਿ ਜਦੋਂ ਕੀਨੀਆ 'ਚ ਕਦੇ ਵੀ ਈਬੋਲਾ ਦਾ ਕੋਈ ਮਾਮਲਾ ਸਾਹਮਣੇ ਨਹੀਂ ਆਇਆ ਤਾਂ ਫਿਰ ਇਹ ਕੇਂਦਰ ਇੱਥੇ ਕਿਉਂ ਸਥਾਪਿਤ ਕੀਤਾ ਜਾ ਰਿਹਾ ਹੈ? ਕੀਨੀਆ ਦੇ ਲੋਕ ਇਸ ਦਾ ਸਖ਼ਤ ਵਿਰੋਧ ਕਰ ਰਹੇ ਹਨ। ਨਿੱਤ ਦਿਨ ਮੁਜ਼ਾਹਰੇ ਹੋ ਰਹੇ ਹਨ। ਸਰਕਾਰ ਵੱਲੋਂ ਚਲਾਈ ਗਈ ਗੋਲੀ ਨਾਲ 3 ਮੁਜ਼ਾਹਰਾਕਾਰੀ ਮਾਰੇ ਜਾ ਚੁੱਕੇ ਹਨ ।

ਦੂਜੇ ਪਾਸੇ ਸਮਾਜਵਾਦੀ ਦੇਸ਼ ਕਿਊਬਾ ਹੈ । ਇਸ ਨੇ 2014-16 ਤੇ 2018-20 ਦੀਆਂ ਈਬੋਲਾ ਮਹਾਮਾਰੀਆਂ ਦੌਰਾਨ ਆਪਣੇ ਦੇਸ਼ ਦੇ 1200 ਡਾਕਟਰਾਂ ਤੇ ਸਿਹਤ ਕਾਮਿਆਂ ਦੇ 3 ਬ੍ਰਿਗੇਡ ਤੈਨਾਤ ਕੀਤੇ ਸਨ, ਜੋ ਇਹ ਮਹਾਮਾਰੀ ਖਤਮ ਹੋਣ ਪਿੱਛੋਂ ਹੀ ਆਪਣੇ ਦੇਸ਼ ਪਰਤੇ ਸਨ। ਉਹੀ ਕਿਊਬਾ, ਜੋ ਅਮਰੀਕਾ ਸਾਮਰਾਜ ਵੱਲੋਂ ਪਾਬੰਦੀਆਂ ਸਖ਼ਤ ਕੀਤੇ ਜਾਣ ਕਰਕੇ ਅੱਜ ਆਪਣੇ ਹਸਪਤਾਲ ਚਾਲੂ ਰੱਖਣ ਦੇ ਸੰਕਟ ਨਾਲ ਜੂਝ ਰਿਹਾ ਹੈ ।

ਇਹ ਸਪੱਸ਼ਟ ਹੈ ਕਿ ਵਿੱਤੀ ਧਨਾਢ ਹਾਕਮ ਜਮਾਤਾਂ ਨੂੰ ਇਸ ਗੱਲ ਦੀ ਕੋਈ ਚਿੰਤਾ ਨਹੀਂ ਕਿ ਅਗਾਂਹ ਆਉਣ ਵਾਲੀ ਅਜਿਹੀ ਮਹਾਂਮਾਰੀ ਨੂੰ ਕਿਵੇਂ ਰੋਕਣਾ ਹੈ, ਬਲਕਿ ਉਹ ਤਾਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਨ ਕਿ ਕੋਈ ਵੀ ਅਜਿਹੀ ਸਥਿਤੀ ਨਾ ਬਣੇ, ਜਿਸ ਨਾਲ ਵਸੀਲਿਆਂ ਦੀ ਲਾਮਬੰਦੀ ਜਾਂ ਉਤਪਾਦਨ 'ਚ ਕੋਈ ਅੜਿੱਕਾ ਪੈਦਾ ਹੋਵੇ, ਯਾਨਿ ਕੁਝ ਵੀ ਅਜਿਹਾ ਵਾਪਰਨ ਦੀ ਇਜਾਜ਼ਤ ਨਹੀਂ ਹੈ, ਜਿਸ ਨਾਲ ਮੁਨਾਫੇ ਦੇ ਵਹਾਅ 'ਚ ਮਾਮੂਲੀ ਜਿਹਾ ਵੀ ਖਲਲ ਪੈਂਦਾ ਹੋਵੇ।

ਜ਼ਰਾ ਸੋਚੋ! ਕੀ ਭਾਰਤ ਦੇ ਜੁੰਡੀ ਪੂੰਜੀਪਤੀ ਅਤੇ ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਕੁਦਰਤ ਨਾਲ ਖਿਲਵਾੜ ਕਰਕੇ ਸਾਡੇ ਭਾਰਤ ਦੇਸ਼ ਨੂੰ ਵੀ 'ਕਾਂਗੋ' ਵਰਗੇ ਹਾਲਾਤ ਵੱਲ ਤਾਂ ਨਹੀਂ ਧਕੇ ਰਹੇ?

# ਸੰਪਰਕ : 94643-36019

# ਅੱਠ ਘੰਟੇ ਬਿਜਲੀ ਦੇ ਸਰਕਾਰੀ ਦਾਅਵੇ ਨਿਕਲੇ ਖੋਖਲੇ, ਕਿਸਾਨਾਂ ਦਾ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਪੰਜਾਬ ਸਰਕਾਰ ਵੱਲੋਂ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਸੈਕਟਰ ਨੂੰ ਰੋਜ਼ਾਨਾ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦੇ ਕੀਤੇ ਜਾ ਰਹੇ ਦਾਅਵੇ ਮਹਿਲ ਕਲਾਂ ਖੇਤਰ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋ ਰਹੇ ਹਨ। ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਕਾਰਨ ਕਿਸਾਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਇਸੇ ਰੋਸ ਵਜੋਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਅਗਵਾਈ ਹੇਠ ਮਹਿਲ ਕਲਾਂ, ਗੰਗੋਹਰ, ਕਲਾਲਮਾਜਰਾ ਅਤੇ ਆਸ-ਪਾਸ ਦੇ ਪਿੰਡਾਂ ਦੇ ਵੱਡੀ ਗਿਣਤੀ ਕਿਸਾਨਾਂ ਨੇ ਪਾਵਰਕਾਮ ਸਬ ਡਿਵੀਜ਼ਨ ਦਫ਼ਤਰ ਅੱਗੇ ਇਕੱਠੇ ਹੋ ਕੇ ਪੰਜਾਬ ਸਰਕਾਰ ਅਤੇ ਪਾਵਰਕਾਮ ਪ੍ਰਬੰਧਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਡਸਾ, ਸਰਬਜੀਤ ਸਿੰਘ ਗੰਗੋਹਰ, ਹਰਮਨਜੀਤ ਸਿੰਘ ਟਿਵਾਣਾ, ਅਮਰੀਕ ਸਿੰਘ ਕੁਰੜ, ਦਲਜੀਤ ਸਿੰਘ ਗੰਗੋਹਰ, ਸਾਧੂ ਸਿੰਘ ਜੌਹਲ ਮਹਿਲ ਕਲਾਂ ਅਤੇ ਰੇਸ਼ਮ ਸਿੰਘ ਗੰਗੋਹਰ ਨੇ ਕਿਹਾ ਕਿ ਸਰਕਾਰ ਕਿਸਾਨਾਂ ਨਾਲ ਝੂਠੇ ਵਾਅਦੇ ਕਰ ਰਹੀ ਹੈ। ਕਾਗਜ਼ਾਂ ਵਿੱਚ ਅੱਠ ਘੰਟੇ ਬਿਜਲੀ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਹਕੀਕਤ ਵਿੱਚ ਕਿਸਾਨਾਂ ਨੂੰ ਵਾਰ-ਵਾਰ ਪਾਵਰ ਕੱਟਾਂ ਕਾਰਨ ਸਿਰਫ਼ ਦੋ ਤੋਂ ਤਿੰਨ ਘੰਟੇ ਹੀ ਬਿਜਲੀ ਮਿਲ ਰਹੀ ਹੈ। ਇਸ ਕਾਰਨ ਝੋਨੇ ਸਮੇਤ ਹੋਰ ਫ਼ਸਲਾਂ ਦੀ ਸਿੰਚਾਈ ਸਮੇਂ ਸਿਰ ਨਹੀਂ ਹੋ ਰਹੀ ਅਤੇ ਫ਼ਸਲਾਂ ਦੇ ਨੁਕਸਾਨ ਦਾ ਖ਼ਤਰਾ ਲਗਾਤਾਰ ਵੱਧ ਰਿਹਾ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਖੇਤੀਬਾੜੀ ਨੂੰ ਤਰਜੀਹ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਜਦਕਿ ਦੂਜੇ ਪਾਸੇ ਬਿਜਲੀ ਵਰਗੀ ਬੁਨਿਆਦੀ ਸਹੂਲਤ ਵੀ ਮੁਹੱਈਆ ਨਹੀਂ ਕਰਵਾ ਰਹੀ। ਗਰਮੀ ਦੇ ਇਸ ਨਾਜ਼ੁਕ ਸਮੇਂ ਵਿੱਚ ਡੀਜ਼ਲ ਨਾਲ ਚੱਲਣ ਵਾਲੇ ਇੰਜਣਾਂ ਰਾਹੀਂ ਸਿੰਚਾਈ ਕਰਨੀ ਕਿਸਾਨਾਂ ਲਈ ਮਹਿੰਗੀ ਸਾਬਤ ਹੋ ਰਹੀ ਹੈ, ਜਿਸ ਨਾਲ ਖੇਤੀ ਦੀ ਲਾਗਤ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਕਿਸਾਨ ਆਰਥਿਕ ਸੰਕਟ ਵੱਲ ਧੱਕੇ ਜਾ ਰਹੇ ਹਨ।

ਉਨ੍ਹਾਂ ਦੋਸ਼ ਲਾਇਆ ਕਿ ਪਾਵਰਕਾਮ ਦੇ ਅਧਿਕਾਰੀਆਂ ਨੂੰ ਕਈ ਵਾਰ ਸਮੱਸਿਆ ਤੋਂ ਜਾਣੂ ਕਰਵਾਇਆ ਗਿਆ, ਪਰ ਹਰ ਵਾਰ ਸਿਰਫ਼ ਭਰੋਸੇ ਹੀ ਦਿੱਤੇ ਗਏ ਅਤੇ ਜ਼ਮੀਨੀ ਪੱਧਰ ਤੇ ਕੋਈ ਸੁਧਾਰ ਨਹੀਂ ਕੀਤਾ ਗਿਆ। ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਤੁਰੰਤ ਪ੍ਰਭਾਵ ਨਾਲ ਖੇਤੀਬਾੜੀ ਸੈਕਟਰ ਨੂੰ ਐਲਾਨ ਮੁਤਾਬਕ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਨਾ ਬਣਾਈ ਗਈ ਤਾਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਹੋਰ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਤਿੱਖਾ ਅਤੇ ਵੱਡਾ ਸੰਘਰਸ਼ ਵਿੱਢੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਪ੍ਰਬੰਧਨ ਦੀ ਹੋਵੇਗੀ।

ਇਸ ਉਪਰੰਤ ਕਿਸਾਨਾਂ ਦੇ ਵਫ਼ਦ ਨੇ ਸਬ ਡਿਵੀਜ਼ਨ ਦੇ ਜੇ.ਈ. ਕੁਲਵੰਤ ਸਿੰਘ ਨੇ ਦੱਸਿਆ ਕਿ ਉੱਪਰਲੇ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਹੀ ਪਾਵਰ ਕੱਟ ਲਗਾਏ ਜਾਂਦੇ ਹਨ ਅਤੇ ਭਰੋਸਾ ਦਿੱਤਾ ਕਿ 30 ਜੂਨ ਤੱਕ ਖੇਤੀਬਾੜੀ ਸੈਕਟਰ ਨੂੰ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਕਿਸਾਨਾਂ ਨੇ ਕਿਹਾ ਕਿ ਉਹ ਸਰਕਾਰ ਦੇ ਇਸ ਭਰੋਸੇ ਤੇ ਨਜ਼ਰ ਰੱਖਣਗੇ ਅਤੇ ਜੇਕਰ ਹਾਲਾਤ ਵਿੱਚ ਸੁਧਾਰ ਨਾ ਆਇਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਗੁਰਮੀਤ ਸਿੰਘ, ਭਿੰਦਰ ਸਿੰਘ, ਸਰਬਜੀਤ ਸਿੰਘ ਸਮੇਤ ਵੱਖ-ਵੱਖ ਪਿੰਡਾਂ ਦੇ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

## ਭਾਸ਼ਾ ਵਿਭਾਗ ਨੂੰ ਖ਼ਤਮ ਕਰਨ 'ਤੇ ਤੁਲੀ ਨੌਕਰਸ਼ਾਹੀ : ਜਸਵੰਤ ਸਿੰਘ ਜ਼ਫ਼ਰ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੋਸ਼ ਲਾਇਆ ਕਿ ਸੂਬੇ ਦੀ ਉੱਚ ਨੌਕਰਸ਼ਾਹੀ ਦਾ ਇੱਕ ਖ਼ਾਸ ਧੜਾ ਸਾਜ਼ਿਸ਼ ਤਹਿਤ ਪੰਜਾਬ ਭਾਸ਼ਾ ਵਿਭਾਗ ਨੂੰ ਖ਼ਤਮ ਕਰਨ ਦੀ ਫਿਰਾਕ ਵਿੱਚ ਹੈ।ਡਾਇਰੈਕਟਰ ਜ਼ਫ਼ਰ ਨੇ ਕਿਹਾ ਕਿ ਮੁੱਖ ਮੰਤਰੀ ਦੇ ਹੁਕਮਾਂ ਦੇ ਬਾਵਜੂਦ ਪ੍ਰਿੰਟਿੰਗ ਤੇ ਸਟੇਸ਼ਨਰੀ ਵਿਭਾਗ ਵਿੱਚ ਛਪਾਈ ਦੀ ਉਡੀਕ ਕਰ ਰਹੀਆਂ ਵਿਭਾਗ ਦੀਆਂ ਲਗਭਗ 70 ਕਿਤਾਬਾਂ ਲਈ ਬਜਟ ਜਾਰੀ ਨਹੀਂ ਕੀਤਾ ਜਾ ਰਿਹਾ।ਪਿਛਲੇ ਤਿੰਨ ਮਹੀਨਿਆਂ ਦੌਰਾਨ ਕਰਾਏ 5 ਤੋਂ 6 ਅਹਿਮ ਸਮਾਗਮਾਂ ਦੀਆਂ ਅਦਾਇਗੀਆਂ 'ਤੇ ਵੀ ਅਧਿਕਾਰੀਆਂ ਨੇ ਰੋਕ ਲਾ ਦਿੱਤੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਸੇਵਾਦਾਰਾਂ ਅਤੇ ਸਫ਼ਾਈ ਕ੍ਰਮਚਾਰੀਆਂ ਦੀਆਂ ਲਗਭਗ 70 ਖਾਲੀ ਅਸਾਮੀਆਂ ਦੇ ਵਿਰੁੱਧ ਕੰਮ ਕਰ ਰਹੇ ਕੱਚੇ ਕ੍ਰਮਚਾਰੀਆਂ ਨੂੰ 1 ਅਪ੍ਰੈਲ ਤੋਂ ਬਾਅਦ ਸੇਵਾ ਜਾਰੀ ਰੱਖਣ ਦੀ ਮਨਜ਼ੂਰੀ ਨਹੀਂ ਦਿੱਤੀ ਗਈ।ਵਿਭਾਗ ਦੇ ਅਧਿਕਾਰੀਆਂ ਦੀਆਂ ਲੰਬਿਤ ਤਰੱਕੀਆਂ ਤੋਂ ਵੀ ਸਪੱਸ਼ਟ ਤੌਰ 'ਤੇ ਇਨਕਾਰ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਲੇਖਕਾਂ ਦੇ ਠਹਿਰਨ ਲਈ ਬਣੇ ਵਿਭਾਗ ਦੇ 'ਸਾਹਿਤ ਸਦਨ' ਤੋਂ ਐਨ.ਸੀ.ਸੀ. ਦਾ ਕਬਜ਼ਾ ਹਟਾਉਣ ਲਈ ਕਈ ਵਾਰ ਪੱਤਰ ਲਿਖੇ ਜਾਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ।



ਡਾਇਰੈਕਟਰ ਨੇ ਕਿਹਾ ਕਿ ਸੰਭਵ ਹੈ ਕਿ ਪਿਛਲੇ ਕੁਝ ਸਮੇਂ ਤੋਂ ਭਾਸ਼ਾ ਵਿਭਾਗ ਦੀ ਪ੍ਰਭਾਵਸ਼ਾਲੀ ਤੇ ਸਰਗਰਮ ਕਾਰਜਸ਼ੈਲੀ ਕੁਝ ਉੱਚ ਅਧਿਕਾਰੀਆਂ ਨੂੰ ਰਾਸ ਨਹੀਂ ਆ ਰਹੀ।ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਦੀ ਨਰਾਜ਼ਗੀ ਇਸ ਲਈ ਹੋਰ ਵੱਧ ਗਈ ਹੈ ਕਿਉਂਕਿ ਬਜਟ ਨਾ ਮਿਲਣ ਦੇ ਬਾਵਜੂਦ ਵਿਭਾਗ ਦੀ ਟੀਮ ਨੇ ਲੰਮੇ ਸਮੇਂ ਤੋਂ ਲੰਬਿਤ ਵਿਭਾਗੀ ਰਸਾਲਿਆਂ ਦਾ ਪ੍ਰਕਾਸ਼ਨ ਆਪਣੇ ਪੱਧਰ ਤੇ ਕਰ ਦਿੱਤਾ ਹੈ ਅਤੇ ਆਉਣ ਵਾਲੇ ਪ੍ਰੋਗਰਾਮਾਂ ਦੀ ਵੀ ਪੂਰੇ ਉਤਸ਼ਾਹ ਨਾਲ ਤਿਆਰੀ ਕਰ ਰਹੀ ਹੈ।

ਜ਼ਫ਼ਰ ਨੇ ਦੋਸ਼ ਲਗਾਇਆ ਕਿ ਇਹ ਸਾਰੀਆਂ ਕੋਝੀਆਂ ਸਾਜ਼ਿਸ਼ਾਂ ਵਿਭਾਗ ਦੇ ਕ੍ਰਮਚਾਰੀਆਂ ਦਾ ਮਨੋਬਲ ਤੋੜਨ ਤੇ ਵਿਭਾਗ ਨੂੰ ਨਿਸ਼ਕਿਰਿਆ ਬਣਾਉਣ ਦੇ ਮਕਸਦ ਨਾਲ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਾਰੀਆਂ ਰੁਕਾਵਟਾਂ ਦੇ ਬਾਵਜੂਦ ਭਾਸ਼ਾ ਵਿਭਾਗ ਦੀ ਪੂਰੀ ਟੀਮ ਪੰਜਾਬੀ ਮਾਂ-ਬੋਲੀ ਦੀ ਸੇਵਾ ਤੇ ਸਾਹਿਤ ਦੇ ਪ੍ਰਚਾਰ-ਪ੍ਰਸਾਰ ਲਈ ਪੂਰੀ ਨਿਸ਼ਠਾ ਅਤੇ ਉਤਸ਼ਾਹ ਨਾਲ ਕੰਮ ਕਰਦੀ ਰਹੇਗੀ।

## ਐੱਸ ਆਈ ਆਰ ਲੋਕਾਂ ਉਪਰ ਸਰਕਾਰ ਦਾ ਸਿੱਧਾ ਹਮਲਾ : ਜਮਹੂਰੀ ਅਧਿਕਾਰ ਸਭਾ



**ਲੁਧਿਆਣਾ (ਸਤੀਸ਼ ਸਚਦੇਵਾ)**

ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਮੀਟਿੰਗ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਐਸ ਆਈ ਆਰ ਨੂੰ ਲੋਕਾਂ ਦੀ ਨਾਗਰਿਕਤਾ ਉੱਪਰ, ਸਰਕਾਰ ਦਾ ਸਿੱਧਾ ਹਮਲਾ ਕਰਾਰ ਦਿੱਤਾ ਗਿਆ। ਸਭਾ ਦੇ ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਨੇ ਮੌਜੂਦਾ ਕੇਂਦਰ ਸਰਕਾਰ ਵੱਲੋਂ ਲੋਕਾਂ ਦੀ ਨਾਗਰਿਕਤਾ ਦਾ ਅਧਾਰ ਜਾਨਣ ਲਈ ਸ਼ੁਰੂ ਕੀਤੇ ਸਰਵੇ ਬਾਰੇ ਪਾਏ ਗਏ ਭਰਮਾਂ ਬਾਰੇ ਚਰਚਾ ਕਰਦਿਆਂ ਸਰਕਾਰ ਤੋਂ ਸਵਾਲ ਪੁੱਛਣ ਦੇ ਅਧਿਕਾਰਾਂ ਬਾਰੇ ਜਾਣਕਾਰੀ ਸਾਂਝਾ ਕੀਤੀ। ਮੀਟਿੰਗ ਵਿੱਚ ਸਰਕਾਰ 'ਤੇ ਸਵਾਲ ਕਰਕੇ ਇਹ ਪੁੱਛਣ ਦਾ ਫੈਸਲਾ ਲਿਆ ਗਿਆ ਕਿ ਲੋਕਾਂ ਦੀ ਨਾਗਰਿਕਤਾ ਦਾ ਸਬੂਤ ਜਾਨਣ ਤੋਂ ਪਹਿਲਾਂ ਸਰਕਾਰ ਆਪਣੀ ਨਾਗਰਿਕਤਾ ਬਾਰੇ ਸਪਸ਼ਟ ਕਰੇ। ਮੀਟਿੰਗ ਵਿੱਚ ਸਰਵਸੰਮਤੀ ਨਾਲ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ,ਗ੍ਰਹਿ ਮੰਤਰੀ ਅਮਿਤ ਸ਼ਾਹ , ਚੀਫ ਜਸਟਿਸ ਸੁਪਰੀਮ ਕੋਰਟ ਅਤੇ ਸਾਰੇ ਕੇਂਦਰੀ ਮੰਤਰੀ ਮੰਡਲ ਤੋਂ ਇਹ ਸਵਾਲ ਪੁੱਛਿਆ ਗਿਆ ਕਿ ਪਹਿਲਾਂ ਉਹ ਦੱਸਣ ਕਿ ਤੁਹਾਨੂੰ ਕਿਸ ਅਧਾਰ ਰਾਹੀਂ ਦੇਸ਼ ਦੀ ਨਾਗਰਿਕਤਾ ਮਿਲੀ ਹੋਈ ਹੈ ? ਤਾਂ ਕਿ ਦੇਸ਼ ਦੇ ਲੋਕ ਉਸ ਮਿਸਾਲ ਨੂੰ ਲਾਗੂ ਕਰਕੇ ਚਿੰਤਾ ਤੋਂ ਮੁਕਤ ਹੋ ਸਕਣ। ਜੇ ਵੋਟਰ ਕਾਰਡ, ਪਾਸ ਪੋਰਟ, ਅਧਾਰ ਕਾਰਡ ਆਦਿ ਕੋਈ ਵੀ ਨਾਗਰਿਕਤਾ ਦਾ ਸਬੂਤ ਨਹੀਂ ਤਾਂ ਉਪਰੋਕਤ ਅਧਿਕਾਰੀ ਹੋਰ ਕਿਹੜੇ ਪ੍ਰਮਾਣਿਤ ਅਧਾਰ ਅਨੁਸਾਰ ਦੇਸ਼ ਦੇ ਪਹਿਲੇ ਦਰਜੇ ਦੇ ਨਾਗਰਿਕ ਅਖਵਾਉਂਦੇ ਹਨ ? ਮੀਟਿੰਗ ਵਿੱਚ ਡਾ ਹਰਬੰਸ ਗਰੇਵਾਲ, ਪ੍ਰਮਜੀਤ ਸਿੰਘ,ਐਡਵੋਕੇਟ ਨਰਿੰਦਰ ਸਿੰਘ,ਬਲਵਿੰਦਰ ਸਿੰਘ, ਰਸ਼ਪਾਲ ਸਿੰਘ, ਸੁਖਵੀਰ ਸਿੰਘ ਸੋਖੀ, ਡਾ ਵੀ ਕੇ ਵਸਿਸ਼ਟ, ਸਤੀਸ਼ ਸੱਚਦੇਵਾ, ਅਜਮੇਰ ਦਾਖਾ, ਸਵਰਨਜੀਤ ਸਿੰਘ, ਅਰੁਣ ਕੁਮਾਰ, ਰਾਕੇਸ਼ ਆਜ਼ਾਦ ਅਤੇ ਹਰਪ੍ਰੀਤ ਕੌਰ ਸ਼ਾਮਲ ਸਨ।

## ਗੁਰੂ ਬਡਰੁੱਖਾਂ ਚੁਣੇ ਗਏ ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ

**ਸੰਗਰੂਰ (ਪ੍ਰਵੀਨ ਸਿੰਘ)**-ਲੰਘੇ ਦਿਨ ਕਾਂਗਰਸ ਦੇ ਯੂਥ ਆਗੂ ਗੁਰੂ ਬਡਰੁੱਖਾਂ ਵੱਲੋਂ ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਦੇ ਅਹੁਦੇ ਲਈ ਹੋਈ ਚੋਣ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਗਈ।ਗੁਰੂ ਬਡਰੁੱਖਾਂ ਸੰਗਰੂਰ ਜ਼ਿਲ੍ਹੇ ਦੇ ਇਤਿਹਾਸਿਕ ਪਿੰਡ ਬਡਰੁੱਖਾਂ ਨਾਲ ਸਬੰਧਿਤ ਨੌਜਵਾਨ ਅਤੇ ਮਿਹਨਤੀ ਆਗੂ ਹੈ। ਗੁਰੂ ਬਡਰੁੱਖਾਂ ਵੱਲੋਂ ਆਪਣੀ ਰਾਜਨੀਤੀ ਦੀ ਸ਼ੁਰੂਆਤ ਬਤੌਰ ਯੂਥ ਕਾਂਗਰਸੀ ਵਰਕਰ ਪਿਛਲੇ ਸਮੇਂ ਦੌਰਾਨ ਕੀਤੀ ਗਈ ਸੀ ਅਤੇ ਬਹੁਤ ਥੋੜੇ ਸਮੇਂ ਵਿੱਚ ਉਹਨਾਂ ਵੱਲੋਂ ਪਾਰਟੀ ਦੀ ਬਿਹਤਰੀ ਲਈ ਕੀਤੀ ਗਈ ਸਖ਼ਤ ਮਿਹਨਤ ਸਦਕਾ ਅੱਜ ਉਹਨਾਂ ਨੂੰ ਭਾਰੀ ਬਹੁਮਤ ਨਾਲ ਯੂਥ ਕਾਂਗਰਸ ਪੰਜਾਬ ਦਾ ਸੂਬਾ ਜਨਰਲ ਸਕੱਤਰ ਚੁਣਿਆ ਗਿਆ ਹੈ। ਬਡਰੁੱਖਾਂ ਨੇ ਇਸ ਜਿੱਤ ਬਾਰੇ ਬੋਲਦਿਆਂ ਕਿਹਾ ਕਿ ਉਹ ਇਸ ਕਾਮਯਾਬੀ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਕੈਬਨਿਟ ਮੰਤਰੀ ਸ਼੍ਰੀ ਵਿਜੈ ਇੰਦਰ ਸਿੰਗਲਾ, ਸੁਨਾਮ ਤੋਂ ਸੀਨੀਅਰ ਕਾਂਗਰਸੀ ਆਗੂ ਸ਼੍ਰੀ ਰਜਿੰਦਰ ਸਿੰਘ ਦੀਪਾ, ਸੀਨੀਅਰ ਕਾਂਗਰਸੀ ਆਗੂ ਜਸਵਿੰਦਰ ਸਿੰਘ ਧੀਮਾਨ, ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਗਾਗਾ, ਕੁਲਜੀਤ ਸਿੰਘ ਤੂਰ ਸਾਬਕਾ ਸਰਪੰਚ ਅਤੇ ਸੁਖਵਿੰਦਰ ਸਿੰਘ ਸੱਤੂ ਮੈਂਬਰ ਦੇ ਧੰਨਵਾਦੀ ਹਨ, ਜਿਹਨਾਂ ਦੇ ਸਦਕਾ ਉਹਨਾਂ ਨੂੰ ਯੂਥ ਕਾਂਗਰਸ ਪੰਜਾਬ ਵਿੱਚ ਕਾਂਗਰਸ ਪਾਰਟੀ ਵੱਲੋਂ ਸੂਬੇ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ।



## ਕਾਤਰਾਂ

### ਕਰੰਟ ਲੱਗਣ ਨਾਲ ਨੌਜਵਾਨ ਦੀ ਮੌਤ



**ਭੀਖੀ (ਧਰਮਵੀਰ ਸ਼ਰਮਾ)**-ਪਿੰਡ ਹਮੀਰਗੜ੍ਹ ਢੈਪਈ ਦੇ ਇੱਕ ਮਜਦੂਰ ਨੌਜਵਾਨ ਨੂੰ ਟੋਕਾ ਮਸ਼ੀਨ ਤੋਂ ਕਰੰਟ ਲੱਗਣ ਨਾਲ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। 26 ਸਾਲਾ ਸਹਿਜਪਾਲ ਸਿੰਘ ਪੁੱਤਰ ਗੁਰਦਾਸ ਸਿੰਘ ਖੇਤੋਂ ਕੰਮ ਤੋਂ ਘਰ ਪਰਤਿਆ ਤਾਂ ਸ਼ਾਮੀ ਟੋਕਾ ਮਸ਼ੀਨ 'ਤੇ ਪਸ਼ੂਆਂ ਲਈ ਹਰੇ ਚਾਰੇ ਦੀ ਕਟਾਈ ਕਰਨ ਲੱਗਿਆ ਤਾਂ ਅਚਾਨਕ ਮਸ਼ੀਨ ਦੀ ਬਿਜਲੀ ਮੋਟਰ ਤੋਂ ਉਸਨੂੰ ਜ਼ੋਰਦਾਰ ਕਰੰਟ ਲੱਗਿਆ, ਜਿਸ ਨਾਲ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਭੀਖੀ ਦੇ ਹੌਲਦਾਰ ਬਾਜਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਦੇ ਬਿਆਨਾਂ 'ਤੇ ਬੀ.ਐਨ.ਐਸ. ਦੀ ਧਾਰਾ 194 ਤਹਿਤ ਕਾਰਵਾਈ ਕਰਕੇ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ। ਪਿੰਡ ਦੀ ਸਰਪੰਚ ਰਣਜੀਤ ਕੌਰ ਤੇ ਅਮਰਿੰਦਰ ਸਿੰਘ ਜੱਸੜ ਨੇ ਦੱਸਿਆ ਕਿ ਨੌਜਵਾਨ ਅਨੁਸੂਚਿਤ ਜਾਤੀ ਨਾਲ ਸਬੰਧਤ ਸੀ ਤੇ ਦਿਹਾੜੀ ਕਰਕੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਰਿਹਾ ਸੀ, ਦੀ ਮੌਤ ਨਾਲ ਜਿਥੇ ਪਰਵਾਰ ਸਦਮੇ ਵਿੱਚ ਹੈ, ਉਥੇ ਉਨ੍ਹਾਂ ਦੇ ਵਿੱਤੀ ਹਾਲਾਤ ਵੀ ਤਰਸਯੋਗ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮ੍ਰਿਤਕ ਨੌਜਵਾਨ ਦੇ ਪਰਵਾਰ ਨੂੰ ਤੁਰੰਤ ਮਾਲੀ ਮਦਦ ਕੀਤੀ ਜਾਵੇ। ਪਿੰਡ ਹਮੀਰਗੜ੍ਹ ਢੈਪਈ ਦੇ ਤਿੰਨ ਨੌਜਵਾਨ ਇਸੇ ਮਹੀਨੇ ਵੱਖ-ਵੱਖ ਹਾਦਸਿਆਂ ਵਿੱਚ ਮਾਰੇ ਗਏ ਹਨ, ਜਿਸ ਕਾਰਨ ਪਿੰਡ ਵਿੱਚ ਗਮ ਦਾ ਮਾਹੌਲ ਹੈ।

### ਪਾਰਦਰਸ਼ੀ ਤਰੀਕੇ ਨਾਲ ਕਰਵਾਈ ਜਾ ਰਹੀ ਹੈ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ : ਜ਼ਿਲ੍ਹਾ ਚੋਣ ਅਫ਼ਸਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ ਚੋਣ ਕਮਿਸ਼ਨ ਅਤੇ ਪੰਜਾਬ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਵਿਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਨੂੰ ਪੂਰੀ ਪਾਰਦਰਸ਼ਤਾ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜਿਆ ਜਾਵੇਗਾ। ਇਸ ਕੰਮ ਲਈ ਬੀ ਐੱਲ ਓਜ਼ ਵੱਲੋਂ ਘਰ ਘਰ ਜਾ ਕੇ ਫਾਰਮ ਭਰੇ ਜਾ ਰਹੇ ਹਨ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦਾ ਉਦੇਸ਼ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਦੇ ਨਾਮ ਹਟਾਉਣਾ ਹੈ। ਜ਼ਿਲ੍ਹੇ ਦੇ ਕੁੱਲ 7,18,760 ਵੋਟਰਾਂ ਵਿੱਚੋਂ 6,16,817 ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਨ ਕੀਤਾ ਜਾ ਚੁੱਕਾ ਹੈ। ਜ਼ਿਲ੍ਹੇ ਵਿਚ ਕੁੱਲ 903 ਪੋਲਿੰਗ ਬੂਥਾਂ ਲਈ 903 ਬੀ.ਐੱਲ.ਓਜ਼ ਅਤੇ 91 ਸੈਕਟਰ ਅਫ਼ਸਰ ਤੈਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ 3 ਅਗਸਤ 2026 ਨੂੰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾਵੇਗੀ ਅਤੇ 3 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ 1 ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

## ਮਾਲਵਿਕਾ ਸੂਦ ਨੇ 'ਆਪ' ਨੂੰ ਲਾਈ ਸੰਨ੍ਹ, ਬਲਦੇਵ ਸਿੰਘ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**

ਜਿਉਂ-ਜਿਉਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਸਿਆਸੀ ਮਾਹੌਲ ਵੀ ਭਖਣਾ ਸ਼ੁਰੂ ਹੋ ਰਿਹਾ ਹੈ।ਸਾਰੀਆਂ ਰਾਜਨੀਤਿਕ ਪਾਰਟੀਆਂ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਵਿਰੋਧੀ ਪਾਰਟੀਆਂ ਦੀ ਮੋਹਰਲੀ ਕਤਾਰ ਦੇ ਆਗੂਆਂ ਨੂੰ ਆਪਣੇ ਨਾਲ ਜੋੜਨ ਲਈ ਪੂਰੀ ਤਾਕਤ ਨਾਲ ਸਰਗਰਮ ਹਨ। ਇਸੇ ਲੜੀ ਤਹਿਤ ਮੋਗਾ ਵਿਧਾਨ ਸਭਾ ਹਲਕੇ ਵਿਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ, ਜਦੋਂ ਹਲਕਾ ਇੰਚਾਰਜ ਮਾਲਵਿਕਾ ਸੂਦ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਆਗੂ ਬਲਦੇਵ ਸਿੰਘ ਆਪਣੇ ਕਈ ਸਾਥੀਆਂ ਸਮੇਤ ਕਾਂਗਰਸ ਵਿਚ ਸ਼ਾਮਲ ਹੋ ਗਏ।

ਸਮਾਗਮ ਦੌਰਾਨ ਮਾਲਵਿਕਾ ਸੂਦ ਵੱਲੋਂ ਬਲਦੇਵ ਸਿੰਘ ਤੇ ਉਨ੍ਹਾਂ ਨਾਲ ਆਏ ਸਾਰੇ ਸਾਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਵਿਚ ਹਰ ਮਿਹਨਤੀ ਤੇ ਲੋਕਾਂ ਦੀ ਸੇਵਾ ਕਰਨ ਵਾਲੇ ਆਗੂਆਂ ਅਤੇ ਵਰਕਰ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਨਵੇਂ ਸਾਥੀਆਂ ਨੂੰ ਬਣਦਾ ਸਤਿਕਾਰ ਅਤੇ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ ਤਾਂ ਜੁ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਸਕਣ।

ਮਾਲਵਿਕਾ ਸੂਦ ਨੇ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੇ ਵਿਚਾਰਧਾਰਾ ਤੋਂ ਪ੍ਰਭਾਵਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਤੇ ਵਰਕਰ ਲਗਾਤਾਰ ਕਾਂਗਰਸ ਨਾਲ ਜੁੜ ਰਹੇ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿਚ ਵੀ ਇਹ ਸਿਲਸਿਲਾ ਨਿਰੰਤਰ ਜਾਰੀ ਰਹੇਗਾ ਤੇ ਮੋਗਾ ਹਲਕੇ ਵਿਚ ਕਾਂਗਰਸ ਹੋਰ ਮਜ਼ਬੂਤ ਹੋ ਕੇ ਉਭਰੇਗੀ।ਸਿਆਸੀ ਹਲਕਿਆਂ ਵਿਚ ਇਹ ਵੀ ਚਰਚਾ ਹੈ ਕਿ ਮਾਲਵਿਕਾ ਸੂਦ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਵਿਰੋਧੀ ਪਾਰਟੀਆਂ ਦੇ ਪ੍ਰਭਾਵਸ਼ਾਲੀ ਆਗੂਆਂ ਤੇ ਵਰਕਰਾਂ ਨੂੰ ਕਾਂਗਰਸ ਵਿਚ ਸ਼ਾਮਲ ਕਰਵਾਉਣ ਵਿਚ ਸਫਲ ਰਹੀ ਹੈ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਨਾਲ ਔਰਤਾਂ ਦਾ ਸਨਮਾਨ ਵਧਿਆ : ਰੂਬੀ ਭਾਟੀਆ

**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਆਮ ਆਦਮੀ ਪਾਰਟੀ ਪਟਿਆਲਾ ਵੂਮੈਨ ਵਿੰਗ ਹਲਕਾ ਕੁਆਡੀਨੇਟਰ ਰੂਬੀ ਭਾਟੀਆ ਦੀ ਪ੍ਰਧਾਨਗੀ ਮਹਿਲਾ ਵਿੰਗ ਦੇ ਸਾਰੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਹੋਈ ਸਰਕਟ ਹਾਊਸ ਵਿਖੇ ਹੋਈ। ਮੀਟਿੰਗ 'ਚ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵਿਸ਼ੇਸ਼ ਤੌਰ 'ਤੇ ਪੁੱਜੇ।ਰੂਬੀ ਭਾਟੀਆ ਨੇ ਕਿਹਾ ਇਹ ਯੋਜਨਾ ਨਾਲ ਹਰ ਮਹਿਲਾ ਖੁਸ਼ ਹੈ।ਉਨ੍ਹਾਂ ਪੰਜਾਬ ਸਰਕਾਰ ਦਾ ਸੁਨੇਹਾ ਘਰ-ਘਰ ਪੁਚਾਉਣ ਲਈ ਸਾਰੇ ਅਹੁਦੇਦਾਰਾਂ ਦੀ ਡਿਊਟੀ ਲਾਈ। ਵਿਧਾਇਕ ਕੋਹਲੀ ਨੇ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਚੋਣਾਂ ਤੋਂ ਪਹਿਲਾਂ ਔਰਤਾਂ ਨੂੰ ਸਨਮਾਨ ਰਾਸ਼ੀ ਦੇਣ ਦੀ ਦਿੱਤੀ ਗਰੰਟੀ ਨੂੰ ਆਖਰ ਪੂਰਾ ਕਰਨ ਜਾ ਰਹੀ ਹੈ। ਮਾਂਵਾ-ਧੀਆਂ ਸਤਿਕਾਰ ਯੋਜਨਾ ਨਾਂਅ ਦੀ ਇਸ ਗਾਰੰਟੀ ਦੇ ਪੂਰਾ ਹੋਣ ਨਾਲ ਪੰਜਾਬ ਦੀਆਂ ਮਹਿਲਾਵਾਂ ਦਾ ਸਨਮਾਨ ਉੱਚਾ ਹੋਵੇਗਾ।ਕੋਹਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹੀ ਲੋਕ ਪੱਖੀ ਫ਼ੈਸਲੇ ਲੈਂਦੀ ਆਈ ਹੈ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਇਸ ਦਾ ਇਕ ਹੋਰ ਉਦਾਹਰਣ ਹੈ।ਉਰੂਬੀ ਭਾਟੀਆ ਨੇ ਕਿਹਾ ਕਿ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਇਹ ਯੋਜਨਾ ਅਹਿਮ ਭੂਮਿਕਾ ਨਿਭਾਏਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਦਿਸ਼ਾ ਵਿਚ ਇਕ ਹੋਰ ਵੱਡਾ ਕਦਮ ਚੁੱਕਿਆ ਹੈ।ਇਸ ਯੋਜਨਾ ਨਾਲ ਮਹਿਲਾਵਾਂ ਦੇ ਸਨਮਾਨ ਤੇ ਆਤਮ-ਵਿਸ਼ਵਾਸ ਵਿਚ ਵਾਧਾ ਹੋਵੇਗਾ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਸ ਯੋਜਨਾ ਨਾਲ ਔਰਤਾਂ ਦੀ ਆਰਥਿਕ ਸਥਿਤੀ ਵਿਚ ਸੁਧਾਰ ਆਵੇਗਾ ਤੇ ਉਨ੍ਹਾਂ ਦਾ ਸਮਾਜਿਕ ਸਨਮਾਨ ਹੋਰ ਵਧੇਗਾ।



## ਕੈਂਪ ਦੌਰਾਨ 365 ਮਰੀਜ਼ਾਂ ਦੀ ਜਾਂਚ ਕਰਕੇ 43 ਮੈਂਬਰ ਮੁਫ਼ਤ ਲੈਂਜ਼ ਲਈ ਚੁਣੇ



**ਬਰੇਟਾ (ਰੀਤਵਾਲ)**-ਆਸਰਾ ਫਾਊਂਡੇਸ਼ਨ ਵੱਲੋਂ ਸਵ: ਜਿਊਣਾ ਮੱਲ ਕਪੂਰ ਚੰਦ ਦੀ ਪਵਿੱਤਰ ਯਾਦ ਨੂੰ ਸਮਰਪਤ 150ਵਾਂ ਮੁਫ਼ਤ ਅੱਖਾਂ ਦਾ ਜਾਂਚ ਕੈਂਪ ਸ਼ੰਕਰਾ ਹਸਪਤਾਲ ਲੁਧਿਆਣਾ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਡਾ. ਬਿਸਵਾਹਾ ਦੀ ਅਗਵਾਈ ਹੇਠ ਸਫ਼ਲਤਾਪੂਰਵਕ ਲਾਇਆ ਗਿਆ।ਕੈਂਪ ਦੌਰਾਨ 365 ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 43 ਮਰੀਜ਼ਾਂ ਨੂੰ ਮੁਫ਼ਤ ਲੈਂਜ਼ ਲਵਾਉਣ ਲਈ ਚੁਣਿਆ ਗਿਆ।ਡਾਕਟਰਾਂ ਨੇ ਮਰੀਜ਼ਾਂ ਨੂੰ ਅੱਖਾਂ ਦੀ ਸਹੀ ਦੇਖਭਾਲ, ਸਮੇਂ-ਸਮੇਂ 'ਤੇ ਜਾਂਚ ਕਰਾਉਣ ਅਤੇ ਅੱਖਾਂ ਦੀਆਂ ਬਿਮਾਰੀਆਂ ਤੋਂ ਬਚਾਅ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਭੀਮ ਸਿੰਘ ਬਬਨਪੁਰ (ਸਾਬਕਾ ਸਰਪੰਚ), ਹਰਜਿੰਦਰ ਸਿੰਘ ਨੰਨੂ, ਰਘਬੀਰ ਸਿੰਘ ਗੁੱਡੂ, ਰਜਿੰਦਰ ਸਿੰਘ ਚਕੇਰੀਆ, ਪਰਗਟ ਸਿੰਘ ਫੌਜੀ ਕਾਹਨਗੜ੍ਹ, ਬਸੰਤ ਸਿੰਘ ਕੁਲਰੀਆਂ ਅਤੇ ਸ਼ਮਸ਼ੇਰ ਸਿੰਘ ਸੂਬੇਦਾਰ ਨੇ ਵੀ ਲੋਕਾਂ ਨੂੰ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਰਹਿਣ ਦਾ ਸੰਦੇਸ਼ ਦਿੱਤਾ।ਕੈਂਪ ਵਿੱਚ ਬਲਵਿੰਦਰ ਸਿੰਘ ਪਟਵਾਰੀ, ਇਕਬਾਲ ਸਿੰਘ ਬਖ਼ਸ਼ੀਵਾਲਾ, ਮਾਸਟਰ ਕੁਲਵੰਤ ਸਿੰਘ (ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ) ਤੇ ਰਜਿੰਦਰ ਕੁਮਾਰ ਮੋਨੀ (ਜ਼ਿਲ੍ਹਾ ਰੂਰਲ ਯੂਥ ਕਲੱਬ ਐਸੋਸੀਏਸ਼ਨ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਪਿਛਲੇ ਕਈ ਸਾਲਾਂ ਤੋਂ ਨਿਰੰਤਰ ਚਲਾਈ ਜਾ ਰਹੀ ਇਸ ਨਿਸ਼ਕਾਮ ਸੇਵਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਲਈ ਪ੍ਰੇਰਨਾਦਾਇਕ ਹਨ ਤੇ ਹਜ਼ਾਰਾਂ ਲੋੜਵੰਦਾਂ ਦੀ ਜ਼ਿੰਦਗੀ ਵਿੱਚ ਨਵੀਂ ਰੌਸ਼ਨੀ ਲਿਆ ਰਹੇ ਹਨ।ਕੈਂਪ ਦੌਰਾਨ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਦੇ ਮੁੱਖ ਸੇਵਾਦਾਰ ਬਾਬਾ ਰਣਜੀਤ ਸਿੰਘ ਜੀ ਟੈਨੀ ਵੱਲੋਂ ਸਮੂਹ ਸੰਗਤ ਲਈ ਲੰਗਰ ਦੀ ਸੇਵਾ ਨਿਭਾਈ ਗਈ।ਅੰਤ ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਸਮੂਹ ਦਾਨੀ ਸੱਜਣਾਂ, ਸ਼ੰਕਰਾ ਹਸਪਤਾਲ ਦੀ ਟੀਮ, ਸੇਵਾਦਾਰਾਂ ਤੇ ਸਹਿਯੋਗੀ ਸੰਸਥਾਵਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਵਿਸ਼ਵਾਸ ਦਿਵਾਇਆ ਗਿਆ ਕਿ ਲੋਕ ਭਲਾਈ ਦੀ ਇਹ ਨਿਸ਼ਕਾਮ ਸੇਵਾ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹੇਗੀ।

# ਨਾਟਕ 'ਵਗਦੇ ਪਾਣੀ ਦੀਆਂ ਲਹਿਰਾਂ ਨੂੰ ਮੋੜ' ਦਾ ਸਫ਼ਲ ਮੰਚਨ



**ਲੁਧਿਆਣਾ (ਸਤੀਸ਼ ਸਚਦੇਵਾ)**

ਪੰਜਾਬੀ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਬਲਰਾਜ ਸਾਹਨੀ ਖੁੱਲਾ ਰੰਗਮੰਚ, ਪੰਜਾਬੀ ਭਵਨ ਵਿਖੇ ਨਾਟਕਕਾਰ ਤਰਲੋਚਨ ਸਿੰਘ ਦੇ ਲਿਖੇ ਤੇ ਨਿਰਦੇਸ਼ਿਤ ਨਾਟਕ ਨਾਟਕ 'ਵਗਦੇ ਪਾਣੀ ਦੀਆਂ ਲਹਿਰਾਂ ਨੂੰ ਮੋੜ' ਦਾ ਸਫਲ ਮੰਚਨ ਕੀਤਾ ਗਿਆ।ਇਹ ਨਾਟਕ ਸਮਾਗਮ ਉੱਘੇ ਨਾਟਕਕਾਰ, ਕਵੀ ਤੇ ਸਾਹਿਤ ਦੀ ਬਹੁਪੱਖੀ ਸ਼ਖ਼ਸੀਅਤ ਡਾ. ਐਸ. ਐਨ. ਸੇਵਕ ਜੀ ਨੂੰ ਸਮਰਪਤ ਕੀਤਾ ਗਿਆ।

ਡਾ. ਐਸ. ਐਨ. ਸੇਵਕ ਦੇ ਬੇਟੇ ਆਦਿਤਿਅ ਸੇਵਕ ਮੌਜੂਦ ਸਨ।ਰੰਗਮੰਚ ਰੰਗਨਗਰੀ ਦੇ ਮੀਤ ਪ੍ਰਧਾਨ ਜਗਜੀਤ ਸਿੰਘ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਡਾ. ਐਸ. ਐਨ. ਸੇਵਕ ਦੀ ਤਸਵੀਰ ਤੇ ਫੁੱਲ ਭੇਂਟ ਕਰਕੇ ਅਤੇ ਸ਼ਮਾ ਰੌਸ਼ਨ ਕਰਕੇ ਕੀਤੀ ਗਈ। ਇਹ ਨਾਟਕ ਮੌਜੂਦਾ ਸਮੇਂ ਵਿੱਚ ਘਰਾਂ ਅੰਦਰ ਬਜ਼ੁਰਗ ਪਰਵਾਰਕ ਮੈਂਬਰਾਂ ਨਾਲ ਪੈਸੇ ਦੀ ਦੌੜ ਵਿੱਚ ਲੱਗੇ ਬੱਚਿਆਂ ਵੱਲੋਂ ਕੀਤੀ ਅਣਦੇਖੀ ਦੇ ਚਲਦਿਆਂ ਇਕੱਲਤਾ ਦਾ ਸ਼ਿਕਾਰ ਹੋਣ ਬਾਰੇ ਗੱਲ ਕਰਦਾ ਹੈ।ਦਰਸ਼ਕਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ ਤੇ ਨਾਟਕ ਦੇ ਭਾਵੁਕ ਪਲਾਂ ਦੀ ਸ਼ਾਨਦਾਰ ਪੇਸ਼ਕਾਰੀ ਨਾਲ ਆਪਣੇ ਆਪ ਨੂੰ ਨਾਟਕ ਵਿੱਚ ਜੁੜਿਆ ਮਹਿਸੂਸ ਕੀਤਾ ਅਤੇ ਅਦਾਕਾਰਾਂ ਦੀ ਪ੍ਰਸ਼ੰਸਾ ਕੀਤੀ।ਨਾਟਕ ਵਿੱਚ ਹਰਮੀਤ ਸਿੰਘ, ਕਮਲਦੀਪ ਕੌਰ, ਸਿਮਰਨਜੀਤ ਕੌਰ, ਸਾਹਿਲ ਕਪੂਰ, ਤਰਲੋਚਨ ਸਿੰਘ ਨੇ ਅਦਾਕਾਰੀ ਕੀਤੀ।

ਇਸ ਦੌਰਾਨ ਲਲਿਤ ਬੇਰੀ ਵੱਲੋਂ ਮਰਹੂਮ ਆਦਿਤਿਯਾ ਜੇਤਲੀ (ਪੱਤਰਕਾਰ) ਲਿਖੀ ਪੁਸਤਕ ਵੀ ਲੋਕ ਅਰਪਣ ਕੀਤੀ ਗਈ।ਸਮਾਗਮ ਵਿੱਚ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰੱਸਟ ਦੇ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਤੇ ਸਕੱਤਰ ਜਸਵੰਤ ਜੀਰਖ, ਪੰਜਾਬੀ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਪ੍ਰੋ. ਗੁਲਜ਼ਾਰ ਪੰਧੇਰ, ਪੰਜਾਬ ਸੰਗੀਤ ਨਾਟਕ ਅਕੈਡਮੀ ਦੇ ਪ੍ਰਧਾਨ ਅਸ਼ਵਨੀ ਚੇਟਲੀ, ਡਾ ਸੇਵਕ ਦੇ ਸਹਿਯੋਗੀ ਰਹੇ ਮਲਕੀਤ ਸਿੰਘ ਔਲਖ, ਨਾਟਕ ਟੀਮ ਦੇ ਸਰਪ੍ਰਸਤ ਅਸ਼ਵਨੀ ਜੇਤਲੀ ਆਦਿ ਮੌਜੂਦ ਸਨ।ਮੀਨੂੰ ਸ਼ਰਮਾ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।

## ਚੰਨੀ ਨੂੰ ਮੁੱਖ ਮੰਤਰੀ ਚਿਹਰਾ ਐਲਾਨਿਆ ਜਾਵੇ : ਐਡਵੋਕੇਟ ਬੱਲੀ

**ਮਾਨਸਾ (ਆਤਮਾ ਸਿੰਘ ਪਮਾਰ)**-ਸੂਬੇ 'ਚ ਸਰਕਾਰ ਬਣਾਉਣ ਲਈ ਕਾਂਗਰਸ ਹਾਈਕਮਾਂਡ ਵੱਲੋਂ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਸੰਸਦ ਚਰਨਜੀਤ ਸਿੰਘ ਚੰਨੀ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਲਈ ਮੁੱਖ ਮੰਤਰੀ ਦੇ ਚਿਹਰੇ ਵਜੋਂ ਐਲਾਨਣਾ ਚਾਹੀਦਾ ਹੈ।ਇਸ ਤੋਂ ਇਲਾਵਾ ਨਾਲ ਹੀ ਵਿਧਾਨ ਸਭਾ ਚੋਣਾਂ ਤੋਂ ਘੱਟੋ-ਘੱਟ ਤਿੰਨ ਤੋਂ ਚਾਰ ਮਹੀਨੇ ਪਹਿਲਾਂ ਉਮੀਦਵਾਰਾਂ ਦੀਆਂ ਟਿਕਟਾਂ ਦਾ ਐਲਾਨ ਵੀ ਕਰ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੁ ਉਮੀਦਵਾਰ ਪੂਰੀ ਤਨਦੇਹੀ ਨਾਲ ਚੋਣ ਤਿਆਰੀ 'ਚ ਜੁਟ ਸਕਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਬੁਲਾਰੇ ਐਡਵੋਕੇਟ ਬਲਕਰਨ ਸਿੰਘ ਬੱਲੀ ਨੇ ਕੀਤਾ। ਬੱਲੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਪੰਜਾਬ ਦੇ ਹਰ ਵਰਗ 'ਚ ਬੇਹੱਦ ਲੋਕਪ੍ਰਿਯ ਅਤੇ ਮਕਬੂਲ ਆਗੂ ਵਜੋਂ ਉਭਰ ਚੁੱਕੇ ਹਨ।ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਪਾਰੀਆਂ, ਨੌਜਵਾਨਾਂ ਅਤੇ ਸਮਾਜ ਦੇ ਹਰ ਵਰਗ 'ਚ ਉਨ੍ਹਾਂ ਪ੍ਰਤੀ ਵਿਸ਼ਵਾਸ ਅਤੇ ਸਤਿਕਾਰ ਹੈ।ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਪਾਰਟੀ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨਦੀ ਹੈ ਤਾਂ ਪੰਜਾਬ 'ਚ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਮਿਲ ਸਕਦਾ ਹੈ।ਐਡਵੋਕੇਟ ਬੱਲੀ ਨੇ ਕਿਹਾ ਕਿ ਜੇਕਰ ਕਾਂਗਰਸ ਪਾਰਟੀ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨਣ 'ਚ ਦੇਰੀ ਕਰਦੀ ਹੈ ਜਾਂ ਉਨ੍ਹਾਂ ਨੂੰ ਅੱਗੇ ਨਹੀਂ ਲਿਆਉਂਦੀ ਤਾਂ ਇਹ ਪਾਰਟੀ ਲਈ ਇੱਕ ਵੱਡੀ ਸਿਆਸੀ ਭੁੱਲ ਸਾਬਤ ਹੋ ਸਕਦੀ ਹੈ।ਇਸ ਨਾਲ ਖ਼ਾਸ ਕਰਕੇ ਦਲਿਤ ਵਰਗ ਦਾ ਇੱਕ ਹਿੱਸਾ ਭਾਜਪਾ (ਬੀਜੇਪੀ) ਵੱਲ ਆਕਰਸ਼ਤ ਹੋ ਸਕਦਾ ਹੈ, ਜਿਸ ਦਾ ਖਮਿਆਜ਼ਾ ਕਾਂਗਰਸ ਨੂੰ ਭੁਗਤਣਾ ਪੈ ਸਕਦਾ ਹੈ।



## ਬੇਰੁਜ਼ਗਾਰਾਂ ਨੇ ਅਮਨ ਅਰੋੜਾ ਦੀ ਕੋਠੀ ਵੱਲ ਕੀਤਾ ਰੋਸ ਮਾਰਚ

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ ਅਸ਼ੋਕ ਬਾਂਸਲ)**-ਪੰਜਾਬ ਸਰਕਾਰ ਵੱਲੋਂ ਗਿਣਾਈਆਂ ਜਾ ਰਹੀਆਂ ਆਪਣੀਆਂ ਪ੍ਰਾਪਤੀਆਂ ਨੂੰ ਝੂਠੀਆਂ ਆਖਦੇ ਹੋਏ ਬੇਰੁਜ਼ਗਾਰ ਸਾਂਝੇ ਮੋਰਚੇ ਨੇ ਸਰਕਾਰ ਦੇ ਬਰਾਬਰ ਆਪਣੀ ਸੱਥ ਲਾਉਣ ਦੀ ਮੁਹਿੰਮ ਵਿੱਢੀ ਹੋਈ ਹੈ।ਪਿਛਲੇ ਦਿਨਾਂ ਵਿੱਚ ਉਹਨਾਂ ਨੇ ਮੁੱਖ ਮੰਤਰੀ ਦੇ ਪਿੰਡ ਸਤੌਜ ਅਤੇ ਸ਼ਹਿਰ ਸੰਗਰੂਰ ਅੰਦਰ ਵੀ ਬੇਰੁਜ਼ਗਾਰਾਂ ਦੀ ਸੱਥ ਲਗਾਈ ਸੀ।ਐਤਵਾਰ ਨੂੰ ਸਥਾਨਕ ਸਿਵਲ ਹਸਪਤਾਲ ਸਾਹਮਣੇ ਓਵਰ ਬ੍ਰਿਜ ਹੇਠਾਂ ਇਕੱਠੇ ਹੋ ਕੇ ਬੇਰੁਜ਼ਗਾਰਾਂ ਨੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੀ ਕੋਠੀ ਵੱਲ ਨੂੰ ਰੋਸ ਮਾਰਚ ਕੀਤਾ ਪ੍ਰੰਤੂ ਕੋਠੀ ਨੇੜੇ ਵੱਡੀ ਗਿਣਤੀ ਵਿਚ ਪਹਿਲਾਂ ਤੋਂ ਹੀ ਤਾਇਨਾਤ ਭਾਰੀ ਪੁਲਿਸ ਨੇ ਬੇਰੁਜ਼ਗਾਰਾਂ ਨੂੰ ਕੋਠੀ ਨੇੜੇ ਹੀ ਡੱਕ ਲਿਆ।ਸਕਤੇ ਵਿੱਚ ਆਏ ਬੇਰੁਜ਼ਗਾਰਾਂ ਨੇ ਦੁਪਹਿਰ ਨੂੰ ਤਪਦੀ ਸੜਕ ਉੱਤੇ ਹੀ ਸ਼੍ਰੀ ਅਮਨ ਅਰੋੜਾ ਲਈ ਕੁਰਸੀ ਰੱਖ ਕੇ ਬੇਰੁਜ਼ਗਾਰਾਂ ਦੀ ਸੱਥ ਸ਼ੁਰੂ ਕਰ ਦਿੱਤੀ।ਉਹਨਾਂ ਸ਼੍ਰੀ ਅਰੋੜਾ ਨੂੰ ਬੇਰੁਜ਼ਗਾਰਾਂ ਦੀ ਸੱਥ ਵਿੱਚ ਪਹੁੰਚ ਕੇ ਬੇਰੁਜ਼ਗਾਰਾਂ ਨਾਲ ਰੁਜ਼ਗਾਰ ਦੇ ਮੁੱਦੇ 'ਤੇ ਬਹਿਸ ਕਰਨ ਦਾ ਸੱਦਾ ਦਿੱਤਾ।ਬੇਰੁਜ਼ਗਾਰ ਸਾਂਝੇ ਮੋਰਚੇ ਦੇ ਕਨਵੀਨਰ ਸੁਖਵਿੰਦਰ ਸਿੰਘ ਢਿੱਲਵਾਂ, ਰਮਨ ਕੁਮਾਰ ਮਲੋਟ ,ਅਮਨ ਸੇਖਾ, ਹਰਜਿੰਦਰ ਝਨੀਰ ਅਤੇ ਲਖਬੀਰ ਸਿੰਘ ਸਿਰੀਏਵਾਲੇ ਦੀ ਅਗਵਾਈ ਵਿੱਚ ਇਕੱਠੇ ਹੋਏ ਬੇਰੁਜ਼ਗਾਰਾਂ ਨੇ ਪੰਜਾਬ ਸਰਕਾਰ ਦੇ ਉਸ ਪ੍ਰਚਾਰ ਨੂੰ ਝੂਠਾ ਦੱਸਿਆ ਜਿਸ ਵਿੱਚ ਸਰਕਾਰ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਵੱਡੀ ਗਿਣਤੀ ਨੌਕਰੀਆਂ ਦੇਣ ਦੇ ਦਾਅਵੇ ਕਰ ਰਹੀ ਹੈ। ਇਸ ਮੌਕੇ ਭਰਾਤਰੀ ਜਥੇਬੰਦੀਆਂ ਦੇ ਆਗੂ ਬਲਵੀਰ ਚੰਦ ਲੌਂਗੋਵਾਲ, ਗੋਬਿੰਦ ਛਾਜਲੀ, ਜੁਝਾਰ ਸਿੰਘ ਲੌਂਗੋਵਾਲ ਤੋ ਇਲਾਵਾ ਬੇਰੁਜ਼ਗਾਰ ਆਗੂ ਸੰਦੀਪ ਮੋਫ਼ਰ, ਗਗਨਦੀਪ ਕੌਰ, ਗੁਰਜੀਤ ਕੌਰ, ਅਮਨਦੀਪ ਕੌਰ, ਰਾਜਵੀਰ ਕੌਰ, ਸ਼ਿੰਦਰਪਾਲ ਕੌਰ, ਸੁਖਵੀਰ ਕੌਰ, ਸਿਮਰਨਜੀਤ ਕੌਰ, ਲਲਿਤਾ ਪਟਿਆਲਾ, ਸੁਖਪਾਲ ਖਾਨ, ਸਾਬਰ ਖਾਂ, ਗੁਰਪਰੀਤ ਸਿੰਘ ਗਾਜ਼ੀਪੁਰ, ਅਵਤਾਰ ਸਿੰਘ ਭੁੱਲਰ ਹੇੜੀ, ਮਨਦੀਪ ਸਿੰਘ ਭੱਦਲ ਵੱਢ, ਗਗਨਦੀਪ ਸਿੰਘ ਮਾਲੇਰਕੋਟਲਾ, ਲਖਵੀਰ ਸਿੰਘ ਲੱਖਾ ਬੀਹਲਾ, ਗੁਰਦੀਪ ਰਾਮਗੜ੍ਹ, ਅਵਤਾਰ ਹਰੀਗੜ੍ਹ, ਹਰਸ਼ਰਨ ਭੱਠਲ, ਰਣਜੀਤ ਮੌੜ, ਦਰਸ਼ਨ ਸਿੰਘ ਲੱਡਾ, ਸ਼ਮਸ਼ੇਰ ਰੱਲੀ, ਗੁਰਜੰਟ ਖੱਤਰੀ ਵਾਲਾ, ਹਰਮੇਸ਼ ਸਿੰਘ ਆਦਿ ਹਾਜ਼ਰ ਸਨ।



## ਸਕੂਲ ਲੈਕਚਰਾਰਾਂ ਦੀ ਭਰਤੀ ਲਈ ਸੋਧਿਆ ਇਸ਼ਤਿਹਾਰ ਜਾਰੀ ਕੀਤਾ ਜਾਵੇ : ਨਵਪ੍ਰੀਤ ਬੱਲੀ




**ਸ਼੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ)**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।ਮੀਟਿੰਗ ਦੀ ਕਾਰਵਾਈ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ ਨੇ ਚਲਾਈ ।ਮੀਟਿੰਗ ਵਿੱਚ ਇਸ ਗੱਲ 'ਤੇ ਵਿਚਾਰ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਲੈਕਚਰਾਰ ਵਿਸ਼ਿਆਂ ਦੀ ਭਰਤੀ ਲਈ 829 ਪੋਸਟਾਂ ਦੇ ਵਿਗਿਆਪਨ/ ਇਸ਼ਤਿਹਾਰ ਜਾਰੀ ਕੀਤੇ ਗਏ ਹਨ ਪਰ ਇਹਨਾਂ ਵਿਗਿਆਪਨਾਂ 'ਚ ਤਕਨੀਕੀ ਗਲਤੀਆਂ ਵੇਖਣ ਨੂੰ ਮਿਲੀਆਂ ਹਨ ਜਿਵੇਂ ਕਿ ਫਿਜਿਕਸ, ਕਮਿਸਟਰੀ, ਕਮਰਸ, ਅਰਥ ਸ਼ਾਸਤਰ , ਜੀਓਗਰਾਫੀ, ਅਤੇ ਪੰਜਾਬੀ ਵਿਸ਼ਿਆਂ ਵਿੱਚ ਰੀਜ਼ਰਵੇਸ਼ਨ ਕੈਟਾਗਰੀਆਂ ਦੀਆਂ ਪੋਸਟਾਂ ਦੀ ਗਿਣਤੀ ਨਹੀਂ ਦਰਸਾਈ ਗਈ । ਇਸ ਤੋਂ ਸਿੱਧ ਹੁੰਦਾ ਹੈ ਕਿ ਸਰਕਾਰ ਪਾੜੋ ਤੇ ਰਾਜ ਕਰੋ ਦੀ ਨੀਤੀ ਨੂੰ ਲਾਗੂ ਕਰਕੇ ਮੁਲਾਜ਼ਮਾਂ ਵਿੱਚ ਫੁੱਟ ਪਾਉਣਾ ਚਾਹੁੰਦੀ ਹੈ ਪਰ ਪੰਜਾਬ ਦੇ ਇਨਸਾਫ਼ ਪਸੰਦ ਲੋਕ ਸਰਕਾਰ ਨੂੰ ਇਸ ਮਨਸੂਬੇ ਵਿੱਚ ਕਾਮਯਾਬ ਨਹੀਂ ਹੋਣ ਦੇਣਗੇ ।ਇਸ਼ਤਿਹਾਰ ਵਿੱਚ ਦੂਸਰੀ ਗਲਤੀ ਇਹ ਹੈ ਕਿ ਲੈਕਚਰਾਰ ਦੀ ਪੋਸਟ ਲਈ ਪੋਸਟ ਗ੍ਰੈਜੂਏਸ਼ਨ ਕਲਾਸ ਵਿੱਚ 55% ਨੰਬਰ ਹੋਣੇ ਚਾਹੀਦੇ ਹਨ ਜਦ ਕਿ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪ੍ਰੋਫੈਸਰ ਦੀ ਪੱਦਵੀ ਲਈ ਜਨਰਲ / ਅਨ ਰੀਜ਼ਰਵੇਸ਼ਨ ਕੈਟਾਗਰੀਆਂ ਲਈ 55% ਨੰਬਰ ਹੋਣੇ ਚਾਹੀਦੇ ਹਨ ਅਤੇ ਬਾਕੀ ਰੀਜ਼ਰਵੇਸ਼ਨ ਕੈਟਾਗਰੀਆਂ ਲਈ 50% ਨੰਬਰ ਹੋਣੇ ਚਾਹੀਦੇ ਹਨ ਪਰ ਸਿੱਖਿਆ ਵਿਭਾਗ ਪੰਜਾਬ ਵੱਲੋਂ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੇ ਨਿਯਮਾਂ ਨੂੰ ਛਿੱਕੇ ਟੰਗ ਕੇ ਸਾਰੇ ਲੈਕਚਰਾਰਾਂ ਲਈ 55% ਨੰਬਰਾਂ ਦੀ ਸ਼ਰਤ ਲਾਗੂ ਕਰ ਦਿੱਤੀ ਗਈ ਹੈ । ਜਥੇਬੰਦੀ ਪੁਰਜ਼ੋਰ ਸ਼ਬਦਾਂ ਨਾਲ ਨਿਖੇਧੀ ਕਰਦੀ ਹੈ ਅਤੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਕੋਲੋਂ ਮੰਗ ਕੀਤੀ ਜਾਂਦੀ ਹੈ ਕਿ ਵਿਗਿਆਪਨਾਂ 'ਚ ਸੋਧ ਕੀਤੀ ਜਾਵੇ ਅਤੇ ਹਰੇਕ ਵਰਗ ਨੂੰ ਬਣਦਾ ਸੰਵਿਧਾਨਿਕ ਹੱਕ ਦਿੱਤਾ ਜਾਵੇ ਨਹੀਂ ਤਾਂ ਜਥੇਬੰਦੀ ਇਨਸਾਫ਼ ਪਸੰਦ ਲੋਕਾਂ ਦੇ ਸਹਿਯੋਗ ਨਾਲ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ਜਿਸ ਦੀ ਜ਼ਿੰਮੇਵਾਰੀ ਸਿੱਖਿਆ ਵਿਭਾਗ ਪੰਜਾਬ ਦੇ ਅਧਿਕਾਰੀਆਂ ਦੀ ਹੋਵੇਗੀ।ਮੀਟਿੰਗ ਵਿੱਚ ਅਧਿਆਪਕਾਂ ਦੀ ਡਰੱਗ ਜਣਗਣਨਾ ਵਿੱਚ ਜ਼ਬਰਦਸਤੀ ਡਿਊਟੀ ਲਗਾਉਣ ਦਾ ਵੀ ਸਖ਼ਤ ਨੋਟਿਸ ਲਿਆ ਗਿਆ।

# ਨਸ਼ੇ ਸਮੇਤ ਸਮਾਜ ਦੀ ਹਰ ਸਮੱਸਿਆ ਦਾ ਮੂਲ ਕਾਰਨ ਭ੍ਰਿਸ਼ਟਾਚਾਰ : ਨਿਰੰਜਨ ਸਿੰਘ

**ਮੋਗਾ (ਇਕਬਾਲ ਸਿੰਘ ਖਹਿਰਾ)**




ਸਮਾਜ ਵਿੱਚ ਭ੍ਰਿਸ਼ਟਾਚਾਰ ਐਨੀ ਵੱਡੀ ਪੱਧਰ ਤੇ ਫੈਲ ਚੁੱਕਿਆ ਹੈ ਕਿ ਇਹ ਕਈ ਰੂਪਾਂ ਵਿੱਚ ਸਾਨੂੰ ਪ੍ਰਭਾਵਤ ਕਰ ਰਿਹਾ ਹੈ।ਜ਼ਰੂਰੀ ਨਹੀਂ ਕਿ ਕੋਈ ਨਜਾਇਜ਼ ਕੰਮ ਕਰਾਉਣ ਬਦਲੇ ਦਿੱਤੀ ਗਈ ਰਾਸ਼ੀ ਭ੍ਰਿਸ਼ਟਾਚਾਰ ਹੈ ਬਲਕਿ ਆਪਣੀ ਡਿਊਟੀ ਪ੍ਰਤੀ ਕੁਤਾਹੀ ਜਾਂ ਗੈਰ ਜ਼ਿੰਮੇਵਾਰੀ ਵੀ ਭ੍ਰਿਸ਼ਟਾਚਾਰ ਹੈ।ਪੰਜਾਬ ਵਿੱਚ ਨਸ਼ਿਆਂ ਸਮੇਤ ਹਰ ਸਮੱਸਿਆ ਦਾ ਮੂਲ ਕਾਰਨ ਭ੍ਰਿਸ਼ਟਾਚਾਰ ਹੀ ਹੈ, ਜਿਸ ਨੂੰ ਖਤਮ ਕਰਨ ਲਈ ਇਮਾਨਦਾਰ ਤੇ ਸੁਹਿਰਦ ਲੋਕਾਂ ਦਾ ਇੱਕ ਮੰਚ ਤੇ ਇਕੱਤਰ ਹੋਣਾ ਜ਼ਰੂਰੀ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਸਿਵਲ ਸੁਸਾਇਟੀ ਵੱਲੋਂ ਆਯੋਜਤ ਮਾਲਵੇ ਦੇ ਅੱਠ ਜ਼ਿਲ੍ਹਿਆਂ ਦੇ ਸਮਾਜ ਸੇਵੀਆਂ ਕੀਤਾ।ਉਨ੍ਹਾਂ ਦੱਸਿਆ ਕਿ ਆਪਣੀ ਸਰਵਿਸ ਦੌਰਾਨ ਉਨ੍ਹਾਂ ਨੇ 70 ਦੇ ਕਰੀਬ ਨਸ਼ੇ ਦੇ ਵੱਡੇ ਸੁਦਾਗਰਾਂ ਖਿਲਾਫ ਕੇਸ ਦਰਜ ਕੀਤੇ ਸਨ, ਜਿਨ੍ਹਾਂ ਵਿੱਚੋਂ 25 ਨੂੰ ਸਜ਼ਾ ਹੋ ਚੁੱਕੀ ਹੈ ਤੇ 45 ਕੇਸਾਂ ਦੀ ਪੈਰਵਾਈ ਹਾਲੇ ਵੀ ਉਹ ਆਪਣੇ ਖਰਚੇ 'ਤੇ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਪੂਰਨ ਤੌਰ 'ਤੇ ਖਤਮ ਕਰਨਾ ਭਾਵੇਂ ਅਸੰਭਵ ਹੈ, ਪਰ ਫਿਰ ਵੀ ਜੇਕਰ ਸਰਕਾਰ ਇਮਾਨਦਾਰੀ ਨਾਲ ਕੋਸ਼ਿਸ਼ ਕਰੇ ਤਾਂ ਨਸ਼ੇ ਕਾਰਨ ਮਰਨ ਵਾਲਿਆਂ ਦੀ ਮੌਤ ਦਰ ਬਹੁਤ ਘੱਟ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਮੈਂ ਪੂਰੇ ਪੰਜਾਬ ਵਿੱਚ ਸਮਾਜ ਸੇਵੀ ਲੋਕਾਂ ਨਾਲ ਮੀਟਿੰਗਾਂ ਕਰਕੇ ਇੱਕ ਅਜਿਹੀ ਟੀਮ ਤਿਆਰ ਕਰਾਂਗਾ, ਜੋ ਨਸ਼ਿਆਂ ਤੇ ਭ੍ਰਿਸ਼ਟਾਚਾਰ ਸਮੇਤ ਸਮਾਜ ਦੀ ਹਰ ਬੁਰਾਈ ਨੂੰ ਜੜ੍ਹੋਂ ਪੁੱਟਣ ਲਈ ਜ਼ਮੀਨੀ ਪੱਧਰ ਤੇ ਕੰਮ ਕਰੇਗੀ ਤੇ ਸਰਕਾਰਾਂ ਨੂੰ ਵੀ ਇਮਾਨਦਾਰੀ ਨਾਲ ਕੰਮ ਕਰਨ ਲਈ ਮਜਬੂਰ ਕਰੇਗੀ।ਇਸ ਮੌਕੇ ਗੁਰਵਿੰਦਰ ਸ਼ਰਮਾ ਬਠਿੰਡਾ, ਪ੍ਰਦੀਪ ਰਾਣਾ ਫਿਰੋਜ਼ਪੁਰ, ਸੁਖਵਿੰਦਰ ਸਿੰਘ ਮਠਾੜੂ ਅਮ੍ਰਿਤਸਰ, ਸੁਖਦੀਪ ਸਿੰਘ ਭਾਮ ਫਰੀਦਕੋਟ, ਦਵਿੰਦਰ ਨੀਟੂ ਕੋਟਕਪੂਰਾ, ਦੀਪਕ ਗਰਗ ਮੁਕਤਸਰ, ਸੀਰਾ ਮੌੜ ਬਰਨਾਲਾ ਤੇ ਗੁਰਪ੍ਰੀਤ ਸਿੰਘ ਪਲਾਹਾ ਲੁਧਿਆਣਾ, ਕੇ ਐਸ ਮਾਨ, ਜੱਸ ਢਿੱਲੋਂ, ਐਡਵੋਕੇਟ ਰਵਿੰਦਰ ਕੌਰ, ਐਡਵੋਕੇਟ ਰਾਜੇਸ਼ ਸ਼ਰਮਾ, ਜਸਵਿੰਦਰ ਸਿੰਘ ਸਰਾਵਾਂ, ਅਤੇ ਸੋਨੀਆ ਅਨੇਜਾ ਮੋਗਾ ਨੇ ਜ਼ਮੀਨੀ ਪੱਧਰ ਦੀਆਂ ਹਕੀਕਤਾਂ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਨਸ਼ੇ ਪੰਜਾਬ ਦੀ ਜਵਾਨੀ ਨੂੰ ਦੀਮਕ ਵਾਂਗ ਖਾ ਰਹੇ ਹਨ ਤੇ ਭ੍ਰਿਸ਼ਟਾਚਾਰ ਇਸ ਕਦਰ ਵਧ ਚੁੱਕਾ ਹੈ ਕਿ ਜੇਕਰ ਕਿਸੇ ਦਾ ਮੁਫਤ ਵਿੱਚ ਕੰਮ ਹੋ ਜਾਂਦਾ ਹੈ ਤਾਂ ਲੋਕ ਕੰਮ ਦੀ ਗੁਣਵੱਤਾ ਤੇ ਸ਼ੱਕ ਕਰਨ ਲੱਗ ਜਾਂਦੇ ਹਨ।

ਉਨ੍ਹਾਂ ਨਿਰੰਜਨ ਸਿੰਘ ਨੂੰ ਉਨ੍ਹਾਂ ਦੇ ਮਿਸ਼ਨ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਵਾਅਦਾ ਕਰਦਿਆਂ ਕਿਹਾ ਕਿ ਅਸੀਂ ਇਕੱਲੇ ਇਕੱਲੇ ਲੜ ਰਹੇ ਹਾਂ, ਇਸੇ ਕਾਰਨ ਭ੍ਰਿਸ਼ਟ ਅਧਿਕਾਰੀ ਸਾਨੂੰ ਨਜਾਇਜ਼ ਪਰਚਿਆਂ ਜਾਂ ਹੋਰ ਡਰਾਵੇ ਦੇ ਕੇ ਚੁੱਪ ਕਰਾਉਣ ਦੀ ਕੋਸ਼ਿਸ਼ ਕਰਦੇ ਹਨ।ਜੇਕਰ ਅਸੀਂ ਇਕੱਠੇ ਹੋ ਕੇ ਯਤਨ ਕਰੀਏ ਤਾਂ ਨਤੀਜੇ ਬਹੁਤ ਵਧੀਆ ਹੋਣਗੇ।ਇਸ ਮੌਕੇ ਬਾਰ ਐਸੋਸੀਏਸ਼ਨ ਮੋਗਾ ਦੇ ਪ੍ਰਧਾਨ ਐਸ ਐਸ ਸਿੱਧੂ ਨੇ ਨਿਰੰਜਨ ਸਿੰਘ ਜੀ ਤਾਰੀਫ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਉਨ੍ਹਾਂ ਵਰਗੀ ਇਮਾਨਦਾਰ ਅਗਵਾਈ ਦੀ ਲੋੜ ਹੈ।ਉਨ੍ਹਾਂ ਬਾਰ ਐਸੋਸੀਏਸ਼ਨ ਵੱਲੋਂ ਨਜਾਇਜ਼ ਪਰਚਿਆਂ ਦੀ ਮਾਰ ਝੱਲ ਰਹੇ ਸਿਵਲ ਸੁਸਾਇਟੀ ਮੈਂਬਰਾਂ ਨੂੰ ਮੁਫਤ ਕਨੂੰਨੀ ਸਹਾਇਤਾ ਦੇਣ ਲਈ ਪੰਜ ਵਕੀਲਾਂ ਦੇ ਪੈਨਲ ਦਾ ਵੀ ਐਲਾਨ ਕੀਤਾ।

ਮੀਟਿੰਗ ਦੀ ਸਮਾਪਤੀ ਮੌਕੇ ਸਿਵਲ ਸੁਸਾਇਟੀ ਮੋਗਾ ਦੇ ਐਡਵਾਈਜਰ ਡਾ ਕੁਲਦੀਪ ਸਿੰਘ ਗਿੱਲ ਨੇ ਮੋਗਾ ਤੇ ਵੱਖ ਵੱਖ ਜਿਲਿਆਂ ਤੋਂ ਆਏ ਸਮਾਜ ਸੇਵੀਆਂ ਦਾ ਉਚੇਚਾ ਧੰਨਵਾਦ ਵੀ ਕੀਤਾ ਅਤੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਅਮ੍ਰਿਤਸਰ, ਬਠਿੰਡਾ ਅਤੇ ਫਰੀਦਕੋਟ ਵਿੱਚ ਵੀ ਅਜਿਹੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ।

## ਮੋਦੀ ਸਰਕਾਰ ਨੇ ਕਾਰਪੋਰੇਟਾਂ ਤੇ ਅਮੀਰ ਘਰਾਣਿਆਂ ਨੂੰ ਦਿੱਤੀਆਂ ਮੋਟੀਆਂ ਸੁਗਾਤਾਂ : ਚੰਨੋਂ




**ਮਾਨਸਾ (ਆਤਮਾ ਸਿੰਘ ਪਮਾਰ)**-ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੀ ਜ਼ਿਲ੍ਹਾ ਪੱਧਰੀ ਮੀਟਿੰਗ ਸਥਾਨਕ ਕਾਮਰੇਡ ਗੱਜਣ ਸਿੰਘ ਟਾਂਡੀਆਂ ਭਵਨ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਜਗਸੀਰ ਸਿੰਘ ਜੱਗਾ ਬਰੇਟਾ ਵੱਲੋਂ ਕੀਤੀ ਗਈ। ਮੀਟਿੰਗ 'ਚ ਸੀ.ਪੀ.ਆਈ.(ਐਮ) ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਕਾਮਰੇਡ ਚੰਨੋਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਆਪਣੇ ਡੇਢ ਦਹਾਕੇ ਦੇ ਰਾਜ ਭਾਗ 'ਚ ਦੇਸ਼ ਅਤੇ ਦੇਸ਼ ਦੇ ਕਿਰਤੀ ਕਿਸਾਨਾਂ ਅਤੇ ਆਮ ਲੋਕਾਂ ਦੀ ਭਲਾਈ ਲਈ ਕੁੱਝ ਵੀ ਨਹੀਂ ਕੀਤਾ ਸਗੋਂ ਲੋਟੂ ਕਾਰਪੋਰੇਟਾਂ ਅਤੇ ਅਮੀਰਾਂ ਘਰਾਣਿਆਂ ਨੂੰ ਮੋਟੀਆਂ ਸੁਗਾਤਾਂ ਨਾਲ ਨਿਵਾਜਿਆ ਹੈ।ਇਨ੍ਹਾਂ ਕਾਰਪੋਰੇਟ ਘਰਾਣਿਆਂ ਤੋਂ ਚੋਣ ਬਾਂਡਾਂ ਰਾਹੀਂ ਕਰੋੜਾਂ-ਅਰਬਾਂ ਰੁਪਏ ਹਾਸਲ ਕੀਤੇ ਹਨ।ਕਮਿਊਨਿਸਟ ਆਗੂ ਨੇ ਕਿਹਾ ਕਿ ਦੇਸ਼ 'ਚ ਜਮਹੂਰੀਅਤ, ਧਰਮ ਨਿਰਪੱਖਤਾ, ਸੰਵਿਧਾਨ ਅਤੇ ਸੰਵਿਧਾਨਕ ਸੰਸਥਾਵਾਂ ਨੂੰ ਬਚਾਉਣ ਲਈ ਭਾਜਪਾ-ਆਰ.ਐਸ.ਐਸ ਦੀ ਫਿਰਕੂ ਫਾਸ਼ੀਵਾਦੀ,ਕਾਰਪੋਰੇਟ ਅਤੇ ਅਮਰੀਕਾ ਸਾਮਰਾਜੀ ਜੁੰਡਲੀ ਵਿਰੁੱਧ ਸੰਘਰਸ਼ ਨੂੰ ਜ਼ਮੀਨੀ ਪੱਧਰ 'ਤੇ ਹੋਰ ਤੇਜ਼ ਕਰਨਾ ਹੋਵੇਗਾ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਪਿਛਲੀਆਂ ਅਕਾਲੀ-ਕਾਂਗਰਸੀ ਸਰਕਾਰਾਂ ਨੂੰ ਵੀ ਮਾਤ ਪਾ ਦਿੱਤੀ ਹੈ।ਸੂਬੇ ਦਾ ਬੁਰਾ ਹਾਲ ਹੈ।ਅਫ਼ਸਰਸ਼ਾਹੀ ਬੇਲਗਾਮ ਹੋ ਚੁੱਕੀ ਹੈ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਅਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਦੱਸਿਆ ਕਿ ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ 7 ਜੁਲਾਈ ਨੂੰ ਭੀਖੀ, 8 ਨੂੰ ਝੁਨੀਰ, 9 ਨੂੰ ਬਰੇਟਾ ਅਤੇ 10 ਜੁਲਾਈ ਨੂੰ ਮਾਨਸਾ ਵਿਖੇ ਰੋਸ ਪ੍ਰਦਰਸ਼ਨ ਕਰਕੇ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਅਤੇ ਰਾਜਪਾਲ ਪੰਜਾਬ ਨੂੰ ਭੇਜੇ ਜਾਣਗੇ।

## ਵਾਤਾਵਰਨ ਨੂੰ ਸੰਤੁਲਿਤ ਰੱਖਣ 'ਚ ਰੁੱਖ ਨਿਭਾਉਂਦੇ ਹਨ ਅਹਿਮ ਭੂਮਿਕਾ



**ਭੀਖੀ (ਹਰਮਦੀਪ ਸ਼ਰਮਾ)**-"ਇੱਕ ਰੁੱਖ ਸੌ ਸੁੱਖ" ਇਹ ਕਹਾਵਤ ਰੁੱਖਾਂ ਦੀ ਮਹੱਤਤਾ ਨੂੰ ਸਪਸ਼ਟ ਤੌਰ 'ਤੇ ਦਰਸਾਉਂਦੀ ਹੈ। ਰੁੱਖ ਕੁਦਰਤ ਦੀ ਅਨਮੋਲ ਦਾਤ ਹਨ ਅਤੇ ਧਰਤੀ ਉੱਤੇ ਜੀਵਨ ਦਾ ਅਹਿਮ ਆਧਾਰ ਮੰਨੇ ਜਾਂਦੇ ਹਨ। ਮਨੁੱਖ, ਪਸ਼ੂ-ਪੰਛੀਆਂ ਅਤੇ ਹੋਰ ਜੀਵਾਂ ਦੀ ਹੋਂਦ ਰੁੱਖਾਂ ਨਾਲ ਗਹਿਰੇ ਤੌਰ 'ਤੇ ਜੁੜੀ ਹੋਈ ਹੈ। ਰੁੱਖ ਸਾਨੂੰ ਸ਼ੁੱਧ ਹਵਾ, ਆਕਸੀਜਨ, ਫਲ, ਛਾਂ, ਦਵਾਈਆਂ ਅਤੇ ਹੋਰ ਬਹੁਤ ਸਾਰੀਆਂ ਲਾਭਦਾਇਕ ਵਸਤੂਆਂ ਪ੍ਰਦਾਨ ਕਰਦੇ ਹਨ। ਭਾਰਤੀਯ ਐਂਬੇਡਕਰ ਮਿਸ਼ਨ ਦੇ ਸੂਬਾ ਯੂਥ ਪ੍ਰਧਾਨ ਰਮਨੀਸ਼ ਸ਼ਰਮਾ ਨੇ ਇਹ ਪ੍ਰਗਟਾਵਾ ਕਰਦਿਆਂ ਹੋਰ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਧਾਰ ਹਨ। ਰੁੱਖਾਂ ਤੋਂ ਬਿਨਾਂ ਧਰਤੀ 'ਤੇ ਜੀਵਨ ਦੀ ਕਲਪਨਾ ਕਰਨੀ ਮੁਸ਼ਕਿਲ ਹੈ। ਵਾਤਾਵਰਨ ਪ੍ਰੇਮੀ ਜਤਿੰਦਰ ਵਿੱਕੀ ਮੈਨੇਜਿੰਗ ਨੇ ਕਿਹਾ ਕਿ ਰੁੱਖ ਵਾਤਾਵਰਨ ਦਾ ਸੰਤੁਲਨ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਰੁੱਖ ਮੀਂਹ ਪੈਣ ਵਿੱਚ ਸਹਾਇਕ ਹੁੰਦੇ ਹਨ ਅਤੇ ਮਿੱਟੀ ਦੇ ਕਟਾਅ ਨੂੰ ਰੋਕਦੇ ਹਨ। ਦੀਸ਼ਾ ਇਮੀਗ੍ਰੇਸ਼ਨ ਦੇ ਐਮ.ਡੀ. ਪ੍ਰਿੰਸ ਬਾਂਸਲ ਨੇ ਕਿਹਾ ਕਿ ਸਿਰਫ਼ ਰੁੱਖ ਲਗਾਉਣਾ ਹੀ ਕਾਫ਼ੀ ਨਹੀਂ, ਉਨ੍ਹਾਂ ਦੀ ਸਹੀ ਸਾਂਭ-ਸੰਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ। ਐਡਵੋਕੇਟ ਕੁਲਬੀਰ ਸਿੰਘ ਤੂਬਲ ਨੇ ਕਿਹਾ ਕਿ ਰੁੱਖ ਸਾਡੀ ਧਰਤੀ ਦੀ ਸੁੰਦਰਤਾ ਵਧਾਉਂਦੇ ਹਨ। ਇਹ ਮਨੁੱਖੀ ਜੀਵਨ ਦੇ ਨਾਲ-ਨਾਲ ਜੰਗਲੀ ਜੀਵਾਂ ਲਈ ਵੀ ਬਹੁਤ ਮਹੱਤਵਪੂਰਨ ਹਨ। ਕਾਂਗਰਸੀ ਆਗੂ ਰਮੇਸ਼ ਜੋਸ਼ੀ ਨੀਟਾ ਨੇ ਕਿਹਾ ਕਿ ਸਾਨੂੰ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ ਦੇ ਨਾਲ-ਨਾਲ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਅਸੀਂ ਸਾਰੇ ਆਪਣੇ ਘਰਾਂ ਅਤੇ ਸਕੂਲਾਂ ਵਿੱਚ ਪੌਦੇ ਲਗਾ ਕੇ ਵਾਤਾਵਰਨ ਨੂੰ ਬਚਾਉਣ ਵਿੱਚ ਯੋਗਦਾਨ ਦੇ ਸਕਦੇ ਹਾਂ।

## ਵਿਦਿਆਰਥੀਆਂ ਨੇ ਨੈਸ਼ਨਲ ਲੈਵਲ ਦੀ ਗੇਟ ਪ੍ਰੀਖਿਆ 'ਚ ਮਾਰਿਆ ਮਾਰਕਾ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਦੇ ਦੋ ਹੋਣਹਾਰ ਵਿਦਿਆਰਥੀਆਂ ਵੱਲੋਂ ਗੇਟ ਪ੍ਰੀਖਿਆ ਵਿੱਚ ਸ਼ਾਨਦਾਰ ਸਫ਼ਲਤਾ ਹਾਸਲ ਕਰਨ 'ਤੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਵਾਈਸ-ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਦਾ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਆਪਣੀ ਮਿਆਰੀ ਸਿੱਖਿਆ ਅਤੇ ਉੱਚ ਪੱਧਰੀ ਖੋਜ ਕਾਰਜਾਂ ਸਦਕਾ ਕੌਮੀ ਪੱਧਰ 'ਤੇ ਵਿਲੱਖਣ ਪਛਾਣ ਬਣਾ ਰਿਹਾ ਹੈ।ਉਨ੍ਹਾਂ ਅੱਗੇ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਹਰ ਸਾਲ ਵੱਖ-ਵੱਖ ਰਾਸ਼ਟਰੀ ਪੱਧਰ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਸਫ਼ਲਤਾ ਹਾਸਲ ਕਰ ਰਹੇ ਹਨ। ਉਹ ਗੇਟ, ਨੈੱਟ, ਜੇਆਰਐੱਫ, ਸੀਟੈੱਟ, ਪੀਐੱਸਟੈੱਟ ਸਮੇਤ ਹੋਰ ਅਨੇਕਾਂ ਪ੍ਰਤੀਯੋਗੀ ਪ੍ਰੀਖਿਆਵਾਂ ਸਫਲਤਾਪੂਰਵਕ ਪਾਸ ਕਰਕੇ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ ਤੇ ਸਿੱਖਿਆ ਦੀ ਪ੍ਰੰਪਰਾ ਨੂੰ ਹੋਰ ਮਜ਼ਬੂਤ ਕਰ ਰਹੇ ਹਨ।

ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਦੱਸਿਆ ਕਿ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਦੇ ਵਿਦਿਆਰਥੀ ਦਵਿੰਦਰ ਢਿੱਲੋਂ ਤੇ ਜੀਵਨ ਸਿੰਘ ਨੇ ਆਪਣੀ ਮਿਹਨਤ ਅਤੇ ਲਗਨ ਸਦਕਾ ਰਾਸ਼ਟਰੀ ਪੱਧਰ ਦੀ ਗੇਟ ਪ੍ਰੀਖਿਆ ਸਫ਼ਲਤਾਪੂਰਵਕ ਪਾਸ ਕੀਤੀ ਹੈ।ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਦੋਵੇਂ ਵਿਦਿਆਰਥੀਆਂ, ਵਿਭਾਗ ਤੇ ਸਮੂਹ ਯੂਨੀਵਰਸਿਟੀ ਪਰਿਵਾਰ ਨੂੰ ਵਧਾਈ ਦਿੱਤੀ।ਵਿਭਾਗ ਇੰਚਾਰਜ ਡਾ. ਰੁਪਿੰਦਰ ਪਾਲ ਸਿੰਘ ਨੇ ਦੱਸਿਆ ਕਿ ਉਕਤ ਦੋਵੇਂ ਵਿਦਿਆਰਥੀ ਇਸ ਸਮੇਂ ਬੀ.ਟੈਕ. ਫੂਡ ਪ੍ਰੋਸੈਸਿੰਗ ਟੈਕਨਾਲੋਜੀ ਦੇ ਆਖਰੀ ਸਮੈਸਟਰ ਵਿੱਚ ਆਪਣਾ ਖੋਜ ਪ੍ਰੋਜੈਕਟ ਯੂਨੀਵਰਸਿਟੀ ਵਿਖੇ ਹੀ ਕਰ ਰਹੇ ਸਨ।ਗੇਟ ਪ੍ਰੀਖਿਆ ਵਿੱਚ ਪ੍ਰਾਪਤ ਮੈਰਿਟ ਦੇ ਆਧਾਰ 'ਤੇ ਹੁਣ ਦੋਵੇਂ ਵਿਦਿਆਰਥੀਆਂ ਦੀ ਚੋਣ ਦੇਸ਼ ਦੀ ਪ੍ਰਸਿੱਧ ਸੰਸਥਾ ਇੰਸਟੀਚਿਊਟ ਆਫ ਕੈਮੀਕਲ ਟੈਕਨਾਲੋਜੀ, ਮੁੰਬਈ ਵਿੱਚ ਐਮ.ਟੈਕ. ਦੀ ਪੜ੍ਹਾਈ ਲਈ ਹੋਈ ਹੈ, ਜਿੱਥੇ ਉਹ ਵਜ਼ੀਫ਼ੇ ਸਮੇਤ ਆਪਣੀ ਉੱਚ ਸਿੱਖਿਆ ਪ੍ਰਾਪਤ ਕਰਨਗੇ।

## ਪ੍ਰਾਪਰਟੀ ਡੀਲਰ ਰਣਜੀਤ ਉੱਪਲ ਨੂੰ ਸਦਮਾ, ਪਿਤਾ ਦਾ ਦੇਹਾਂਤ



**ਬਠਿੰਡਾ (ਰਾਜੀਵ ਗੋਇਲ)** ਕਸਬਾ ਭਗਤਾ ਇਲਾਕੇ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਉਣ ਵਾਲੇ ਪ੍ਰੋਪਰਟੀ ਡੀਲਰ ਰਣਜੀਤ ਉੱਪਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਹਨਾਂ ਦੇ ਪਿਤਾ ਤਲਵਿੰਦਰ ਸਿੰਘ ਉੱਪਲ ਸੰਖੇਪ ਬਿਮਾਰੀ ਦੇ ਚਲਦਿਆਂ ਇਸ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ।ਦੱਸਣਾ ਬਣਦਾ ਹੈ ਕਿ ਤਲਵਿੰਦਰ ਉੱਪਲ ਪਿਛਲੇ ਕਾਫੀ ਲੰਮੇ ਸਮੇਂ ਤੋਂ ਭਿਆਨਕ ਬਿਮਾਰੀ ਤੋਂ ਪੀੜਿਤ ਸਨ ਪਰ ਹੁਣ ਕਰੀਬ ਛੇ ਮਹੀਨੇ ਠੀਕ ਹੋਣ ਤੋਂ ਬਾਅਦ ਦਿਲ ਦੇ ਕਮਜ਼ੋਰ ਹੋਣ ਕਾਰਨ ਇਸ ਦੁਨੀਆਂ ਤੋਂ ਰੁਖਸਤ ਹੋ ਗਏ ਹਨ। ਇਸ ਦੁੱਖ ਦੀ ਘੜੀ ਵਿੱਚ ਰਣਜੀਤ ਉੱਪਲ ਨਾਲ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ, ਚੇਅਰਮੈਨ ਜਤਿੰਦਰ ਸਿੰਘ ਭੱਲਾ, ਚੇਅਰਮੈਨ ਇੰਦਰਜੀਤ ਸਿੰਘ ਮਾਨ,ਬੂਟਾ ਸਿੰਘ ਸਿੱਧੂ ਸਾ. ਪ੍ਰਧਾਨ ਨਗਰ ਪੰਚਾਇਤ ਭਗਤਾ, ਇੰਦਰਜੀਤ ਨਾਗਪਾਲ, ਰਾਕੇਸ਼ ਕੁਮਾਰ ਸਿੰਗਲਾ, ਮਿੰਟੂ ਗਰਗ, ਲਖਵੀਰ ਸਿੰਘ ਕੌਂਸਲਰ, ਪਰਮਜੀਤ ਬਿਦਰ, ਵਿਜੇ ਕੁਮਾਰ ਪੱਪੂ, ਸ਼ੈਂਕੀ ਗੋਇਲ, ਗਗਨਦੀਪ ਗਰੇਵਾਲ, ਸੁਨੀਲ ਕੁਮਾਰ ਭਦੌੜੀਆ, ਪੰਨੂ ਨੰਬਰਦਾਰ, ਵਕੀਲ ਪੁਨੀਤ ਚੀਮਾ, ਕਮਲ ਸ਼ਰਮਾ, ਗੁਰਦੀਪ ਸਿੰਘ ਵਕੀਲ ਸਮੇਤ ਭਗਤਾ ਇਲਾਕੇ ਦੇ ਸਮੂਹ ਸਿਆਸੀ ਤੇ ਵਪਾਰੀ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਮਾਨਸਾ ਤੇ ਜੀਂਦ ਰੇਲਵੇ ਸਟੇਸ਼ਨਾਂ ਲਈ ਟੈਂਡਰ ਮਨਜ਼ੂਰ



**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਨਾਲ ਸੰਬੰਧਤ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲਗਾਤਾਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ, ਰੇਲਵੇ ਦੇ ਉੱਚ ਅਧਿਕਾਰੀਆਂ ਨਾਲ ਮੁਲਾਕਾਤਾਂ ਕਰਨ ਅਤੇ ਨਿਰੰਤਰ ਪੱਤਰ-ਵਿਹਾਰ ਕਰਨ ਸਦਕਾ ਇੱਕ ਹੋਰ ਮਹੱਤਵਪੂਰਨ ਪ੍ਰਾਪਤੀ ਸਾਹਮਣੇ ਆਈ ਹੈ।ਐਸੋਸੀਏਸ਼ਨ ਦਾ ਇੱਕ ਵਫ਼ਦ ਸ਼੍ਰੀ ਪੁਸ਼ਪੇਸ਼ ਰਮਨ ਤ੍ਰਿਪਾਠੀ, ਡੀ.ਆਰ.ਐਮ, ਨਾਰਦਰਨ ਰੇਲਵੇ, ਦਿੱਲੀ ਡਿਵੀਜ਼ਨ ਨੂੰ ਮਿਲਿਆ।

ਨਾਰਦਰਨ ਰੇਲਵੇ, ਦਿੱਲੀ ਡਿਵੀਜ਼ਨ ਵੱਲੋਂ ਮਾਨਸਾ ਤੇ ਜੀਂਦ ਰੇਲਵੇ ਸਟੇਸ਼ਨਾਂ ਦੇ ਵਿਕਾਸ ਲਈ ਕੁੱਲ ?8,05,71,095/- ਦਾ ਟੈਂਡਰ ਮਨਜ਼ੂਰ ਕਰਕੇ ਪਾਣੀਪਤ ਦੀ ਇੱਕ ਕੰਪਨੀ ਨੂੰ ਅਲਾਟ ਕਰ ਦਿੱਤਾ ਗਿਆ ਹੈ।ਇਸ ਟੈਂਡਰ ਅਧੀਨ ਮਾਨਸਾ ਰੇਲਵੇ ਸਟੇਸ਼ਨ 'ਤੇ ਪਲੇਟਫਾਰਮ ਨੰਬਰ 1 ਅਤੇ 2/3 ਦੀ ਸਰਫੇਸਿੰਗ, ਸਟੇਸ਼ਨ ਦੀ ਨਵੀਂ ਇਮਾਰਤ ਦੇ ਨੇੜੇ ਸ਼ੈਡ ਦੀ ਉਸਾਰੀ, ਕੋਚ ਇੰਡੀਕੇਸ਼ਨ ਸਿਸਟਮ ਦੀ ਸਥਾਪਨਾ, ਦੋਵੇਂ ਪਲੇਟਫਾਰਮਾਂ 'ਤੇ ਬਿਜਲੀ ਦੇ ਪੋਲਾਂ ਨਾਲ ਸੰਬੰਧਤ ਕੰਮ, ਦੋਵੇਂ ਪਲੇਟਫਾਰਮਾਂ 'ਤੇ ਬੈਠਣ ਦੀ ਉਚਿਤ ਵਿਵਸਥਾ, ਪਹਿਲਾਂ ਤੋਂ ਬਣੇ ਸ਼ੈਡਾਂ ਦੇ ਚਾਰੇ ਪਾਸੇ ਧੁੱਪ ਤੇ ਮੀਂਹ ਤੋਂ ਯਾਤਰੀਆਂ ਦੀ ਸੁਰੱਖਿਆ ਲਈ ਝਾਲਰਾਂ ਲਗਾਉਣ, ਪਲੇਟਫਾਰਮ ਨੰਬਰ 2 'ਤੇ ਯੂਰੀਨਲ ਤੇ ਵਾਸ਼ਰੂਮ ਦਾ ਨਿਰਮਾਣ, ਸਟੇਸ਼ਨ ਨਾਲ ਲੱਗਦੇ ਪਾਰਕਿੰਗ ਏਰੀਏ ਦਾ ਵਿਸਥਾਰ, ਪੁਰਾਣੇ ਰੇਲਵੇ ਕਵਾਰਟਰਾਂ ਦੀ ਢਾਹ-ਢੁਹਾਈ ਤੇ ਲੋੜ ਅਨੁਸਾਰ ਨਵੀਆਂ ਇਮਾਰਤਾਂ ਦੀ ਉਸਾਰੀ ਆਦਿ ਕੰਮ ਸ਼ਾਮਲ ਹਨ।ਇਹ ਕੰਮ ਬਹੁਤ ਜਲਦੀ ਸ਼ੁਰੂ ਹੋਣ ਜਾ ਰਿਹਾ ਹੈ।ਇਸ ਤੋਂ ਇਲਾਵਾ, ਐਸੋਸੀਏਸ਼ਨ ਵੱਲੋਂ ਕੀਤੀ ਗਈ ਮੰਗ ਅਨੁਸਾਰ ਦੋਵੇਂ ਪਲੇਟਫਾਰਮਾਂ 'ਤੇ ਆਉਣ-ਜਾਣ ਲਈ ਲਿਫਟਾਂ ਨੂੰ ਜਲਦੀ ਚਾਲੂ ਕਰਨ ਦੀ ਪ੍ਰਕਿਰਿਆ ਵੀ ਅੰਤਿਮ ਪੜਾਅ 'ਚ ਹੈ। ਉਮੀਦ ਹੈ ਕਿ ਅਗਲੇ 20 ਦਿਨਾਂ ਦੇ ਅੰਦਰ ਲਿਫਟਾਂ ਦੀ ਕਮਿਸ਼ਨਿੰਗ ਹੋ ਜਾਵੇਗੀ, ਜਿਸ ਨਾਲ ਯਾਤਰੀਆਂ, ਬਜ਼ੁਰਗਾਂ, ਦਿਵਿਆਂਗ ਜਨਾਂ ਤੇ ਮਹਿਲਾਵਾਂ ਨੂੰ ਵੱਡੀ ਸਹੂਲਤ ਮਿਲੇਗੀ।

## ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਕਾਸੋ ਅਪ੍ਰੇਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੁਜਾ)**-ਸੀਨੀਅਰ ਪੁਲਿਸ ਕਪਤਾਨ (ਐਸ ਐਸ ਪੀ) ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐੱਸ. ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਜ਼ਿਲ੍ਹੇ ਅੰਦਰ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਜਾ ਰਹੇ ਹਨ। ਇਸੇ ਮੁਹਿੰਮ ਦੇ ਤਹਿਤ ਸ਼ਨੀਵਾਰ ਨੂੰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੇ ਇਲਾਕੇ ਵਿੱਚ ਡੀ.ਐੱਸ.ਪੀ. (ਡੀ) ਸ੍ਰੀ ਰਸ਼ਪਾਲ ਸਿੰਘ ਦੀ ਨਿਗਰਾਨੀ ਹੇਠ ਇੰਸਪੈਕਟਰ ਰਵਿੰਦਰ ਕੌਰ, ਮੁੱਖ ਅਫ਼ਸਰ ਥਾਣਾ ਸਿਟੀ ਅਤੇ ਪੁਲਿਸ ਪਾਰਟੀ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਥਾਵਾਂ, ਜਿਵੇਂ ਕਿ ਪਾਰਕਾਂ, ਚੌਕਾਂ, ਦਾਣਾ ਮੰਡੀ, ਰੇਲਵੇ ਵੇਟਿੰਗ ਰੂਮ ਆਸ ਪਾਸ ਅਤੇ ਹੋਰ ਜਨਤਕ ਸਥਾਨਾਂ 'ਤੇ ਕਾਸੋ ਆਪ੍ਰੇਸ਼ਨ ਚਲਾਇਆ ਗਿਆ। ਇਸ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਵਾਹਨਾਂ ਦੀ ਤਲਾਸ਼ੀ ਲਈ ਗਈ ਅਤੇ ਉਨ੍ਹਾਂ ਦੀ ਪਛਾਣ ਦੀ ਪੁਸ਼ਟੀ ਕੀਤੀ ਗਈ। ਲੋਕਾਂ ਨਾਲ ਗੱਲਬਾਤ ਕਰਕੇ ਨਸ਼ਾ ਤਸਕਰੀ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਸਬੰਧੀ ਜਾਣਕਾਰੀ ਇਕੱਠੀ ਕੀਤੀ ਗਈ। ਇਸ ਤੋਂ ਇਲਾਵਾ ਪੀ.ਏ.ਆਈ.ਐੱਸ. ਵੀ ਪੀ ਏ ਐਸ ਐਪ ਰਾਹੀਂ ਸ਼ੱਕੀ ਅਤੇ ਸ਼ਰਾਰਤੀ ਅਨਸਰਾਂ ਦੀ ਪਛਾਣ ਕੀਤੀ ਗਈ, ਜਦ ਕਿ ਵਾਹਨ ਵੈਰੀਫਿਕੇਸ਼ਨ ਐਪ ਰਾਹੀਂ ਸ਼ੱਕੀ ਵਾਹਨਾਂ ਦੀ ਜਾਂਚ ਕਰਕੇ ਇਹ ਯਕੀਨੀ ਬਣਾਇਆ ਗਿਆ ਕਿ ਉਹ ਕਿਸੇ ਅਪਰਾਧਿਕ ਮਾਮਲੇ ਵਿੱਚ ਲੋੜੀਂਦੇ ਜਾਂ ਸ਼ਾਮਲ ਤਾਂ ਨਹੀਂ ਹਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਦਾ ਗੁਰਮਤਿ ਸਿੱਖਿਆ ਕੈਂਪ ਚੜ੍ਹਦੀ ਕਲਾ ਦੇ ਸੁਨੇਹੇ ਨਾਲ ਸੰਪੂਰਨ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ 22 ਤੋਂ 27 ਜੂਨ ਤੱਕ ਆਯੋਜਤ ਚੌਥੇ ਸਾਲਾਨਾ ਗੁਰਮਤਿ ਸਿੱਖਿਆ ਕੈਂਪ ਦੀ ਸੰਪੂਰਨਤਾ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕੈਂਪ ਦੀ ਸਫ਼ਲਤਾ 'ਤੇ ਤਸੱਲੀ ਪ੍ਰਗਟ ਕਰਦਿਆਂ ਆਸ ਪ੍ਰਗਟਾਈ ਕਿ ਇਹ ਉਪਰਾਲਾ ਕੈਂਪਰਾਂ ਦੇ ਉੱਜਵਲ ਭਵਿੱਖ ਲਈ ਮਹੱਤਵਪੂਰਨ ਭੂਮਿਕਾ ਨਿਭਾਵੇਗਾ।

ਉਨ੍ਹਾਂ ਦੱਸਿਆ ਕਿ ਕੈਂਪ ਰਿਵਿਊ ਦੌਰਾਨ ਵਿਦਿਆਰਥੀਆਂ ਨੇ ਯਕੀਨ ਦਿਵਾਇਆ ਹੈ ਕਿ ਇੱਥੋਂ ਸਿੱਖੇ ਹੁਨਰਾਂ ਤੇ ਕਦਰਾਂ-ਕੀਮਤਾਂ ਨੂੰ ਉਹ ਆਪਣੀਆਂ ਸੰਸਥਾਵਾਂ ਤੇ ਨਗਰਾਂ ਵਿੱਚ ਪ੍ਰਚਾਰਨਗੇ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਦੀਆਂ ਦੋ ਦਰਜਨ ਤੋਂ ਵੱਧ ਵੱਖ-ਵੱਖ ਅਕਾਦਮਿਕ ਸੰਸਥਾਵਾਂ ਤੋਂ ਪਹੁੰਚੇ ਵਿਦਿਆਰਥੀ ਗੁਰਬਾਣੀ, ਗੁਰਮਤਿ ਸਿਧਾਂਤ ਅਤੇ ਇਤਿਹਾਸ ਦੇ ਨਾਲ-ਨਾਲ ਸਪੋਕਨ ਇੰਗਲਿਸ਼, ਆਰਟੀਫਿਸ਼ਅਲ ਇੰਟੈਲੀਜੈਂਸ, ਗੁਰਬਾਣੀ ਸੰਥਿਆ, ਕੀਰਤਨ, ਸਿਰਜਣਾਤਮਕ ਲੇਖਣੀ, ਗਤਕਾ, ਦਸਤਾਰ ਸਜਾਉਣ ਅਤੇ ਘੋੜ-ਸਵਾਰੀ ਦੀ ਮੁੱਢਲੀ ਸਿੱਖਿਆ ਵੀ ਪ੍ਰਾਪਤ ਕਰਕੇ ਜਾ ਰਹੇ ਹਨ।ਸਮਾਗਮ ਵਿੱਚ ਬਤੌਰ ਮਹਿਮਾਨ ਵਕਤਾ ਸ਼ਾਮਲ ਹੋਏ ਡਾ. ਪਰਮਵੀਰ ਸਿੰਘ ਨੇ ਯੂਨੀਵਰਸਿਟੀ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਦਰਸ਼ਾਂ ਅਨੁਸਾਰ ਸਮਾਜ ਸਿਰਜਣਾ ਵਿੱਚ ਅਜਿਹੇ ਯਤਨਾਂ ਦਾ ਮਹੱਤਵਪੂਰਨ ਯੋਗਦਾਨ ਸਾਬਤ ਹੋਵੇਗਾ।ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਦੇ ਕਨਵੀਨਰ ਡਾ. ਹਰਦੇਵ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਜਿੱਥੇ ਫ਼ਤਿਹਗੜ੍ਹ ਸਾਹਿਬ ਤੇ ਚਮਕੌਰ ਸਾਹਿਬ ਦੇ ਪਵਿੱਤਰ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਏ ਗਏ, ਉੱਥੇ ਹੀ ਪ੍ਰੋਫੈਸਰ ਹਰਪਾਲ ਸਿੰਘ ਪੰਨੂ, ਚੰਡੀਗੜ੍ਹ ਯੂਨੀਵਰਸਿਟੀ ਘੜੂਆਂ ਪ੍ਰੋਫੈਸਰ ਹਰਭਜਨ ਸਿੰਘ (ਸੇਵਾ-ਮੁਕਤ), ਪੰਜਾਬੀ ਯੂਨੀਵਰਸਿਟੀ ਪਟਿਆਲਾ; ਭਾਈ ਸਾਹਿਬ ਗਿਆਨੀ ਹਰਪਾਲ ਸਿੰਘ, ਸ੍ਰੀ ਫ਼ਤਿਹਗੜ੍ਹ ਸਾਹਿਬ, ਡਾ. ਅਵਨਿੰਦਰਪਾਲ ਸਿੰਘ, ਕੋਟਕਪੂਰਾ, ਪ੍ਰਿੰਸੀਪਲ ਮਨਜੀਤ ਕੌਰ, ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ, ਭਾਈ ਸੁਖਵਿੰਦਰ ਸਿੰਘ ਰਟੌਲ, ਕਥਾਵਾਚਕ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੇ ਪ੍ਰਿੰਸੀਪਲ ਗੁਰਤੇਜ ਸਿੰਘ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਗਰਲ ਕਾਲਜ ਆਕੜ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਸਬੰਧੀ ਮਹੱਤਵਪੂਰਨ ਜਾਣਕਾਰੀ ਤੇ ਸੇਧ ਵੀ ਪ੍ਰਦਾਨ ਕੀਤੀ ਗਈ।ਸਮਾਗਮ ਦੇ ਅੰਤ ਵਿੱਚ ਕੈਂਪ ਦੇ ਕੋ-ਆਰਡੀਨੇਟਰ ਡਾ. ਪਲਵਿੰਦਰ ਕੌਰ ਵੱਲੋਂ ਮਹਿਮਾਨਾਂ, ਅਧਿਆਪਕਾਂ ਤੇ ਦੋ ਦਰਜਨ ਤੋਂ ਵੱਧ ਬਾਹਰਲੀਆਂ ਸੰਸਥਾਵਾਂ ਤੋਂ ਪਹੁੰਚੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

## ਕਿਸਾਨਾਂ ਨੂੰ ਬਿਜਲੀ ਸੰਕਟ, ਸਰਕਾਰ ਵਾਅਦੇ ਨਿਭਾਉਣ 'ਚ ਨਾਕਾਮ : ਜਗਸੀਰ ਕਾਲੇਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਝੋਨੇ ਦੀ ਲਵਾਈ ਦੇ ਸੀਜ਼ਨ ਦੀ ਸ਼ੁਰੂਆਤ ਦੇ ਨਾਲ ਹੀ ਖੇਤੀ ਸੈਕਟਰ ਲਈ ਲੋੜੀਂਦੀ ਬਿਜਲੀ ਸਪਲਾਈ ਨਾ ਮਿਲਣ ਕਾਰਨ ਪੰਜਾਬ ਸਰਕਾਰ ਇੱਕ ਵਾਰ ਫਿਰ ਵਿਰੋਧੀਆਂ ਦੇ ਨਿਸ਼ਾਨੇ 'ਤੇ ਆ ਗਈ ਹੈ।ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਅਤੇ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਜਗਸੀਰ ਸਿੰਘ ਕਾਲੇਕੇ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਝੋਨੇ ਦੀ ਲਵਾਈ ਦੇ ਸ਼ੁਰੂਆਤੀ ਦੌਰ ਵਿਚ ਹੀ ਕਿਸਾਨਾਂ ਨੂੰ ਲੋੜੀਂਦੀ ਬਿਜਲੀ ਮੁਹੱਈਆ ਕਰਾਉਣ ਵਿਚ ਅਸਫਲ ਸਾਬਤ ਹੋਈ ਹੈ, ਜਿਸ ਕਾਰਨ ਕਿਸਾਨ ਖੇਤਾਂ ਵਿਚ ਕੰਮ ਕਰਨ ਦੀ ਬਜਾਏ ਸੜਕਾਂ 'ਤੇ ਉਤਰ ਕੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋ ਰਹੇ ਹਨ।ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਬਿਜਲੀ ਸਪਲਾਈ ਵਿਚ ਲਗਾਤਾਰ ਆ ਰਹੀਆਂ ਰੁਕਾਵਟਾਂ ਕਾਰਨ ਕਿਸਾਨਾਂ ਨੂੰ ਝੋਨੇ ਦੀ ਲਵਾਈ ਵਿਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਬੀਤੇ ਦਿਨ ਬਾਘਾ ਪੁਰਾਣਾ ਸ਼ਹਿਰ ਵਿਚ ਕਿਸਾਨਾਂ ਵੱਲੋਂ ਧਰਨਾ ਲਗਾ ਕੇ ਸਰਕਾਰ ਤੇ ਬਿਜਲੀ ਵਿਭਾਗ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਤੋਂ ਇਲਾਵਾ ਹਲਕੇ ਦੇ ਵੱਖ-ਵੱਖ ਬਿਜਲੀ ਗਰਿੱਡਾਂ ਦਾ ਵੀ ਕਿਸਾਨਾਂ ਵੱਲੋਂ ਘਿਰਾਓ ਕੀਤਾ ਗਿਆ, ਜਿਸ ਨਾਲ ਸਰਕਾਰ ਦੇ ਬਿਜਲੀ ਪ੍ਰਬੰਧਾਂ ਦੀ ਅਸਲੀ ਤਸਵੀਰ ਸਾਹਮਣੇ ਆ ਗਈ ਹੈ।ਕਾਲੇਕੇ ਨੇ ਕਿਹਾ ਕਿ ਮੁੱਖ ਮੰਤਰੀ ਤੇ ਸੱਤਾਧਾਰੀ ਪਾਰਟੀ ਦੇ ਆਗੂ ਸਰਕਾਰ ਦੀਆਂ ਪ੍ਰਾਪਤੀਆਂ ਦੇ ਵੱਡੇ-ਵੱਡੇ ਦਾਅਵੇ ਕਰਦੇ ਨਹੀਂ ਥੱਕਦੇ, ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿਸਾਨਾਂ ਨੂੰ ਸਭ ਤੋਂ ਵੱਧ ਬਿਜਲੀ ਦੀ ਲੋੜ ਹੈ, ਉਸ ਸਮੇਂ ਹੀ ਸਰਕਾਰ ਲਗਾਤਾਰ ਬਿਜਲੀ ਸਪਲਾਈ ਯਕੀਨੀ ਬਣਾਉਣ ਵਿਚ ਨਾਕਾਮ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਜੇਕਰ ਝੋਨੇ ਦੀ ਲਵਾਈ ਦੀ ਸ਼ੁਰੂਆਤ ਵਿਚ ਹੀ ਇਹ ਹਾਲਾਤ ਹਨ ਤਾਂ ਅਗਲੇ ਦਿਨਾਂ ਵਿੱਚ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਨੂੰ ਖੇਤੀ ਲਈ ਰੋਜ਼ਾਨਾ ਅੱਠ ਘੰਟੇ ਬਿਜਲੀ ਦੇਣ ਦਾ ਵਾਅਦਾ ਕੀਤਾ ਗਿਆ ਸੀ ਅਤੇ ਇਸ ਦਾ ਪ੍ਰਚਾਰ ਲੋਕ ਮਿਲਣੀਆਂ ਦੌਰਾਨ ਵੀ ਕੀਤਾ ਜਾ ਰਿਹਾ ਹੈ। ਪਰ ਅਸਲ ਵਿਚ ਕਿਸਾਨਾਂ ਨੂੰ ਅੱਠ ਘੰਟੇ ਵੀ ਨਿਰਵਿਘਨ ਬਿਜਲੀ ਨਹੀਂ ਮਿਲ ਰਹੀ, ਜਿਸ ਕਾਰਨ ਝੋਨੇ ਦੀ ਲਵਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਕਾਲੇਕੇ ਨੇ ਦੋਸ਼ ਲਾਇਆ ਕਿ ਜਦੋਂ ਕਿਸਾਨ ਬਿਜਲੀ ਨਾ ਆਉਣ ਸਬੰਧੀ ਜਾਣਕਾਰੀ ਲੈਣ ਲਈ ਬਿਜਲੀ ਘਰਾਂ ਵਿਚ ਜਾਂਦੇ ਹਨ ਤਾਂ ਉੱਥੇ ਮੌਜੂਦ ਜੇ.ਈ, ਐਸ.ਡੀ.ਓ. ਅਤੇ ਐਕਸੀਅਨ ਉਨ੍ਹਾਂ ਨੂੰ ਕੋਈ ਸਪੱਸ਼ਟ ਜਵਾਬ ਦੇਣ ਦੀ ਬਜਾਏ ਇਹ ਕਹਿ ਕੇ ਟਾਲ ਦਿੰਦੇ ਹਨ ਕਿ ਬਿਜਲੀ ਪਟਿਆਲਾ ਤੋਂ ਹੀ ਬੰਦ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਵਾਬਾਂ ਨਾਲ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਨਿਕਲਦਾ ਅਤੇ ਉਹ ਨਿਰਾਸ਼ ਹੋ ਕੇ ਧਰਨੇ ਲਗਾਉਣ ਲਈ ਮਜਬੂਰ ਹੋ ਰਹੇ ਹਨ।ਉਨ੍ਹਾਂ ਦੱਸਿਆ ਕਿ ਬਲਾਕ ਬਾਘਾ ਪੁਰਾਣਾ ਦੇ ਵੱਖ-ਵੱਖ ਬਿਜਲੀ ਗਰਿੱਡਾਂ ਅੱਗੇ ਕਿਸਾਨਾਂ ਨੇ ਰੋਸ ਧਰਨੇ ਲਾ ਕੇ ਆਪਣਾ ਗੁੱਸਾ ਜ਼ਾਹਰ ਕੀਤਾ ਹੈ।ਇਨ੍ਹਾਂ ਧਰਨਿਆਂ ਨੂੰ ਸਮਾਪਤ ਕਰਾਉਣ ਲਈ ਪੁਲਸ ਪ੍ਰਸ਼ਾਸਨ ਵੱਲੋਂ ਕਿਸਾਨਾਂ ਨਾਲ ਗੱਲਬਾਤ ਕਰਕੇ ਭਰੋਸੇ ਦਿੱਤੇ ਜਾ ਰਹੇ ਹਨ, ਜਦਕਿ ਅਸਲ ਜ਼ਿੰਮੇਵਾਰੀ ਬਿਜਲੀ ਵਿਭਾਗ ਦੇ ਅਧਿਕਾਰੀਆਂ ਦੀ ਬਣਦੀ ਹੈ ਕਿ ਉਹ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਸਬੰਧੀ ਸਪੱਸ਼ਟ ਜਾਣਕਾਰੀ ਅਤੇ ਭਰੋਸਾ ਦੇਣ।ਜਗਸੀਰ ਸਿੰਘ ਕਾਲੇਕੇ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖੇਤੀ ਸੈਕਟਰ ਲਈ ਐਲਾਨ ਅਨੁਸਾਰ ਨਿਰਵਿਘਨ ਅੱਠ ਘੰਟੇ ਬਿਜਲੀ ਸਪਲਾਈ ਤੁਰੰਤ ਯਕੀਨੀ ਬਣਾਈ ਜਾਵੇ ਤਾਂ ਜੁ ਕਿਸਾਨ ਝੋਨੇ ਦੀ ਲਵਾਈ ਦਾ ਕੰਮ ਸਮੇਂ ਸਿਰ ਪੂਰਾ ਕਰ ਸਕਣ।

## ਵਿਧਾਨ ਸਭਾ ਹਲਕਾ ਬੁਢਲਾਡਾ 'ਚ ਬਸਪਾ ਲੀਡਰਸ਼ਿਪ ਦੀ ਸਮਰੱਥਾ ਨੂੰ ਚੁਣੌਤੀ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਸਰਗਰਮ ਆਗੂਆਂ ਅਤੇ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਸਥਾਨਕ ਰਵਿਦਾਸੀਆ ਸਿੱਖ ਧਰਮਸ਼ਾਲਾ ਵਿਖੇ ਹੋਈ। ਮੀਟਿੰਗ ਦਾ ਮੁੱਖ ਏਜੰਡਾ ਬੋਹਾ ਵਾਰਡ ਨੰਬਰ 09 ਤੋਂ ਐਮ ਸੀ ਵਜੋਂ ਜੇਤੂ ਸੰਦੀਪ ਕੌਰ ਵੱਲੋਂ ਆਪਣੇ ਵੋਟਰਾਂ ਅਤੇ ਸਮਰਥਕਾਂ ਦਾ ਧੰਨਵਾਦ ਕਰਨਾ ਹੀ ਸੀ ਪ੍ਰੰਤੂ ਵਰਕਰਾਂ ਵੱਲੋਂ ਇਸ ਚੋਣ ਦਾ ਰੀਵਿਊ ਕਰਨ ਤੋਂ ਇਲਾਵਾ ਹਲਕੇ ਅੰਦਰ ਪਾਰਟੀ ਦੀ ਮੌਜੂਦਾ ਸਥਿਤੀ ਅਤੇ ਪਾਰਟੀ ਦੀ ਬਿਹਤਰੀ ਲਈ ਖੁੱਲ੍ਹ ਕੇ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਮੀਟਿੰਗ ਦੌਰਾਨ ਨਗਰ ਕੌਂਸਲ ਦੀ ਚੋਣ ਸਮੇਂ ਪਾਰਟੀ ਦੀ ਜ਼ਿਲ੍ਹਾ ਪੱਧਰੀ ਅਤੇ ਸੂਬਾਈ ਪੱਧਰ ਦੇ ਕੁੱਝ ਆਗੂਆਂ ਦੀ ਨਾਕਾਰਾਤਮਕ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਖੜ੍ਹੇ ਕਰਦਿਆਂ ਪਾਰਟੀ ਉਮੀਦਵਾਰ ਦੇ ਖਿਲਾਫ ਭੁਗਤਣ ਤੋਂ ਲੈ ਕੇ ਦੋਸ਼ ਵੀ ਲਗਾਏ ਗਏ। ਵੱਖ ਵੱਖ ਬੁਲਾਰਿਆਂ ਨੇ ਪਾਰਟੀ ਦੀ ਮੌਜੂਦਾ ਜ਼ਿਲ੍ਹਾ ਪੱਧਰੀ ਲੀਡਰਸ਼ਿਪ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਆਗੂਆਂ ਦੀ ਇਸ ਸਮੇਂ ਕੋਈ ਸਰਗਰਮੀ ਨਹੀਂ ਸਗੋਂ ਇਨ੍ਹਾਂ ਦੀ ਅਗਵਾਈ ਹੇਠ ਪਾਰਟੀ ਵਧਣਿਓਂ ਕਦਮਾਂ ਵੱਲ ਜਾ ਰਹੀ ਹੈ। ਇਸ ਮੌਕੇ ਤੇਜਾ ਸਿੰਘ ਬਰੇਟਾ, ਗੁਰਮੇਲ ਸਿੰਘ ਬੋੜਾਵਾਲ, ਰਾਜਿੰਦਰ ਭੀਖੀ, ਸ਼ੇਰ ਸਿੰਘ ਸ਼ੇਰ ਅਤੇ ਅਵਤਾਰ ਸਿੰਘ ਕਟਾਰੀਆ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਅਜੋਕੇ ਟੈਕਨਾਲੋਜੀ ਅਤੇ ਕੰਪਿਊਟਰ ਦੇ ਯੁੱਗ 'ਚ ਕਿਸੇ ਨੈਸ਼ਨਲ ਪਾਰਟੀ ਦੇ ਜਿਲ੍ਹਾ ਪ੍ਰਧਾਨ ਅਤੇ ਜਨਰਲ ਸਕੱਤਰ ਜਿਹੜੇ ਕਿ ਨਿਰੋਲ ਅਣਪੜ੍ਹ ਹਨ ਕੀ ਪਾਰਟੀ ਨੂੰ ਚਲਾਉਣ ਦੇ ਸਮਰੱਥ ਹੋ ਸਕਦੇ ਹਨ? ਮੀਟਿੰਗ ਵਿੱਚ ਸਾਂਝੇ ਤੌਰ 'ਤੇ ਪਾਰਟੀ ਹਾਈਕਮਾਂਡ ਨੂੰ ਅਪੀਲ ਕੀਤੀ ਗਈ ਪਾਰਟੀ ਦੀ ਬਿਹਤਰੀ ਲਈ ਜ਼ਿਲ੍ਹਾ ਪੱਧਰੀ ਟੀਮ ਦੀਆਂ ਨਿਯੁਕਤੀਆਂ 'ਤੇ ਮੁੜ ਨਜ਼ਰਸਾਨੀ ਕੀਤੀ ਜਾਵੇ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸਾਬਕਾ ਹਲਕਾ ਪ੍ਰਧਾਨ ਜਸਵੀਰ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ।ਇਸ ਸਮੇਂ ਸੋਨੂੰ ਕਟਾਰੀਆ, ਮਾਸਟਰ ਜਰਨੈਲ ਸਿੰਘ, ਲਛਮਣ ਸਿੰਘ,ਕੁੰਢਾ ਸਿੰਘ, ਮੱਖਣ ਸਿੰਘ, ਅਜੈਬ ਸਿੰਘ, ਗੋਰਾ ਸਿੰਘ ਅੱਕਾਂਵਾਲੀ, ਸੁਰਜੀਤ ਸਿੰਘ, ਜਸਵਿੰਦਰ ਖੁਰਾਣਾ, ਜਗਜੀਤ ਸਿੰਘ ਜੀਤਾ ਅਤੇ ਕਸ਼ਮੀਰ ਸਿੰਘ ਖੁਸ਼ੀ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਔਰਤਾਂ ਵੀ ਹਾਜ਼ਰ ਸਨ।

## ਪੋਲੀਓ ਬੂੰਦਾਂ ਪਿਲਾਈਆਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਤਵਾਰ ਨੂੰ ਸਿਵਲ ਸਰਜਨ ਡਾਕਟਰ ਮੀਨਾਕਸ਼ੀ ਢੀਂਗਰਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੂਰੇ ਭਾਰਤ ਦੀ ਤਰਜ 'ਤੇ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਅਤੇ ਅਰਬਨ ਏਰੀਏ ਵਿੱਚ 0 ਤੋਂ 5 ਸਾਲ ਦੇ ਬੱਚਿਆਂ ਨੂੰ ਪਲਸ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਅਰਬਨ ਏਰੀਏ ਦੇ 24000 ਦੇ ਕਰੀਬ ਬੱਚਿਆਂ ਨੂੰ ਪਲਸ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ। ਅਰਬਨ ਏਰੀਏ ਵਿੱਚ ਲਗਭਗ 107 ਬੂਥ ਬਣਾਏ ਗਏ ਹਨ ਅਤੇ 214 ਟੀਮਾਂ ਲਗਾਈਆਂ ਗਈਆਂ ਹਨ ਅਤੇ 20 ਸੁਪਰਵਾਈਜ਼ਰ ਆਪਣੀ ਡਿਊਟੀ ਨਿਭਾ ਰਹੇ ਹਨ।

ਅੱਜ ਪਲਸ ਪੋਲੀਓ ਬੂੰਦਾਂ ਦੇ ਪਹਿਲੇ ਦਿਨ ਦੀ ਸ਼ੁਰੂਆਤ ਬਸਤੀ ਟੈਂਕਾਂ ਵਾਲੀ ਸੁਪਰਵਾਈਜ਼ਰ ਨਰਿੰਦਰ ਸ਼ਰਮਾ ,ਮਨਦੀਪ ਚਾਵਲਾ ਨਿਸ਼ਾ, ਰਿਬਕਾ ਬਲਵਿੰਦਰ ਕੌਰ, ਸਿਮਰਨਜੀਤ ਸਿੰਘ, ਸੁਖਜੀਤ ਕੌਰ, ਪਰਮਜੀਤ ਕੌਰ ਤੇ ਸਵਰਨ ਸਿੰਘ ਨੇ ਇੱਕ ਲਕਸ਼ਿਤ ਸ਼ਰਮਾ ਨਾਂ ਦੇ ਬੱਚੇ ਨੂੰ ਬੂੰਦਾਂ ਪਲਾ ਕੇ ਕੀਤੀ।

## 'ਐੱਨ ਸੀ ਈ ਆਰ ਟੀ' ਦੇ ਸਿਲੇਬਸ 'ਚ ਮੰਨੂ ਸਮ੍ਰਿਤੀ ਸ਼ਾਮਲ ਕਰਨਾ ਸਰਾਸਰ ਗ਼ਲਤ



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**

ਤਰਕਸ਼ੀਲ ਸੁਸਾਇਟੀ ਪੰਜਾਬ ਦੇ ਫ਼ਾਜ਼ਿਲਕਾ ਜ਼ੋਨ ਨੇ ਐਨ.ਸੀ.ਈ.ਆਰ.ਟੀ ਵੱਲੋਂ ਸਮਾਜਿਕ ਵਿਗਿਆਨ ਦੀ ਨਵੀਂ ਪੁਸਤਕ ਵਿੱਚ ਮੰਨੂ ਸਮ੍ਰਿਤੀ ਦੇ ਸ਼ਲੋਕ ਨੂੰ ਸ਼ਾਮਲ ਕਰਕੇ ਇਸ ਦੀ ਸਰਾਸਰ ਗ਼ਲਤ ਤੇ ਝੂਠੀ ਵਿਆਖਿਆ ਕਰਨ ਦੇ ਫ਼ਿਰਕੂ ਫੈਸਲੇ ਖਿਲਾਫ ਤਿੱਖਾ ਵਿਰੋਧ ਜਤਾਇਆ ਹੈ।ਜ਼ੋਨ ਜਥੇਬੰਦਕ ਮੁਖੀ ਪ੍ਰਵੀਨ ਜੰਡ ਵਾਲਾ ਤੇ ਮੈਗਜ਼ੀਨ ਤਰਕਸ਼ੀਲ ਪਥ ਦੇ ਸੰਪਾਦਕ ਕੁਲਜੀਤ ਡੰਗਰ ਖੇੜਾ ਨੇ ਆਖਿਆ ਕਿ ਮੰਨੂ ਸਮ੍ਰਿਤੀ ਔਰਤ ਵਿਰੋਧੀ ਤੇ ਜਾਤ-ਪਾਤ ਵਿਤਕਰੇ ਦਾ ਸੰਦ ਹੈ, ਜਿਸ ਵਿੱਚ ਸਮਾਜ ਵਿੱਚ ਵੰਡੀਆਂ ਪਾ ਕੇ ਜਾਤ ਪਾਤੀ ਨਫ਼ਰਤ ਫੈਲਾਉਣ ਦੇ ਨਾਲ-ਨਾਲ ਔਰਤ ਵਿਰੋਧੀ ਮਾਨਸਿਕਤਾ ਦਾ ਪ੍ਰਚਾਰ ਕੀਤਾ ਗਿਆ ਹੈ, ਜਿਸ ਦੇ ਅਧਿਆਏ ਪੰਜ 'ਚ ਔਰਤਾਂ ਦੀ ਆਜ਼ਾਦ ਮਨੁੱਖੀ ਹਸਤੀ ਨੂੰ ਨਕਾਰ ਕੇ ਉਸਨੂੰ ਉਮਰ ਦੇ ਵੱਖ-ਵੱਖ ਪੜਾਵਾਂ ਵਿੱਚ ਪਿਤਾ, ਪਤੀ ਤੇ ਪੁੱਤਰਾਂ ਦੀ ਸਖ਼ਤ ਅਧੀਨਗੀ ਹੇਠ ਘਰ ਦੀ ਚਾਰਦੀਵਾਰੀ ਵਿੱਚ ਗੁਲਾਮ ਬਣ ਕੇ ਰਹਿਣ ਦੀਆਂ ਨਸੀਹਤਾਂ ਦਿੱਤੀਆਂ ਗਈਆਂ ਹਨ।

ਤਰਕਸ਼ੀਲ ਆਗੂਆਂ ਨੇ ਐਨ.ਸੀ.ਈ.ਆਰ.ਟੀ ਉੱਤੇ ਭਾਜਪਾ-ਆਰ.ਐਸ.ਐਸ ਦੇ ਫ਼ਿਰਕੂ ਫਾਸ਼ੀ ਹਿੰਦੂਤਵੀ ਏਜੰਡੇ ਨੂੰ ਲਾਗੂ ਕਰਨ ਤੇ ਝੂਠ ਬੋਲਣ ਦਾ ਦੋਸ਼ ਲਾਉਂਦਿਆਂ ਸਪੱਸ਼ਟ ਕੀਤਾ ਕਿ ਮੰਨੂ ਸੰਮ੍ਰਿਤੀ ਜਿਹੇ ਗ੍ਰੰਥਾਂ ਦੇ ਸ਼ਲੋਕਾਂ ਨੂੰ ਸਿਲੇਬਸ ਵਿੱਚ ਸ਼ਾਮਲ ਕਰਨਾ ਔਰਤ ਵਿਰੋਧੀ ਤੇ ਜਾਤ ਪਾਤੀ ਵਿਤਕਰੇ ਨੂੰ ਮਾਨਤਾ ਦੇਣਾ ਹੈ, ਜਿਸ ਨੂੰ ਹਰਗਿਜ਼ ਪ੍ਰਵਾਨ ਨਹੀਂ ਕੀਤਾ ਜਾ ਸਕਦਾ।ਜ਼ੋਨ ਦੇ ਤਰਕਸ਼ੀਲ ਆਗੂਆਂ ਡਾ. ਅਵਤਾਰ ਦੀਪ, ਬਲਦੇਵ ਸਿੰਘ ਲੱਧੂ ਵਾਲਾ, ਵਿਨੋਦ ਬਾਰੇਕਾ, ਸੁਰਿੰਦਰ ਗੰਜੂਆਣਾ ਤੇ ਬੂਟਾ ਸਿੰਘ ਵਾਕਿਫ਼ ਨੇ ਆਖਿਆ ਕਿ ਭਾਜਪਾ ਦੀ ਮੋਦੀ ਸਰਕਾਰ ਵੱਲੋਂ ਔਰਤਾਂ ਦੇ ਸਬਰੀਮਾਲਾ ਮੰਦਰ ਵਿੱਚ ਦਾਖਲੇ ਖ਼ਿਲਾਫ਼ ਸੁਪਰੀਮ ਕੋਰਟ ਵਿੱਚ ਦਿੱਤੇ ਹਲਫ਼ੀਆ ਦਸਤਾਵੇਜ਼ ਇਸ ਤੱਥ ਦਾ ਸਬੂਤ ਹਨ ਕਿ ਭਾਜਪਾ, ਆਰ.ਐਸ.ਐਸ. ਦੀ ਰੂੜੀਵਾਦੀ ਤੇ ਫ਼ਿਰਕੂ ਵਿਚਾਰਧਾਰਾ ਸਦੀਆਂ ਬਾਅਦ ਵੀ ਸਰਾਸਰ ਔਰਤ ਵਿਰੋਧੀ ਹੈ।ਉਹ ਔਰਤਾਂ ਨੂੰ ਸਮਾਜ, ਪਰਵਾਰ ਅਤੇ ਦੇਸ਼ ਵਿੱਚ ਬਰਾਬਰੀ ਦਾ ਦਰਜਾ, ਇੱਜ਼ਤ, ਸਨਮਾਨ ਅਤੇ ਵਿਕਾਸ ਦੇ ਮੌਕੇ ਦੇਣ ਤੋਂ ਮੁਨਕਰ ਹੈ।

## ਵਿਜੇ ਇੰਦਰ ਸਿੰਗਲਾ ਦਾ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਮੁੱਦਿਆਂ ਸੰਬੰਧੀ ਰੂ-ਬ-ਰੂ ਪ੍ਰੋਗਰਾਮ ਅੱਜ




**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਦੇਸ਼ ਭਰ 'ਚ ਚਲਾਈ ਜਾ ਰਹੀ ਵਿਸ਼ੇਸ਼ ਜਨ-ਜਾਗਰੂਕਤਾ ਮੁਹਿੰਮ 'ਵਿਦਿਆਰਥੀਆਂ ਦੀ ਅਵਾਜ਼' ਤਹਿਤ ਵਿਦਿਆਰਥੀਆਂ ਅਤੇ ਨੌਜਵਾਨਾਂ ਨਾਲ ਸਬੰਧਤ ਅਹਿਮ ਮੁੱਦਿਆਂ ਨੂੰ ਉਭਾਰਨ ਲਈ ਵਿਸ਼ੇਸ਼ ਪ੍ਰੋਗਰਾਮ ਕਰਾਇਆ ਜਾ ਰਿਹਾ ਹੈ।ਪ੍ਰੋਗਰਾਮ ਦਾ ਮੁੱਖ ਉਦੇਸ਼ ਪੇਪਰ ਲੀਕ ਦੇ ਵਧ ਰਹੇ ਮਾਮਲਿਆਂ, ਬੇਰੁਜ਼ਗਾਰੀ ਦੀ ਗੰਭੀਰ ਸਮੱਸਿਆ, ਸਰਕਾਰੀ ਭਰਤੀਆਂ 'ਚ ਹੋ ਰਹੀ ਦੇਰੀ ਅਤੇ ਪ੍ਰੀਖਿਆ ਪ੍ਰਨਾਲੀ 'ਚ ਦਰਪੇਸ਼ ਬੇਨਿਯਮੀਆਂ ਸਬੰਧੀ ਨੌਜਵਾਨਾਂ ਤੇ ਵਿਦਿਆਰਥੀਆਂ ਦੀ ਰਾਏ ਜਾਣਨਾ ਤੇ ਉਨ੍ਹਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣਾ ਹੈ।ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਦੱਸਿਆ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਦੇ ਸਮੁੱਚੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਇਹ ਪ੍ਰੋਗਰਾਮ ਕਰਾਏ ਜਾ ਰਹੇ ਹਨ।ਇਸੇ ਲੜੀ ਤਹਿਤ ਮਾਨਸਾ ਵਿਖੇ 29 ਜੂਨ ਨੂੰ ਦੁਪਹਿਰ 3 ਵਜੇ ਸਥਾਨਕ ਫੋਰ ਸੀਜ਼ਨ ਹੋਟਲ ਰਮਦਿੱਤਾ ਕੈਂਚੀਆਂ ਵਿਖੇ ਇੱਕ ਵਿਸ਼ੇਸ਼ ਵਿਚਾਰ-ਵਟਾਂਦਰਾ ਸਮਾਗਮ ਆਯੋਜਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਮੌਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ, ਸਕੂਲ ਸਿੱਖਿਆ ਤੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਤੇ ਸਾਬਕਾ ਸੰਸਦ ਮੈਂਬਰ ਵਿਜੇ ਇੰਦਰ ਸਿੰਗਲਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਉਹ ਵਿਦਿਆਰਥੀਆਂ, ਨੌਜਵਾਨਾਂ, ਉਨ੍ਹਾਂ ਦੇ ਮਾਪਿਆਂ ਤੇ ਕਾਂਗਰਸ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਨਾਲ ਸਿੱਧਾ ਸੰਵਾਦ ਕਰਨਗੇ।ਇਸ ਉਪਰੰਤ ਪ੍ਰੈਸ ਕਾਨਫਰੰਸ ਨੂੰ ਵੀ ਸੰਬੋਧਨ ਕਰਨਗੇ।ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੌਰਾਨ ਨੌਜਵਾਨਾਂ ਨੂੰ ਆਪਣੇ ਵਿਚਾਰ, ਸੁਝਾਅ ਅਤੇ ਸਮੱਸਿਆਵਾਂ ਖੁੱਲ੍ਹ ਕੇ ਰੱਖਣ ਦਾ ਮੌਕਾ ਦਿੱਤਾ ਜਾਵੇਗਾ ਤਾਂ ਜੋ ਉਨ੍ਹਾਂ ਨਾਲ ਸਬੰਧਤ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉੱਚ ਪੱਧਰ 'ਤੇ ਉਠਾਇਆ ਜਾ ਸਕੇ।

## ਬੱਚਿਆਂ ਨੇ ਲਾਈ ਠੰਢੇ ਮਿੱਠੇ ਪਾਣੀ ਦੀ ਛਬੀਲ



**ਬੁਢਲਾਡਾ (ਅਸ਼ੋਕ ਲਾਕੜਾ)**-ਅੱਤ ਦੀ ਗਰਮੀ ਦੇ ਮੱਦੇਨਜ਼ਰ ਸ਼ਨੀਵਾਰ ਨੂੰ ਨਾਭਾ ਕਲੋਨੀ ਦੇ ਮੁੱਖ ਗੇਟ 'ਤੇ ਗੁਰੂ ਨਾਨਕ ਕਾਲਜ ਦੇ ਸਾਹਮਣੇ ਕਾਲੋਨੀ ਦੇ ਉੱਦਮੀ ਬੱਚਿਆਂ ਵੱਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ।ਇਸ ਮੌਕੇ ਰਾਹਗੀਰਾਂ, ਵਾਹਨ ਚਾਲਕਾਂ ਅਤੇ ਆਸ-ਪਾਸ ਦੇ ਲੋਕਾਂ ਨੂੰ ਠੰਡਾ ਮਿੱਠਾ ਪਾਣੀ ਪਿਲਾ ਕੇ ਗਰਮੀ ਤੋਂ ਰਾਹਤ ਦਿੱਤੀ ਗਈ।ਇਸ ਸੇਵਾ ਭਾਵਨਾ ਵਾਲੇ ਕਾਰਜ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।ਇਸ ਮੌਕੇ 'ਤੇ ਉੱਦਮੀ ਬੱਚਿਆਂ ਵਿੱਚ ਕਰਨਵੀਰ ਸਿੰਘ ਦਲਿਓ, ਤਨਵੀਰ ਸਿੰਘ, ਅਨਮੋਲ ਮੱਲੀ, ਗੈਵੀ ਕਣਕਵਾਲੀਆ, ਪਰਭਇੰਦਰ ਸਿੰਘ, ਪਰੀਤਇੰਦਰ ਸਿੰਘ, ਅਰਸ਼ਦੀਪ ਸਿੰਘ, ਮਾਸਟਰ ਹਰਪ੍ਰੀਤ ਸਿੰਘ, ਨਰਿੰਦਰ ਸ਼ਰਮਾ, ਹਰਪ੍ਰੀਤ ਸਿੰਘ ਸਿਕਾਉਰਿਟੀ ਗਾਰਡ, ਬੰਟੂ ਬੀਰੋਕੇ, ਹਰਦੀਪ ਸਿੰਘ ਖਾਲਸਾ, ਅਵਤਾਰ ਸਿੰਘ ਕੁਲਾਨਾ, ਸੁਖਵਿੰਦਰ ਸਿੰਘ ਕੁੱਕੂ ਪ੍ਰਧਾਨ, ਮਨਜੀਤ ਸਿੰਘ, ਬਲਕਾਰ ਸਿੰਘ ਮੰਢਾਲੀ, ਹੈਪੀ ਕਣਕਵਾਲੀਆ, ਸ਼ਿੰਦਰਪਾਲ ਟੋਨੀ ਆਦਿ ਨੇ ਛਬੀਲ 'ਚ ਪੂਰੀ ਸੇਵਾ ਭਾਵਨਾ ਨਾਲ ਜ਼ਿੰਮੇਵਾਰੀ ਨਿਭਾਈ।

## ਕਲੱਬ ਮੈਂਬਰਾਂ ਦਾ ਜਨਮ ਦਿਨ ਮਨਾਇਆ



**ਲੁਧਿਆਣਾ (ਸਤੀਸ਼ ਸਚਦੇਵਾ)**-ਸ਼ਹੀਦ ਭਗਤ ਸਿੰਘ ਮੌਰਨਿੰਗ ਵਾਕਰ ਕਲੱਬ, ਸ਼ਹੀਦ ਭਗਤ ਸਿੰਘ ਨਗਰ ਐਫ ਬਲਾਕ, ਪੱਖੋਵਾਲ ਰੋਡ ਵੱਲੋਂ ਮਹੀਨੇ ਦੇ ਆਖ਼ਰੀ ਐਤਵਾਰ ਕਲੱਬ ਦੇ ਜਿਨ੍ਹਾਂ ਮੈਂਬਰਾਂ ਦੇ ਮਹੀਨਾ ਜੂਨ ਵਿੱਚ ਜਨਮਦਿਨ ਆਉਂਦੇ ਹਨ, ਰਲ ਕੇ ਮਨਾਏ ਜਾਂਦੇ ਹਨ। ਇਸ ਵਾਰ ਸਤੀਸ਼ ਸਚਦੇਵਾ ਤੇ ਭੈਣ ਜਸਵਿੰਦਰ ਕੌਰ ਦਾ ਜਨਮਦਿਨ ਪਾਰਕ ਵਿੱਚ ਮਨਾਇਆ ਗਿਆ, ਜਿੱਥੇ ਸਾਰਿਆਂ ਨੇ ਕੇਕ ਕੱਟਿਆ, ਵਧੀਆ ਰਿਫਰੈਸ਼ਮੈਂਟ ਚਾਹ ਸਨੈਕਸ ਦਾ ਪ੍ਰਬੰਧ ਕੀਤਾ ਗਿਆ ਸੀ। ਕਲੱਬ ਦੇ ਅਹੁਦੇਦਾਰ ਸ਼੍ਰੀ ਮਨਿੰਦਰ ਸਿੰਘ ਥਿੰਦ, ਇੰਦਰਜੀਤ ਰਾਏਪੁਰ, ਕੁਲਵਿੰਦਰ ਸਿੰਘ, ਪਰਮਿੰਦਰ ਸਿੰਘ ਫੁੱਲਵਾਲ, ਮੇਜਰ ਸਿੰਘ ਬਰਾੜ, ਮਨਮੋਹਨ ਸਿੰਘ ਗਰੇਵਾਲ, ਕਰਨੈਲ ਸਿੰਘ, ਮਾਸਟਰ ਰੂਪ ਲਾਲ, ਹਰਜੀਤ ਸੰਗੋਵਾਲ, ਕ੍ਰਿਸ਼ਨ ਸੂਦ, ਸਿੰਗਲਾ ਜੀ, ਅਨੀਤਾ ਮਹਾਜਨ, ਅਨੀਤਾ ਸ਼ਰਮਾ, ਚੇਤਨਾ ਸਿੰਗਲਾ, ਕਮਲੇਸ਼ ਸਚਦੇਵਾ, ਮੈਡਮ ਪੀ ਕੌਰ, ਸੰਗੀਤਾ ਰਾਣੀ ਤੇ ਹੋਰ ਮੈਂਬਰਾਂ ਨੇ ਵਧਾਈ ਦਿੱਤੀ, ਉਥੇ ਸਚਦੇਵਾ ਨੇ ਦੱਸਿਆ ਕਿ ਲੋੜਵੰਦ ਬੱਚੀਆਂ ਲਈ ਸਿਲਾਈ ਸੈਂਟਰ ਦੀ ਸ਼ੁਰੂਆਤ ਗੁਰਦੁਆਰਾ ਪੰਜਾਬ ਮਾਤਾ ਨਗਰ ਵਿੱਚ ਕੀਤੀ ਗਈ ਹੈ।ਇਸ ਮੌਕੇ ਚੱਲਦੀ ਫਿਰਦੀ ਲਾਇਬ੍ਰੇਰੀ ਦੀ ਵੀ ਸ਼ੁਰੂਆਤ ਕੀਤੀ ਗਈ। ਕਈ ਮੈਂਬਰਾਂ ਨੂੰ ਕਿਤਾਬਾਂ ਵੀ ਜਾਰੀ ਕੀਤੀਆਂ ਗਈਆਂ।ਅਖੀਰ ਵਿੱਚ ਮਨਿੰਦਰ ਸਿੰਘ ਥਿੰਦ ਤੇ ਇੰਦਰਜੀਤ ਰਾਏਪੁਰ ਨੇ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।

## ਸਰਕਾਰ ਦੇ ਦਿਨ ਵੇਲੇ ਨਿਰਵਿਘਨ ਬਿਜਲੀ ਦੇਣ ਦੇ ਦਾਅਵੇ ਖੋਖਲੇ : ਮਲੂਕਾ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੂਬੇ 'ਚ ਲਗਾਤਾਰ ਬਿਜਲੀ ਦੇ ਲੱਗ ਰਹੇ ਲੰਮੇ ਕੱਟ ਤੇ ਨਹਿਰੀ ਪਾਣੀ ਦੀ ਕਮੀ ਨੂੰ ਲੈ ਕੇ ਸੂਬਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜੇ ਕਰਦਿਆਂ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਦੋਸ਼ ਲਾਏ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਨ ਵੇਲੇ ਝੋਨੇ ਦੀ ਲਵਾਈ ਨੂੰ ਲੈ ਕੇ ਨਿਰਵਿਘਨ ਬਿਜਲੀ ਦੇਣ ਦੇ ਦਾਵੇ ਖੋਖਲੇ ਸਾਬਿਤ ਹੋਏ ਹਨ । ਸੂਬੇ ਚ ਬਿਜਲੀ ਦੇ ਲੰਮੇ ਲੰਮੇ ਕੱਟ ਲੱਗ ਰਹੇ ਹਨ, ਘਰੇਲੂ ਅਤੇ ਖੇਤੀ ਤੋਂ ਇਲਾਵਾ ਉਦਯੋਗਿਕ ਖੇਤਰ ਦੀ ਲੋੜ ਪੂਰੀ ਕਰਨ 'ਚ ਸਰਕਾਰ ਅਸਮਰਥ ਰਹੀ ਹੈ। ਕਿਸਾਨ ਝੋਨਾ ਲਾਉਣ ਲਈ ਪੂਰੀ ਤਰਾਂ ਜਰਨੈਟਰਾਂ 'ਤੇ ਨਿਰਭਰ ਹਨ। ਉਨ੍ਹਾਂ ਕਿਹਾ ਕਿ ਬਿਜਲੀ ਦੇ ਕੱਟਾਂ ਤੋਂ ਇਲਾਵਾ ਨਹਿਰੀ ਪਾਣੀ ਵੀ ਪੂਰਾ ਨਹੀਂ ਆ ਰਿਹਾ। ਸੂਬੇ ਦੇ ਜ਼ਿਆਦਾਤਰ ਹਿੱਸਿਆਂ 'ਚ ਨਹਿਰਾਂ ਲਗਾਤਾਰ ਸੁਕੀਆਂ ਹੀ ਰਹੀਆਂ ਹਨ।

## ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਆਈਆਂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਵਲ ਹਸਪਤਾਲ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਦੀ ਅਗਵਾਈ ਹੇਠ ਕੌਮੀ ਪਲਸ ਪੋਲਿਓ ਮੁਹਿੰਮ ਤਹਿਤ ਵਿਸ਼ੇਸ਼ ਗਤੀਵਿਧੀਆਂ ਚਲਾਈਆਂ ਗਈਆਂ।ਇਸ ਦੌਰਾਨ ਪਹਿਲੇ ਦਿਨ 0



ਤੋਂ 5 ਸਾਲ ਤੱਕ ਦੇ 353 ਬੱਚਿਆਂ ਨੂੰ ਪੋਲਿਓ ਰੋਧਕ ਦਵਾਈ ਦੀਆਂ ਦੋ ਬੂੰਦਾਂ ਪਿਲਾਈਆਂ ਗਈਆਂ।ਐਸ.ਐਮ.ਓ. ਡਾਕਟਰ ਗੁਰਪ੍ਰੀਤ ਸਿੰਘ ਮਾਹਲ ਨੇ ਦੱਸਿਆ ਕਿ ਇਸ ਮੁਹਿੰਮ ਦੀ ਸਫਲਤਾ ਲਈ 11 ਬੂਥ ਤੇ ਇੱਕ ਮੋਬਾਈਲ ਟੀਮ ਤਾਇਨਾਤ ਕੀਤੀ ਗਈ।ਸਿਹਤ ਵਿਭਾਗ ਦੀਆਂ ਟੀਮਾਂ ਨੇ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਜਾ ਕੇ ਬੱਚਿਆਂ ਨੂੰ ਪੋਲਿਓ ਦੀ ਖੁਰਾਕ ਪਿਲਾਈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਬੱਚਾ ਪੋਲਿਓ ਦੀ ਖੁਰਾਕ ਤੋਂ ਵਾਂਝਾ ਰਹਿ ਗਿਆ ਹੈ ਤਾਂ ਉਹ ਨਜ਼ਦੀਕੀ ਸਿਹਤ ਕੇਂਦਰ ਜਾਂ ਸਿਹਤ ਕ੍ਰਮਚਾਰੀਆਂ ਨਾਲ ਸੰਪਰਕ ਕਰਕੇ ਆਪਣੇ ਬੱਚੇ ਨੂੰ ਜ਼ਰੂਰ ਪੋਲਿਓ ਦੀਆਂ ਦੋ ਬੂੰਦਾਂ ਪਿਲਵਾਉਣ।ਸਿਹਤ ਵਿਭਾਗ ਦਾ ਉਦੇਸ਼ ਹਰ ਬੱਚੇ ਤੱਕ ਪਹੁੰਚ ਕੇ ਪੋਲਿਓ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਹੈ। ਇਸ ਮੌਕੇ ਸੁਨੀਲ ਧੀਰ, ਗੁਰਵਿੰਦਰ ਸਿੰਘ ਵਿੱਕੀ, ਰਾਕੇਸ਼ ਕੁਮਾਰ, ਰਵੀ ਸੁਪਰਵਾਈਜ਼ਰ, ਜਸਵੀਰ ਕੌਰ ਏ ਐਨ ਐਮ, ਜੈਸਮੀਨ ਕੌਰ ਸਟੂਡੈਂਟ ਹਾਜ਼ਰ ਰਹੇ।

## ਕੱਟਾਂ ਤੋਂ ਅੱਕੇ ਕਿਸਾਨਾਂ ਵੱਲੋਂ ਧਰਨਾ

**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਮਹਿਲਾਂ ਦੇ ਪ੍ਰਧਾਨ ਜਗਜੀਤ ਸਿੰਘ ਸੇਖੋ ਦੀ ਅਗਵਾਈ ਹੇਠ ਪਹਿਲਾਂ ਉਪ ਮੰਡਲ ਦਫਤਰ ਪੀ ਐਸ ਪੀ ਸੀ ਐਲ ਮਹਿਲਾਂ ਵਿਖੇ ਇਕੱਠੇ ਹੋ ਕੇ ਮਹਿਕਮੇ ਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਉਪਰੰਤ ਨਾਗਰਾ ਵਿਖੇ ਬਿਜਲੀ ਗਰਿੱਡ ਅੱਗੇ ਰੋਸ ਧਰਨਾ ਦਿੱਤਾ।ਇਕੱਠੇ ਹੋਏ ਕਿਸਾਨਾਂ ਵੱਲੋਂ ਮਹਿਲਾਂ ਤੋਂ ਨਾਗਰਾ ਗਰਿੱਡ ਤੱਕ ਰੋਸ ਮਾਰਚ ਕੀਤਾ ਗਿਆ।ਦਿੜ੍ਹਬਾ ਬਲਾਕ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ, ਜਿਲਾ ਖਜਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਇੱਕ ਪਾਸੇ ਸਰਕਾਰ ਖੇਤੀ ਮੋਟਰਾਂ ਨੂੰ ਅੱਠ ਘੰਟੇ ਦਿਨ ਸਮੇਂ ਬਿਜਲੀ ਦੇਣ ਦੇ ਦਾਅਵੇ ਕਰਦੀ ਹੈ, ਜਦ ਕਿ ਖੇਤੀ ਮੋਟਰਾਂ ਨੂੰ ਦੋ ਤਿੰਨ ਘੰਟੇ ਸਪਲਾਈ ਹੀ ਮਿਲ ਰਹੀ ਹੈ। ਬਿਜਲੀ ਬੋਰਡ ਮਹਿਲਾਂ ਦੇ ਉਪ ਮੰਡਲ ਇੰਜੀਨੀਅਰ ਵੱਲੋਂ ਲੋਕਾਂ ਨੂੰ ਅੱਠ ਘੰਟੇ ਨਿਰੰਤਰ ਬਿਜਲੀ ਦੇਣ ਦਾ ਭਰੋਸਾ ਦੇਣ 'ਤੇ ਰੋਸ ਧਰਨਾ ਸਮਾਪਤ ਕੀਤਾ ਗਿਆ।ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਹਰਜਿੰਦਰ ਸਿੰਘ ਘਰਾਚੋ, ਜਗਦੀਪ ਸਿੰਘ ਮਹਿਲਾ, ਦਰਸ਼ਨ ਸਿੰਘ ਮਾਨ, ਗੁਰਸੇਵਕ ਸਿੰਘ ਸੋਹੀ, ਬੁੱਧ ਸਿੰਘ ਦੁਲਟ, ਜੱਗਾ ਸਿੰਘ ਮਾਨ, ਕੁਲਦੀਪ ਸਿੰਘ ਮਾਨ, ਬਿੰਦਰ ਸਿੰਘ ਦੁਲਟ, ਰਾਮ ਸਿੰਘ ਸੋਹੀ ਆਦਿ ਹਾਜ਼ਰ ਸਨ।



## ਗ਼ਰਮੀ ਤੋਂ ਰਾਹਤ ਲਈ ਜਲ ਜੀਰੇ ਦਾ ਲੰਗਰ



**ਭਵਾਨੀਗੜ੍ਹ (ਰਾਜ ਖੁਰਮੀ)**-ਭਿਆਨਕ ਗਰਮੀ ਅਤੇ ਵਧ ਰਹੇ ਤਾਪਮਾਨ ਨੂੰ ਦੇਖਦਿਆਂ ਲਿਓਨ ਕਲੱਬ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਸਮਾਣਾ ਰੋਡ ਸਥਿਤ ਗੁਰੂ ਕਿਰਪਾ ਰਾਇਸ ਮਿਲਜ਼ (ਸ਼ੈਲਰ), ਬਾਲਦ ਖੁਰਦ ਵਿਖੇ ਠੰਢੇ ਜਲ ਜੀਰੇ ਦਾ ਲੰਗਰ ਲਾਇਆ ਗਿਆ।ਇਸ ਮੌਕੇ ਰਾਹਗੀਰਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਠੰਢਾ ਜਲ ਜੀਰਾ ਪਿਲਾ ਕੇ ਗਰਮੀ ਤੋਂ ਰਾਹਤ ਪ੍ਰਦਾਨ ਕੀਤੀ ਗਈ।ਸੇਵਾ ਕਾਰਜ ਦੀ ਅਗਵਾਈ ਕਲੱਬ ਦੇ ਪ੍ਰਧਾਨ ਅਜੇ ਗਰਗ ਨੇ ਚਰਨਜੀਤ ਸਚਦੇਵਾ ਤੇ ਚਮਕੌਰ ਸਿੰਘ ਦੇ ਸਹਿਯੋਗ ਨਾਲ ਕੀਤੀ।ਇਸ ਮੌਕੇ ਮਨੀਸ਼ ਸਿੰਗਲਾ, ਦੀਪਕ ਮਿੱਤਲ, ਵਿਜੇ ਸਿੰਗਲਾ ਸਮੇਤ ਕਲੱਬ ਦੇ ਹੋਰ ਮੈਂਬਰ ਤੇ ਗੁਰੂ ਕਿਰਪਾ ਰਾਇਸ ਮਿਲਜ਼ ਦੇ ਮੁਲਾਜ਼ਮ ਵੀ ਸੇਵਾ ਕਾਰਜ ਵਿੱਚ ਸ਼ਾਮਲ ਹੋਏ।ਕਲੱਬ ਦੇ ਅਹੁਦੇਦਾਰਾਂ ਨੇ ਕਿਹਾ ਕਿ 'ਸੇਵਾ ਪਰਮੋ ਧਰਮ' ਦੀ ਭਾਵਨਾ ਨਾਲ ਸਮਾਜ ਦੀ ਸੇਵਾ ਕਰਨਾ ਹੀ ਲਿਓਨ ਕਲੱਬ ਦਾ ਮੁੱਖ ਉਦੇਸ਼ ਹੈ।ਉਨ੍ਹਾਂ ਕਿਹਾ ਕਿ ਸਾਫ਼ ਹਵਾ ਅਤੇ ਸ਼ੁੱਧ ਪਾਣੀ ਹਰ ਵਿਅਕਤੀ ਦਾ ਬੁਨਿਆਦੀ ਅਧਿਕਾਰ ਹੈ ਅਤੇ ਕਲੱਬ ਭਵਿੱਖ ਵਿੱਚ ਵੀ ਲੋਕ ਭਲਾਈ ਦੇ ਅਜਿਹੇ ਸੇਵਾ ਕਾਰਜ ਲਗਾਤਾਰ ਕਰਦਾ ਰਹੇਗਾ।

## ਸ਼੍ਰੋਮਣੀ ਕਮੇਟੀ ਵੱਲੋਂ ਨਿਸ਼ਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ ਦੀ ਦਾਖਲਾ ਪ੍ਰਕਿਰਿਆ ਸਫ਼ਲਤਾਪੂਰਵਕ ਮੁਕੰਮਲ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਉਪਰਾਲੇ ਤੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਅਗਵਾਈ ਹੇਠ ਨਿਸ਼ਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਵੱਲੋਂ ਸਾਬਤ ਸੂਰਤ ਸਿੱਖ ਸਿਖਿਆਰਥੀਆਂ ਨੂੰ ਸਿਵਲ ਸੇਵਾਵਾਂ ਦੀ ਮੁਫ਼ਤ ਕੋਚਿੰਗ ਪ੍ਰਦਾਨ ਕਰਨ ਹਿਤ 24 ਤੇ 25 ਜੂਨ ਨੂੰ ਇੰਟਰਵਿਊ ਪ੍ਰਕਿਰਿਆ ਸਫ਼ਲਤਾ ਪੂਰਵਕ ਮੁਕੰਮਲ ਹੋਈ।ਇਸ ਇੰਟਰਵਿਊ ਲਈ ਲਿਖਤੀ ਪ੍ਰੀਖਿਆ ਵਿਚੋਂ ਮੈਰਿਟ ਹਾਸਲ ਕਰਕੇ 60 ਦੇ ਕਰੀਬ ਵਿਦਿਆਰਥੀ ਹਾਜ਼ਰ ਹੋਏ।ਨਿਸ਼ਚੈ ਸਿਵਲ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਦੇ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਇਸ ਬਾਰੇ ਦੱਸਦਿਆਂ ਕਿਹਾ ਕਿ ਇੰਟਰਵਿਊ ਦੀ ਪ੍ਰਕਿਰਿਆ ਦੌਰਾਨ ਵਿਦਿਆਰਥੀਆਂ ਦਾ ਪਹਿਲਾਂ ਲੇਖ ਲਿਖਣ ਦਾ ਲਿਖਤੀ ਟੈਸਟ ਲੈਣ ਉਪਰੰਤ ਵਿਸ਼ਾ ਮਾਹਿਰਾਂ ਦੇ ਪੈਨਲ ਰਾਹੀਂ ਇੰਟਰਵਿਊ ਦੇ ਕੇ ਬੋਰਡ ਮੈਂਬਰਜ਼ ਡਾ. ਕਾਹਨ ਸਿੰਘ ਪੰਨੂੰ, ਸਾਬਕਾ ਆਈ.ਏ.ਐਸ ਕੇਹਰ ਸਿੰਘ, ਸਾਬਕਾ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਰਾਮ ਸਿੰਘ ਮੁੰਬਈ, ਉਦਯੋਗਪਤੀ ਲਛਮਣ ਸਿੰਘ ਮਲੂਕਾ, ਸੁਖਮਿੰਦਰ ਸਿੰਘ, ਸਕੱਤਰ ਵਿੱਦਿਆ ਦੇ ਸਨਮੁੱਖ ਸ਼ਖ਼ਸੀਅਤ ਟੈਸਟ ਪਾਸ ਕੀਤਾ।

ਇਸ ਦਾਖਲਾ ਪ੍ਰਕਿਰਿਆ ਦਾ ਨਤੀਜਾ ਲਿਖਤੀ ਟੈਸਟ ਤੇ ਦੋਵੇਂ ਪੈਨਲਾਂ ਦੇ ਨੰਬਰਾਂ ਦੇ ਜੋੜ ਦੇ ਅਧਾਰ 'ਤੇ 26 ਜੂਨ 2026 ਨੂੰ ਐਲਾਨਿਆ ਜਾਵੇਗਾ, ਜਿਸ ਦੇ ਅਧਾਰ 'ਤੇ ਚੁਣੇ ਗਏ ਉਮੀਦਵਾਰਾਂ ਨੂੰ ਅਕੈਡਮੀ ਵਿੱਚ ਦਾਖਲਾ ਦੇ ਕੇ ਸਿਵਲ ਸੇਵਾਵਾਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਉੱਚ ਪੱਧਰੀ ਸਿਖਲਾਈ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਵੱਲੋਂ ਕੀਤਾ ਗਿਆ ਇਹ ਉਪਰਾਲਾ ਸਿੱਖ ਨੌਜਵਾਨਾਂ ਨੂੰ ਉੱਚ ਸਿੱਖਿਆ ਅਤੇ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ ਵਿੱਚ ਸਫ਼ਲਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਤਹਿਤ ਕੀਤਾ ਗਿਆ ਹੈ ਤਾਂ ਜੁ ਸਿੱਖ ਵਿਦਿਆਰਥੀ ਮਿਆਰੀ ਤੇ ਗੁਣਵੱਤਾਪੂਰਨ ਸਿੱਖਿਆ ਪ੍ਰਾਪਤ ਕਰਕੇ ਸਿਵਲ ਸੇਵਾਵਾਂ ਵਿਚ ਯੋਗਦਾਨ ਪਾਉਣ ਦੇ ਸਮਰੱਥ ਹੋ ਸਕਣ।ਸ਼੍ਰੋਮਣੀ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਮੁਫ਼ਤ ਕੋਚਿੰਗ ਦੇ ਨਾਲ ਰਿਹਾਇਸ਼ ਤੇ ਭੋਜਨ ਦੀਆਂ ਸਾਰੀਆਂ ਸੁਵਿਧਾਵਾਂ ਵੀ ਬਗੈਰ ਕਿਸੇ ਅਦਾਇਗੀ ਤੋਂ ਉਪਲਬਧ ਕਰਾਈਆਂ ਜਾਣਗੀਆਂ।ਪ੍ਰੀਖਿਆ ਮੌਕੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਹੋਈ ਗੱਲਬਾਤ ਵਿਚ ਉਨ੍ਹਾਂ ਵੱਲੋਂ ਵਿਲੱਖਣ ਪਹਿਲ ਕਦਮੀ ਦੀ ਸ਼ਲਾਘਾ ਕੀਤੀ ਗਈ ਤੇ ਉਨ੍ਹਾਂ ਖ਼ੁਸ਼ੀ ਪ੍ਰਗਟ ਕੀਤੀ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹਿੱਸਾ ਬਣਨਗੇ।ਮਾਪਿਆਂ ਨੇ ਧੰਨਵਾਦ ਪ੍ਰਗਟਾਉਂਦੇ ਹੋਏ ਕਿਹਾ ਕਿ ਮੁਫ਼ਤ ਵਿੱਚ ਪ੍ਰਦਾਨ ਕੀਤੀ ਜਾ ਰਹੀ ਇਸ ਉੱਚ ਪੱਧਰੀ ਕੋਚਿੰਗ ਨੂੰ ਪ੍ਰਾਪਤ ਕਰਕੇ ਉਨ੍ਹਾਂ ਦੇ ਬੱਚੇ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਸਮਾਜ ਦੀ ਸੇਵਾ ਕਰ ਸਕਣ।

## ਸੰਗਤ ਦਰਸ਼ਨ ਤੇ ਲੋਕ ਮਿਲਣੀ 'ਚ ਕੋਹਾਂ ਦਾ ਅੰਤਰ : ਡਾ. ਨਿਸ਼ਾਨ ਸਿੰਘ



**ਬੁਢਲਾਡਾ (ਅਸ਼ੋਕ ਲਾਕੜਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕ ਮਿਲਣੀ ਦੇ ਨਾਂਅ ਹੇਠ ਪ੍ਰੋਗਰਾਮ ਕਰਾ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਤੋਂ ਇਲਾਵਾ ਕੁਝ ਨਹੀਂ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਡਾਕਟਰ ਨਿਸ਼ਾਨ ਸਿੰਘ ਹਲਕਾ ਇੰਚਾਰਜ ਬੁਢਲਾਡਾ ਸ਼੍ਰੋਮਣੀ ਅਕਾਲੀ ਦਲ ਨੇ ਦੱਸਿਆ ਕਿ ਭਗਵੰਤ ਮਾਨ ਮੁੱਖ ਮੰਤਰੀ ਵੱਲੋਂ ਲੋਕ ਮਿਲਣੀ ਵਿੱਚ ਆਮ ਲੋੜਵੰਦ ਲੋਕਾਂ ਨੂੰ ਨੇੜੇ ਨਹੀਂ ਆਉਣ ਦਿੱਤਾ ਜਾਂਦਾ।ਹੱਦ ਉਸ ਵਕਤ ਹੋ ਗਈ, ਜਦੋਂ ਬੁਢਲਾਡਾ ਹਲਕੇ ਦੇ ਪਿੰਡ ਧਰਮਪੁਰਾ ਦੀ ਲੋਕ ਮਿਲਣੀ ਦੌਰਾਨ ਲੋਕਲ ਪੱਤਰਕਾਰਾਂ ਨੂੰ ਵੀ ਮੁੱਖ ਮੰਤਰੀ ਤੋਂ ਦੂਰ ਰੱਖਿਆ ਗਿਆ।ਇਹ ਸਿਰਫ਼ ਮੌਜੂਦਾ ਸਰਕਾਰ ਦੇ ਕਾਰਕੁੰਨਾਂ ਦੀ ਹੀ ਮਿਲਣੀ ਸਾਬਤ ਹੋਈ ਹੈ।ਭਗਵੰਤ ਮਾਨ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਅਕਸਰ ਲੋਕਾਂ ਨੂੰ ਜਾਗਰੂਕ ਕਰਦੇ ਦਿਖਾਈ ਦਿੰਦੇ ਸਨ ਕਿ ਲੀਡਰਾਂ ਨੂੰ ਆਪਣੇ ਪਿੰਡਾਂ ਵਿੱਚ ਆਉਣ ਤੇ ਸਵਾਲ ਕਰਿਆ ਕਰੋ।ਜਦੋਂ ਆਮ ਲੋਕਾਂ, ਵਿਰੋਧੀ ਪਾਰਟੀਆਂ ਅਤੇ ਜਥੇਬੰਦੀਆਂ ਦੇ ਆਗੂਆਂ ਨੇ ਇਨ੍ਹਾਂ ਨੂੰ ਸਵਾਲ ਕਰਨ ਲਈ ਲੋਕ ਮਿਲਣੀ ਵਿੱਚ ਸ਼ਮੂਲੀਅਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੂੰ ਪੁਲਸ ਨੇ ਹਿਰਾਸਤ ਵਿੱਚ ਲੈ ਕੇ ਲੋਕ ਮਿਲਣੀ ਵਿੱਚ ਸ਼ਾਮਲ ਨਹੀਂ ਹੋਣ ਦਿੱਤਾ।ਇਸ ਦੇ ਉਲਟ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਪ੍ਰਕਾਸ਼ ਸਿੰਘ ਬਾਦਲ ਦੇ ਮੁੱਖ ਮੰਤਰੀ ਹੁੰਦਿਆਂ ਸੰਗਤ ਦਰਸ਼ਨ ਕੀਤੇ ਜਾਂਦੇ ਸਨ ਤਾਂ ਸਾਰੇ ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀ ਉੱਥੇ ਮੌਜੂਦ ਹੁੰਦੇ ਸਨ।ਸੰਗਤ ਦਰਸ਼ਨ ਵਿੱਚ ਹਰ ਇੱਕ ਇਨਸਾਨ ਆਪਣੀ ਫ਼ਰਿਆਦ ਲੈ ਕੇ ਆ ਸਕਦਾ ਸੀ।ਉਨ੍ਹਾਂ ਨੂੰ ਕੋਈ ਧੱਕੇ ਨਹੀਂ ਮਾਰ ਸਕਦਾ ਸੀ।ਸ੍ਰੀ ਬਾਦਲ ਹਰ ਲੋੜਵੰਦ ਇਨਸਾਨ ਦਾ ਦੁੱਖ ਦਰਦ ਸੁਣ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਨੂੰ ਉਸੇ ਵਕਤ ਹੱਲ ਕਰਨ ਦੀ ਹਦਾਇਤ ਦਿੰਦੇ ਸਨ।ਪੰਚਾਇਤਾਂ ਦੀਆਂ ਸਮੱਸਿਆਵਾਂ ਤੇ ਵਿਕਾਸ ਕਾਰਜਾਂ ਲਈ ਸੁਝਾਅ ਮਿਲਣ ਤੇ ਉਨ੍ਹਾਂ ਵੱਲੋਂ ਉਸੇ ਵਕਤ ਅਥਾਹ ਗ੍ਰਾਂਟਾਂ ਦਿੱਤੀਆਂ ਜਾਂਦੀਆਂ ਸਨ, ਜਦੋਂ ਕਿ ਲੋਕ ਮਿਲਣੀ ਦੌਰਾਨ ਪਿੰਡ ਦੀਆਂ ਗਲੀਆਂ ਸੀਲ ਕਰ ਦਿੱਤੀਆਂ ਜਾਂਦੀਆਂ ਹਨ।

# ਪੰਜਾਬ ਸਰਕਾਰ ਦੀਆਂ ਯੋਜਨਾਵਾਂ ਸ਼ਲਾਘਾਯੋਗ : ਸੰਧੂ



ਸਨੌਰ (ਰਾਜਿੰਦਰ ਸਿੰਘ ਥਿੰਦ) ਆਮ ਆਦਮੀ ਪਾਰਟੀ ਆਗੂ ਸੀਨੀਅਰ ਲੀਡਰ ਤੇ ਪੰਜਾਬ ਸਟੇਟ ਕਨਵੇਅਰ ਵਾਇਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ 36 ਬਟਾਲੀਅਨ ਦੇ ਹੈਲੀਪੈਡ ਵਿਖੇ ਗਰਮਜੋਸ਼ੀ ਨਾਲ ਸਵਾਗਤ ਕੀਤਾ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਲਏ ਜਾ ਰਹੇ ਮਹੱਤਵਪੂਰਨ ਫ਼ੈਸਲਿਆਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਅਤੇ 1500 ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਫ਼ੈਸਲਾ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਅਹਿਮ ਕਦਮ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਲੱਖਾਂ ਪਰਿਵਾਰਾਂ ਨੂੰ ਸਿੱਧਾ ਲਾਭ ਮਿਲੇਗਾ ਤੇ ਮਹਿਲਾਵਾਂ ਦੀ ਆਰਥਿਕ ਸਥਿਤੀ ਹੋਰ ਮਜ਼ਬੂਤ ਹੋਵੇਗੀ।ਸੰਧੂ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਪੰਚਾਂ ਨੂੰ ਹਰ ਮਹੀਨੇ 10,000 ਰੁਪਏ ਮਾਣ-ਭੱਤਾ ਦੇਣ ਦੇ ਫ਼ੈਸਲੇ ਦੀ ਵੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ ਤੇ ਸਰਪੰਚ ਹੋਰ ਉਤਸ਼ਾਹ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਅ ਸਕਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਹਿਤ ਵਿੱਚ ਲਗਾਤਾਰ ਇਤਿਹਾਸਕ ਫ਼ੈਸਲੇ ਲੈ ਰਹੀ ਹੈ, ਜਿਸ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਸਨੌਰ ਹਲਕੇ ਨਾਲ ਸਬੰਧਤ ਕੁਝ ਅਹਿਮ ਮਸਲਿਆਂ ਤੋਂ ਵੀ ਜਾਣੂ ਕਰਵਾਇਆ।

# ਖੰਡਾ ਚੌਕ ਤੋਂ ਫਲਾਈਓਵਰ ਤੱਕ ਸੜਕ ਦਾ ਉਦਘਾਟਨ



ਪਟਿਆਲਾ, (ਰਾਜਿੰਦਰ ਸਿੰਘ ਥਿੰਦ) ਗੁਰਦੁਆਰਾ ਦੂਖ ਨਿਵਾਰਨ ਸਾਹਿਬ ਦੇ ਖੰਡਾ ਚੌਕ ਤੋਂ ਲੈ ਕੇ ਪੁਰਾਣਾ ਬੱਸ ਅੱਡਾ ਫਲਾਈਓਵਰ ਤੱਕ ਸੜਕ ਦਾ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਉਦਘਾਟਨ ਕੀਤਾ ਗਿਆ।ਇਸ ਸੜਕ ਦੀ ਕੁੱਲ ਲਾਗਤ 94 ਲੱਖ ਰੁਪਏ ਹੈ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਕਿ ਜਿਹੜੀ ਸੰਗਤ ਗੁਰਦੁਆਰਾ ਦੁਖਨਿਵਾਰਨ ਸਾਹਿਬ ਵਿਖੇ ਨਿੱਤ ਆਉਂਦੀ ਹੈ, ਉਸ ਸੰਗਤਾਂ ਨੂੰ ਇਸ ਸੜਕ ਤੋਂ ਲੰਘਣ ਲਈ ਦਿੱਕਤ ਨਾ ਆਵੇ, ਇਸ ਕਰਕੇ ਇਹ ਸੜਕ ਪਹਿਲ ਦੇ ਅਧਾਰ 'ਤੇ ਸ਼ੁਰੂ ਕਰ ਦਿੱਤੀ ਗਈ ਹੈ। ਇਥੋਂ ਤੱਕ ਫਲਾਈਓਵਰ ਤੋਂ ਉਤਰ ਕੇ ਖੰਡਾ ਚੌਕ ਤੱਕ ਜਾਣ ਲਈ ਇਹ ਸੜਕ ਬਣਾਉਣਾ ਜ਼ਰੂਰੀ ਸੀ।ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਜਿਹੜੀਆਂ ਸੜਕਾਂ ਕਾਫੀ ਦੇਰ ਤੋਂ ਨਹੀਂ ਬਣੀਆਂ ਸਨ ਉਹ ਸੜਕਾਂ ਨਵੀਆਂ ਬਣਾ ਦਿੱਤੀਆਂ ਹਨ। ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ।ਉਨ੍ਹਾਂ ਭਰੋਸਾ ਦਿਵਾਇਆ ਕਿ ਪਟਿਆਲਾ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਵਿਕਾਸ ਪ੍ਰੋਜੈਕਟਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ।

# ਪੰਜਾਬ 'ਚ 16,603 ਮੈਗਾਵਾਟ ਬਿਜਲੀ ਸਪਲਾਈ ਦਾ ਨਵਾਂ ਰਿਕਾਰਡ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਮਾਨਸੂਨ ਦੇ ਪਛੜਨ ਕਾਰਨ ਪੂਰੇ ਪੰਜਾਬ ਵਿੱਚ ਅਸਹਿ ਗਰਮੀ ਅਤੇ ਹੁੰਮਸ ਭਰੇ ਮੌਸਮ ਦਾ ਕਹਿਰ ਜਾਰੀ ਹੈ।ਇਸ ਦੇ ਨਾਲ ਹੀ ਸੂਬੇ ਵਿੱਚ ਝੋਨੇ ਦੀ ਲਵਾਈ ਵੀ ਪੂਰੇ ਸਿਖਰਾਂ 'ਤੇ ਪਹੁੰਚ ਚੁੱਕੀ ਹੈ।ਇਨ੍ਹਾਂ ਹਾਲਾਤ ਦਰਮਿਆਨ ਬਿਜਲੀ ਦੀ ਮੰਗ ਵਿੱਚ ਬੇਤਹਾਸ਼ਾ ਵਾਧਾ ਹੋਇਆ ਹੈ।ਇਸ ਭਾਰੀ ਮੰਗ ਨੂੰ ਸਫ਼ਲਤਾਪੂਰਵਕ ਪੂਰਾ ਕਰਦਿਆਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਬਿਜਲੀ ਸਪਲਾਈ ਦੇ ਖੇਤਰ ਵਿੱਚ ਇੱਕ ਨਵਾਂ ਇਤਿਹਾਸਕ ਰਿਕਾਰਡ ਕਾਇਮ ਕੀਤਾ ਹੈ।ਪਾਵਰਕਾਮ ਨੇ ਸੂਬੇ ਭਰ ਵਿੱਚ ਰਿਕਾਰਡ 16,603 ਮੈਗਾਵਾਟ ਬਿਜਲੀ ਦੀ ਸਪਲਾਈ ਕਰਕੇ ਹੁਣ ਤੱਕ ਦਾ ਸਭ ਤੋਂ ਵੱਡਾ ਕੀਰਤੀਮਾਨ ਸਥਾਪਤ ਕੀਤਾ ਹੈ। ਗਰਮੀ ਤੇ ਝੋਨੇ ਦੇ ਸੀਜ਼ਨ ਕਾਰਨ ਪੈਦਾ ਹੋਈ ਬਿਜਲੀ ਦੀ ਇਸ ਅਥਾਹ ਮੰਗ ਨੂੰ ਪੂਰਾ ਕਰਨਾ ਪਾਵਰਕਾਮ ਲਈ ਇੱਕ ਵੱਡੀ ਚੁਣੌਤੀ ਸੀ।ਇਸ ਚੁਣੌਤੀ ਨਾਲ ਨਜਿੱਠਣ ਲਈ ਪਾਵਰਕਾਮ ਵੱਲੋਂ ਕੇਂਦਰੀ ਗਰਿੱਡ (ਸੈਂਟਰਲ ਪੂਲ) ਦਾ ਸਹਾਰਾ ਲਿਆ ਗਿਆ।ਪਾਵਰਕਾਮ ਨੇ ਸੈਂਟਰਲ ਪੂਲ ਤੋਂ ਰਿਕਾਰਡ 11,171 ਮੈਗਾਵਾਟ ਬਿਜਲੀ ਲਈ ਕੀਤੀ, ਜੋ

## ਸੂਬੇ 'ਚ ਗਰਮੀ ਤੇ ਹੁੰਮਸ ਦਾ ਕਹਿਰ ਜਾਰੀ

ਆਪਣੇ ਆਪ ਵਿੱਚ ਇੱਕ ਨਵੀਂ ਮਿਸਾਲ ਹੈ। ਦਿਲਚਸਪ ਗੱਲ ਇਹ ਹੈ ਕਿ ਇਹ ਡਰਾਅਲ ਨਿਰਧਾਰਤ ਸਮਰੱਥਾ ਨਾਲੋਂ ਵੀ 712 ਮੈਗਾਵਾਟ ਵੱਧ ਦਰਜ ਕੀਤੀ ਗਈ, ਜਿਸ ਨਾਲ ਸੂਬੇ ਵਿੱਚ ਬਿਜਲੀ ਦਾ ਸੰਕਟ ਟਲ ਗਿਆ।

ਇੱਕ ਪਾਸੇ ਜਿੱਥੇ ਬਿਜਲੀ ਦੀ ਮੰਗ ਅਸਮਾਨ ਛੂਹ ਰਹੀ ਸੀ, ਉੱਥੇ ਦੂਜੇ ਪਾਸੇ ਪੰਜਾਬ ਨੂੰ ਆਪਣੇ ਅੰਦਰੂਨੀ ਸਰੋਤਾਂ ਤੋਂ ਕੁਝ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ।ਇਸ ਦੌਰਾਨ ਪੰਜਾਬ ਦੇ ਆਪਣੇ ਸਰੋਤਾਂ ਤੋਂ ਬਿਜਲੀ ਦੀ ਪੈਦਾਵਾਰ ਲਗਭਗ 5,360 ਮੈਗਾਵਾਟ ਦੇ ਕਰੀਬ ਰਹੀ।ਸੂਬੇ ਦੇ ਆਪਣੇ ਉਤਪਾਦਨ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ, ਜਦੋਂ ਲਹਿਰਾ ਮੁਹੱਬਤ ਸਥਿਤ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ 250-250 ਮੈਗਾਵਾਟ ਦੀ ਸਮਰੱਥਾ ਵਾਲੇ 2 ਯੂਨਿਟ ਤਕਨੀਕੀ ਖ਼ਰਾਬੀ ਕਾਰਨ ਅਚਾਨਕ ਬੰਦ ਹੋ ਗਏ।ਇਸ ਤਕਨੀਕੀ ਨੁਕਸ ਕਾਰਨ ਰਾਜ ਦੇ ਆਪਣੇ ਉਤਪਾਦਨ 'ਚੋਂ 500 ਮੈਗਾਵਾਟ ਬਿਜਲੀ ਘੱਟ ਪੈਦਾ ਹੋਈ।ਹਾਲਾਂਕਿ, ਪਾਵਰਕਾਮ ਦੇ ਅਧਿਕਾਰੀਆਂ ਨੇ ਮੁਸਤੈਦੀ ਦਿਖਾਉਂਦੇ ਹੋਏ ਇਸ ਘਾਟ ਦੀ ਭਰਪਾਈ ਕੇਂਦਰੀ ਪੂਲ ਤੇ ਹੋਰ ਬਾਹਰੀ ਸਰੋਤਾਂ ਤੋਂ ਤੁਰੰਤ ਬਿਜਲੀ ਲੈ ਕੇ ਕਰ ਦਿੱਤੀ, ਜਿਸ ਕਾਰਨ ਖਪਤਕਾਰਾਂ ਨੂੰ ਕੋਈ ਵੱਡੀ ਦਿੱਕਤ ਪੇਸ਼ ਨਹੀਂ ਆਈ।

# ਜੈਵਿਕ ਖਾਦਾਂ ਨਾਲ ਘਟੇਗੀ ਲਾਗਤ ਤੇ ਵਧੇਗੀ ਜ਼ਮੀਨ ਦੀ ਉਪਜਾਊ ਸ਼ਕਤੀ : ਮਾਹਿਰ




ਭਵਾਨੀਗੜ੍ਹ (ਰਾਜ ਖੁਰਮੀ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਸੰਗਰੂਰ ਵੱਲੋਂ ਡਾ. ਮਨਦੀਪ ਸਿੰਘ, ਇੰਚਾਰਜ (ਟ੍ਰੇਨਿੰਗ) ਦੀ ਅਗਵਾਈ ਹੇਠ ਪਿੰਡ ਭੱਟੀਵਾਲ ਕਲਾਂ ਵਿਖੇ ਕਿਨਵਿਤ ਜੈਵਿਕ ਖਾਦ ਅਤੇ ਤਰਲ ਕਿਨਵਿਤ ਜੈਵਿਕ ਖਾਦ ਸਬੰਧੀ ਜਾਗਰੂਕਤਾ ਅਤੇ ਸਿਖਲਾਈ ਕੈਂਪ ਕਰਵਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਘੱਟ ਲਾਗਤ ਵਾਲੀਆਂ, ਵਾਤਾਵਰਣ ਅਨੁਕੂਲ ਅਤੇ ਟਿਕਾਊ ਖੇਤੀ ਤਕਨੀਕਾਂ ਨਾਲ ਜੋੜਨਾ ਸੀ।ਇਸ ਮੌਕੇ ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੈਵਿਕ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਸਿਹਤ ਅਤੇ ਉਪਜਾਊ ਸ਼ਕਤੀ ਵਿੱਚ ਸੁਧਾਰ ਹੁੰਦਾ ਹੈ, ਪੌਦਿਆਂ ਨੂੰ ਲੋੜੀਂਦੇ ਪੌਸ਼ਟਿਕ ਤੱਤ ਕੁਦਰਤੀ ਢੰਗ ਨਾਲ ਮਿਲਦੇ ਹਨ ਅਤੇ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਵਿੱਚ ਕਮੀ ਆਉਂਦੀ ਹੈ। ਉਨ੍ਹਾਂ ਕਿਨਵਿਤ ਜੈਵਿਕ ਖਾਦ ਅਤੇ ਤਰਲ ਕਿਨਵਿਤ ਜੈਵਿਕ ਖਾਦ ਤਿਆਰ ਕਰਨ ਦੀ ਵਿਧੀ, ਸਹੀ ਵਰਤੋਂ ਅਤੇ ਇਨ੍ਹਾਂ ਨਾਲ ਫ਼ਸਲਾਂ ਦੀ ਪੈਦਾਵਾਰ ਤੇ ਮਿੱਟੀ ਦੀ ਲੰਬੇ ਸਮੇਂ ਤੱਕ ਉਤਪਾਦਕਤਾ ਵਧਾਉਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕੈਂਪ ਦੌਰਾਨ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਲਈ ਸਾਉਣੀ ਰੁੱਤ ਵਿੱਚ ਮੱਕੀ ਦੀ ਕਾਸ਼ਤ ਕਰਨ ਲਈ ਪ੍ਰੇਰਿਤ ਕੀਤਾ।

# 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ : ਡਾਕਟਰ ਗਿੱਲ

ਚੋਹਲਾ ਸਾਹਿਬ (ਰਮਨ ਚੱਢਾ)-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਤੇ ਡਿਪਟੀ ਕਮਿਸ਼ਨਰ ਰਾਹੁਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਤੇ ਜ਼ਿਲ੍ਹਾ ਟੀਕਾਕਰਣ ਅਫ਼ਸਰ -ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਦੀ ਯੋਗ ਅਗਵਾਈ ਹੇਠ ਬਲਾਕ ਸਰਹਾਲੀ ਅਧੀਨ ਆਉਂਦੇ ਵੱਖ-ਵੱਖ ਜਗ੍ਹਾ ਬੂਥ ਲਗਾ ਕੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪਲ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਬਲਾਕ ਸਰਹਾਲੀ ਅਧੀਨ ਆਉਂਦੇ 0 ਤੋਂ 5 ਸਾਲ ਤੱਕ ਦੇ 10482 ਨੰਨ੍ਹੇ-ਮੁੰਨੇ ਬੱਚਿਆਂ ਨੂੰ ਪੋਲੀਓ ਵਰਗੀ ਭਿਆਨਕ ਬਿਮਾਰੀ ਤੋਂ ਬਚਾਉਣ ਲਈ ਪਲਸ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ ਜਿਸ ਸਬੰਧੀ 62 ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਟੀਮਾਂ ਵਿੱਚ 6 ਮੋਬਾਇਲ ਟੀਮਾਂ, 13 ਸੁਪਰਵਾਈਜ਼ਰ, ਟੈਰਾਂਜਿਟ ਕੈਂਪ ਲਈ 3 ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਵੱਖ-ਵੱਖ ਬੂਥਾਂ ਤੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਹਨ ਅਤੇ ਫਿਰ ਬਾਕੀ ਦਿਨਾਂ ਵਿੱਚ ਬੂਥਾਂ ਦੇ ਨਾਲ ਨਾਲ ਘਰ ਘਰ ਜਾ ਕੇ ਟੀਮਾਂ ਵੱਲੋਂ ਇਹ ਬੂੰਦਾਂ ਪਿਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਟੀਮਾਂ ਬੱਸ ਸਟੈਂਟ, ਭੱਠਿਆਂ, ਝੁੱਗੀਆਂ-ਝੌਂਪੜੀਆਂ, ਬਹਿਕਾਂ ਆਦਿ ਤੇ ਪਹੁੰਚ ਕੇ ਵੀ



ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣਗੀਆਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਬੱਚਿਆਂ ਦੀ ਉਮਰ 0 ਤੋਂ 5 ਸਾਲ ਤੱਕ ਹੈ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਆਪਣੇ ਬੱਚਿਆਂ ਨੂੰ ਪੋਲੀਓ ਵਰਗੀ ਭਿਆਨਕ ਬਿਮਾਰੀ ਤੋਂ ਬਚਾਉਣ ਖਾਤਰ ਪਲਸ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ। ਇਸ ਸਮੇਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਡਾਕਟਰ ਕਰਮਬੀਰ ਸਿੰਘ ਏਐੱਮਓ, ਬਲਰਾਜ ਸਿੰਘ ਗਿੱਲ ਬੀਈਈ, ਮਨਦੀਪ ਸਿੰਘ ਆਈਏ, ਜਤਿੰਦਰ ਕੌਰ ਐਲਟੀ, ਸਟਾਫ ਨਰਸ ਰੁਪਿੰਦਰ ਕੌਰ, ਰਾਜਵਿੰਦਰ ਕੌਰ ਐੱਲਟੀ, ਕਵਲਜੀਤ ਕੌਰ ਐੱਲਟੀ, ਕਵਲਜੀਤ ਕੌਰ ਸਟਾਫ ਨਰਸ, ਅਮਨਦੀਪ ਕੌਰ ਸਟਾਫ ਨਰਸ, ਐੱਲਐੱਚਵੀ ਰਜਵੰਤ ਕੌਰ, ਜਸਪ੍ਰੀਤ ਕੌਰ ਏਐੱਨਐੱਮ, ਇੰਦਰਜੀਤ ਕੌਰ ਏਐੱਨਐੱਮ, ਸੀਐੱਚ ਨਵਨੀਤ ਕੌਰ ਅਤੇ ਹੋਰ ਹਾਜ਼ਰ ਸਨ।

# ਬ੍ਰਾਹਮਣ ਸਭਾ ਰੁੱਖ, ਕੁੱਖ ਤੇ ਪਾਣੀ ਬਚਾਓ ਮੁਹਿੰਮ ਤੇਜ਼ ਕਰੇਗੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਬ੍ਰਾਹਮਣ ਸਭਾ 5995 ਦੀ ਮਹੱਤਵਪੂਰਨ ਮੀਟਿੰਗ ਆਪਣਾ ਬਿਜ਼ਰ ਭੰਡਾਰ ਵਿਖੇ ਸਭਾ ਦੇ ਪ੍ਰਧਾਨ ਦੀਪਕ ਪਾਲ ਸ਼ਰਮਾ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਸਭਾ ਵੱਲੋਂ ਚਲਾਈ ਜਾ ਰਹੀ ਸੇਵ ਟ੍ਰਸਟ, ਵੈਸਲ ਐਂਡ ਵਾਟਰ ਮੁਹਿੰਮ ਨੂੰ ਹੋਰ ਸਰਗਰਮ ਬਣਾਉਣ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਇਲਾਕੇ ਵਿੱਚ ਦੇਵੀ-ਦੇਵਤਿਆਂ ਦਾ ਭੇਸ ਧਾਰ ਕੇ ਭੀਖ ਮੰਗਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।ਇਸ ਤੋਂ ਇਲਾਵਾ, ਦੇਵੀ-ਦੇਵਤਿਆਂ ਦਾ ਭੇਸ ਧਾਰ ਕੇ ਬਜ਼ਾਰਾਂ ਵਿੱਚ ਝਾਕੀਆਂ ਕੱਢਦੇ ਸਮੇਂ ਅਸ਼ਲੀਲ ਭਾਵਨਾਵਾਂ ਵਿੱਚ ਨੱਚਣ ਵਾਲਿਆਂ ਨਾਲ ਵੀ ਸਖ਼ਤੀ ਨਾਲ ਨਜਿੱਠਿਆ ਜਾਵੇ।ਮੀਟਿੰਗ ਵਿੱਚ ਬ੍ਰਾਹਮਣ



ਭਲਾਈ ਬੋਰਡ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਸੰਦੀਪ ਸ਼ਰਮਾ ਨੂੰ ਜ਼ਿਲ੍ਹਾ ਚੇਅਰਮੈਨ ਨਿਯੁਕਤ ਕਰਨ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਬ੍ਰਾਹਮਣ ਸਭਾ ਨੇ ਸੰਦੀਪ ਸ਼ਰਮਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਸੰਦੀਪ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਨੂੰ ਬ੍ਰਾਹਮਣਾਂ ਦੀ ਕਿਸੇ ਵੀ ਤਰ੍ਹਾਂ ਦੀ ਮਦਦ ਕਰਨ ਦਾ ਮਾਣ ਪ੍ਰਾਪਤ ਹੋਵੇਗਾ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਬ੍ਰਾਹਮਣ ਭਾਈਚਾਰੇ ਲਈ ਉਪਲਬਧ ਰਹਿਣਗੇ ਤੇ ਉਨ੍ਹਾਂ ਨੂੰ ਇਕਜੁਟ ਕਰਨ ਦੀ ਕੋਸ਼ਿਸ਼ ਕਰਨਗੇ।

# ਪੈਪਸੀਕੋ ਕੰਪਨੀ ਦੇ ਕੰਟਰੈਕਟ ਮਜ਼ਦੂਰਾਂ ਵੱਲੋਂ ਰੋਸ ਰੈਲੀ



ਭਵਾਨੀਗੜ੍ਹ (ਰਾਜ ਖੁਰਮੀ) : ਇੱਥੋਂ ਦੇ ਨੇੜਲੇ ਪਿੰਡ ਕਾਲਾਝਾੜ ਟੋਲ ਪਲਾਜ਼ਾ ਨੇੜੇ ਪੈਪਸੀਕੋ ਕੰਪਨੀ ਦੇ ਕੰਟਰੈਕਟ ਮਜ਼ਦੂਰਾਂ ਨੇ ਮੰਨੀਆਂ ਮੰਗਾਂ ਲਾਗੂ ਨਾ ਕਰਨ ਦੇ ਵਿਰੋਧ ਵਿੱਚ ਰੋਸ ਰੈਲੀ ਕੀਤੀ। ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਅਤੇ ਮੀਤ ਪ੍ਰਧਾਨ ਪ੍ਰਦੀਪ ਸਿੰਘ ਨੇ ਦੋਸ਼ ਲਾਇਆ ਕਿ 1 ਜੂਨ ਦੇ ਸਮਝੌਤੇ ਅਨੁਸਾਰ ਤਨਖਾਹ ਵਾਧਾ, ਸਰਵਿਸ ਬ੍ਰੇਕ ਸਿਸਟਮ ਖ਼ਤਮ ਕਰਨ ਅਤੇ ਟਰਾਂਸਪੋਰਟ ਸਹੂਲਤ ਸਮੇਤ ਹੋਰ ਮੰਗਾਂ 'ਤੇ ਅਜੇ ਤੱਕ ਅਮਲ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਕੰਟਰੈਕਟ ਕਾਮਿਆਂ ਨੂੰ ਜਬਰੀ ਗੇਟ ਦਿੱਤੀ ਜਾ ਰਹੀ ਹੈ, ਨਵੀਂ ਭਰਤੀ ਕਰਕੇ ਪੁਰਾਣੇ ਮਜ਼ਦੂਰਾਂ ਨੂੰ ਬੇਰੁਜ਼ਗਾਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਸਾਲਾਨਾ ਛੁੱਟੀਆਂ ਤੇ ਮਈ ਦਿਵਸ ਦੀ ਤਨਖਾਹ ਵਿੱਚ ਵੀ ਕਟੌਤੀ ਕੀਤੀ ਗਈ ਹੈ। ਮਜ਼ਦੂਰ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਰੈਲੀ ਨੂੰ ਕਿਸਾਨ, ਮਜ਼ਦੂਰ ਅਤੇ ਹੋਰ ਜਥੇਬੰਦੀਆਂ ਦੇ ਆਗੂਆਂ ਨੇ ਵੀ ਸੰਬੋਧਨ ਕਰਕੇ ਸਮਰਥਨ ਦਿੱਤਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕੀਤੀ ਪੁਲਸ ਨੇ ਵਿਸ਼ੇਸ਼ ਚੈਕਿੰਗ

## 6 ਔਰਤਾਂ ਸਮੇਤ 10 ਸ਼ੱਕੀ ਵਿਅਕਤੀ ਹਿਰਾਸਤ 'ਚ ਲਏ



ਧੂਰੀ, (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੁਲਸ ਵੱਲੋਂ ਸ਼ੇਰਪੁਰ ਚੌਕ ਨੇੜੇ ਸਥਿਤ ਇੱਕ ਬਸਤੀ 'ਚ ਕਪਤਾਨ ਪੁਲਸ (ਡੀ) ਦਵਿੰਦਰ ਅੱਤਰੀ ਦੀ ਅਗਵਾਈ ਹੇਠ ਵਿਸ਼ੇਸ਼ ਚੈਕਿੰਗ ਕੀਤੀ ਗਈ।ਕਪਤਾਨ ਪੁਲਿਸ (ਡੀ) ਦਵਿੰਦਰ ਅੱਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾ ਰਿਹਾ ਹੈ, ਜਿਸ ਲਈ ਹਰੇਕ ਵਿਅਕਤੀ ਦਾ ਮੁੱਢਲਾ ਫ਼ਰਜ਼ ਬਣਦਾ ਹੈ ਕਿ ਉਹ ਇਸ ਮੁਹਿੰਮ 'ਚ ਸਹਿਯੋਗ ਦੇਵੇ, ਕਿਉਂਕਿ ਨਸ਼ਿਆਂ ਵਿਰੁੱਧ ਮੁਹਿੰਮ 'ਚ ਆਮ ਲੋਕਾਂ ਦਾ ਵੱਡਾ ਰੋਲ ਹੈ।ਉਨ੍ਹਾਂ ਕਿਹਾ ਕਿ ਪੁਲਿਸ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਕੁੱਝ ਵੀ ਨਹੀਂ ਕਰ ਸਕਦੀ, ਜਿਸ ਲਈ ਹਰ ਵਿਅਕਤੀ ਨੂੰ ਆਪਣਾ ਇਖ਼ਲਾਕੀ ਫ਼ਰਜ਼ ਸਮਝਦੇ ਹੋਏ ਪੁਲਸ ਨੂੰ ਨਸ਼ਿਆਂ ਦੇ ਸੌਦਾਗਰਾਂ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ।

ਉੱਪ ਕਪਤਾਨ ਪੁਲਸ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਵਿਸ਼ੇਸ਼ ਚੈਕਿੰਗ ਦੌਰਾਨ ਬਸਤੀ ਅੰਦਰ ਵੱਖ-ਵੱਖ ਸ਼ੱਕੀ ਘਰਾਂ ਦੀ ਤਲਾਸ਼ੀ ਲਈ ਗਈ, ਜਿਸ ਦੌਰਾਨ 6 ਔਰਤਾਂ ਸਮੇਤ 10 ਸ਼ੱਕੀ ਵਿਅਕਤੀਆ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਕਈ ਦੋ ਪਹੀਆ ਬਿਨਾਂ ਨੰਬਰ ਵਹੀਕਲਾਂ ਨੂੰ ਕਬਜ਼ੇ 'ਚ ਲਿਆ ਗਿਆ ਹੈ, ਜਿਨ੍ਹਾਂ ਬਾਰੇ ਪੜਤਾਲ ਕੀਤੀ ਜਾ ਰਹੀ ਹੈ।ਥਾਣਾ ਸਿਟੀ ਧੂਰੀ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਸਮੇਤ ਵੱਡੀ ਗਿਣਤੀ 'ਚ ਪੁਲਸ ਮੁਲਾਜ਼ਮ ਹਾਜ਼ਰ ਸਨ।ਖ਼ਬਰ ਲਿਖੇ ਜਾਣ ਤੱਕ ਚੈਕਿੰਗ ਜਾਰੀ ਸੀ ਤੇ ਰਿਕਵਰੀ ਬਾਰੇ ਕੋਈ ਜਾਣਕਾਰੀ ਪ੍ਰਾਪਤ ਨਹੀਂ ਹੋ ਸਕੀ।

# ਸਰਕਾਰੀ ਕਾਲਜ ਤੇ ਸੰਕਲਪ ਐਨ ਜੀ ਓ ਵਿਚਕਾਰ ਇੰਟਰਨਸ਼ਿਪ ਲਈ ਬਣੀ ਸਹਿਮਤੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ)-ਉੱਚ ਸਿੱਖਿਆ ਨੂੰ ਰੁਜ਼ਗਾਰਮੁਖੀ ਅਤੇ ਸਮਾਜਿਕ ਸੇਵਾ ਨਾਲ ਜੋੜਨ ਦੇ ਉਦੇਸ਼ ਨਾਲ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਅਤੇ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਵਿਚਾਲੇ ਵਿਦਿਆਰਥੀਆਂ ਦੀ ਇੰਟਰਨਸ਼ਿਪ ਕਰਵਾਉਣ ਲਈ ਆਪਸੀ ਸਹਿਮਤੀ ਪੱਤਰ (ਐਮ.ਓ.ਯੂ.) 'ਤੇ ਹਸਤਾਖਰ ਕੀਤੇ ਗਏ।ਇਸ ਮੌਕੇ ਸਰਕਾਰੀ ਕਾਲਜ ਦੀ ਪ੍ਰਿੰਸੀਪਲ ਸ਼੍ਰੀਮਤੀ ਮੰਜੂ ਕਪੂਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਆਪਸੀ ਸਹਿਮਤੀ ਰਾਹੀਂ ਕਾਲਜ ਦੇ ਵਿਦਿਆਰਥੀਆਂ ਨੂੰ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੋਸਾਇਟੀ (ਰਜਿ.) ਦੇ ਅਧੀਨ ਆਪਣੀ ਇੰਟਰਨਸ਼ਿਪ ਵਿਭਾਗੀ ਨਿਯਮਾਂ ਅਤੇ ਯੂਨੀਵਰਸਿਟੀ ਦੀਆਂ ਹਦਾਇਤਾਂ ਅਨੁਸਾਰ ਕਰਨ ਦਾ ਮੌਕਾ ਮਿਲੇਗਾ।ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਕਿਹਾ ਕਿ ਇੰਟਰਨਸ਼ਿਪ ਦੌਰਾਨ ਵਿਦਿਆਰਥੀਆਂ ਨੂੰ ਵੱਖ ਵੱਖ ਖੇਤਰਾਂ ਵਿੱਚ ਵਿਹਾਰਕ ਸਿਖਲਾਈ ਦਿੱਤੀ ਜਾਵੇਗੀ। ਇਸ ਮੌਕੇ ਪ੍ਰੋ. ਜਗਨਦੀਪ ਕੁਮਾਰ, ਪ੍ਰੋ. ਜਗਦੀਪ ਬੱਤਰਾ, ਪ੍ਰੋ. ਕੰਵਰਜੀਤ ਸਿੰਘ ਬਰਾੜ, ਸੰਕਲਪ ਕੰਪਿਊਟਰ ਦੇ ਇੰਚਾਰਜ ਸੁਮੀਤ ਸਿੰਘ, ਸੁਪਰਡੈਂਟ ਸੁਸ਼ੀਲ ਕੁਮਾਰ ਤੇ ਦੋਲਧ ਸਿੰਘ ਬਰਾੜ ਆਦਿ ਮੌਜੂਦ ਸਨ।

# ਫ਼ਿਰੋਜ਼ਪੁਰ ਪੁਲਸ ਵੱਲੋਂ ਜਨਤਕ ਰਾਬਤਾ ਮੁਹਿੰਮ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਪੁਲਿਸ ਵੱਲੋਂ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਮਨੋਰਥ ਨਾਲ 'ਸੰਪਰਕ ਪ੍ਰੋਗਰਾਮ' ਤਹਿਤ ਆਮ ਲੋਕਾਂ ਨਾਲ ਇੱਕ ਵਿਸ਼ੇਸ਼ ਵਿਚਾਰ-ਵਟਾਂਦਰਾ ਸਮਾਗਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪੁਲਿਸ ਅਤੇ ਜਨਤਾ ਵਿਚਕਾਰਲੀ ਦੂਰੀ ਨੂੰ ਘਟਾਉਣਾ ਅਤੇ ਇੱਕ ਭੈਅ-ਮੁਕਤ ਮਾਹੌਲ ਸਿਰਜਣਾ ਸੀ। ਸਮਾਗਮ ਦੌਰਾਨ ਰੋਜ਼ਾਨਾ ਜ਼ਿੰਦਗੀ ਨਾਲ ਜੁੜੇ ਅਹਿਮ ਵਿਸ਼ਿਆਂ ਜਿਵੇਂ ਕਿ ਟਰੈਫ਼ਿਕ ਸੁਰੱਖਿਆ, ਨਸ਼ਾਖੋਰੀ ਦੇ ਖ਼ਾਤਮੇ ਅਤੇ ਵਧ ਰਹੇ ਸਾਈਬਰ ਅਪਰਾਧਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਪੁਲਿਸ ਅਧਿਕਾਰੀਆਂ ਨੇ ਨਾਗਰਿਕਾਂ ਨੂੰ ਜਾਗਰੂਕ ਕਰਦਿਆਂ ਇੱਕ ਸੁਰੱਖਿਅਤ ਅਤੇ ਬਿਹਤਰ ਭਾਈਚਾਰੇ ਦੇ ਨਿਰਮਾਣ ਲਈ ਸਹਿਯੋਗ ਦੀ ਅਪੀਲ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ, ਮੋਹਤਬਰ ਸ਼ਹਿਰੀ ਅਤੇ ਨੌਜਵਾਨ ਹਾਜ਼ਰ ਸਨ, ਜਿਨ੍ਹਾਂ ਨੇ ਪੁਲਿਸ ਅਧਿਕਾਰੀਆਂ ਨਾਲ ਸਿੱਧਾ ਸੰਵਾਦ ਰਚਾਇਆ ਅਤੇ ਆਪਣੇ ਸੁਝਾਅ ਸਾਂਝੇ ਕੀਤੇ। ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਟਰੈਫ਼ਿਕ ਸੁਰੱਖਿਆ ਦੇ ਨਿਯਮਾਂ 'ਤੇ ਜ਼ੋਰ ਦਿੱਤਾ ਗਿਆ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮਾਮੂਲੀ ਲਾਪ੍ਰਵਾਹੀ ਕਈ ਵਾਰ ਜਾਨਲੇਵਾ ਸਾਬਤ ਹੁੰਦੀ ਹੈ, ਇਸ ਲਈ ਹੈਲਮੇਟ ਪਾਉਣਾ, ਸੀਟ ਬੈਲਟ ਲਗਾਉਣਾ ਅਤੇ ਗਤੀ ਸੀਮਾ ਦਾ ਧਿਆਨ ਰੱਖਣਾ ਬੇਹੱਦ ਜ਼ਰੂਰੀ ਹੈ। ਇਸ ਦੇ ਨਾਲ ਹੀ ਨਾਬਾਲਗਾਂ ਨੂੰ ਵਾਹਨ ਨਾ ਦੇਣ ਦੀ ਅਪੀਲ ਵੀ ਕੀਤੀ ਗਈ। ਦੂਜਾ ਅਤੇ ਸਭ ਤੋਂ ਗੰਭੀਰ ਵਿਸ਼ਾ ਨਸ਼ਾ ਮੁਕਤੀ ਦਾ ਰਿਹਾ। ਪੁਲਿਸ ਵੱਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਅਤੇ ਇਸ ਕੋਹੜ ਨੂੰ ਜੜ੍ਹੋਂ ਪੁੱਟਣ ਲਈ ਵਿੱਢੀ ਮੁਹਿੰਮ ਬਾਰੇ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਕਿਹਾ ਕਿ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਉਦੋਂ ਹੀ ਸਫ਼ਲ ਹੋ ਸਕਦੀ ਹੈ, ਜਦੋਂ ਆਮ ਜਨਤਾ ਬਿਨਾਂ ਕਿਸੇ ਡਰ ਦੇ ਪੁਲਿਸ ਨੂੰ ਸੂਚਨਾ ਦੇਵੇਗੀ।

# ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋਣ ਨਾਲ ਮਨ ਨੂੰ ਮਿਲਦੀ ਹੈ ਆਤਮਿਕ ਸ਼ਾਂਤੀ : ਪ੍ਰਿੰਸ ਕੁਮਾਰ



ਭੀਖੀ (ਧਰਮਵੀਰ ਸ਼ਰਮਾ) ਪ੍ਰਸਿੱਧ ਕਾਰੋਬਾਰੀ ਤੇ ਸਮਾਜ ਸੇਵੀ ਪ੍ਰਿੰਸ ਕੁਮਾਰ ਬੈਲਟਾਂ ਵਾਲੇ ਨੇ ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਪਰਵਾਰ ਸਮੇਤ ਨਤਮਸਤਕ ਹੋ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਵਿਧੀਵਤ ਪੂਜਾ-ਅਰਚਨਾ ਕੀਤੀ ਤੇ ਇਲਾਕੇ ਦੀ ਸੁੱਖ-ਸ਼ਾਂਤੀ, ਖੁਸ਼ਹਾਲੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋਣ ਨਾਲ ਮਨ ਨੂੰ ਆਤਮਿਕ ਸ਼ਾਂਤੀ ਮਿਲਦੀ ਹੈ ਤੇ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਫੈਲਦਾ ਹੈ। ਉਨ੍ਹਾਂ ਕਿਹਾ ਕਿ ਕਾਲੀ ਮਾਤਾ ਨੂੰ ਹਿੰਦੂ ਧਰਮ ਵਿੱਚ ਸ਼ਕਤੀ, ਹਿੰਮਤ ਤੇ ਬੁਰਾਈ ਦੇ ਨਾਸ਼ ਦੀ ਦੇਵੀ ਵਜੋਂ ਪੂਜਿਆ ਜਾਂਦਾ ਹੈ। ਸ਼ਰਧਾਲੂਆਂ ਦਾ ਵਿਸ਼ਵਾਸ ਹੈ ਕਿ ਮਾਤਾ ਕਾਲੀ ਆਪਣੇ ਭਗਤਾਂ ਦੇ ਦੁੱਖ-ਕਲੇਸ਼ ਦੂਰ ਕਰਕੇ ਉਨ੍ਹਾਂ ਨੂੰ ਹੌਸਲਾ, ਸੁਰੱਖਿਆ ਤੇ ਸਫਲਤਾ ਦਾ ਆਸ਼ੀਰਵਾਦ ਬਖ਼ਸ਼ਦੀ ਹੈ। ਇਸੇ ਸ਼ਰਧਾ ਨਾਲ ਹਰ ਰੋਜ਼ ਵੱਡੀ ਗਿਣਤੀ ਵਿੱਚ ਭਗਤ ਕਾਲੀ ਮਾਤਾ ਦੇ ਦਰਬਾਰ ਵਿੱਚ ਨਤਮਸਤਕ ਹੋਣ ਲਈ ਪਹੁੰਚਦੇ ਹਨ। ਉਨ੍ਹਾਂ ਮੰਦਰ ਕਮੇਟੀ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਮੰਦਰ ਪ੍ਰਬੰਧਕਾਂ ਨੇ ਪ੍ਰਿੰਸ ਕੁਮਾਰ ਦਾ ਵਿਸ਼ੇਸ਼ ਸਨਮਾਨ ਵੀ ਕੀਤਾ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ

ਬੁਢਲਾਡਾ (ਅਸ਼ੋਕ ਲਾਕੜਾ) ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਦੇ ਵਰਕਰਾਂ ਦੀ ਮੀਟਿੰਗ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਕੀਤੀ, ਜਿਸ ਵਿੱਚ



ਝੋਨੇ ਦੇ ਇਸ ਸੀਜਨ ਵਿੱਚ ਖੇਤੀ ਮੋਟਰਾਂ ਦੀ ਬਿਜਲੀ ਸਪਲਾਈ ਦੇ ਨਾਕਸ ਪ੍ਰਬੰਧ ਨੂੰ ਲੈ ਕੇ ਵਿਸ਼ੇਸ਼ ਵਿਚਾਰ ਚਰਚਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਦੇ ਨਿਰਵਿਘਨ ਸਪਲਾਈ ਦੇ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ ਕਿਸੇ ਵੀ ਫੀਡਰ ਤੇ ਅੱਠ ਘੰਟੇ ਦੀ ਪੂਰੀ ਸਪਲਾਈ ਨਹੀਂ ਮਿਲ ਰਹੀ ਸਰਕਾਰ ਰਾਤ ਦੀ ਬਜਾਏ ਦਿਨ ਸਮੇਂ ਸਪਲਾਈ ਦੇ ਫੋਕੇ ਦਾਵੇ ਕਰਕੇ ਮੀਡੀਆ ਵਿੱਚ ਪ੍ਰਚਾਰ ਕਰ ਰਹੀ ਹੈ, ਪ੍ਰੰਤੂ ਰਾਤ ਦੀ ਵਾਰੀ ਵਿੱਚ ਵੀ ਲੰਮੇ ਲੰਮੇ ਕੱਟ ਲੱਗ ਰਹੇ ਹਨ, ਜਿਸ ਕਾਰਨ ਖੇਤਾਂ ਵਿੱਚ ਖੜਾ ਝੋਨਾ ਸੁੱਕ ਰਿਹਾ ਹੈ ਤੇ ਝੋਨੇ ਦੀ ਲਵਾਈ ਵੀ ਪਾਣੀ ਦੀ ਘਾਟ ਕਾਰਨ ਠੱਪ ਹੋ ਗਈ ਹੈ। ਝੋਨਾ ਲਾਉਣ ਵਾਲੇ ਮਜ਼ਦੂਰਾਂ ਦੀ ਦਿਹਾੜੀ ਮਰ ਰਹੀ ਹੈ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਆਉਣ ਵਾਲੇ 24 ਘੰਟੇ ਵਿੱਚ ਸਪਲਾਈ ਵਿੱਚ ਲੋੜੀਂਦਾ ਸੁਧਾਰ ਨਾ ਕੀਤਾ ਗਿਆ ਤਾਂ ਇਲਾਕੇ ਵਿੱਚ ਪੈਂਦੇ ਸਾਰੇ ਖੇਤ ਮਜਦੂਰ ਤੇ ਕਿਸਾਨਾਂ ਨੂੰ ਬਿਜਲੀ ਦਫਤਰਾਂ ਦਾ ਘਿਰਾਓ ਕਰਨ ਲਈ ਮਜਬੂਰ ਹੋਣਾ ਪਵੇਗਾ। ਮੀਟਿੰਗ ਵਿੱਚ ਚਾਰ ਜੁਲਾਈ ਨੂੰ ਚੰਡੀਗੜ੍ਹ ਵਿਖੇ ਦੋ ਪ੍ਰਮੁੱਖ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਰੋਸ ਮੁਜਾਰੇ ਵਿੱਚ ਸ਼ਾਮਲ ਹੋਣ ਲਈ ਸਾਰੇ ਬਲਾਕ ਵਿੱਚ ਪਿੰਡ ਇਕਾਈਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ। ਸਾਰੀਆਂ ਤਿਆਰੀਆਂ ਮੁਕੰਮਲ ਕਰਕੇ ਸੈਂਕੜਿਆਂ ਦੀ ਗਿਣਤੀ ਵਿੱਚ ਪੂਰੇ ਬਲਾਕ ਵਿੱਚੋਂ ਕਿਸਾਨ 4 ਜੁਲਾਈ ਨੂੰ ਚੰਡੀਗੜ੍ਹ ਵੱਲ ਕੂਚ ਕਰਨਗੇ।

# ਰਣਬੀਰ ਸਿੰਘ ਭੁੱਲਰ ਨੇ ਲੋਕ ਮਿਲਣੀਆਂ ਕਰਕੇ ਸਮੱਸਿਆਵਾਂ ਸੁਣੀਆਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਟੈਂਡੀ ਵਾਲਾ, ਗਟੀ ਰਹਿਮੇ ਕੇ ਅਤੇ ਚੂਹੜੀ ਵਾਲਾ ਵਿਖੇ ਪਹੁੰਚੇ ਕੇ ਲੋਕ ਮਿਲਣੀਆਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕੁੱਝ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਵੀ ਕੀਤਾ। ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿਚ ਵਿਕਾਸ ਕਾਰਜ਼ਾ ਲਈ ਕਿਸੇ ਤਰ੍ਹਾਂ ਦੀ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।



# ਸ਼ਾਹ ਮੁਹੰਮਦਾ ਇੱਕ ਸਰਕਾਰ ਬਾਝੋਂ.....

(ਬਾਕੀ 4 ਦੀ ਬਾਕੀ)

ਮਹਾਰਾਜਾ ਨੇ ਸਿੱਖ ਸ਼ਰਧਾਲੂ ਹੁੰਦਿਆਂ ਹੋਇਆਂ ਵੀ ਧਰਮ-ਨਿਰਪੱਖਤਾ ਵਰਗੀ ਪਾਲਿਸੀ ਅਪਨਾ ਕੇ ਸਿਰਫ਼ ਲੋੜੀਂਦੀ ਲਿਆਕਤ ਦੇ ਅਧਾਰ 'ਤੇ ਆਪਣੇ ਰਾਜ ਵਿੱਚ ਹਿੰਦੂ, ਸਿੱਖ ਅਤੇ ਮੁਸਲਮਾਨ ਕਰਮਚਾਰੀ ਅਤੇ ਅਧਿਕਾਰੀ ਨਿਯੁਕਤ ਕੀਤੇ ਹੋਏ ਸਨ (ਫ਼ੌਜ ਵਿੱਚ ਈਸਾਈ ਜਰਨੈਲ ਵੀ)। ਇਹੀ ਉਸ ਦੀ ਸਫ਼ਲ ਰਾਜ ਪ੍ਰਬੰਧ ਕਾਰਜ ਕੁਸ਼ਲਤਾ ਦਾ ਇੱਕ ਵੱਡਾ ਰਾਜ ਸੀ। ਜੇ ਕੋਈ ਅਧਿਕਾਰੀ ਜਾਂ ਕਰਮਚਾਰੀ ਸਹੀ ਕਾਰਜ ਨਹੀਂ ਕਰਦਾ ਸੀ ਤਦ ਉਹ ਧਰਮ ਦਾ ਖ਼ਿਆਲ ਕੀਤੇ ਬਿਨਾਂ ਉਸ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਦਿੰਦਾ ਸੀ।

ਮਹਾਰਾਜਾ ਅਤਿਅੰਤ ਸ਼ਕਤੀਸ਼ਾਲੀ ਸੀ, ਪਰ ਹੰਕਾਰੀ ਨਹੀਂ ਸਗੋਂ ਅਤਿਅੰਤ ਨਿਮਰਤਾ ਵਾਲਾ ਸੀ। "ਉਹ ਨਮਰ ਐਨਾ ਸੀ ਕਿ ਜਦ ਅਕਾਲੀ ਫੂਲਾ ਸਿੰਘ ਨੇ ਤਖ਼ਤ ਅਕਾਲ ਬੂੰਗੇ ਦੇ ਦੀਵਾਨ ਵਿੱਚ ਇਸ ਨੂੰ ਤਨਖਾਹੀਆ ਕਰਕੇ ਖੜਾ ਕੀਤਾ, ਤਦ ਅਕਾਲੀ ਜੀ ਹੱਥੋਂ ਕੋਰੜੇ ਲਗਵਾਉਣ ਲਈ ਆਪਣੀ ਪਿੱਠ ਨੰਗੀ ਕਰ ਦਿੱਤੀ।" (ਮਹਾਨ ਕੋਸ਼-ਪੰਨਾ 1019) ਮਹਾਰਾਜੇ ਨੇ ਕੁਰਹਿਤ ਇਹ ਕੀਤੀ ਸੀ ਕਿ ਆਪਣੇ ਸੰਗ ਹਾਥੀ ਉਪਰ ਸ਼ਾਹੀ ਦਰਬਾਰ ਦੀ ਮਸ਼ਹੂਰ ਨਚਾਰ, ਮੋਰਾਂ ਨੂੰ ਬਿਠਾ ਕੇ ਅੰਮ੍ਰਿਤਸਰ ਦੇ ਬਜ਼ਾਰਾਂ ਵਿੱਚ ਜਲੂਸ (ਅੱਜ ਦਾ ਰੋਡ ਸ਼ੋਅ) ਕੱਢਿਆ ਸੀ।

ਬਿਨਾਂ ਸ਼ੱਕ, ਮਹਾਰਾਜਾ ਬਹੁਤੇ ਗੁਣਾਂ ਦੀ ਗੁਥਲੀ ਸੀ, ਪਰ ਹਰ ਮਨੁੱਖ ਵਾਂਗ ਉਹ ਉੱਘੇ ਔਗੁਣਾ ਤੋਂ ਵੀ ਮੁਕਤ ਨਹੀਂ ਸੀ, ਜਦ ਕਿ "ਬਾਬਾ ਬੰਦਾ ਸਿੰਘ ਬਹਾਦਰ ਦਾ ਸਭ ਤੋਂ ਵੱਡਾ ਕਾਰਨਾਮਾ ਜ਼ਮੀਨਦਾਰੀ (ਸਹੀ ਸ਼ਬਦ ਜਗੀਰਦਾਰੀ-ਲੇਖਕ) ਨੂੰ ਖ਼ਤਮ ਕਰਨਾ ਸੀ।" (ਸਾਡਾ ਇਤਿਹਾਸ-ਭਾਗ ਦੂਜਾ-ਪੰਨਾ 92) ਪਰ ਮਹਾਰਾਜਾ ਰਣਜੀਤ ਸਿੰਘ ਦਾ ਸਭ ਤੋਂ ਨਿਕੰਮਾ ਕੰਮ ਜਗੀਰਦਾਰੀ ਨੂੰ ਪੁਨਰ-ਸੁਰਜੀਤ ਕਰਕੇ ਮਜ਼ਬੂਤ ਕਰਨਾ ਸੀ। "ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਵੱਡੇ ਪਿੰਡ ਦੋ ਮੁੱਖ ਹਿੱਸਿਆਂ ਵਿੱਚ ਵੰਡੇ ਹੋਏ ਸਨ। ਖ਼ਾਲਸਾ ਪਿੰਡ ਉਹ ਸਨ, ਜਿਨ੍ਹਾਂ ਦਾ ਮਾਲੀਆ ਸਰਕਾਰ ਇਕੱਠਾ ਕਰਦੀ ਸੀ ਅਤੇ ਜਗੀਰਦਾਰੀ ਪਿੰਡ ਦਾ ਜ਼ਮੀਨੀ ਟੈਕਸ ਜਗੀਰਦਾਰ ਉਗਰਾਹੁੰਦੇ ਸਨ। ਨਿਰੇ ਜਲੰਧਰ ਦੁਆਬ ਵਿੱਚ 2,337 ਪਿੰਡ ਜਾਗੀਰਦਾਰਾਂ ਪਾਸ ਸਨ ਅਤੇ ਇਨ੍ਹਾਂ ਪਿੰਡਾਂ ਦਾ ਮਾਲੀਆ ਲੱਗਭੱਗ 8 ਲੱਖ ਰੁਪਏ ਬਣਦਾ ਸੀ।" (ਪੰਜਾਬ ਦਾ ਇਤਿਹਾਸ-ਪੰਨਾ 606) ਪੰਜਾਬ ਦੇ ਬਾਕੀ ਪਿੰਡਾਂ ਦਾ ਵੀ ਇਹੀ ਹਾਲ ਸੀ।

ਇੱਥੇ ਹੀ ਬਸ ਨਹੀਂ, ਇਹ ਇਕ ਹਕੀਕਤ ਹੈ ਕਿ ਮਹਾਰਾਜਾ ਦੇ ਰਾਜ ਭਾਗ ਦੌਰਾਨ ਸਿੱਖ ਧਰਮ ਦਾ ਵੱਖਰਾ ਅਤੇ ਵਿਲੱਖਣ ਅਸਤਿੱਤਵ ਹਿੰਦੂ ਧਰਮ ਵਿੱਚ ਅਸਤ ਵਿਅਸਤ ਹੋ ਚੁੱਕਾ ਸੀ ਅਤੇ ਲੋਕਾਂ ਵੱਲੋਂ ਦੋ ਧਰਮਾਂ, ਹਿੰਦੂ ਅਤੇ ਇਸਲਾਮ ਨੂੰ ਹੀ ਮਾਨਤਾ ਪ੍ਰਾਪਤ ਸੀ। ਇਸੇ ਕਰਕੇ, ਸ਼ਾਹ ਮੁਹੰਮਦ ਨੇ ਇਹ ਵਿਸ਼ੇਸ਼ ਟਿੱਪਣੀ, ਅੰਗਰੇਜ਼ਾਂ ਦੀ ਪੰਜਾਬ ਆਮਦ ਵੇਲੇ ਕੀਤੀ ਸੀ।

**"ਰਾਜ਼ੀ ਬਹੁਤ ਰਹਿੰਦੇ ਹਿੰਦੂ ਮੁਸਲਮਾਨ ਦੋਵੇਂ ? ਸਿਰ ਦੋਹਾਂ ਦੇ ਉਤੇ ਆਫ਼ਤ ਆਈ।**
**ਸ਼ਾਹ ਮੁਹੰਮਦਾ ਵਿੱਚ ਪੰਜਾਬ ਦੇ ਜੀ, ਕਦੇ ਤੀਸਰੀ ਨਹੀਂ ਸੀ ਜਾਤ ਆਈ।"**

ਇਹ ਠੀਕ ਹੈ ਕਿ ਇਥੇ ਉਸ ਨੇ ਧਰਮ ਅਤੇ ਜਾਤ ਨੂੰ ਰਲਗੱਡ ਕਰ ਦਿੱਤਾ ਮਲੂਮ ਹੁੰਦਾ ਹੈ। ਮਹਾਰਾਜੇ ਦੀ ਅੰਤਮ ਪਰ ਅਲਪਤਮ ਗਲਤੀ ਇਹ ਸੀ ਕਿ ਉਸ ਨੇ ਆਪਣੇ ਉਤਰਾਧਿਕਾਰੀ ਦੀ ਯੋਗ ਚੋਣ ਨਹੀਂ ਕੀਤੀ। ਤਖ਼ਤ ਉਪਰ ਤਖ਼ਤ ਦੇ ਲਾਇਕ ਹੀ ਬੈਠਣਾ ਚਾਹੀਦਾ ਹੈ, ਪਰ ਮਹਾਰਾਜੇ ਨੇ ਆਪ ਹੀ ਜੀਉਂਦੇ ਜੀਅ ਅਯੋਗ ਪੁੱਤਰ, ਖੜਕ ਸਿੰਘ ਨੂੰ ਅਗਲਾ ਮਹਾਰਾਜਾ ਸੁਸ਼ੋਭਿਤ ਕਰ ਦਿੱਤਾ ਸੀ, ਜਦ ਕਿ ਰਾਜ ਪ੍ਰਬੰਧ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਚਲਾਉਣ ਦੀ ਸੁਯੋਗਤਾ ਸਿਰਫ਼ ਕੰਵਰ ਨੌਨਿਹਾਲ ਵਿੱਚ ਹੀ ਸੀ, ਪਰ ਸ਼ਾਤਰ ਅਤੇ ਛਟਿਆ ਹੋਇਆ ਪ੍ਰਧਾਨ ਮੰਤਰੀ, ਰਾਜਾ ਧਿਆਨ ਸਿੰਘ, ਆਪਣਾ ਸਾਰਾ ਧਿਆਨ ਆਪਣੇ ਅਯੋਗ ਪੁੱਤਰ, ਰਾਜਾ ਹੀਰਾ ਸਿੰਘ ਨੂੰ ਅਗਲਾ ਮਹਾਰਾਜਾ ਸਜਾਉਣ ਉਪਰ ਕੇਂਦਰਤ ਕਰ ਰਿਹਾ ਸੀ। ਇਸੇ ਕਰਕੇ ਉਸ ਨੇ ਬਹੁਤ ਡੂੰਘੀ ਸਾਜ਼ਿਸ਼ ਰਚ ਕੇ ਮਹਾਰਾਜਾ ਖੜਕ ਸਿੰਘ ਦੇ 5 ਨਵੰਬਰ, 1840 ਨੂੰ ਦੁਪਹਿਰ ਸਮੇਂ ਸਸਕਾਰ ਦੇ ਤੁਰੰਤ ਉਪਰੰਤ ਦਿਨ ਢਲੇ ਕੰਵਰ ਨੌਨਿਹਾਲ ਸਿੰਘ ਨੂੰ ਵੀ ਬੇਰਹਿਮੀ ਨਾਲ ਮਾਰ ਮੁਕਾਇਆ ਸੀ। ਇਸ ਤਰ੍ਹਾਂ ਮਹਾਰਾਜੇ ਦੇ ਸ਼ਾਨਾ-ਬ-ਸ਼ਾਨਾ ਵਾਲੇ ਰਾਜ ਪ੍ਰਬੰਧ ਦਾ ਸੂਰਜ ਸਦਾ ਲਈ ਛੁਪ ਗਿਆ ਸੀ। "ਜੇ ਨੌਨਿਹਾਲ ਜ਼ਿੰਦਾ ਰਹਿੰਦਾ ਤਾਂ ਆਪਣੇ ਦਾਦੇ, ਰਣਜੀਤ ਸਿੰਘ ਦੇ ਰਾਜ ਦੀ ਆਨ-ਸ਼ਾਨ ਨੂੰ ਕਾਇਮ ਰੱਖਦਾ। ਉਸ ਤੋਂ ਸਾਰੀ ਸਿੱਖ ਕੌਮ ਨੂੰ ਬੜੀਆਂ ਆਸਾਂ ਸਨ, ਜੋ ਅਧੂਰੀਆਂ ਰਹਿ ਗਈਆਂ।" (ਪੰਜਾਬ ਦਾ ਇਤਿਹਾਸ-ਪੰਨਾ 684)

"ਉਸ (ਮਹਾਰਾਜਾ ਰਣਜੀਤ ਸਿੰਘ) ਦਾ ਰਵੱਈਆ ਧਾਰਮਿਕ ਸੀ ਪਰ ਫ਼ਿਰਕੂ ਨਹੀਂ। ਉਸ ਨੇ ਧਾਰਮਿਕ ਸਹਿਣਸ਼ੀਲਤਾ ਦੀ ਨੀਤੀ ਧਾਰਨ ਕੀਤੀ।" (ਪੰਜਾਬ ਦਾ ਇਤਿਹਾਸ-ਪੰਨਾ 591) ਸੋ, ਅੱਜ ਪੰਜਾਬ ਵਿੱਚ ਚੋਣਾਂ ਪਿੱਛੋਂ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਰਗਾ ਰਾਜ ਲਿਆਉਣ ਦਾ ਧੂੰਆਂਧਾਰ ਪ੍ਰਚਾਰ ਕਰਨ ਵਾਲਿਆਂ ਨੂੰ ਆਪਣੀ ਸੋਚ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਉਹ ਧਾਰਮਿਕ ਧਰੁਵੀਕਰਨ ਅਤੇ ਧਾਰਮਿਕ ਸਹਿਣਸ਼ੀਲਤਾ ਨੂੰ ਕਿਵੇਂ ਇਕੱਠਾ ਚਲਾ ਸਕਦੇ ਹਨ। ਦੇਸ਼ ਵਾਂਗ ਹੀ ਅੱਜ ਪੰਜਾਬ ਵਿੱਚ ਵੀ ਸਮਾਜਿਕ ਅਤੇ ਧਾਰਮਿਕ ਆਪੋਧਾਮੀ ਅਤੇ ਸਿਆਸੀ ਨਿੱਜੀ ਭਲਾਈ ਦਾ ਦੌਰ ਦੌਰਾ ਹੈ। ਸਾਨੂੰ ਤਾਂ ਧਾਰਮਿਕ ਅਤੇ ਸਿਆਸੀ ਗੁੜ੍ਹਤੀ ਦੇਣ ਵੇਲੇ ਇਹ ਪ੍ਰੱਪਕ ਕੀਤਾ ਗਿਆ ਸੀ ਕਿ ਪਬਲਿਕ ਹਿਤ ਅੱਵਲ, ਪਾਰਟੀ ਹਿਤ ਦੋਮ ਅਤੇ ਪਰਸਨਲ ਹਿਤ ਸੋਮ ਹਨ, ਪਰ ਅੱਜ ਇਹ ਸਭ ਹਿੱਤ ਉਲਟ ਪੁਲਟ ਦੇਖ ਕੇ ਦੇਸ਼ ਸਮੇਤ ਪੰਜਾਬ ਡੂੰਘੇ ਸਰਬ ਪੱਖੀ ਸੰਕਟਾਂ ਵਿੱਚ ਧੱਸਦਾ ਪ੍ਰਤੀਤ ਹੁੰਦਾ ਹੈ। ਸੋ ਸਮੇਂ ਦੀ ਮੰਗ ਇਹ ਹੈ ਕਿ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਥਾਂ ਦੇਸ਼ ਅਤੇ ਪਰਦੇਸ ਨੂੰ ਦਰਪੇਸ਼ ਸਭ ਮੁੱਦਿਆਂ ਅਤੇ ਮਸਲਿਆਂ ਦੇ ਸਾਕਾਰਾਤਮਕ ਹੱਲ ਸੁਝਾਏ ਜਾਣ।

ਸਾਡਾ ਵਿਚਾਰ ਹੈ ਕਿ ਜਮਹੂਰੀਅਤ, ਧਰਮ ਨਿਰਪੱਖਤਾ ਅਤੇ ਸੰਵਿਧਾਨ ਪ੍ਰਤੀ ਸਮਰਪਿਤ ਸਭ ਧਿਰਾਂ ਨੂੰ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਸਭ ਸਰਕਾਰਾਂ ਡਬਲ ਇੰਜਣ ਵਾਲੀਆਂ ਹੀ ਹੁੰਦੀਆਂ। ਜੇ ਕੇਂਦਰ ਅਤੇ ਪ੍ਰਾਂਤ ਵਿੱਚ ਇੱਕ ਹੀ ਸਿਆਸੀ ਧਿਰ ਸੱਤਾ ਵਿੱਚ ਹੋਵੇ ਤਾਂ ਅਗਲਾ ਇੰਜਣ ਕੇਂਦਰ ਦਾ ਅਤੇ ਪਿਛਲਾ ਇੰਜਣ ਪ੍ਰਾਂਤ ਦਾ ਹੁੰਦਾ ਹੈ। ਜੇ ਕੇਂਦਰ ਅਤੇ ਪ੍ਰਾਂਤ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਰਾਜ ਪ੍ਰਬੰਧ ਚਲਾ ਰਹੀਆਂ ਹਨ ਤੱਕ ਮੋਹਰਲਾ ਇੰਜਣ ਪ੍ਰਾਂਤ ਦਾ ਅਤੇ ਅਗਲਾ ਇੰਜਣ ਕੇਂਦਰ ਦਾ ਹੁੰਦਾ ਹੈ। ਦੋਵੇਂ ਇੰਜਨ ਇੱਕੋ ਗਤੀ ਨਾਲ ਹੀ ਚੱਲਣਗੇ, ਪਰ ਜੇ ਪ੍ਰਾਂਤ ਦਾ ਇੰਜਣ ਅੱਗੇ ਹੈ, ਤਦ ਉਹ ਪ੍ਰਾਂਤ ਦੀ ਪ੍ਰਗਤੀ ਦੀ ਗਤੀ ਵਧੇਰੇ ਵਧਾਉਣ ਦੇ ਸਮਰੱਥ ਹੈ। ਖਿਆਲ ਆਪੋ ਆਪਣਾ, ਸਮਝ ਸੂਝ ਆਪੋ ਆਪਣੀ ਹੈ। ਸੋ, ਮਹਾਰਾਜੇ ਦੇ ਰਾਜ ਦੇ ਚਾਨਣੇ ਪੱਖਾਂ ਅਤੇ ਹਨੇਰੇ ਪੱਖਾਂ ਨੂੰ ਘੋਖ ਕੇ ਹੀ ਨਵੇਂ ਹਮਾਇਤੀਆਂ ਅਤੇ ਪੁਰਾਣੇ ਵਿਰੋਧੀਆਂ ਨੂੰ ਅੱਗੇ ਵਧਣਾ ਚਾਹੀਦਾ ਹੈ, ਭਾਵ ਗੁਣ ਗ੍ਰਹਿਣ ਕਰੋ ਅਤੇ ਔਗੁਣ ਤਿਆਗੋ।

'ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ ॥' (ਸ੍ਰੀ ਗੁਰੂ ਗ੍ਰੰਥ ਸਾਹਿਬ) ਅੰਗ-598)

**ਸੰਪਰਕ : 99152-43184**

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਗੁਰਸਿਮਰਨਜੀਤ ਸਿੰਘ, ਨਾਇਬ ਤਹਿਸੀਲਦਾਰ ਕਰਤਾਰਪੁਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਜ਼ਿਲ੍ਹਾ ਜਲੰਧਰ
ਨੋਟਿਸ ਬਨਾਮ ਆਮ ਪਬਲਿਕ

ਵਿਸ਼ਾ : ਮਾਲ ਰਿਕਾਰਡ ਵਿਚ ਦਰੁਸਤੀ ਸੰਬੰਧੀ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੰਤਾ ਸਿੰਘ ਪੁੱਤਰ ਜਗੀਰ ਸਿੰਘ, ਵਾਸੀ ਪਿੰਡ ਹਸਨ ਮੁੰਡਾ, ਡਾਕਖਾਨਾ ਕਰਤਾਰਪੁਰ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ ਨੇ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਵਾਕਿਆ ਰਕਬਾ ਹਸਨ ਮੁੰਡਾ ਜਲੰਧਰ ਵਿਚ ਉਨ੍ਹਾਂ ਦਾ ਨਾਂਅ ਕੁਲਵੰਤ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਬਾਵਾ ਸਿੰਘ ਦਰਜ ਹੈ, ਜੋ ਕਿ ਗਲਤ ਹੈ। ਬਾਕੀ ਦਸਤਾਵੇਜ਼ਾਂ ਵਿਚ ਉਸ ਦਾ ਨਾਂਅ ਬੰਤਾ ਸਿੰਘ ਪੁੱਤਰ ਜਗੀਰ ਸਿੰਘ ਲਿਖਿਆ ਗਿਆ ਹੈ। ਮਾਲ ਰਿਕਾਰਡ ਵਿਚ ਉਸ ਦਾ ਨਾਂਅ ਬੰਤਾ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਜਗੀਰ ਸਿੰਘ ਕੀਤਾ ਜਾਵੇ। ਪੰਜਾਬ ਸਰਕਾਰ ਦੇ ਪੱਤਰ ਨੰਬਰ 25/78/2012-ਭ ਮ-2 /2445-71 ਚੰਡੀਗੜ੍ਹ ਮਿਤੀ 26/07/2013 ਦੀ ਪਾਲਣਾ ਹਿੱਤ ਨਾਂਅ ਦੀ ਦਰੁਸਤੀ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਕਿਸੇ ਨੂੰ ਵੀ ਮਾਲ ਰਿਕਾਰਡ ਵਿਚ ਉਕਤ ਬੰਤਾ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਜਗੀਰ ਸਿੰਘ ਕਰਨ 'ਤੇ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਮਿਤੀ 01/07/26 ਤੱਕ ਅਸਾਲਤਨ, ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ ਹਸਤਾਖਰ ਦੀ ਅਦਾਲਤ ਵਿਚ ਪੇਸ਼ ਹੋ ਕੇ ਦੇ ਸਕਦਾ ਹੈ। ਉਕਤ ਮਿਤੀ ਤੋਂ ਬਾਅਦ ਆਏ ਇਤਰਾਜ਼ਾਂ 'ਤੇ ਕੋਈ ਕਾਰਵਾਈ ਨਹੀਂ ਹੋਵੇਗੀ ਅਤੇ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 15/06/2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਨੰਬਰ : 96/ਰੀਡਰ ਮਿਤੀ : 15/06/2026
ਸਹੀ/-ਨਾਇਬ ਤਹਿਸੀਲਦਾਰ, ਕਰਤਾਰਪੁਰ।

## COURT NOTICE

(U/o 5 Rule 20 CPC)
In the Court of Hasan Deep Singh Bajwa
Additional Civil Judge (Senior Division), Kharar
CNR No. PBSAA0-000734-2026
Next Date 13.08.2026
CS/482/2026

Harjinder Singh S/o Amarjit Singh 2. Rekha W/o Harjinder Singh both R/o H. No. 755, Rajiv Colony, Bar Majra, Tehsil and Distt. Mohali

Vs.

General Public

Publication Issued to : General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 13.08.2026 at 10:00 A.M.

For details logon to https://highcourtchd.gov.in/?mod=district_notice&district=mogacourt

Additional Civil Judge (Senior Division), Kharar
Dated this day of 16-06-2026




## Change of Name

I Jobandeep Singh S/o Balwinder Singh Vpo Kirtowal Kalan Tehsil Patti District Tarn Taran Have Changed My Name From Jobandeep Singh to Surname as Singh and my given name is Jobandeep. Plz note it.

I, Akashdeep Singh s/o Baldev Singh Vpo Kirtowal Kalan Tehsil Patti District Tarn Taran have changed my name from Akasdeep Singh to Surname as Singh and my given name is Akashdeep Plz note it.

I, Gurpreet Singh S/o Daljeet Singh R/o Village Jhande, PO Waryam Nangal, Distt. Amritsar, Punjab-143502 have changed my name from Gurpreet Singh to Singh is my surname and Gurpreet is my given name.

I Sunil Kumar Son of Pawan Kumar R/o H No.636 Gali No.5 New Abadi Karampura FGC Road Amritsar have changed my name from Sunil Kumar To given name Sunil Surname Kumar.

I, PALWINDER KAUR W/O JAGMOHAN SINGH R/o 20 Kaur's and Singh's Villa, Rajiv Gandhi Enclave, Kapurthala, District Kapurthala have Changed My Name PALWINDER is My Given Name and KAUR is my Surname.

I, JAGMOHAN SINGH S/O SOHAN SINGH R/o 20 Kaur's and Singh's Villa, Rajiv Gandhi Enclave, Kapurthala, District Kapurthala have Changed My Name JAGMOHAN is My Given Name and SINGH is my Surname.

I, JAGMOHAN SINGH S/O SOHAN SINGH R/o 20 Kaur's and Singh's Villa, Rajiv Gandhi Enclave, Kapurthala, District Kapurthala Have to Change my Daughter's Name Mansirat Is Her Given Name And Kaur Is Her Surname

I, PRABHKEERAT SINGH S/O JAGMOHAN SINGH R/o 20 Kaur's and Singh's Villa, Rajiv Gandhi Enclave, Kapurthala, District Kapurthala have Changed My Name PRABHKEERAT is My Given Name and SINGH is my Surname.

I Sarban Dass S/O Thakar Das R/O H.no. 233 B, Jallowal Abadi, Jalandhar-144003, Punjab, India, Have Changed My Name From Sarban Dass To Sarwan Dass. All Please Note.

## Change of Name

I , Sawinder Kaur W/o Late Sohan Singh,R/o H.No. 541, VPO Sathiala, Tehsil Baba Bakala, Distt. Amritsar have changed my name from Sawinder Kaur to Surinder Kaur

I, Sourav Sharma S/o Kishori Sharma, R/o H.No. 45, Kala Sanghian Road, Dubai colony, Kot Sadiq, Jalandhar have changed my name from Sourav Sharma to Saurav Sharma .

I, Jai Parkash son of Sh. Ramesh Kumar Mehta R/o H.No. 259, Ekta Nagar Near Surya Enclave Underpath, District Jalandhar, Punjab have changed my name from Jai Parkash to Jai Parkash Mehta. All concerned please note.

I Rani wife of Sodhi Lal resident of Vill Gopalpur Alias Bidhipur Jalandhar have changed my name to RANI DEVI. All concerned please note.

I, Jugmohan S/o Jagdish Raj R/o Berian Mohalla, Dinanagar, Gurdaspur, Punjab have changed my name from Jugmohan to Jug Mohan. All Please Note.

I, Lakhbir Singh S/o Gurdial Singh R/o V.P.O. Kular, Tehsil Shahkot, Distt. Jalandhar, Punjab changed my name from Lakhbir Singh to Lakhvir Singh. All Please Note.

I, Sakranti w/o Pardeep Kumar r/o 267, Jagdambay Gali, Sodal Nagar, Po. Industrial Town, Jalandhar have changed my name from Sakranti to Sakranti Sharma. All Please Note.

I, Vaishali w/o Sunil Chawla r/o 15B, Gali No. 1-A, New Green Model Town, Po. Model Town, Jalandhar have changed my name from Vaishali to Vaishali Chawla. All Please Note.

I, Paramjit Kaur w/o Surinder Singh r/o VPO. Jahan Khelan, Distt. Hoshiarpur-146110, Punjab have changed my name to Kaur Paramjit. All Please Note.

I, Gurdeep Singh s/o Tarlochan Singh Kalsi r/o VPO. Khudda, Distt. Hoshiarpur-144305, Punjab have changed my name to Singh Gurdeep. All Please Note.

I Manpreet Kaur W/o Karandeep Singh Shahi R/o 402, Green Field, Majitha Road, Amritsar have changed my name to Manpreet Kaur Shahi. All Concerned Please Note

## ਬੇਦਖਲੀ ਨੋਟਿਸ

ਮੈਂ, ਦਲਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ 1917/2, ਗਲੀ ਅਰਾਈਆਂ ਵਾਲੀ, ਬਾਜ਼ਾਰ ਬਕਰਵਾਨਾ, ਮਹਾਂ ਸਿੰਘ ਗੇਟ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਰਬਜੀਤ ਸਿੰਘ ਅਤੇ ਉਸ ਦੀ ਪਤਨੀ ਨਿਸ਼ਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਅਤੇ ਮੇਰਾ ਬਾਕੀ ਪਰਵਾਰ ਇਨ੍ਹਾਂ ਦੇ ਕਿਸੇ ਵੀ ਲੈਣ-ਦੇਣ ਅਤੇ ਕਾਰ ਵਿਹਾਰ ਦੇ ਜ਼ਿੰਮੇਵਾਰ ਨਹੀਂ ਹੋਣਗੇ।

ਮੈਂ, ਬਬਲੀ ਰਾਣੀ ਪਤਨੀ ਕਮਲ ਰਣਜੋਧ ਸਿੰਘ ਵਾਸੀ ਮਕਾਨ ਨੰ: 7-ਏ, ਨਿਊ ਕਰਤਾਰ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਕੁਲਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਗੁਰਲੀਨ ਕੌਰ ਪਤਨੀ ਇੰਦਰਪਾਲ ਸਿੰਘ (ਪੁੱਤਰੀ ਰਛਪਾਲ ਸਿੰਘ) ਵਾਸੀ ਭੱਦਲਵੱਢ (ਬਰਨਾਲਾ) ਪੇਕਾ ਪਿੰਡ ਧਨੇਰ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਗੁਰਲੀਨ (ਦਿੱਤਾ ਗਿਆ ਨਾਮ) ਕੌਰ (ਉੱਪ ਨਾਮ) ਰੱਖ ਲਿਆ ਹੈ।

ਮੈਂ ਹਰਬੰਸ ਕੌਰ ਪਤਨੀ ਪਤਨੀ ਬੂਟਾ ਸਿੰਘ ਵਾਸੀ ਭੱਦਲਵੱਢ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਹਰਬੰਸ (ਦਿੱਤਾ ਗਿਆ ਨਾਮ) ਕੌਰ (ਉਪ ਨਾਮ) ਰੱਖ ਲਿਆ ਹੈ।

ਮੈਂ ਪ੍ਰਭਦੀਪ ਸਿੰਘ ਪੁੱਤਰ ਰਛਪਾਲ ਸਿੰਘ ਵਾਸੀ ਧਨੇਰ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਪ੍ਰਭਦੀਪ (ਦਿੱਤਾ ਗਿਆ ਨਾਮ) ਸਿੰਘ (ਉੱਪ ਨਾਮ) ਰੱਖ ਲਿਆ ਹੈ।

## ਆਮ ਸੂਚਨਾ

ਮੈਂ ਹਰਭਜਨ ਸਿੰਘ ਪੁੱਤਰ ਹਜ਼ਾਰਾ ਸਿੰਘ ਵਾਸੀ ਬੇਗੋਵਾਲ ਤਹਿਸੀਲ ਭੁਲੱਥ ਜਿਲ੍ਹਾ ਕਪੂਰਥਲਾ ਹਲਫੀਆ ਬਿਆਨ ਕਰਦਾ ਹਾ ਕਿ ਹਰਦੀਪ ਸਿੰਘ ਮੇਰਾ ਹਕੀਕੀ ਲੜਕਾ ਹੈ।ਕਿ ਮੈ ਆਪਣੇ ਲੜਕੇ ਹਰਦੀਪ ਸਿੰਘ ਨੂੰ ਕਹਿਣੇ ਕਾਰ ਨਾ ਹੋਣ ਕਰਕੇ ਵੱਖ ਵੱਖ ਅਖਬਾਰਾ ਵਿੱਚ ਇਸਤਿਹਾਰ ਦੇ ਕੇ ਬੇਦਖਲ ਕੀਤਾ ਸੀ, ਇਹ ਕਿ ਮੇਰਾ ਲੜਕਾ ਹਰਦੀਪ ਸਿੰਘ ਹੁਣ ਮੇਰੇ ਕਹਿਣੇਕਾਰ ਵਿੱਚ ਹੋ ਗਿਆ ਹੈ ਅਤੇ ਜੋ ਆਪਣੇ ਲੜਕੇ ਹਰਦੀਪ ਸਿੰਘ ਨੂੰ ਬੇਦਖਲ ਕੀਤਾ ਸੀ ਉਹ ਹੁਣ ਮੈਂ ਆਪਣੀ ਸੂਝ ਬੂਝ ਵਿੱਚ ਹੁੰਦਿਆ ਹੋਇਆ ਬਿਨਾ ਕਿਸੇ ਦਬਾ ਦੇ ਆਪਣਾ ਬੇਦਖਲੀ ਨੋਟਿਸ ਵਾਪਸ ਲੈਂਦਾ ਹਾਂ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਐੱਨ ਸੀ ਸੀ ਕੈਡਿਟਾਂ ਨੇ ਕਾਲਜ ਦਾ ਨਾਂਅ ਕੀਤਾ ਰੌਸ਼ਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਸਰਕਾਰੀ ਕਾਲਜ ਡੇਰਾ ਬੱਸੀ ਦੀਆਂ ਤਿੰਨ ਹੋਣਹਾਰ ਐੱਨ ਸੀ ਸੀ ਕੈਡਿਟਾਂ ਨੇ ਹਿਮਾਚਲ ਪ੍ਰਦੇਸ਼ ਦੇ ਸੋਲਨ ਵਿਖੇ ਆਯੋਜਿਤ ਵੱਕਾਰੀ 'ਆਲ ਇੰਡੀਆ ਟਰੈਕਿੰਗ ਕੈਂਪ' ਵਿੱਚ ਭਾਗ ਲੈ ਕੇ ਇਲਾਕੇ ਅਤੇ ਆਪਣੇ ਕਾਲਜ ਦਾ ਨਾਂ ਰੌਸ਼ਨ ਕੀਤਾ ਹੈ। ਕਾਲਜ ਦੀਆਂ ਇਹਨਾਂ ਵਿਦਿਆਰਥਣਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਪੂਰੇ ਕਾਲਜ ਪ੍ਰਸ਼ਾਸਨ ਅਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਰਾਸ਼ਟਰੀ ਪੱਧਰ ਦਾ ਟਰੈਕਿੰਗ ਕੈਂਪ ਹਿਮਾਚਲ ਪ੍ਰਦੇਸ਼ ਦੇ ਖ਼ੂਬਸੂਰਤ ਸ਼ਹਿਰ ਸੋਲਨ ਵਿਖੇ ਬੀਤੀ 5 ਜੂਨ ਤੋਂ 12 ਜੂਨ ਤੱਕ ਆਯੋਜਿਤ ਕੀਤਾ ਗਿਆ ਸੀ। ਇਸ ਕੈਂਪ ਦਾ ਸਫਲ ਸੰਚਾਲਨ ਐੱਚ ਪੀ (ਹਿਮਾਚਲ ਪ੍ਰਦੇਸ਼) ਗਰਲਜ਼ ਬਟਾਲੀਅਨ ਐੱਨ ਸੀ ਸੀ ਸੋਲਨ ਵੱਲੋਂ ਕੀਤਾ ਗਿਆ। ਇਸ ਕੈਂਪ ਵਿੱਚ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਤੋਂ ਆਈਆਂ ਸੈਂਕੜੇ ਐੱਨ ਸੀ ਸੀ ਕੈਡਿਟਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਸਰਕਾਰੀ ਕਾਲਜ ਡੇਰਾ ਬੱਸੀ ਦੀਆਂ ਤਿੰਨ ਮੋਹਰੀ ਕੈਡਿਟਾਂ- ਸਨੇਹਾ ਸ਼ਾਮ, ਤਨੀਸ਼ਾ ਕੁਮਾਰੀ ਅਤੇ ਮਾਨਸੀ ਨੇ ਪੰਜਾਬ ਦੀ ਪ੍ਰਤੀਨਿਧਤਾ ਕਰਦਿਆਂ ਆਪਣੀ ਵਿਲੱਖਣ ਪ੍ਰਤਿਭਾ ਦਾ ਲੋਹਾ ਮਨਾਇਆ। ਅੱਠ ਦਿਨਾਂ ਤੱਕ ਚੱਲੇ ਇਸ ਵੱਕਾਰੀ ਅਤੇ ਚੁਣੌਤੀਪੂਰਨ ਕੈਂਪ ਦੌਰਾਨ ਡੇਰਾ ਬੱਸੀ ਕਾਲਜ ਦੀਆਂ ਇਹਨਾਂ ਕੈਡਿਟਾਂ ਨੇ ਨਾ ਸਿਰਫ਼ ਪਹਾੜੀ ਖੇਤਰਾਂ ਵਿੱਚ ਟਰੈਕਿੰਗ ਦੀਆਂ ਬਾਰੀਕੀਆਂ ਨੂੰ ਸਿੱਖਿਆ, ਬਲਕਿ ਕੈਂਪ ਦੌਰਾਨ ਕਰਵਾਏ ਗਏ ਵੱਖ-ਵੱਖ ਖੇਡ ਮੁਕਾਬਲਿਆਂ ਅਤੇ ਸਭਿਆਚਾਰਕ ਪ੍ਰੋਗਰਾਮਾਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲਿਆ।ਟਰੈਕਿੰਗ ਅਤੇ ਹੋਰਨਾਂ ਗਤੀਵਿਧੀਆਂ ਦੇ ਨਾਲ-ਨਾਲ ਕੈਡਿਟਾਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਉਨ੍ਹਾਂ ਨੂੰ ਹਿਮਾਚਲ ਪ੍ਰਦੇਸ਼ ਦੇ ਇਸ ਖੇਤਰ ਦੀਆਂ ਕਈ ਮਹੱਤਵਪੂਰਨ, ਕੁਦਰਤੀ ਅਤੇ ਇਤਿਹਾਸਕ ਥਾਵਾਂ ਦਾ ਦੌਰਾ ਵੀ ਕਰਵਾਇਆ ਗਿਆ।




# ਨੌਜਵਾਨ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਕਪੂਰਥਲਾ ਦੇ ਇੱਕ ਮੁਹੱਲੇ ਵਿੱਚ ਕਰੀਬ 38 ਸਾਲਾ ਜਤਿੰਦਰ ਸਹਿਗਲ ਦਾ 6 ਹਮਲਾਵਰਾਂ ਨੇ ਘੇਰ ਕੇ ਤੇਜ਼ਧਾਰ ਹਥਿਆਰਾਂ ਨਾਲ ਤਾਬੜਤੋੜ ਹਮਲਾ ਕਰ ਦਿੱਤਾ, ਜਿਸ ਕਾਰਨ ਉਸ ਦੀ ਮੌਤ ਹੋ ਗਈ।ਮਿਲੀ ਜਾਣਕਾਰੀ ਅਨੁਸਾਰ ਜਤਿੰਦਰ ਸਹਿਗਲ ਆਪਣੇ ਘਰ ਤੋਂ ਕਿਸੇ ਕੰਮ ਲਈ ਨਿਕਲਿਆ ਸੀ। ਇਸੇ ਦੌਰਾਨ ਪਹਿਲਾਂ ਤੋਂ ਘਾਤ ਲਗਾ ਕੇ ਬੈਠੇ 6 ਹਮਲਾਵਰਾਂ ਨੇ ਉਸ ਨੂੰ ਘੇਰ ਲਿਆ ਅਤੇ ਤੇਜ਼ਧਾਰ ਹਥਿਆਰਾਂ ਨਾਲ ਲਗਾਤਾਰ ਵਾਰ ਕੀਤੇ। ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਜਤਿੰਦਰ ਨੂੰ ਤੁਰੰਤ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਅਨੁਸਾਰ ਮ੍ਰਿਤਕ ਜਤਿੰਦਰ ਸਹਿਗਲ ਖ਼ਿਲਾਫ਼ ਪਹਿਲਾਂ ਵੀ ਕੁਝ ਅਪਰਾਧਿਕ ਮਾਮਲੇ ਦਰਜ ਸਨ। ਸ਼ੁਰੂਆਤੀ ਜਾਂਚ ਵਿੱਚ ਪੁਲਿਸ ਇਸ ਕਤਲ ਨੂੰ ਗੈਂਗਵਾਰ ਅਤੇ ਪੁਰਾਣੀ ਰੰਜਿਸ਼ ਨਾਲ ਜੋੜ ਕੇ ਦੇਖ ਰਹੀ ਹੈ। ਹਾਲਾਂਕਿ ਕਤਲ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਹਮਲਾ ਕਰਨ ਵਾਲੇ ਸਾਰੇ 6 ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ। ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਸਾਰੇ ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਕਤਲ ਸਮੇਤ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾਵੇਗਾ।ਘਟਨਾ ਤੋਂ ਬਾਅਦ ਪੁਲਿਸ ਨੇ ਜਾਂਚ ਤੇਜ਼ ਕਰ ਦਿੱਤੀ ਹੈ। ਵਾਰਦਾਤ ਵਾਲੀ ਥਾਂ ਅਤੇ ਆਲੇ-ਦੁਆਲੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਹਮਲਾਵਰਾਂ ਦੀਆਂ ਗਤੀਵਿਧੀਆਂ ਅਤੇ ਉਨ੍ਹਾਂ ਦੇ ਫਰਾਰ ਹੋਣ ਦੇ ਰਸਤੇ ਬਾਰੇ ਜਾਣਕਾਰੀ ਮਿਲ ਸਕੇ।

# ਪੀ ਐੱਸ ਐੱਫ ਵੱਲੋਂ ਵਿਦਿਆਰਥੀਆਂ ਨਾਲ ਭਖਦੇ ਮਸਲਿਆਂ 'ਤੇ ਚਰਚਾ



**ਫਿਲੌਰ (ਹਰਜਿੰਦਰ ਕੌਰ ਚਾਹਲ)**- ਦਿੱਲੀ ਕਿਸਾਨ ਮੋਰਚੇ ਦੇ ਸ਼ਹੀਦਾਂ ਦੀ ਯਾਦਗਾਰ ਵਿਖੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਦੇ ਸੱਦੇ ਤਹਿਤ ਤਹਿਸੀਲ ਫਿਲੌਰ ਦੇ ਵੱਖ-ਵੱਖ ਪਿੰਡਾਂ ਤੋਂ ਆਏ ਵਿਦਿਆਰਥੀਆਂ ਨੇ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਨੂੰ ਪੰਜਾਬ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਗਗਨਦੀਪ ਸਰਦੂਲਗੜ੍ਹ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਾਕਮਾਂ ਵੱਲੋਂ ਸਿੱਖਿਆ ਦਾ ਨਿੱਜੀਕਰਨ, ਵਪਾਰੀਕਰਨ ਕਰਕੇ ਵਿਦਿਆਰਥੀਆਂ ਨੂੰ ਅੱਖਰ ਵਿਹੂਣਾ ਕਰਨ ਦੀ ਡੂੰਘੀ ਸਾਜਿਸ਼ ਅਪਣਾਈ ਜਾ ਰਹੀ ਹੈ। ਗਗਨਦੀਪ ਨੇ ਅੱਗੇ ਕਿਹਾ ਕਿ ਨੀਟ ਦੀ ਪ੍ਰੀਖਿਆ ਦਾ ਪਿਛਲੇ ਦੋ ਤਿੰਨ ਸਾਲ ਤੋਂ ਵਾਰ-ਵਾਰ ਪੇਪਰ ਲੀਕ ਹੋਣਾ ਸਾਡੇ ਸਿਸਟਮ 'ਤੇ ਸਵਾਲੀਆਂ ਚਿੰਨ ਲਾਉਂਦਾ ਹੈ।ਮਹਾਰਾਸ਼ਟਰ ਵਿਚ ਨੀਟ ਦਾ ਪੇਪਰ ਲੀਕ ਹੋ ਗਿਆ। ਇਸ ਮੀਟਿੰਗ ਨੂੰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ, ਜ਼ਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ ਅਤੇ ਐਡਵੋਕੇਟ ਬਲਦੇਵ ਸਾਹਨੀ ਨੇ ਸੰਬੋਧਨ ਕੀਤਾ। ਇਸ ਮੀਟਿੰਗ ਨੂੰ ਉਚੇਚੇ ਤੌਰ 'ਤੇ ਸਭਾ ਦੇ ਤਹਿਸੀਲ ਪ੍ਰਧਾਨ ਮੱਖਣ ਸੰਗਰਾਮੀ, ਤਹਿਸੀਲ ਸਕੱਤਰ ਸੁਨੀਲ ਭੈਣੀ ਤੋਂ ਇਲਾਵਾ ਹੈਰੀ ਫਿਲੌਰ, ਗਗਨਦੀਪ ਬਿਲਗਾ, ਪ੍ਰਿੰਸ, ਨਵਜੰਤ ਪਾਲ ਕਦੀਮ, ਮੋਹਿਤ, ਰਣਵੀਰ ਭੂਟੋਏ, ਕਰਨ ਵਾਲੀਆ, ਪਰਮਵੀਰ, ਜਸਕਰਨ, ਪ੍ਰਦੀਪ ਬੰਡਾਲਾ, ਗੁਰਵਿੰਦਰ ਸਿੰਘ ਬਾਸੀ, ਅਰਮਾਨ ਬਾਸੀ, ਦਿਲਪ੍ਰੀਤ ਸਿੰਘ, ਸਾਹਿਲ, ਸਤਨਾਮ ਵਰਦਾਨ, ਹਰਪ੍ਰੀਤ, ਜੋਬਨ ਮਹਿਰਾ, ਹੇਮੰਤ, ਗੈਰੀ, ਅਨਮੋਲ ਆਦਿ ਵਿਦਿਆਰਥੀ ਹਾਜ਼ਰ ਸਨ।

# 10 ਦਿਨਾ ਰੰਗਮੰਚ ਤੇ ਸੰਗੀਤ ਵਰਕਸ਼ਾਪ ਦੀ ਸਮਾਪਤੀ

**ਮੋਹਾਲੀ (ਸੁਰਜੀਤ ਸੁਮਨ)**- ਇਪਟਾ ਦੀ ਕਪੂਰਥਲਾ ਇਕਾਈ ਵੱਲੋਂ ਰੂਪਵਾਲੀ ਕਲਾ ਕੇਂਦਰ ਨਾਨਕਸਰ ਨਗਰ ਨੇੜੇ ਆਰ ਸੀ ਐੱਫ ਕਪੂਰਥਲਾ ਵਿਖੇ ਆਯੋਜਿਤ ਰੰਗਮੰਚ ਅਤੇ ਸੰਗੀਤ ਵਰਕਸ਼ਾਪ ਦੀ ਸਮਾਪਤੀ ਮੌਕੇ ਇਪਟਾ, ਪੰਜਾਬ ਦੇ ਪ੍ਰਧਾਨ ਨਾਟਕਕਾਰ ਸੰਜੀਵਨ ਸਿੰਘ ਦੇ ਲਿਖਤ ਕੀਤੀ/ਵਰਕਸ਼ਾਪ ਦੀ ਸਮਾਪਤੀ ਮੌਕੇ ਰੰਗਮੰਚ ਤੇ ਸੰਗੀਤ ਵਰਕਸ਼ਾਪ ਦੌਰਾਨ ਸਿਖਲਾਈ ਲੈ ਰਹੇ 25 ਦੇ ਕਰੀਬ ਬੱਚਿਆਂ, ਉਨ੍ਹਾਂ ਦੇ ਮਾਪਿਆਂ ਅਤੇ ਕਪੂਰਥਲਾ ਦੇ ਲੇਖਕਾਂ ਅਤੇ ਰੰਗਕਰਮੀਆਂ ਦੀ ਹਾਜ਼ਰੀ ਵਿੱਚ ਚਰਚਿਤ ਅਤੇ ਬੇਬਾਕ ਨਾਟਕਕਾਰ ਡਾ. ਦਵਿੰਦਰ ਨਵਾਂ ਸ਼ਹਿਰ ਦੇ ਲਿਖੇ ਅਤੇ ਇਪਟਾ, ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ ਵੱਲੋਂ ਨਿਰਦੇਸ਼ਿਤ ਸਮਾਜਿਕ ਅਤੇ ਮਨੋਵਿਗਿਆਨਕ ਨਾਟਕ 'ਨ੍ਰਿਤ ਤੋਂ ਤਾਂਡਵ ਤੱਕ' ਦੇ ਪ੍ਰਭਾਵਸ਼ਾਲੀ ਦੀ ਮੰਚਣ ਨੇ ਸਭ ਨੂੰ ਕੀਲ ਲਿਆ।



ਨਾਟਕ ਦੇ ਮੰਚਣ ਦੌਰਾਨ ਦੀਪਕ ਨਾਹਰ, ਸਰਬਜੀਤ ਰੂਪੋਵਾਲੀ, ਕਮਲਜੀਤ ਕੌਰ, ਸ਼ਰਨਜੀਤ ਸੋਹਲ, ਇੰਦਰਜੀਤ ਰੂਪੋਵਾਲੀ, ਯਸ਼ ਮਲਹਾਰ, ਸਵਰਾਜ ਕੌਰ, ਕੋਮਲ ਹੁੰਦਲ, ਪੁਨੀਤ ਵਾਟਸ, ਕਸ਼ਮੀਰ ਬਜਰੌਰ, ਰਜਨੀਸ਼ ਰੂਪੋਵਾਲੀ ਦੀ ਅਦਾਕਾਰੀ ਅਤੇ ਇਪਟਾ ਕਾਰਕੁਨਾ ਲੋਕ-ਗਾਇਕ ਬਿਸ਼ਾਰਤ ਮਸੀਹ ਦੇ ਗੀਤ ਅਤੇ ਗਾਇਕੀ ਨੇ ਨਾਟਕ ਦੇ ਪ੍ਰਭਾਵਸ਼ਾਲੀ ਬਣਾਉਣ ਵਿਚ ਆਪਣਾ ਯੋਗਦਾਨ ਪਾਇਆ। ਇਸੇ ਦੌਰਾਨ ਇਪਟਾ ਕਾਰਕੁਨਾ ਲੋਕ-ਗਾਇਕ ਬਿਸ਼ਾਰਤ ਮਸੀਹ, ਕਪੂਰਥਲਾ ਇਕਾਈ ਦੇ ਪ੍ਰਧਾਨ ਡਾਕਟਰ ਹਰਭਜਨ ਸਿੰਘ ਅਤੇ ਦਲੇਰ ਅਤੇ ਲੋਕ-ਹਿਤੈਸ਼ੀ ਸ਼ਾਇਰਾ ਕਪੂਰਥਲਾ ਇਕਾਈ ਦੇ ਜਨਰਲ ਸਕੱਤਰ ਸ੍ਰੀਮਤੀ ਸਵਰਾਜ ਕੌਰ, ਚੜਦੀ ਉਮਰ ਦਾ ਉਭਰਦਾ ਸ਼ਾਇਰ ਯਸ਼ ਮਲਹਾਰ ਲੋਕਾਈ ਦੀ ਬਾਤ ਪਾਉਂਦੀ ਗਾਇਕੀ ਅਤੇ ਸ਼ਾਇਰੀ ਵੀ ਪੇਸ਼ ਕੀਤੀ।

# ਸ੍ਰੀ ਗੁਰੂ ਰਵਿਦਾਸ ਸਭਾ ਫਰਿਜ਼ਨੋ (ਕੈਲੇਫੋਰਨੀਆ) ਪਹੁੰਚਣ 'ਤੇ ਸੰਤ ਮਹਿੰਦਰ ਪਾਲ ਦਾ ਭਰਵਾਂ ਸਵਾਗਤ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਰਜਿਸਟਰਡ ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਦੇ ਗੱਦੀ ਨਸ਼ੀਨ 108 ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੋਸਾਇਟੀ (ਰਜਿ. 647 ) ਪੰਜਾਬ ਦਾ ਸ੍ਰੀ ਗੁਰੂ ਰਵਿਦਾਸ ਸਭਾ ਫਰਿਜ਼ਨੋ ( ਕੈਲੇਫੋਰਨੀਆ ) ਦੇ ਗੁਰੂ ਘਰ ਵਿਖੇ ਪਹੁੰਚਣ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਉਹਨਾਂ ਦਾ ਭਰਵਾਂ ਸੁਵਾਗਤ ਕੀਤਾ ਗਿਆ। ਇਸ ਮੌਕੇ ਗੁਰੂ ਘਰ ਦੇ ਸੇਵਾਦਾਰ ਕੇਵਲ ਚੌਹਾਨ ਅਤੇ ਸੁਖਦੇਵ ਸਿੰਘ ਵੀ ਉਨ੍ਹਾਂ ਦੇ ਨਾਲ ਸਨ। ਸ੍ਰੀ ਗੁਰੂ ਰਵਿਦਾਸ ਸਭਾ ਫਰਿਜਨੋ ਕੈਲੇਫੋਰਨੀਆ ਦੇ ਸਮੂਹ ਅਹੁਦੇਦਾਰਾਂ ਅਤੇ ਉੱਥੇ ਹਾਜ਼ਰ ਹੋਈਆਂ ਸੰਗਤਾਂ ਨੇ 108 ਸੰਤ ਮਹਿੰਦਰ ਪਾਲ ਜੀ ਦਾ ਗੁਰੂ ਘਰ ਵਿਖੇ ਪਹੁੰਚਣ 'ਤੇ ਸਵਾਗਤ ਕੀਤਾ ਅਤੇ ਉਨਾਂ ਵੱਲੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਦਿੱਤੇ ਜਾ ਰਹੇ ਸੱਚ ਦੇ ਉਪਦੇਸ਼ ਦੀ ਸਰਾਹਨਾ ਕੀਤੀ। ਇਸ ਮੌਕੇ ਸੰਤ ਮਹਿੰਦਰ ਪਾਲ ਨੇ ਗੁਰੂ ਘਰ ਵਿਖੇ ਹਾਜ਼ਰ ਹੋਈਆਂ ਸੰਗਤਾਂ ਨੂੰ ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚਲਦੇ ਹੋਏ ਵੱਧ ਤੋਂ ਵੱਧ ਗਿਆਨਵਾਨ ਅਤੇ ਵਿਵੇਕਸ਼ੀਲ ਬਣਨ ਦੇ ਨਾਲ ਨਾਲ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ। ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਰਜਿਸਟਰਡ ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਵੱਲੋ ਵੀ ਸ੍ਰੀ ਗੁਰੂ ਰਵਿਦਾਸ ਸਭਾ ਫਰਿਜਨੋ ਕੈਲੇਫੋਰਨੀਆ ਦੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ।

# ਸਾਲਾਨਾ ਭੰਡਾਰਾ ਭਲਕੇ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ 'ਚ 30 ਜੂਨ ਨੂੰ ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਦਾ 16ਵਾਂ ਵਿਸ਼ਾਲ ਸਲਾਨਾ ਭੰਡਾਰਾ ਬੜੀ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ, ਜਦਕਿ ਇਸ ਮੌਕੇ ਸਥਾਨਕ ਗਣਪਤੀ ਆਸ਼ਰਮ 'ਚ 2 ਦਿਨਾਂ ਧਾਰਮਿਕ ਸਮਾਗਮ ਵੀ ਆਯੋਜਿਤ ਕੀਤੇ ਜਾਣਗੇ। ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ ਤੋਂ ਮਿਲੀ ਜਾਣਕਾਰੀ ਅਨੁਸਾਰ 29 ਜੂਨ ਦਿਨ ਸੋਮਵਾਰ ਨੂੰ ਸਵੇਰੇ 07:30 ਵਜੇ ਪੂਜਾ ਤੇ ਸ੍ਰੀ ਰਾਮਾਇਣ ਜੀ ਦੇ ਪਾਠ ਆਰੰਭ ਹੋਣਗੇ ਤੇ ਹਵਨ ਸਵੇਰੇ 08:30 ਵਜੇ ਹੋਵੇਗਾ। ਉਪਰੰਤ ਰਾਤ 8 ਵਜੇ ਕੀਰਤਨ ਹੋਵੇਗਾ। ਤੇ ਮਿਤੀ 30 ਜੂਨ ਦਿਨ ਮੰਗਲਵਾਰ ਨੂੰ ਸਵੇਰੇ 09:00 ਵਜੇ ਸ਼੍ਰੀ ਰਾਮਾਇਣ ਜੀ ਦੇ ਭੋਗ ਪਾਏ ਜਾਣਗੇ ਤੇ ਸਵੇਰੇ 10:00 ਵਜੇ ਕੀਰਤਨ ਹੋਵੇਗਾ ਤੇ ਦੁਪਹਿਰ 12:00 ਵਜੇ ਭੰਡਾਰਾ ਹੋਵੇਗਾ।



ਸ਼ਹਿਰ ਤੇ ਦੂਰ-ਦੁਰਾਡੇ ਤੋਂ ਪੁੱਜੀ ਸੰਗਤ ਪੂਰਣ ਆਹੂਤੀ ਪਾਵੇਗੀ। ਇਸ ਮੌਕੇ ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ ਵੱਲੋਂ ਸੰਦੇਸ਼ ਦਿੰਦਿਆਂ ਦੱਸਿਆ ਜਾਂਦਾ ਹੈ ਕਿ ਹਮੇਸ਼ਾ ਇਕਜੁੱਟ ਰਹੋ ਤੇ ਸਾਰੇ ਤਿਉਹਾਰ ਇਕੱਠੇ ਮਨਾਵੋ ਤੇ ਸਾਰੇ ਆਪਣੇ ਧਰਮ ਵਿੱਚ ਰਹੋ ਤੇ ਸਾਰੇ ਪ੍ਰੇਮ ਪਿਆਰ ਨਾਲ ਰਹਿਣਾ ਚਾਹੀਦਾ ਹੈ। ਇਸ ਮੌਕੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵਿਸ਼ੇਸ਼ ਤੌਰ ਤੇ ਪਹੁੰਚਣਗੇ ਤੇ ਇਹਨਾਂ ਵੱਲੋਂ 30 ਜੂਨ 10:30 ਵਜੇ ਤੋਂ 12 ਵਜੇ ਤੱਕ ਕੀਰਤਨ/ਸਤਸੰਗ ਕੀਤਾ ਜਾਵੇਗਾ। ਇਸ ਮੌਕੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਅਨੁਸਾਰ ਬਾਅਦ 'ਚ ਭੰਡਾਰਾ ਲਾਇਆ ਜਾਵੇਗਾ, ਜਿਸ 'ਚ ਵੱਖ-ਵੱਖ ਸਥਾਨਾਂ ਤੋਂ ਸੰਤ-ਮਹਾਤਮਾ ਪੁੱਜਣਗੇ ਤੇ ਭੰਡਾਰੇ 'ਚੋਂ ਭੋਜਨ ਕਰਨ ਉਪਰੰਤ ਉਹਨਾਂ ਨੂੰ ਦਾਨ-ਦਕਸ਼ਿਣਾ ਦੇ ਕੇ ਸਨਮਾਨ ਸਹਿਤ ਰਵਾਨਾ ਕੀਤਾ ਜਾਵੇਗਾ।

# ਹਰ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰੀ ਪਿਲਾਓ : ਡਾ. ਕਰਨ ਕੁਮਾਰ ਸੈਣੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਟਾਂਡਾ ਬਲਾਕ ਵਿੱਚ 29 ਅਤੇ 30 ਜੂਨ ਨੂੰ ਰਾਸ਼ਟਰੀ ਪਲਸ ਪੋਲਿਓ ਮੁਹਿੰਮ ਚਲਾਈ ਜਾਵੇਗੀ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸ ਐਮ.ਓ. ਡਾ. ਕਰਨ ਕੁਮਾਰ ਸੈਣੀ ਨੇ ਦੱਸਿਆ ਕਿ 29 ਅਤੇ 30 ਜੂਨ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਉਹਨਾਂ ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਈਆਂ ਜਾਣਗੀਆਂ ਜੋ ਪਹਿਲੇ ਦਿਨ ਕਿਸੇ ਕਾਰਨ ਕਰਕੇ ਬੂਥਾਂ ਤੇ ਨਹੀਂ ਪਹੁੰਚ ਸਕੇ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਟਾਂਡਾ ਬਲਾਕ ਵਿੱਚ 15 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਕਵਰ ਕਰਨ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਵਿੱਚ 11,670 ਬੱਚੇ ਪੇਂਡੂ ਖੇਤਰਾਂ ਦੇ ਅਤੇ 3,300 ਤੋਂ ਵੱਧ ਬੱਚੇ ਸ਼ਹਿਰੀ ਖੇਤਰਾਂ ਦੇ ਸ਼ਾਮਲ ਹਨ। ਇਸ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ 14 ਸੁਪਰਵਾਈਜ਼ਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਤੋਂ ਇਲਾਵਾ 68 ਰੈਗੂਲਰ ਬੂਥ, 2 ਟਰਾਂਜ਼ਿਟ ਪੁਆਇੰਟ ਅਤੇ 2 ਮੋਬਾਈਲ ਟੀਮਾਂ ਦਾ ਗਠਨ ਕੀਤਾ ਗਿਆ ਹੈ। ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਇੱਕ ਮੈਡੀਕਲ ਟੀਮ ਵੀ ਤਾਇਨਾਤ ਰਹੇਗੀ। ਡਾ. ਕਰਨ ਕੁਮਾਰ ਸੈਣੀ ਨੇ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੰਜ ਸਾਲ ਤੋਂ ਘੱਟ ਉਮਰ ਦੇ ਹਰ ਬੱਚੇ ਨੂੰ ਪੋਲਿਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ।



# ਜੀ ਟੀ ਯੂ ਵੱਲੋਂ 15 ਤੱਕ ਛੁੱਟੀਆਂ ਵਧਾਉਣ ਦੀ ਮੰਗ

**ਜਲੰਧਰ (ਰਾਜੇਸ਼ ਥਾਪਾ)**- ਅੱਤ ਦੀ ਪੈ ਰਹੀ ਗਰਮੀ ਨੂੰ ਵੇਖਦਿਆਂ ਹੋਇਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਨੇ ਸਕੂਲਾਂ ਅੰਦਰ 15 ਜੁਲਾਈ ਤੱਕ ਛੁੱਟੀਆਂ ਵਧਾਉਣ ਦੀ ਮੰਗ ਕੀਤੀ। ਇਸ ਸਬੰਧੀ ਸਾਂਝਾ ਬਿਆਨ ਜਾਰੀ ਕਰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ ਤੇ ਪ੍ਰੈੱਸ ਸਕੱਤਰ ਵੇਦ ਰਾਜ ਨੇ ਕਿਹਾ ਕਿ ਬਹੁ ਗਿਣਤੀ ਅਧਿਆਪਕਾਂ ਦੀਆਂ ਐਸ ਆਈ ਆਰ, ਡਰੱਗ ਅਤੇ ਆਰਥਿਕ ਸਰਵੇ, ਬਤੌਰ ਬੀ ਐੱਲ ਓ ਜੁਲਾਈ ਮਹੀਨੇ ਦੌਰਾਨ ਡਿਊਟੀਆਂ ਲੱਗੀਆਂ ਹਨ। ਜਦੋਂ ਕਿ ਬਹੁ ਗਿਣਤੀ ਸਕੂਲਾਂ ਵਿੱਚ ਸਟਾਫ਼ ਦੀ ਵੱਡੇ ਪੱਧਰ ਤੇ ਘਾਟ ਹੈ ਜਿਸ ਕਾਰਨ ਸਕੂਲਾਂ ਵਿੱਚ ਪੜ੍ਹਾਈ ਦਾ ਮਾਹੌਲ ਸੁਖਾਵਾਂ ਨਹੀਂ ਬਣ ਸਕਦਾ।ਬਹੁ ਗਿਣਤੀ ਅਧਿਆਪਕਾਂ ਦੀਆਂ ਡਿਊਟੀਆਂ ਗੈਰ ਵਿੱਦਿਅਕ ਕੰਮਾਂ ਵਿੱਚ ਲੱਗੇ ਹੋਣ ਦੇ ਕਾਰਨ ਅੱਤ ਦੀ ਗਰਮੀ ਵਿੱਚ ਸਕੂਲਾਂ ਵਿੱਚ ਬੱਚਿਆਂ ਨੂੰ ਕੌਣ ਪੜ੍ਹਾਵੇਗਾ ? ਇਸ ਲਈ ਸਰਕਾਰ ਨੂੰ ਸਕੂਲਾਂ ਵਿੱਚ 15 ਜੁਲਾਈ ਤੱਕ ਛੁੱਟੀਆਂ ਜ਼ਰੂਰ ਵਧਾਉਣੀਆਂ ਚਾਹੀਦੀਆਂ ਹਨ।



# 11663 ਬੱਚਿਆਂ ਨੂੰ ਪਿਆਈਆਂ ਪੋਲੀਓ ਰੋਕੂ ਬੂੰਦਾਂ : ਡਾ. ਮਨਪ੍ਰੀਤ ਕੌਰ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਕੌਰ ਦੀ ਅਗਵਾਈ ਹੇਠ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਆਈ ਗਈ। ਇਸ ਮੌਕੇ ਐੱਸ.ਐਮ.ਓ. ਡਾ. ਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 28 ਜੂਨ ਨੂੰ ਬਲਾਕ ਪੀ ਐੱਚ ਸੀ ਚੱਕੋਵਾਲ ਦੇ 11663 ਬੱਚਿਆਂ ਨੂੰ ਦਵਾਈ ਪਿਆਈ ਗਈ। ਸਿਹਤ ਵਿਭਾਗ ਦੇ ਸਾਰੇ ਮੁਲਾਜ਼ਮ ਅਤੇ ਅਧਿਕਾਰੀ ਜਿਹਨਾਂ ਵਿਚ ਆਸ਼ਾ ਵਰਕਰ, ਆਸ਼ਾ ਫੈਸਿਲੀਟੇਟਰ, ਏ ਐੱਨ ਐੱਮ, ਮ ਪ ਹ ਵ (ਮੇਲ), ਮ ਪ ਹ ਸੁ ਮੇਲ ਅਤੇ ਫੀਮੇਲ, ਆਂਗਣਵਾੜੀ ਹੈਲਪਰ, ਐੱਲ ਟੀ, ਫਾਰਮੇਸੀ ਅਫ਼ਸਰ ਆਦਿ ਨੇ ਇਸ ਮੁਹਿੰਮ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ। ਉਹਨਾਂ ਕਿਹਾ ਕਿ ਅੱਜ ਭਾਰਤ ਪੋਲੀਓ ਮੁਕਤ ਹੈ ਅਤੇ ਸਿਹਤ ਵਿਭਾਗ ਨੂੰ ਜੇਕਰ ਇਸੇ ਤਰ੍ਹਾਂ ਲੋਕਾਂ ਦਾ ਸਹਿਯੋਗ ਰਿਹਾ ਤਾਂ ਅੱਗੇ ਤੋਂ ਵੀ ਇਹ ਪੋਲੀਓ ਮੁਕਤ ਹੀ ਰਹੇਗਾ। ਇਸ ਮੌਕੇ ਹਰਦੀਪ ਸਿੰਘ ਬੀ.ਈ.ਈ. ਨੇ ਕਿਹਾ ਕਿ ਅੱਜ 77 ਬੂਥਾਂ ਤੇ ਪੋਲੀਓ ਬੂੰਦਾਂ ਪਿਆਈਆਂ ਗਈਆਂ ਹਨ। ਇਹਨਾਂ ਬੂਥਾਂ ਨੂੰ ਚੈੱਕ ਕਰਨ ਲਈ 19 ਸੁਪਰਵਾਈਜ਼ਰ ਕੰਮ ਕਰ ਰਹੇ ਹਨ। 29 ਅਤੇ 30 ਜੂਨ ਨੂੰ ਜੋ ਬੱਚੇ ਰਹੇ ਗਏ ਹਨ ਉਹਨਾਂ ਨੂੰ ਇਹ ਟੀਮ ਮੈਂਬਰ ਘਰ ਘਰ ਜਾ ਕੇ ਪੋਲੀਓ ਦੀ ਦਵਾਈ ਪਿਆਉਣਗੇ।



# ਸ੍ਰੀ ਸੁਖਮਨੀ ਸਾਹਿਬ ਸੇਵਾ ਦੀ ਲੜੀ ਦੀ ਸੰਪੂਰਨਤਾ ਉਪਰੰਤ ਬੀਬੀਆਂ ਸਨਮਾਨਤ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ 321 ਡੀ ਵੱਲੋਂ,ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਸਾਬਕ ਸੂਬਾਈ ਪ੍ਰਧਾਨ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੀ ਦੇਖਰੇਖ ਹੇਠ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਲਗਭਗ ਇਕ ਮਹੀਨਾ ਸ੍ਰੀ ਸੁਖਮਨੀ ਸਾਹਿਬ, ਸ੍ਰੀ ਚੌਪਈ ਸਾਹਿਬ, ਸ੍ਰੀ ਅਨੰਦ ਸਾਹਿਬ ਛੇ ਪੌੜੀਆਂ ਦਾ ਜਾਪ ਕਰਨ ਵਾਲੀਆ ਬੀਬੀਆ ਨੂੰ ਸਨਮਾਨਤ ਕੀਤਾ ਗਿਆ ਜਿਸ ਵਿੱਚ ਬੀਬੀ ਤਰਸੇਮ ਕੌਰ, ਬੀਬੀ ਰਮਨਦੀਪ ਕੌਰ ਵਿਸੇਸ਼ ਮਹਿਮਾਨ ਸਨ। ਬੀਬੀਆ ਨਰਿੰਦਰ ਕੌਰ, ਰਜਿੰਦਰ ਕੌਰ, ਬਲਜਿੰਦਰ ਕੌਰ, ਕੁਲਵੰਤ ਕੌਰ, ਮਨਵੀਰ ਕੌਰ, ਸੰਤੋਖ ਕੌਰ, ਨੀਲਮ ਕੌਰ, ਅਨੂਪ ਕੌਰ, ਸੁਰਿੰਦਰ ਕੌਰ, ਨਿਰਮਲ ਕੌਰ, ਸੂਬੇਦਾਰ ਹਰਦੇਵ ਸਿੰਘ, ਹੈੱਡ ਗ੍ਰੰਥੀ ਭਾਈ ਜਤਿੰਦਰ ਸਿੰਘ, ਹਜ਼ੂਰੀ ਰਾਗੀ ਭਾਈ ਮੱਖਣ ਸਿੰਘ ਨੂੰ ਗੁਰਦੁਆਰਾ ਸ੍ਰੀ ਅਮਰ ਦਰਬਾਰ ਸਾਹਿਬ ਅਕਾਸ਼ ਕਲੋਨੀ ਹੁਸ਼ਿਆਰਪੁਰ ਵਿੱਚ ਸਨਮਾਨ ਚਿੰਨ੍ਹ ਭੇਟ ਕਰ ਕੇ ਸਨਮਾਨਤ ਕੀਤਾ।

# ਠੰਢੇ ਮਿੱਠੇ ਜਲ ਦੀ ਛਬੀਲ ਤੇ ਗੁਰਮੀਤ ਸਮਾਗਮ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਰਾਮਗੜ੍ਹੀਆ ਸਿੰਘ ਸਭਾ (ਰਜਿ:) ਮੋਰਿੰਡਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰਧਾਨ ਜਸਵੰਤ ਸਿੰਘ ਗੀਹਲ ਨੇ ਦੱਸਿਆ ਕਿ ਸਵੇਰੇ 9 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਸ੍ਰੀ ਸੁਖਮਨੀ ਸਾਹਿਬ ਇਸਤਰੀ ਸਤਿਸੰਗ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਅਤੇ ਭਾਈ ਪਰਮਜੀਤ ਸਿੰਘ ਖਰੜ ਵਾਲਿਆਂ ਨੇ ਸ਼ਬਦ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਇਸ ਸਮਾਗਮ ਦੌਰਾਨ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਸਰਪ੍ਰਸਤ ਕੁਲਵੀਰ ਸਿੰਘ ਸੋਨੂੰ ਗੀਹਲ ਨੇ ਦੱਸਿਆ ਕਿ ਫੈਡਰੇਸ਼ਨ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਦੀ ਸੇਵਾ ਨਿਭਾਈ ਗਈ। ਉਨ੍ਹਾਂ ਛਬੀਲ ਦੀ ਸੇਵਾ ਨਿਭਾ ਰਹੇ ਫੈਡਰੇਸ਼ਨ ਦੇ ਮੈਂਬਰਾਂ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਰਾਮਗੜ੍ਹੀਆ ਸਿੰਘ ਸਭਾ ਦੇ ਸੈਕਟਰੀ ਗੁਰਮੀਤ ਸਿੰਘ ਉਬੀ, ਗੁਰਚਰਨ ਸਿੰਘ ਗੀਹਲ, ਰਵਿੰਦਰ ਸਿੰਘ ਰਵੀ, ਤਰਲੋਚਨ ਸਿੰਘ ਗੀਹਲ, ਅਮਰੀਕ ਸਿੰਘ ਡੱਫੂ,ਅਵਤਾਰ ਸਿੰਘ ਗੀਹਲ, ਜਸਵਿੰਦਰ ਸਿੰਘ ਗੀਹਲ ਤੋਂ ਇਲਾਵਾ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਦੇ ਸੈਕਟਰੀ ਦਲਜੀਤ ਸਿੰਘ ਮੁੰਡੇ, ਹਰਮੀਤ ਸਿੰਘ ਸੱਲ, ਗੁਰਵਿੰਦਰ ਸਿੰਘ ਗੀਹਲ, ਚਰਨਜੀਤ ਸਿੰਘ ਗੀਹਲ, ਮਨਜੀਤ ਸਿੰਘ ਧੀਮਾਨ, ਗੁਰਪ੍ਰੀਤ ਸਿੰਘ ਬਿੰਬਰਾ, ਜਗਦੀਪ ਸਿੰਘ ਘਟੋੜੇ, ਭੁਪਿੰਦਰ ਸਿੰਘ ਗੀਹਲ, ਸਤਵਿੰਦਰ ਸਿੰਘ ਸੌਂਦ, ਦਰਸ਼ਨ ਸਿੰਘ ਸੋਹਨਪਾਲ, ਸੁਰਿੰਦਰ ਸਿੰਘ ਆਸੀ ਅਤੇ ਸੰਗਤਾਂ ਹਾਜ਼ਰ ਸਨ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਦੇ ਅਖੀਰ ਵਿੱਚ ਜਗਜੀਤ ਸਿੰਘ ਗੀਹਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।



# ਹਰਜੋਤ ਕੌਰ ਲੋਹਟੀਆ ਨੇ ਸੁਣੀਆਂ ਲੋਕਾਂ ਦੀਆਂ ਸ਼ਿਕਾਇਤਾਂ

**ਗੁਰਾਇਆ (ਬਿੰਦਰ ਸੁਮਨ)**- ਪਿੰਡ ਮਾਹਲ ਵਿੱਚ ਕਰਵਾਈ ਗਈ ਮੀਟਿੰਗ ਨੇ ਉਸ ਸਮੇਂ ਜਨ ਸਭਾ ਦਾ ਰੂਪ ਧਾਰ ਲਿਆ ਜਦੋਂ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਲੈ ਕੇ ਪਹੁੰਚੇ। ਇਸ ਮੌਕੇ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਲੋਕਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸ਼ਿਕਾਇਤਾਂ ਧੀਰਜ ਨਾਲ ਸੁਣੀਆਂ ਅਤੇ ਹਰ ਮਸਲੇ ਨੂੰ ਗੰਭੀਰਤਾ ਨਾਲ ਵਿਚਾਰਨ ਦਾ ਭਰੋਸਾ ਦਿੱਤਾ। ਹਰਜੋਤ ਕੌਰ ਲੋਹਟੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਹਰ ਸ਼ਿਕਾਇਤ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾਇਆ ਜਾਵੇਗਾ ਅਤੇ ਜਿੱਥੇ ਤੁਰੰਤ ਕਾਰਵਾਈ ਸੰਭਵ ਹੋਵੇਗੀ, ਉੱਥੇ ਬਿਨਾਂ ਦੇਰੀ ਕੰਮ ਸ਼ੁਰੂ ਕਰਵਾਉਣ ਲਈ ਯਤਨ ਕੀਤੇ ਜਾਣਗੇ। ਮੀਟਿੰਗ ਦਾ ਮਾਹੌਲ ਕਾਫ਼ੀ ਉਤਸ਼ਾਹਪੂਰਨ ਰਿਹਾ ਅਤੇ ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਸ਼ਮੂਲੀਅਤ ਕਰਕੇ ਆਪਣੇ ਸੁਝਾਅ ਦਿੱਤ। ਇਸ ਮੌਕੇ ਸੰਗਠਨ ਇੰਚਾਰਜ ਸੰਜੇ ਸਿੰਘ, ਸੀਨੀਅਰ ਆਗੂ ਤਰਲੋਕ ਸਿੰਘ ਵਿਰਕ, ਵਰਿੰਦਰ ਸੈਣੀ, ਗੌਰਵ ਬਾਵਾ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਗੁਰਦੀਪ ਰੰਧਾਵਾ, ਕਸ਼ਮੀਰ ਲਾਲ ਮਨਜੀਤ ਕੁਮਾਰ,ਗਗਨ, ਬਲਾਕ ਪ੍ਰਧਾਨ ਹਰਦੀਪ ਕੁਮਾਰ, ਅਵਤਾਰ ਸਿੰਘ, ਮਨਦੀਪ ਕੁਮਾਰ, ਰਜਿੰਦਰ ਟਾਂਡਾ,ਅਮਨ ਰੰਧਾਵਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮੁਹੱਲਾ ਰੰਧਾਵਾ, ਪ੍ਰਧਾਨ ਸ਼ਕਤੀ ਨੰਦਨ ਜੋਗੀ ਪੀਰ ਮੰਦਿਰ ਪ੍ਰਬੰਧਕ ਕਮੇਟੀ, ਪ੍ਰਧਾਨ ਰਾਮ ਆਸਰਾ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਡੇਰਾ ਸੰਤ ਟਹਿਲ ਦਾਸ ਜੀ, ਡਾਕਟਰ ਬੀ ਆਰ ਅੰਬੇਡਕਰ ਪ੍ਰਬੰਧਕ ਕਮੇਟੀ, ਬਾਬਾ ਰੱਸੂ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਤੇ ਬੀਬੀਆਂ ਭੈਣਾਂ ਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।



# ਐੱਚ ਐੱਮ ਵੀ ਦੀ ਵਿਦਿਆਰਥਣ ਨੇ ਚਾਰਟਰਡ ਅਕਾਊਂਟੈਂਟ ਦੀ ਫਾਈਨਲ ਪ੍ਰੀਖਿਆ ਕੀਤੀ ਪਾਸ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੀ ਵਿਦਿਆਰਥਣ ਇੰਦਰਪ੍ਰੀਤ ਕੌਰ ਨੇ ਮਈ 2026 ਵਿੱਚ ਹੋਈ ਚਾਰਟਰਡ ਅਕਾਊਂਟੈਂਟ (ਸੀ.ਏ.) ਫਾਈਨਲ ਪ੍ਰੀਖਿਆ ਸਫਲਤਾਪੂਰਵਕ ਪਾਸ ਕਰਕੇ ਵੱਕਾਰੀ ਚਾਰਟਰਡ ਅਕਾਊਂਟੈਂਟ (ਸੀ.ਏ.) ਦੀ ਯੋਗਤਾ ਪ੍ਰਾਪਤ ਕੀਤੀ ਹੈ। ਇਸ ਸ਼ਾਨਦਾਰ ਪ੍ਰਾਪਤੀ ਨਾਲ ਮਹਾਵਿਦਿਆਲਿਆ ਦਾ ਨਾਂਅ ਰੌਸ਼ਨ ਹੋਇਆ ਹੈ ਅਤੇ ਇਹ ਹੋਰ ਵਿਦਿਆਰਥਣਾਂ ਲਈ ਪ੍ਰੇਰਨਾ ਸਰੋਤ ਬਣੀ ਹੈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਇੰਦਰਪ੍ਰੀਤ ਕੌਰ ਨੂੰ ਇਸ ਮਹੱਤਵਪੂਰਨ ਸਫਲਤਾ ਲਈ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਉਪਲਬਧੀਆਂ ਐੱਚ ਐੱਮ ਵੀ ਦੀ ਅਕਾਦਮਿਕ ਉੱਤਮਤਾ ਦੀ ਵਿਰਾਸਤ ਨੂੰ ਹੋਰ ਮਜ਼ਬੂਤ ਕਰਦੀਆਂ ਹਨ ਅਤੇ ਨੌਜਵਾਨ ਵਿਦਿਆਰਥਣਾਂ ਨੂੰ ਆਪਣੇ ਚੁਣੇ ਹੋਏ ਖੇਤਰਾਂ ਵਿੱਚ ਉੱਚੀਆਂ ਉਡਾਨਾਂ ਭਰਨ ਲਈ ਪ੍ਰੇਰਿਤ ਕਰਦੀਆਂ ਹਨ। ਇਸ ਮਾਣਮੱਤੇ ਮੌਕੇ 'ਤੇ ਇੰਦਰਜੀਤ ਤਲਵਾੜ, ਸੀਨੀਅਰ ਮੈਂਬਰ, ਲੋਕਲ ਐਡਵਾਈਜ਼ਰੀ ਕਮੇਟੀ, ਮੀਨੂ ਕੋਹਲੀ, ਮੁਖੀ ਪੀ ਜੀ ਕਾਮਰਸ ਤੇ ਮੈਨੇਜਮੈਂਟ ਵਿਭਾਗ ਅਤੇ ਸਵਿਤਾ ਮਹਿੰਦਰੂ ਨੇ ਵੀ ਇੰਦਰਪ੍ਰੀਤ ਕੌਰ ਨੂੰ ਹਾਰਦਿਕ ਵਧਾਈ ਦਿੱਤੀ।



# ਅਕਾਲੀ ਦਲ ਦੇ ਐੱਸ ਸੀ ਵਿੰਗ ਦੇ ਹਲਕਾ ਪ੍ਰਧਾਨਾਂ ਦਾ ਸਨਮਾਨ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੀ ਵਿਸ਼ੇਸ਼ ਮੀਟਿੰਗ ਟਾਂਡਾ ਵਿਖੇ ਜ਼ਿਲ੍ਹਾ ਪ੍ਰਧਾਨ ਐੱਸ ਸੀ ਵਿੰਗ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਹੇਠ ਜਿਸ ਵਿੱਚ ਸਾਬਕਾ ਮੰਤਰੀ ਪੰਜਾਬ ਚੌਧਰੀ ਬਲਬੀਰ ਸਿੰਘ ਮਿਆਣੀ, ਸੀਨੀਅਰ ਅਕਾਲੀ ਆਗੂ ਸਤਪਾਲ ਸਿੰਘ ਮੁਲਤਾਨੀ, ਜ਼ਿਲ੍ਹਾ ਸਕੱਤਰ ਜਨਰਲ ਇਕਬਾਲ ਸਿੰਘ ਜੌਹਲ, ਵਰਿੰਦਰ ਸਿੰਘ ਜੀਆ ਨੱਥਾ, ਸਾਬਕਾ ਸੰਮਤੀ ਮੈਂਬਰ ਰਤਨ ਸਿੰਘ ਖੁੱਡਾ, ਅਮਰਜੀਤ ਕਲਸੀਆ, ਨਿਰਵੈਰ ਸਿੰਘ ਖੁਡਾ, ਕੁਲਦੀਪ ਸਿੰਘ ਲਾਡੀ ਬੁੱਟਰ, ਸੁਖਵਿੰਦਰ ਸਿੰਘ ਜੋਨੀ ਮੁਲਤਾਨੀ, ਸੁਰਿੰਦਰ ਕੁਮਾਰ ਗੜ੍ਹਦੀਵਾਲਾ, ਗੁਰਿੰਦਰ ਸਿੰਘ ਗੋਲਡੀ, ਇੱਕਬਾਲ ਸਿੰਘ ਘੁੰਮਣ, ਪ੍ਰਕਾਸ਼ ਭਗਾਣੀਆ ਜ਼ਿਲਾ ਜਨਰਲ ਸਕੱਤਰ, ਹਰਭਜਨ ਸਿੰਘ ਸੀਨੀਅਰ ਮੀਤ ਪ੍ਰਧਾਨ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਐਸ.ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜਾਰ ਸਿੰਘ ਰਾਣੀਕੇ ਵੱਲੋਂ ਪਿਛਲੇ ਦਿਨੀ ਹਲਕਾ ਪ੍ਰਧਾਨ ਐਲਾਨੇ ਗਏ ਉਹਨਾਂ ਵਿੱਚ ਹਲਕਾ ਸ਼ਾਮ ਚੁਰਾਸੀ ਐੱਸ ਸੀ ਵਿੰਗ ਦੇ ਪ੍ਰਧਾਨ ਅੰਕੁਸ਼ ਹਰਦੋਖਾਨਪੁਰ ਤੇ ਸ਼੍ਰੋਮਣੀ ਹਲਕਾ ਹੁਸ਼ਿਆਰਪੁਰ ਦੇ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਹਲਕਾ ਪ੍ਰਧਾਨ ਧਰਮਿੰਦਰ ਕੁਮਾਰ ਦਾ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਸਤਪਾਲ ਸਿੰਘ ਮੁਲਤਾਨੀ, ਜ਼ਿਲ੍ਹਾ ਸਰਬਜੀਤ ਸਿੰਘ ਮੋਮੀ, ਸਕੱਤਰ ਜਨਰਲ ਇਕਬਾਲ ਸਿੰਘ ਜੌਹਲ ਦੀ ਅਗਵਾਈ ਹੇਠ ਨਵੇਂ ਬਣੇ ਹਲਕਾ ਪ੍ਰਧਾਨਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਿੱਥੇ ਨਵੇਂ ਬਣੇ ਹਲਕਾ ਪ੍ਰਧਾਨਾਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸੀ।

# ਐੱਸ ਆਈ ਆਰ ਲਈ ਸ਼ਿਕਾਇਤ ਸੈੱਲ ਤੇ ਵੋਟਰ ਹੈੱਲਪ ਲਾਈਨ ਜਾਰੀ

**ਨਵਾਂਸ਼ਹਿਰ (ਮਨੋਜ ਲਾਡੀ)**- ਸਪੈਸ਼ਲ ਇੰਨਟੈਸਿਵ ਰਵੀਜ਼ਨ-2026 ਲਈ ਜਿਲ੍ਹਾ ਪੱਧਰ ਤੇ ਸਥਾਪਿਤ ਕੀਤੇ ਗਏ ਸ਼ਿਕਾਇਤ ਸੈੱਲ/ ਵੋਟਰ ਹੈਲਪ ਡੈਸਟ ਅਤੇ ਵੋਟਰ ਹੈਲਪ ਲਾਈਨ 1950 ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਨਟੈਸਿਵ ਰਵੀਜ਼ਨ-2026 ਦਾ ਕੰਮ 25 ਜੂਨ ਤੋਂ ਸ਼ੁਰੂ ਹੋ ਚੁੱਕਾ ਹੈ, ਜਿਸ ਅਧੀਨ ਚੋਣ ਹਲਕਾ ਪੱਧਰ ਤੇ ਨਿਯੁਕਤ ਬੀ.ਐਲ.ਓਜ਼ ਆਪਣੇ ਪੋਲਿੰਗ ਏਰੀਏ ਅਧੀਨ ਸਾਰੇ ਵੋਟਰਾਂ ਨੂੰ ਘਰ-ਘਰ ਜਾਂ ਕ ਇਨੁਮਰੇਸ਼ਨ ਫਾਰਮ (ਈ ਐੱਫ) ਦੀ ਇੱਕ-ਇੱਕ ਕਾਪੀ ਦੇਣਗੇ ਅਤੇ ਵੋਟਰ ਦੇ ਵੇਰਵੇ ਭਰਵਾਕੇ ਵਾਪਿਸ ਪ੍ਰਾਪਤ ਕਰਨਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਆਮ ਜਨਤਾ /ਵੋਟਰਾਂ ਦੀ ਸਹੂਲਤ ਲਈ ਸਪੈਸ਼ਲ ਇੰਨਟੈਸਿਵ ਰਵੀਜ਼ਨ ਦੇ ਸਬੰਧ ਵਿੱਚ ਜਿਲ੍ਹਾ ਪੱਧਰ ਤੇ ਸ਼ਿਕਾਇਤ ਸੈੱਲ ਵੋਟਰ ਹੈਲਪ ਡੈਸਕ ਅਤੇ ਵੋਟਰ ਹੈਲਪ ਲਾਈਨ 1950 ਸਥਾਪਿਤ ਕੀਤੇ ਗਏ ਹਨ। ਜੋ ਕਿ ਹਫਤੇ ਦੇ ਸੱਤੇ ਦਿਨ ਆਮ ਦਿਨਾ ਵਾਗ ਖੁਲ੍ਹਾ ਰਹੇਗਾ। ਉਨ੍ਹਾਂ ਆਮ ਜਨਤਾ/ਵੋਟਰਾਂ ਨੂੰ ਅਪੀਲ ਹੈ, ਕਿ ਸਪੈਸ਼ਲ ਇੰਨਟੈਸਿਵ ਰਵੀਜ਼ਨ–2026 ਸਬੰਧੀ ਕੋਈ ਵੀ ਜਾਣਕਾਰੀ/ਸੁਝਾਵ/ਸ਼ਿਕਾਇਤ ਹੋਵੇ ਜ਼ਾਂ ਹੋਰ ਚੋਣਾਂ ਸਬੰਧੀ ਲੋੜੀਂਦੀ ਜਾਣਕਾਰੀ ਲਈ ਵੋਟਰ ਹੈਲਪ ਲਾਈਨ ਨੰਬਰ 1950 ਅਤੇ ਈਮੇਲ (grievance.sirBFsbsn@gmail.com) ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਏ ਜੀ ਆਈ ਗਲੋਬਲ ਸਕੂਲ 'ਚ ਬਣਿਆ ਕ੍ਰਿਕਟ ਐਕਸੀਲੈਂਸ ਸੈਂਟਰ

**ਜਲੰਧਰ (ਰਾਜੇਸ਼ ਥਾਪਾ)**- ਜਲੰਧਰ ਹਾਈਟਸ-2, ਅਰਬਾਨਾ ਸਥਿਤ ਏ ਜੀ ਆਈ ਗਲੋਬਲ ਸਕੂਲ ਹੁਣ ਇਲਾਕੇ ਦੇ ਸਭ ਤੋਂ ਵਧੀਆ ਖੇਡ ਕੇਂਦਰਾਂ ਵਿੱਚ ਆਪਣੀ ਪਛਾਣ ਬਣਾ ਰਿਹਾ ਹੈ। ਏ ਜੀ ਆਈ ਇਨਫਰਾ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਦੀ ਸਰਪ੍ਰਸਤੀ ਹੇਠ ਨੌਜਵਾਨਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਆਧੁਨਿਕ ਖੇਡ ਸਹੂਲਤਾਂ ਅਤੇ ਵਧੀਆ ਕੋਚਿੰਗ ਕਾਰਨ, ਖ਼ਾਸ ਕਰਕੇ ਕ੍ਰਿਕਟ ਵਿੱਚ, ਇਹ ਸਕੂਲ ਨੌਜਵਾਨ ਕ੍ਰਿਕਟਰਾਂ ਤੇ ਖੇਡ ਪ੍ਰੇਮੀਆਂ ਦੀ ਪਹਿਲੀ ਪਸੰਦ ਬਣਦਾ ਜਾ ਰਿਹਾ ਹੈ। ਸਕੂਲ ਦਾ ਕ੍ਰਿਕਟ ਐਕਸੀਲੈਂਸ ਸੈਂਟਰ ਤਜਰਬੇਕਾਰ ਅਤੇ ਯੋਗ ਕ੍ਰਿਕਟ ਕੋਚਾਂ ਦੀ ਦੇਖ-ਰੇਖ ਹੇਠ ਪੇਸ਼ੇਵਰ ਸਿਖਲਾਈ ਦੇ ਕੇ ਆਪਣੀ ਵੱਖਰੀ ਪਛਾਣ ਬਣਾ ਰਿਹਾ ਹੈ। ਇੱਥੇ ਛੇ ਯੋਗ ਕ੍ਰਿਕਟ ਕੋਚ ਅਤੇ ਤਕਨੀਕੀ ਮਾਹਿਰ ਨੌਜਵਾਨ ਖਿਡਾਰੀਆਂ ਨੂੰ ਸਿਖਲਾਈ ਦੇ ਰਹੇ ਹਨ।ਕ੍ਰਿਕਟ ਐਕਸੀਲੈਂਸ ਸੈਂਟਰ ਵਿੱਚ ਦੋ ਆਰਗੈਨਿਕ ਮਿੱਟੀ ਵਾਲੀਆਂ ਕ੍ਰਿਕਟ ਪਿੱਚਾਂ, ਇੱਕ ਸਿੰਥੈਟਿਕ ਪ੍ਰੈਕਟਿਸ ਪਿੱਚ, ਇੱਕ ਸੀਮੈਂਟ ਪ੍ਰੈਕਟਿਸ ਪਿੱਚ, ਆਧੁਨਿਕ ਕੋਚਿੰਗ ਉਪਕਰਣ ਅਤੇ ਵਿਗਿਆਨਕ ਤਰੀਕੇ ਨਾਲ ਸਿਖਲਾਈ ਦੀ ਸਹੂਲਤ ਉਪਲਬਧ ਹੈ। ਇਸ ਸੈਂਟਰ ਦੀ ਖ਼ਾਸ ਗੱਲ ਇਹ ਹੈ ਕਿ ਲੜਕੀਆਂ ਲਈ ਵੀ ਪੂਰੀ ਤਰ੍ਹਾਂ ਸੁਰੱਖਿਅਤ ਮਾਹੌਲ ਵਿੱਚ ਇੱਕ ਯੋਗ ਮਹਿਲਾ ਕ੍ਰਿਕਟ ਕੋਚ ਦੀ ਨਿਗਰਾਨੀ ਹੇਠ ਵਿਸ਼ੇਸ਼ ਕੋਚਿੰਗ ਦਿੱਤੀ ਜਾਂਦੀ ਹੈ। ਇਸ ਕਾਰਨ ਇਹ ਅਕੈਡਮੀ ਇਲਾਕੇ ਦੇ ਚੁਣਿੰਦੇ ਕ੍ਰਿਕਟ ਕੇਂਦਰਾਂ ਵਿੱਚ ਸ਼ਾਮਲ ਹੈ, ਜਿੱਥੇ ਉਭਰਦੀਆਂ ਮਹਿਲਾ ਕ੍ਰਿਕਟਰਾਂ ਲਈ ਵੀ ਵੱਖਰੀਆਂ ਸਹੂਲਤਾਂ ਹਨ।



# ਲੋਕ ਮਿਲਣੀ ਪ੍ਰੋਗਰਾਮ ਕਰਵਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਮਕਸਦ ਪ੍ਰਸ਼ਾਸਨ ਨੂੰ ਲੋਕਾਂ ਦੇ ਬੂਹੇ ਤੱਕ ਲੈ ਕੇ ਜਾਣਾ ਹੈ। ਇਸੇ ਤਹਿਤ ਪਿੰਡ ਰਹੀਮਪੁਰ, ਆਧੀ, ਪਾਡੌਂਗੀ, ਉੱਗੀ ਅਤੇ ਬਾਊਪੁਰ ਵਿਖੇ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਉਲੀਕਿਆ ਗਿਆ। ਇਹ ਵਿਚਾਰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪ੍ਰਗਟ ਕਰਦਿਆ ਆਖਿਆ ਕਿ ਇਹਨਾਂ ਲੋਕ ਮਿਲਣੀਆਂ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ, ਹਲਕੇ ਦੇ ਵਿਕਾਸ ਕਾਰਜਾਂ ਤੇ ਸਰਕਾਰੀ ਸਕੀਮਾਂ ਸੰਬੰਧੀ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੌਕੇ 'ਤੇ ਹਾਜ਼ਰ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਤੇ ਪਹਿਲ ਦੇ ਅਧਾਰ 'ਤੇ ਨਿਪਟਾਰਾ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ ਗਏ। ਬੀਬੀ ਮਾਨ ਨੇ ਹਲਕਾ ਨਕੋਦਰ ਦੇ ਹਰ ਪਿੰਡ ਦਾ ਸਰਵਪੱਖੀ ਵਿਕਾਸ ਕਰਨਾ ਅਤੇ ਤੁਹਾਡੀਆਂ ਉਮੀਦਾਂ 'ਤੇ ਖ਼ਰਾ ਉਤਰਨਾ ਹੀ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਆਖਿਆ ਹੈ।ਇਸ ਮੌਕੇ ਤੇ ਬਲਾਕ ਸੰਮਤੀ ਚੇਅਰਮੈਨ ਚਰਨਜੀਤ ਸਿੰਘ, ਵਾਇਸ ਚੇਅਰਮੈਨ ਜੀਵਨ ਸਿੰਘ, ਸੁਰਿੰਦਰ ਉੱਗੀ, ਸਰਪੰਚ ਕੁਲਦੀਪ ਕੁਮਾਰ, ਸਰਪੰਚ ਬਖਸ਼ੀਸ਼ ਸਿੰਘ, ਸਰਪੰਚ ਗੁਰਮੇਲ ਸਿੰਘ, ਸਰਪੰਚ ਪਾਲਾ, ਅਜੈਬ ਸਿੰਘ, ਜੋਰਾਵਰ ਸਿੰਘ, ਨੰਬਰਦਾਰ ਚੜ੍ਹਤ ਸਿੰਘ, ਨਵਜੋਤ ਉੱਗੀ, ਬਲਜੀਤ ਸੋਨੂੰ, ਗੋਪੀ, ਨੀਤੂ ਉੱਗੀ, ਰਣਜੀਤ ਸਿੰਘ, ਬਲਵੀਰ ਸਿੰਘ, ਸਰਪੰਚ ਬਲਦੇਵ ਆਦੀ, ਸਰਪੰਚ ਕੁਲਦੀਪ ਸੱਭਰਵਾਲ ਰਹੀਮਪੁਰ ਅਤੇ ਪੰਚ, ਮੋਹਤਬਰ ਵਿਅਕਤੀ ਪਾਰਟੀ ਵਰਕਰ ਹਾਜ਼ਰ ਸਨ।



# ਅਥਰਵ 'ਵਰਸਿਟੀ ਵੱਲੋਂ ਫਿਲਮ ਨਿਰਮਾਣ ਤੇ ਪੱਤਰਕਾਰੀ 'ਚ ਕੋਰਸ ਦਾ ਐਲਾਨ

**ਮੋਹਾਲੀ (ਗੁਰਜੀਤ ਬਿੱਲਾ)**- ਅਥਰਵ ਯੂਨੀਵਰਸਿਟੀ, ਮੁੰਬਈ ਨੇ ਕਹਾਣੀਕਾਰ, ਫਿਲਮ ਨਿਰਮਾਤਾ, ਪੱਤਰਕਾਰ, ਕਨਟੈਂਟ ਮੇਕਰ ਅਤੇ ਮੀਡੀਆ ਪ੍ਰਫੈਸ਼ਨਲ ਲਈ ਅਕਾਦਮਿਕ ਸਾਲ 2026-27 ਲਈ ਆਪਣੇ ਉਦਯੋਗ- ਕੇਂਦਰਿਤ ਕੋਰਸ ਦਾ ਐਲਾਨ ਕੀਤਾ ਹੈ। ਇਹ ਆਧੁਨਿਕ ਤਕਨੀਕਾਂ, ਸਕ੍ਰਿਪਟ ਰਾਈਟਿੰਗ, ਸਿਨੇਮੈਟੋਗ੍ਰਾਫੀ, ਸੰਪਾਦਨ, ਡਿਜੀਟਲ ਪੱਤਰਕਾਰੀ, ਖ਼ਬਰਾਂ , ਮੀਡੀਆ ਨੈਤਿਕਤਾ, ਪੋਡਕਾਸਟਿੰਗ, ਫੋਟੋਗ੍ਰਾਫੀ ਅਤੇ ਮਲਟੀਮੀਡੀਆ ਕਹਾਣੀ ਸੁਣਾਉਣ ਵਰਗੇ ਵਿਸ਼ਿਆਂ ਨੂੰ ਕਵਰ ਕਰਦਾ ਹੈ। ਅਥਰਵ ਯੂਨੀਵਰਸਿਟੀ ਦੇ ਸੰਸਥਾਪਕ ਅਤੇ ਚਾਂਸਲਰ ਸੁਨੀਲ ਰਾਣੇ ਨੇ ਕਿਹਾ, ਮੀਡੀਆ ਅਤੇ ਮਨੋਰੰਜਨ ਉਦਯੋਗ ਤੇਜ਼ੀ ਨਾਲ ਬਦਲ ਰਿਹਾ ਹੈ, ਫਿਲਮ ਨਿਰਮਾਣ, ਡਿਜੀਟਲ ਸਮੱਗਰੀ ਨਿਰਮਾਣ, ਪੱਤਰਕਾਰੀ, ਪ੍ਰਸਾਰਣ, ਓ ਟੀ ਟੀ ਪਲੇਟਫਾਰਮ, ਇਸ਼ਤਿਹਾਰਬਾਜ਼ੀ ਅਤੇ ਨਵੇਂ ਯੁੱਗ ਦੇ ਮੀਡੀਆ ਵਿੱਚ ਬਹੁਤ ਜ਼ਿਆਦਾ ਮੌਕੇ ਪੈਦਾ ਕਰ ਰਿਹਾ ਹੈ। ਅੱਜ ਇਨ੍ਹਾਂ ਖੇਤਰਾਂ ਵਿੱਚ ਸਫਲਤਾ ਲਈ ਰਚਨਾਤਮਕਤਾ, ਤਕਨੀਕੀ ਗਿਆਨ, ਕਹਾਣੀ ਸੁਣਾਉਣ ਦੇ ਹੁਨਰ ਅਤੇ ਵਿਹਾਰਕ ਉਦਯੋਗ ਅਨੁਭਵ ਦੀ ਲੋੜ ਹੈ। ਅਥਰਵ ਯੂਨੀਵਰਸਿਟੀ ਮੁੰਬਈ ਕੌਂਸਲ ਆਫ਼ ਆਰਕੀਟੈਕਚਰ ਦੁਆਰਾ ਪ੍ਰਵਾਨਿਤ 5-ਸਾਲਾ ਬੈਚਲਰ ਆਫ਼ ਆਰਕੀਟੈਕਚਰ ਪ੍ਰੋਗਰਾਮ ਵੀ ਪੇਸ਼ ਕਰਦੀ ਹੈ। ਇਹ ਇੱਕ ਉਦਯੋਗ-ਤਿਆਰ, ਪ੍ਰੋਜੈਕਟ ਅਤੇ ਖੋਜ-ਅਧਾਰਤ ਪਾਠਕ੍ਰਮ ਪੇਸ਼ ਕਰਦਾ ਹੈ ਜੋ ਵਿਦਿਆਰਥੀਆਂ ਨੂੰ ਆਰਕੀਟੈਕਚਰ ਦੀ ਬਦਲਦੀ ਦੁਨੀਆ ਲਈ ਤਿਆਰ ਕਰਦਾ ਹੈ।

# ਸਿੱਧੂ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਪਿੰਡ ਡਮੁੰਡਾ ਵਿਖੇ ਸਥਿਤ ਸਿੱਧੂ ਜਠੇਰਿਆਂ ਦੇ ਧਾਰਮਿਕ ਅਸਥਾਂਨ ਵਿਖ਼ੇ ਕਮੇਟੀ ਪ੍ਰਧਾਨ ਦਿਲਬਾਗ ਸਿੰਘ ਸਿੱਧੂ ਦੀ ਦੇਖਰੇਖ ਹੇਠ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਸਾਲਾਨਾ ਜੋੜ ਅਮਿੱਟ ਯਾਦਾਂ ਛੱਡਦਾ ਸਮਾਪਤ ਹੋ ਗਿਆ। ਮੇਲੇ 'ਚ ਸਮਾਜ ਸੇਵਕ ਤੇ ਐਡਵੋਕੇਟ ਪ੍ਰਸ਼ੋਤਮ ਰਾਜ ਅਹੀਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰ ਸਿੱਧੂ ਜਠੇਰਿਆਂ ਦੇ ਪਵਿੱਤਰ ਧਾਰਮਿਕ ਅਸਥਾਨ ਤੇ ਨਤਮਸਤਕ ਹੋਏ। ਕਮੇਟੀ ਪ੍ਰਧਾਨ ਦਿਲਬਾਗ ਸਿੰਘ ਸਿੱਧੂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਿੱਧੂ ਜਠੇਰਿਆ ਦੇ ਕਰਵਾਏ ਗਏ ਸਾਲਾਨਾ ਜੋੜ ਮੇਲੇ ਦੌਰਾਨ ਕਮੇਟੀ ਮੈਂਬਰਾਂ ਤੇ ਸਮੂਹ ਸੰਗਤਾਂ ਵੱਲੋਂ ਸਵੇਰੇ 11 ਵਜੇ ਨਿਸ਼ਾਨ ਸਾਹਿਬ ਚੜਾਉਣ ਦੀ ਰਸਮ ਅਦਾ ਕੀਤੀ ਗਈ। ਉਪਰੰਤ ਵੋਆਇਸ ਆਫ ਪੰਜਾਬ ਰੋਹਨ, ਫਤਹਿਵੀਰ ਸਿੰਘ ਤੇ ਪੰਜਾਬ ਦੇ ਹੋਰ ਵੱਖ ਵੱਖ ਜਿਲਿਆਂ ਚੋ ਆਏ ਕਲਾਕਾਰਾਂ ਤੇ ਨੇ ਜਗਤ ਗੁਰੂ ਰਵਿਦਾਸ ਦੀ ਮਹਿਮਾ ਦਾ ਗੁਣਗਾਨ ਕਰ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਦੇਸ਼ਾਂ -ਵਿਦੇਸ਼ਾ ਤੇ ਪੰਜਾਬ ਦੇ ਵੱਖ ਵੱਖ ਹਿੱਸੀਆਂ ਚੋ ਆਈਆਂ ਹਜ਼ਾਰਾਂ ਦੀ ਗਿਣਤੀ ਚ ਸੰਗਤਾਂ 'ਚ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ। ਪ੍ਰਬੰਧਕਾਂ ਵੱਲੋਂ ਆਏ ਹੋਏ ਪਤਵੰਤਿਆਂ ਤੇ ਕਲਾਕਾਰਾਂ ਨੂੰ ਸਨਮਾਨਤ ਕੀਤਾ। ਸਮਾਗਮ ਦੀ ਸਮਾਪਤੀ ਮੌਕੇ ਸਿੱਧੂ ਜਠੇਰਿਆਂ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਿਲਬਾਗ ਸਿੰਘ ਸਿੱਧੂ ਨੇ ਸਮੂਹ ਸੰਗਤਾਂ ਨੂੰ ਜੋੜ ਮੇਲੇ ਦੀ ਵਧਾਈ ਦਿੱਤੀ।

ਇਸ ਮੌਕੇ ਨਰੇਸ਼ ਗੱਗੀ, ਲੱਕੀ ਸਿੱਧੂ, ਅਮਨ ਸਿੱਧੂ, ਬੱਬਲੂ ਸਿੱਧੂ, ਅਮਰ ਨਾਥ, ਪਰਮਜੀਤ ਡਮੁੰਡਾ, ਰਾਜ ਕੁਮਾਰ ਸੁਰਜੀਤ ਲਾਲ ਕਾਲਾ, ਗੌਰਵ ਸਿੱਧੂ, ਅਮਨਦੀਪ ਸਿੱਧੂ, ਜੀਤ ਰਾਮ,ਅਮਿਤ ਸਿੱਧੂ, ਪਰਮਜੀਤ ਸਿੰਘ ਸਿੱਧੂ ਤੇ ਹੋਰ ਪਤਵੰਤੇ ਹਾਜ਼ਰ ਸਨ।



# ਫੰਬੀਆਂ ਦੀ ਸਮੁੱਚੀ ਪੰਚਾਇਤ ਕਾਂਗਰਸ ਛੱਡ ਕੇ 'ਆਪ' 'ਚ ਸ਼ਾਮਲ

**ਹੁਸ਼ਿਆਰਪੁਰ (ਓ ਪੀ ਰਾਣਾ)**- ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਫੰਬੀਆਂ ਦੀ ਸਮੁੱਚੀ ਪੰਚਾਇਤ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿੰਦਿਆਂ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਹੋਏ ਸਮਾਗਮ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਪੰਚਾਇਤ ਮੈਂਬਰਾਂ ਜਿਨ੍ਹਾਂ ਵਿੱਚ ਸਰਪੰਚ ਪੂਜਾ ਰਾਣੀ, ਰਾਕੇਸ਼ ਕੁਮਾਰ ਸਾਬਕਾ ਸਰਪੰਚ, ਪੰਚ ਦਿਲਬਾਗ ਸਿੰਘ, ਪਰਮਜੀਤ ਕੌਰ, ਰਾਮਪਾਲ, ਬਲਵੀਰ ਸਿੰਘ, ਰਾਜੀਵ ਕੁਮਾਰ, ਜਸਵਿੰਦਰ ਕੁਮਾਰ, ਪਰਮਜੀਤ ਕੌਰ, ਜਗਦੀਸ਼ ਕੁਮਾਰ, ਨਿਰਮਲ ਚੰਦ, ਰਾਜੀਵ ਵਾਸੂਦੇਵਾ, ਦਵਿੰਦਰ ਸਿੰਘ ਸੋਢੀ, ਮਹਿੰਦਰ ਕੌਰ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਅਕਾਲੀ ਦਲ ਦੇ ਸੀਨੀਅਰ ਆਗੂ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਸਰਪੰਚ ਸੰਧਰਾ ਸੋਢੀਆ ਨੇ ਵੀ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਜਿੰਨਾ ਕੰਮ ਮੰਤਰੀ ਡਾ. ਰਵਜੋਤ ਸਿੰਘ ਨੇ ਪਿਛਲੇ ਕੁਝ ਸਾਲਾਂ ਵਿੱਚ ਕਰਕੇ ਦਿਖਾਇਆ ਹੈ ਉਨਾਂ ਦੂਸਰੀਆਂ ਪਾਰਟੀਆਂ ਦੇ ਆਗੂਆਂ ਨੇ ਕਦੇ ਸੋਚਿਆ ਵੀ ਨਹੀਂ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਲੋਕ-ਭਲਾਈ ਲਈ ਲਏ ਜਾ ਰਹੇ ਇਤਿਹਾਸਕ ਫ਼ੈਸਲਿਆਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਰ ਵਰਗ ਦੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡ ਫੰਬੀਆਂ ਦੀ ਸਮੁੱਚੀ ਪੰਚਾਇਤ ਅਤੇ ਸਾਬਕਾ ਸਰਪੰਚ ਕੁਲਵਿੰਦਰ ਸਿੰਘ ਕਿੰਦਾ ਦਾ ਪਾਰਟੀ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਬੂਤ ਹੈ ਕਿ ਲੋਕ ਰਵਾਇਤੀ ਰਾਜਨੀਤੀ ਤੋਂ ਤੰਗ ਆ ਕੇ ਇਮਾਨਦਾਰ ਅਤੇ ਵਿਕਾਸ ਪੱਖੀ ਸਰਕਾਰ ਦੇ ਨਾਲ ਖੜ੍ਹੇ ਹਨ। ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਪਿੰਡਾਂ ਦੇ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਸਮਾਗਮ ਦੌਰਾਨ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਮੈਂਬਰਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀ ਸ਼ਮੂਲੀਅਤ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਗੁਰਵਿੰਦਰ ਸਿੰਘ ਪਾਬਲਾ, ਪਰਵਿੰਦਰ ਸਿੰਘ ਸੱਜਣ ਆਦਿ ਵੀ ਮੌਜੂਦ ਸਨ।



# ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਪੋਜੇਵਾਲ (ਰਾਮ ਲਾਲ)**- ਪਿੰਡ ਸਿੰਘਪੁਰ ਦੀ ਪੰਚਾਇਤ, ਨੌਜਵਾਨ ਸਭਾ ਅਤੇ ਫ਼ੌਜੀ ਗਰੁੱਪ ਵੱਲੋਂ 12ਵੀਂ ਜਮਾਤ ਵਿੱਚ 80 ਫੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀ ਮਿਹਨਤ ਅਤੇ ਉਪਲਬਧੀ ਦੀ ਸ਼ਲਾਘਾ ਕੀਤੀ ਗਈ। ਸਨਮਾਨਿਤ ਹੋਏ ਵਿਦਿਆਰਥੀਆਂ ਵਿੱਚ ਕੋਮਲ (90%), ਰੋਹਿਨ (90%), ਨੇਹਾ (84%), ਕਾਜਲ (83%), ਅੰਜਲੀ (82%), ਰਿਤਰਾਜ (82%), ਜੈਸਮੀਨ (81%), ਬਿਪਾਸ਼ਾ ਚੌਧਰੀ (80%) ਅਤੇ ਕਰਨਵੀਰ (80%) ਸ਼ਾਮਲ ਹਨ।ਇਸ ਮੌਕੇ ਪਿੰਡ ਦੇ ਪਤਵੰਤਿਆਂ ਨੇ ਕਿਹਾ ਕਿ ਸਿੱਖਿਆ ਹੀ ਤਰੱਕੀ ਦਾ ਸਭ ਤੋਂ ਮਜ਼ਬੂਤ ਆਧਾਰ ਹੈ ਅਤੇ ਇਸ ਤਰ੍ਹਾਂ ਦੇ ਸਨਮਾਨ ਸਮਾਗਮ ਹੋਣਹਾਰ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕਰਦੇ ਹਨ।

# ਕੁਲਵੰਤ ਸਿੰਘ ਵੱਲੋਂ ਸੁਹਾਣਾ ਕੈਨਾਲ ਵਾਟਰ ਰਾਈਜ਼ਿੰਗ ਮੇਨ ਪ੍ਰੋਜੈਕਟ ਦੀ ਸ਼ੁਰੂਆਤ

**ਮੋਹਾਲੀ (ਗੁਰਜੀਤ ਬਿੱਲਾ)**- ਸੁਹਾਣਾ ਪਿੰਡ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਵਧ ਰਹੀ ਆਬਾਦੀ ਦੀਆਂ ਪਾਣੀ ਸਬੰਧੀ ਲੋੜਾਂ ਨੂੰ ਪੂਰਾ ਕਰਨ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵੱਲੋਂ ਅੱਜ 48.50 ਲੱਖ ਦੀ ਲਾਗਤ ਦੇ ਨਾਲ ਸੁਹਾਣਾ ਕੈਨਾਲ ਵਾਟਰ ਰਾਈਜ਼ਿੰਗ ਮੇਨ ਪ੍ਰੋਜੈਕਟ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਹੁਣ ਤੱਕ ਪਿੰਡ ਸੁਹਾਣਾ ਨੂੰ 5 ਟਿਊਬਵੈਲਾਂ ਰਾਹੀਂ ਪਾਣੀ ਦੀ ਸਪਲਾਈ ਪ੍ਰਦਾਨ ਕੀਤੀ ਜਾ ਰਹੀ ਸੀ, ਮੌਜੂਦਾ ਪਾਣੀ ਦੀ ਸਪਲਾਈ ਲੋੜ ਅਨੁਸਾਰ ਕੰਮ ਨਹੀਂ ਕਰ ਰਹੀ ਅਤੇ ਭਵਿੱਖ ਦੀਆਂ ਲੋੜਾਂ ਨੂੰ ਵੇਖਦਿਆਂ ਵਾਧੂ ਪਾਣੀ ਦੇ ਸਰੋਤ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ, ਇਸੇ ਮਕਸਦ ਦੇ ਨਾਲ ਪਿੰਡ ਸੁਹਾਣਾ ਨੂੰ ਗਮਾਡਾ ਦੀ ਕੈਨਾਲ ਵਾਟਰ ਸਪਲਾਈ ਸਕੀਮ ਤੋਂ ਪਾਣੀ ਲਿਆਉਣ ਲਈ ਇਸ ਨਵੇਂ ਰਾਈਜ਼ਿੰਗ ਮੇਨ ਪ੍ਰੋਜੈਕਟ ਯੋਜਨਾ ਤਿਆਰ ਕੀਤੀ ਗਈ ਹੈ। ਗੱਲਬਾਤ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੁਹਾਣਾ ਦੇ ਇਸ



ਪ੍ਰੋਜੈਕਟ ਦੇ ਮੁਕੰਮਲ ਹੋਣ ਉਪਰੰਤ ਪਿੰਡ ਨੂੰ ਲਗਭਗ 13 ਲੱਖ ਲੀਟਰ ਵਾਧੂ ਪਾਣੀ ਪ੍ਰਤੀ ਦਿਨ ਉਪਲਬਧ ਹੋਵੇਗਾ, ਜਿਸ ਨਾਲ ਮੌਜੂਦਾ ਪਾਣੀ ਸਪਲਾਈ ਪ੍ਰਣਾਲੀ ਨੂੰ ਮਜ਼ਬੂਤ ਸਹਾਰਾ ਮਿਲੇਗਾ ਅਤੇ ਪਿੰਡ ਵਾਸੀਆਂ ਨੂੰ ਨਿਯਮਤ ਅਤੇ ਸਾਫ਼ ਪੀਣ ਯੋਗ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਸਕੇਗੀ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਦੇ ਨਾਲ ਹੀ ਵਿਭਾਗ ਦੀ ਤਰਫੋਂ ਅਗਲੇ ਇੱਕ ਮਹੀਨੇ ਅੰਦਰ ਅੰਦਰ 2 ਨਵੇਂ ਅੰਡਰਗਰਾਊਂਡ ਸਟੋਰੇਜ ਰਿਜ਼ਰਵਾਇਰ ਦੇ ਨਿਰਮਾਣ ਦਾ ਕੰਮ ਵੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੁਹਾਣਾ ਕੈਨਾਲ ਵਾਟਰ ਰਾਈਜ਼ਿੰਗ ਮੇਨ ਅਤੇ ਦੋਵੇਂ ਯੂ.ਜੀ.ਐਸ.ਆਰ.- ਪ੍ਰੋਜੈਕਟਾਂ ਦੀ ਕੁੱਲ ਲਾਗਤ ਲਗਭਗ 98 ਲੱਖ ਰੁਪਏ ਹੈ, ਜਿਸ ਵਿੱਚੋਂ ਅੱਜ ਸ਼ੁਰੂ ਕੀਤੇ ਗਏ ਰਾਈਜ਼ਿੰਗ ਮੇਨ ਦੇ ਕੰਮ ਦੀ ਲਾਗਤ 48.50 ਲੱਖ ਰੁਪਏ ਹੈ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਗਰਮੀਆਂ ਦੇ ਮੌਸਮ ਦੌਰਾਨ ਪਾਣੀ ਦੀ ਕਮੀ ਵਾਲੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾਵੇਗਾ। ਇਸ ਮੌਕੇ ਤੇ ਸੀਨੀਅਰ ਡਿਪਟੀ ਮੇਅਰ ਮੋਹਾਲੀ ਕਾਰਪੋਰੇਸ਼ਨ ਆਰ.ਪੀ. ਸ਼ਰਮਾ, ਕੌਂਸਲਰ- ਕਮਲਜੀਤ ਕੌਰ ਸੁਹਾਣਾ, ਸ਼ਰਨਜੀਤ ਕੌਰ ਸੁਹਾਣਾ- ਕੌਂਸਲਰ, ਕੁਲਦੀਪ ਸਿੰਘ ਸਮਾਣਾ, ਸੁਰਿੰਦਰ ਸਿੰਘ ਰੋਡਾ ਸੁਹਾਣਾ, ਗੁਰਮੀਤ ਸਿੰਘ ਮਾਮਾ ਮਟੌਰ ਕੌਂਸਲਰ, ਹਰਪਾਲ ਸਿੰਘ ਬਰਾੜ ਕੌਂਸਲਰ, ਰੁਪਿੰਦਰ ਸਿੰਘ ਰੂਪਾ ਸੋਹਣਾ, ਨੰਬਰਦਾਰ ਹਰਸੰਗਤ ਸਿੰਘ ਸੁਹਾਣਾ, ਪਰਮਿੰਦਰ ਸਿੰਘ ਬਲਾਕ ਪ੍ਰਧਾਨ ਜਗਤਾਰ ਸਿੰਘ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।

# ਸਤਿਗੁਰੂ ਕਬੀਰ ਦੀ ਬਾਣੀ ਆਪਸੀ ਪ੍ਰੇਮ ਤੇ ਵਿਸ਼ਵ ਭਾਈਚਾਰੇ ਦਾ ਸੁਨੇਹਾ ਦਿੰਦੀ : ਮੋਹਿੰਦਰ ਭਗਤ

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਲੋਕਾਂ ਨੂੰ



ਸਤਿਗੁਰੂ ਕਬੀਰ ਮਹਾਰਾਜ ਜੀ ਦੇ ਆਦਰਸ਼ਾਂ 'ਤੇ ਚੱਲ ਕੇ ਆਪਸੀ ਪ੍ਰੇਮ, ਏਕਤਾ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਸਤਿਗੁਰੂ ਕਬੀਰ ਦੇ 628ਵੇਂ ਪ੍ਰਕਾਸ਼ ਉਤਸਵ ਮੌਕੇ ਸਥਾਨਕ ਭਾਰਗਵ ਨਗਰ ਸਥਿਤ ਸਤਿਗੁਰੂ ਕਬੀਰ ਮੁੱਖ ਮੰਦਰ ਤੋਂ ਸ਼ੁਰੂ ਹੋਈ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਦਿਆਂ ਕੈਬਨਿਟ ਮੰਤਰੀ ਨੇ ਸ਼ਰਧਾਲੂਆਂ ਨੂੰ ਇਸ ਸ਼ੁਭ ਮੌਕੇ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਤਿਗੁਰੂ ਕਬੀਰ ਮਹਾਰਾਜ ਦੀ ਬਾਣੀ ਆਪਸੀ ਪ੍ਰੇਮ, ਸ਼ਾਂਤੀ, ਏਕਤਾ, ਸੱਚ ਅਤੇ ਵਿਸ਼ਵ ਭਾਈਚਾਰੇ ਦਾ ਸੁਨੇਹਾ ਦਿੰਦੀ ਹੈ ਅਤੇ ਹਮੇਸ਼ਾ ਕੁੱਲ ਲੋਕਾਈ ਦਾ ਮਾਰਗ ਦਰਸ਼ਨ ਕਰਦੀ ਰਹੇਗੀ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਤਿਗੁਰੂ ਕਬੀਰ ਦੇ ਪ੍ਰਕਾਸ਼ ਉਤਸਵ ਦੇ ਸ਼ੁਭ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ 29 ਜੂਨ ਦੀ ਸ਼ਾਮ ਨੂੰ ਸਤਿਗੁਰੂ ਕਬੀਰ ਜੀ ਮੁੱਖ ਮੰਦਰ ਵਿਖੇ ਵਿਸ਼ਾਲ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਸਾਰੇ ਸ਼ਰਧਾਲੂਆਂ ਨੂੰ ਪ੍ਰਕਾਸ਼ ਉਤਸਵ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਆਸ਼ੀਰਵਾਦ ਲੈਣ ਦਾ ਸੱਦਾ ਦਿੱਤਾ। ਸ਼ੋਭਾ ਯਾਤਰਾ ਵਿੱਚ ਵੱਡੀ ਗਿਣਤੀ ਸ਼ਰਧਾਲੂਆਂ ਨੇ ਹਿੱਸਾ ਲਿਆ।

# ਮੋਟਰਾਂ 'ਤੇ ਬਿਜਲੀ ਸਪਲਾਈ ਨਿਰੰਤਰ ਨਾ ਆਉਣ ਕਾਰਨ ਕਿਸਾਨ ਪਰੇਸ਼ਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਇਲਾਕੇ ਵਿੱਚ ਕਿਸਾਨਾਂ ਦੀਆਂ ਖੇਤਾਂ ਵਾਲੀਆਂ ਮੋਟਰਾਂ 'ਤੇ 8 ਘੰਟੇ ਬਿਜਲੀ ਸਪਲਾਈ ਨਾ ਆਉਣ ਕਾਰਨ ਕਿਸਾਨ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਇਸ ਮੌਕੇ ਪਿੰਡ ਸੁੱਖੇ ਮਾਜਰਾ ਦੇ ਕਿਸਾਨ ਐਡਵੋਕੇਟ ਜਰਨੈਲ ਸਿੰਘ, ਨੰਬਰਦਾਰ ਧਰਮਵੀਰ ਸਿੰਘ ਆਦਿ ਨੇ ਦੱਸਿਆ ਕਿ ਝੋਨੇ ਦੀ ਲਵਾਈ ਤੋਂ ਪਹਿਲਾਂ ਕਿਸਾਨਾਂ ਦੀਆਂ ਮੋਟਰਾਂ 'ਤੇ 10 ਘੰਟੇ ਬਿਜਲੀ ਦੀ ਸਪਲਾਈ ਰਹਿੰਦੀ ਸੀ ਪਰ 1 ਜੂਨ ਤੋਂ ਝੋਨੇ ਦੀ ਲਵਾਈ ਸ਼ੁਰੂ ਹੋਣ ਤੋਂ ਪਹਿਲਾਂ ਪੰਜਾਬ ਸਰਕਾਰ ਨੇ ਵੀ ਕਿਸਾਨਾਂ ਨੂੰ ਝੋਨੇ ਦੀ ਲਵਾਈ ਲਈ ਖੇਤਾਂ ਵਾਲੀਆਂ ਮੋਟਰਾਂ ਤੇ ਬਿਜਲੀ ਦੀ ਸਪਲਾਈ ਪੂਰੇ ਘੰਟੇ ਨਿਰੰਤਰ ਦੇਣ ਲਈ ਵੱਡਾ ਭਰੋਸਾ ਦਿੱਤਾ ਸੀ । ਹੁਣ ਝੋਨੇ ਦੀ ਲਵਾਈ ਵੀ ਪੂਰੇ ਜ਼ੋਰਾਂ ਨਾਲ ਚੱਲ ਰਹੀ ਹੈ ਪਰ ਜਿਹੜੀ ਬਿਜਲੀ ਦੀ ਸਪਲਾਈ ਪੂਰੇ ਅੱਠ ਘੰਟੇ ਆਉਂਦੀ ਸੀ ਉਹ ਪਿਛਲੇ ਕਈ ਦਿਨਾਂ ਤੋਂ ਵੱਡੇ ਵੱਡੇ ਕੱਟ ਲੱਗਣ ਕਾਰਨ ਕਿਸਾਨਾਂ ਨੂੰ ਬਿਜਲੀ ਦੀ ਸਪਲਾਈ ਸਿਰਫ਼ ਤਿੰਨ ਚਾਰ ਘੰਟੇ ਹੀ ਮਿਲ ਰਹੀ ਹੈ। ਜਿਸ ਨਾਲ ਉਹਨਾਂ ਦੇ ਝੋਨੇ ਦੀ ਲਵਾਈ ਸਮੇਂ ਸਿਰ ਨਹੀਂ ਹੋ ਸਕਦੀ। ਇਸ ਮੌਕੇ ਉਹਨਾਂ ਪੰਜਾਬ ਸਰਕਾਰ ਅਤੇ ਸੰਬੰਧਤ ਵਿਭਾਗ ਤੋਂ ਜ਼ੋਰਦਾਰ ਮੰਗ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਇਹਨਾਂ ਦਿਨਾਂ ਵਿੱਚ ਖੇਤਾਂ ਦੀਆਂ ਮੋਟਰਾਂ ਤੇ ਬਿਜਲੀ ਦੀ ਸਪਲਾਈ ਪੂਰੇ 8 ਘੰਟੇ ਨਿਰਵਿਘਨ ਦਿੱਤੀ ਜਾਵੇ ਤਾਂ ਕਿ ਕਿਸਾਨ ਆਪਣੇ ਝੋਨੇ ਦੀ ਫਸਲ ਸਮੇਂ ਸਿਰ ਲਗਾ ਸਕਣ। ਇਸ ਮੌਕੇ ਸਾਬਕਾ ਸਰਪੰਚ ਕੇਸਰ ਸਿੰਘ ਨੰਬਰਦਾਰ, ਧਰਮਵੀਰ ਸਿੰਘ ਸਾਬਕਾ ਪੰਚਾਇਤ ਮੈਂਬਰ, ਜਸਪਾਲ ਸਿੰਘ ਮੱਲ੍ਹੀ, ਸੋਨੀ ਬਲਿੰਗ, ਵਿੱਕੀ ਬਲਿੰਗ, ਹਰਿੰਦਰ ਸਿੰਘ ਪੂਨੀਆਂ, ਕੇਸਰ ਸਿੰਘ ਪੂਨੀਆ, ਦਵਿੰਦਰ ਸਿੰਘ ਚਲਾਕੀ, ਹਰਪ੍ਰੀਤ ਸਿੰਘ ਸਖੋਮਾਜਰਾ ਮਾਜਰਾ ਆਦਿ ਵੀ ਹਾਜ਼ਰ ਸਨ।



ਜਦੋਂ ਇਸ ਸਬੰਧੀ ਬਿਜਲੀ ਬੋਰਡ ਦੇ ਐਸ ਡੀ ਓ ਭੁਪਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਸਾਡੇ ਵੱਲੋਂ ਖੇਤਾਂ ਦੀਆਂ ਮੋਟਰਾਂ ਤੇ ਬਿਜਲੀ ਦੀ ਸਪਲਾਈ ਚਲਾਉਣ ਵਿੱਚ ਕੋਈ ਕਮੀ ਨਹੀਂ। ਉਹਨਾਂ ਦੱਸਿਆ ਕਿ ਗਰਮੀ ਜ਼ਿਆਦਾ ਵਧਣ ਕਾਰਨ ਬਿਜਲੀ ਦੀ ਮੰਗ ਵੀ ਵਧ ਗਈ ਹੈ ਜਿਸ ਕਾਰਨ ਸਪਲਾਈ ਤੇ ਪਾਵਰ ਕੰਟਰੋਲ ਪਟਿਆਲਾ ਤੋਂ ਹੀ ਲੋਡ ਨੂੰ ਜ਼ਿਆਦਾ ਹੁੰਦਿਆਂ ਵੇਖ ਕੇ ਕੱਟ ਲਗਾਉਣੇ ਪੈ ਰਹੇ ਹਨ ਉਹਨਾਂ ਦੱਸਿਆ ਕਿ ਇੱਕ ਦੋ ਦਿਨਾਂ ਵਿੱਚ ਜੋ ਇਹ ਮਾੜੀ ਮੋਟੀ ਕਮੀ ਆ ਰਹੀ ਹੈ ਉਸ ਨੂੰ ਜਲਦ ਪੂਰਾ ਕਰ ਲਿਆ ਜਾਵੇਗਾ।

# ਸੰਸਥਾ ਨੂੰ ਅੱਖਾਂ ਦਾ ਕੈਂਪ ਲਗਾਉਣ 'ਤੇ ਕੀਤਾ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਅਤੇ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਵਲੋਂ ਵਿਖੇ ਅੱਖਾਂ ਦਾ ਕੈਂਪ ਲਗਾਉਣ 'ਤੇ ਸੰਸਥਾ ਨੂੰ ਫੈਕਟਰੀ ਦੀ ਮੈਨੇਜਮੈਂਟ ਵਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਰਣਬੀਰ ਸਿੰਘ, ਕੁਲਵਿੰਨ ਸਿੰਘ ਸੀਰਾ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਐਚ ਆਰ ਸੁਨੀਤਾ ਸ਼ਰਮਾ, ਓਂਕਾਰ ਸਿੰਘ ਖਾਲਸਾ ਨਰੂੜ, ਬਲਜੀਤ ਸਿੰਘ ਬਿੱਲਾ ਅਜਨੋਹਾ, ਡਾਕਟਰ ਕੁਲਦੀਪ ਸਿੰਘ ਏ ਐਸ ਓ, ਅਮਰੀਕ ਸਿੰਘ, ਜੇ ਈ ਅਸ਼ੋਕ, ਸਤਵਿੰਦਰ ਸਿੰਘ, ਐਸ ਓ ਅਮਰੀਕ ਸਿੰਘ, ਰਿਸ਼ੀ ਰਾਜ, ਜੁਝਾਰ ਸਿੰਘ, ਕ੍ਰਿਪਾਲ ਸਿੰਘ, ਰਾਜਵੀਰ ਸਿੰਘ, ਮਿਸ ਬੰਦਨਾ, ਅਮਨਦੀਪ ਕੌਰ ਆਦਿ ਹਾਜ਼ਰ ਸਨ।

# ਕਾਂਗਰਸ ਨੇ ਸ਼ੁਰੂ ਕੀਤੀ 'ਵਿਦਿਆਰਥੀਆਂ ਦੀ ਗੂੰਜ' ਜਾਗਰੂਕਤਾ ਮੁਹਿੰਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** - ਪੰਜਾਬ ਕਾਂਗਰਸ ਸਪੋਕਸਪਰਸਨ ਟੀਨਾ ਚੌਧਰੀ ਨੇ ਫਗਵਾੜਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੇਸ਼ ਅੰਦਰ ਹੋ ਰਹੀਆਂ ਨੀਟ ਅਤੇ ਸੀ ਬੀ ਐਸ ਈ ਪ੍ਰੀਖਿਆਵਾਂ ਦੀ ਪ੍ਰਬੰਧਕੀ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਦੱਸਿਆ ਕਿ ਲਗਾਤਾਰ ਸਾਹਮਣੇ ਆ ਰਹੀਆਂ ਬੇਨਿਯਮੀਆਂ ਅਤੇ ਪ੍ਰਬੰਧਕੀ ਖਾਮੀਆਂ ਕਾਰਨ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ ਬਣੇ ਚਿੰਤਾ ਦੇ ਮਾਹੌਲ ਨੂੰ ਦੇਖਦੇ ਹੋਏ ਕਾਂਗਰਸ ਪਾਰਟੀ ਨੇ ਰਾਸ਼ਟਰੀ ਪੱਧਰ 'ਤੇ 'ਵਿਦਿਆਰਥੀਆਂ ਦੀ ਗੂੰਜ' ਜਨ-ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਹੈ। ਪੰਜਾਬ ਵਿੱਚ ਇਸ ਜਨ-ਜਾਗਰੂਕਤਾ ਮੁਹਿੰਮ ਨੂੰ ਹਰ ਜ਼ਿਲ੍ਹੇ ਦੇ ਹਰ ਬਲਾਕ ਤੱਕ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਅਤੇ ਸੰਬੰਧਤ ਏਜੰਸੀਆਂ ਵਿਦਿਆਰਥੀਆਂ ਨੂੰ ਪਾਰਦਰਸ਼ੀ, ਭਰੋਸੇਯੋਗ ਅਤੇ ਨਿਰਪੱਖ ਪ੍ਰੀਖਿਆ ਪ੍ਰਣਾਲੀ ਮੁਹੱਈਆ ਕਰਵਾਉਣ ਵਿੱਚ ਅਸਫਲ ਰਹੀਆਂ ਹਨ। ਟੀਨਾ ਚੌਧਰੀ ਨੇ ਹਲਕਾ ਵਿਧਾਇਕ ਅਤੇ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ (ਰਿਟ. ਆਈ.ਏ.ਐਸ.) ਦੀ ਹਾਜ਼ਰੀ 'ਚ ਕਿਹਾ ਕਿ ਦੇਸ਼ ਦੇ ਨੌਜਵਾਨ ਆਪਣੇ ਭਵਿੱਖ ਨੂੰ ਸੰਵਾਰਨ ਲਈ ਸਾਲਾਂ ਤੱਕ ਸਖ਼ਤ ਮਿਹਨਤ ਕਰਦੇ ਹਨ, ਪਰ ਜਦੋਂ



ਪ੍ਰੀਖਿਆਵਾਂ ਦੇ ਸੰਚਾਲਨ ਦੌਰਾਨ ਵਾਰ-ਵਾਰ ਗੜਬੜੀਆਂ, ਤਕਨੀਕੀ ਸਮੱਸਿਆਵਾਂ, ਪ੍ਰਬੰਧਕੀ ਕਮੀਆਂ ਅਤੇ ਪਾਰਦਰਸ਼ਤਾ 'ਤੇ ਸਵਾਲ ਖੜ੍ਹੇ ਹੁੰਦੇ ਹਨ ਤਾਂ ਵਿਦਿਆਰਥੀਆਂ ਦਾ ਮਨੋਬਲ ਟੁੱਟਦਾ ਹੈ। ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਵੀ ਕਿਹਾ ਕਿ ਪਿਛਲੇ ਕੁਝ ਸਮੇਂ ਦੌਰਾਨ ਪ੍ਰੀਖਿਆ ਪ੍ਰਬੰਧਨ ਨੂੰ ਲੈ ਕੇ ਕਈ ਵਿਵਾਦ ਸਾਹਮਣੇ ਆਏ ਹਨ, ਜਿਸ ਕਾਰਨ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਬੇਵਜ੍ਹਾ ਮਾਨਸਿਕ ਤਣਾਅ ਦਾ ਸਾਹਮਣਾ ਕਰਨਾ ਪਿਆ। ਇਸੇ ਦੌਰਾਨ ਉਹਨਾਂ ਨੇ ਜ਼ਿਲ੍ਹਾ ਕਪੂਰਥਲਾ ਅਤੇ ਫਗਵਾੜਾ ਕਾਂਗਰਸ ਦੇ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਵੀ ਸੰਬੋਧਨ ਕੀਤਾ। ਟੀਨਾ ਚੌਧਰੀ ਅਤੇ ਬਲਵਿੰਦਰ ਸਿੰਘ ਧਾਲੀਵਾਲ ਨੇ ਪ੍ਰੀਖਿਆ ਪ੍ਰਬੰਧਾਂ 'ਚ ਬੇਨਿਯਮੀਆਂ ਦੀ ਨੈਤਿਕ ਜ਼ਿੰਮੇਵਾਰੀ ਲੈਂਦੇ ਹੋਏ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਵੀ ਕੀਤੀ। ਇਸ ਮੌਕੇ ਜ਼ਿਲਾ ਕਾਂਗਰਸ ਕਮੇਟੀ ਕਪੂਰਥਲਾ ਦੇ ਅਹੁਦੇਦਾਰ ਅਤੇ ਹਲਕਾ ਫਗਵਾੜਾ ਤੋਂ ਇਲਾਵਾ ਕਪੂਰਥਲਾ, ਭੁਲੱਥ ਅਤੇ ਸੁਲਤਾਨਪੁਰ ਲੋਧੀ ਤੋਂ ਬਲਾਕ ਕਾਂਗਰਸ ਕਮੇਟੀ ਦੇ ਅਹੁਦੇਦਾਰ, ਕਾਂਗਰਸ ਦੇ ਐਸ.ਸੀ., ਓ.ਬੀ.ਸੀ ਸੈੱਲ, ਯੂਥ ਕਾਂਗਰਸ ਅਤੇ ਮਹਿਲਾ ਕਾਂਗਰਸ ਦੇ ਅਹੁਦੇਦਾਰ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਅਰਥ ਸ਼ਾਸਤਰ (ਆਨਰਜ਼) ਵਿਭਾਗ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੇ ਅਰਥ ਸ਼ਾਸਤਰ (ਆਨਰਜ਼) ਵਿਭਾਗ ਸਮੈਸਟਰ ਪੰਜਵਾਂ ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ



ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਦਰਜ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ। ਵਿਭਾਗ ਦੀਆਂ ਸਾਰੀਆਂ ਵਿਦਿਆਰਥਣਾਂ ਨੇ 8.00 ਐਸ.ਜੀ. ਪੀ.ਏ. ਪ੍ਰਾਪਤ ਕਰਦਿਆਂ ਸਾਂਝੇ ਤੌਰ 'ਤੇ ਯੂਨੀਵਰਸਿਟੀ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥਣਾਂ ਧਰਾ ਮਹਾਜਨ ਨੇ 8.00 ਐਸ.ਜੀ.ਪੀ.ਏ., ਦੀਵਾਂਸ਼ੀ ਸ਼ਰਮਾ ਨੇ 8.00 ਐਸ.ਜੀ.ਪੀ.ਏ., ਸੁਹਾਨੀ ਭਾਉ ਨੇ 8.00 ਐਸ.ਜੀ.ਪੀ.ਏ., ਸੁਹਾਨੀ ਸ਼ਰਮਾ ਨੇ 8.00 ਐਸ.ਜੀ.ਪੀ.ਏ. ਹਾਸਲ ਕਰਕੇ ਸੰਸਥਾ ਦਾ ਮਾਣ ਵਧਾਇਆ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜਾ ਸੰਸਥਾ ਦੀ ਅਕਾਦਮਿਕ ਉਤਕ੍ਰਿਸ਼ਟਤਾ ਅਤੇ ਗੁਣਵੱਤਾ ਭਰਪੂਰ ਸਿੱਖਿਆ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ। ਅਰਥ ਸ਼ਾਸਤਰ ਵਿਭਾਗ ਦੀ ਮੁਖੀ ਡਾ. ਸ਼ਾਲੂ ਬੱਤਰਾ ਨੇ ਵੀ ਵਿਦਿਆਰਥਣਾਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ।

## ਬਦਰਪੁਰ ਵਿਖੇ ਗਿਆਨ ਅੰਜਨੁ ਗੁਰਮਤਿ ਕਲਾਸਾਂ ਲਗਾਈਆਂ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਬਦਰਪੁਰ ਵਿਖੇ ਬੱਚਿਆਂ ਦੀਆਂ ਛੁੱਟੀਆਂ ਨੂੰ ਸਫ਼ਲਾ ਕਰਨ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਘਨ੍ਹਈਆ ਜੀ ਸਰਬੱਤ ਦੇ ਭਲੇ ਕਲੱਬ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਸਦਕਾ ਗਿਆਨ ਅੰਜਨੁ ਗੁਰਮਤਿ ਕਲਾਸਾਂ ਲਗਾਈਆਂ ਗਈਆਂ। ਜਿਸ ਵਿੱਚ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਸਬੰਧੀ



ਜਾਣਕਾਰੀ ਦਿੱਤੀ ਗਈ। ਇਨ੍ਹਾਂ ਗੁਰਮਤਿ ਕਲਾਸਾਂ ਦੌਰਾਨ ਭਾਈ ਕੁਲਦੀਪ ਸਿੰਘ ਧਿਆਨੂ ਮਾਜਰਾ ਅਤੇ ਬੀਬੀ ਰਾਜਿੰਦਰ ਕੌਰ ਪੰਚ ਵੱਲੋਂ ਗੁਰਮਤਿ ਕਲਾਸਾਂ ਵਿੱਚ ਬੱਚਿਆਂ ਨੂੰ ਗੁਰਬਾਣੀ, ਸਿੱਖ ਇਤਿਹਾਸ, ਪੰਜਾਬੀ ਮੁਹਾਰਨੀ ਅਤੇ ਗੱਤਕੇ ਬਾਰੇ ਦੱਸਿਆ ਗਿਆ। ਇਸ ਮੌਕੇ ਵਾਤਾਵਰਨ ਦੀ ਸੰਭਾਲ ਤੇ ਡਰਾਇੰਗ ਮੁਕਾਬਲੇ, ਦਸਤਾਰ ਮੁਕਾਬਲੇ, ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿੱਚ ਬੱਚਿਆਂ ਵੱਲੋਂ ਕਵਿਤਾ, ਕਵੀਸ਼ਰੀ, ਧਾਰਮਿਕ ਗੀਤ, ਲੈਕਚਰ ਆਦਿ ਪੇਸ਼ ਕੀਤੇ।ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਭਾਈ ਘਨ੍ਹਈਆ ਜੀ ਸਰਬੱਤ ਦੇ ਭਲੇ ਕਲੱਬ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿਤਪਾਲ ਸਿੰਘ, ਡਾਕਟਰ ਜਗਦੀਸ਼ ਸਿੰਘ, ਮੇਜਰ ਸਿੰਘ, ਭੁਪਿੰਦਰ ਸਿੰਘ, ਦਰਸ਼ਨ ਸਿੰਘ, ਨਿਰਮਲ ਸਿੰਘ, ਕੁਲਦੀਪ ਸਿੰਘ, ਸੋਹਨ ਸਿੰਘ, ਬੀਬੀ ਪਰਮਜੀਤ ਕੌਰ, ਸਰਪੰਚ ਕਿਰਨਜੀਤ ਕੌਰ, ਮੈਡਮ ਗੁਰਪ੍ਰੀਤ ਕੌਰ, ਮਨਜੋਤ ਸਿੰਘ ਆਦਿ ਹਾਜ਼ਰ ਸਨ।

# ਸ਼ਾਨਦਾਰ ਰਵਾਇਤਾਂ ਨਾਲ ਮੇਅਰ ਸਨਮਾਨ ਸਮਾਰੋਹ ਆਯੋਜਿਤ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਕਾਰਪੋਰੇਸ਼ਨ ਦੀ ਨਵੀਂ ਚੁਣੀ ਗਈ ਟੀਮ ਦਾ ਸਨਮਾਨ ਕਰਨ ਲਈ ਸਨਮਾਨ ਸਮਾਰੋਹ ਦਾ ਆਯੋਜਨ ਸ਼ਾਨਦਾਰ ਰਵਾਇਤਾਂ ਦੇ ਅਨੁਸਾਰ ਕੀਤਾ ਗਿਆ। ਇਸ ਮੌਕੇ ਵਾਰਡ ਨੰਬਰ -44 ਦੇ ਨਿਵਾਸੀਆਂ ਵੱਲੋਂ ਜਿੱਥੇ ਮੇਅਰ, ਸੀਨੀਅਰ ਡਿਪਟੀ ਮੇਅਰ, ਡਿਪਟੀ ਮੇਅਰ ਅਤੇ ਸਮੁੱਚੇ ਕੌਂਸਲਰਾਂ ਨੂੰ ਜੀ ਆਇਆਂ ਆਖਿਆ ਗਿਆ, ਉੱਥੇ ਮਹਿਲਾ ਕੌਂਸਲਰਾਂ ਨੂੰ ਵਾਰਡ ਨੰਬਰ-44 ਦੀਆਂ ਮਹਿਲਾਵਾਂ ਵੱਲੋਂ ਇਕੱਲੇ- ਇਕੱਲੇ ਤੌਰ 'ਤੇ ਪੂਰੇ ਜਾਹੋ - ਜਲਾਲ ਦੇ ਨਾਲ ਜੀ ਆਇਆਂ ਆਖਿਆ ਗਿਆ ਅਤੇ ਉਹਨਾਂ ਨੂੰ ਪੰਡਾਲ ਵਿੱਚ ਬਿਠਾਇਆ ਗਿਆ। ਇਸ ਸਨਮਾਨ ਸਮਾਰੋਹ ਦੇ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਹ ਸਨਮਾਨ ਸਮਾਰੋਹ ਸਬੰਧੀ ਸਮਾਗਮ ਸੈਕਟਰ 90-91 ਵਿਖੇ ਵਾਰਡ ਨੰਬਰ 44 ਦੇ ਨਿਵਾਸੀਆਂ ਦੇ ਵੱਲੋਂ ਸਟੇਟ ਐਵਾਰਡੀ ਅਤੇ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਫੂਲਰਾਜ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ ਕਾਰਪੋਰੇਸ਼ਨ ਦੀ ਨਵੀਂ ਚੁਣੀ ਗਈ ਟੀਮ ਦਾ ਬਹੁਤ ਥਾਵਾਂ 'ਤੇ ਸਨਮਾਨ ਸਮਾਰੋਹ ਰੱਖਿਆ ਗਿਆ ਹੈ ਅਤੇ ਰੱਖਿਆ ਜਾ ਰਿਹਾ ਹੈ, ਪ੍ਰੰਤੂ ਚੁਣੇ



ਹੋਏ ਨੁਮਾਇੰਦਿਆਂ ਦਾ ਜਿਸ ਤਰ੍ਹਾਂ ਦਾ ਸਨਮਾਨ ਵਾਰਡ ਨੰਬਰ- 44 ਦੇ ਨਿਵਾਸੀਆਂ ਵੱਲੋਂ ਫੂਲਰਾਜ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ ਹੈ, ਇਸ ਦੀ ਉਦਾਹਰਨ ਹੋਰ ਕਿਧਰੇ ਨਹੀਂ ਮਿਲਦੀ, ਇਹ ਆਪਣੇ ਆਪ ਵਿੱਚ ਇੱਕ ਨਿਵੇਕਲਾ ਸਨਮਾਨ ਸਮਾਰੋਹ ਹੋ ਨਿੱਬੜਿਆ ਹੈ। ਇਸ ਮੌਕੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ- ਜਸਵੀਰ ਸਿੰਘ ਅਤੇ ਜ਼ਿਲ੍ਹਾ ਯੋਜਨਾ ਬੋਰਡ ਮੁਹਾਲੀ ਦੇ ਚੇਅਰਪਰਸਨ ਇੰਜੀਨੀਅਰ ਪ੍ਰਭਜੋਤ ਕੌਰ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਸਟੇਟ ਅਵਾਰਡੀ ਫੂਲਰਾਜ ਸਿੰਘ ਨੇ ਚੁਣੇ ਹੋਏ ਮੇਅਰ, ਸੀਨੀਅਰ ਡਿਪਟੀ ਮੇਅਰ, ਡਿਪਟੀ ਮੇਅਰ ਅਤੇ ਸਭਨਾਂ ਕੌਂਸਲਰਾਂ ਦੇ ਸੰਘਰਸ਼ ਦੇ ਸਬੰਧ ਵਿੱਚ ਹਾਜ਼ਰੀਨ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਗੁਰਮੀਤ ਸਿੰਘ ਸੈਣੀ, ਜਸਜੀਤ ਸਿੰਘ ਭਾਟੀਆ, ਵਿਕਰਮ ਸਿੰਘ ਸਰਾਉ, ਮਨਿੰਦਰ ਸਿੰਘ, ਹਰਭਜਨ ਸਿੰਘ ਭਾਟੀਆ, ਜਗਸੀਰ ਸਿੰਘ, ਗੁਰਦੀਪ ਸਿੰਘ, ਤਰਲੋਚਨ ਸਿੰਘ, ਪਵਨ ਧੀਮਾਨ, ਤਰਲੋਚਨ ਸਿੰਘ, ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ ਬਰਾੜ, ਗਾਬਾ ਸਾਹਿਬ, ਗੁਰਵਿੰਦਰ ਸਿੰਘ,ਗੁਰਬੀਰ ਸਿੰਘ, ਬਚਿੱਤਰ ਸਿੰਘ, ਪ੍ਰਧਾਨ ਰਜਿੰਦਰ ਸਿੰਘ ਸਿੱਧੂ ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ- 90-91, ਬੰਮਰਾ ਸਾਹਿਬ ਚੇਅਰਮੈਨ ਮਲਟੀਟੈੱਕ, ਜਗਵਿੰਦਰ ਸਿੰਘ ਢਿੱਲੋਂ, ਨਰਿੰਦਰ ਸਿੰਘ ਮੱਲੀ, ਸੁਖਬੀਰ ਸਿੰਘ- ਪ੍ਰਧਾਨ ਜੀ ਐਲ ਸੀ, ਕਰਮ ਚੰਦ ਪ੍ਰਧਾਨ ਮੁੰਡੀ ਸੁਸਾਇਟੀ- 90-91, ਗੁਰਪ੍ਰੀਤ ਸਿੰਘ ਲਿਖਾਰੀ ਪ੍ਰਧਾਨ ਸਵਿੱਤਰੀ ਟਾਵਰ, ਗੁਲਾਟੀ ਸਾਹਿਬ, ਅਵਤਾਰ ਸਿੰਘ ਜਨਰਲ ਸਕੱਤਰ, ਗਾਬਾ ਸਾਹਿਬ, ਜਸਪਾਲ ਸਿੰਘ, ਸਮਰ ਸੰਧੂ, ਕੇ ਮਾਨ , ਗੁਰਪ੍ਰੀਤ ਢਿੱਲੋਂ, ਰਿਜੈਂਸੀ ਹਾਈਟ, ਮਾਈ ਭਾਗੋ ਇਸਤਰੀ ਸਤਿਸੰਗ ਸਭਾ ਵੀ ਹਾਜ਼ਰ ਸਨ।

# ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਰਹਿਤ ਕਰਕੇ ਪੰਜਾਬੀ ਸੱਭਿਅਤਾ ਨਾਲ ਜੋੜਨਾ ਚਾਹੀਦੈ : ਇੰਦਰ ਸਾਹਨੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸੈਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਟਾਂਡਾ ਦੇ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਦੀ ਦੇਖਰੇਖ ਅਤੇ ਸੁਰ ਸਰਗਮ ਸੰਗੀਤ ਕਲਾ ਮੰਦਿਰ ਟਰੱਸਟ ਬ੍ਰਾਂਚ ਟਾਂਡਾ ਦੇ ਚੇਅਰਮੈਨ ਪੀ ਸੀ ਰਾਊਤ ਦੀ ਅਗਵਾਈ ਵਿੱਚ ਸਕੂਲ ਵਿਖੇ 2 ਦਿਨਾਂ ਸੰਗੀਤ ਸੰਮੇਲਨ ਸੁਰ ਝੰਕਾਰ ਦੇ ਪਹਿਲੇ ਦਿਨ ਦੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸੰਗੀਤ ਪ੍ਰੇਮੀਆਂ ਨੇ ਸ਼ਿਰਕਤ ਕੀਤੀ। ਇਸ ਸਮੇਲਨ ਦਾ ਉਦਘਾਟਨ ਅਤੇ ਜਿਓਤੀ ਪ੍ਰਚੰਡ ਅੱਜ ਦੇ ਮੁੱਖ ਮਹਿਮਾਨ ਭਾਜਪਾ ਨੇਤਾ ਰਸ਼ਪਾਲ ਸਿੰਘ ਚਰੜ, ਸਕੂਲ ਡਾਇਰੈਕਟਰ ਇੰਦਰ ਕੁਮਾਰ ਸਾਹਨੀ, ਮੈਡਮ ਕਲਸੀ, ਪ੍ਰੋਫੈਸਰ ਸਰਬਜੀਤ ਸਿੰਘ ਅਤੇ ਡਾਕਟਰ ਮਹਿੰਗਾ ਸਿੰਘ ਨੇ ਕੀਤੀ।ਸੰਗੀਤ ਸੰਮੇਲਨ ਵਿੱਚ ਵੱਖ-ਵੱਖ ਕੈਟਾਗਰੀ ਦੇ ਭਗਤੀ ਸੰਗੀਤ, ਲੋਕ ਗੀਤ ਅਤੇ ਗਜ਼ਲ ਤੋਂ ਇਲਾਵਾ ਹੋਰ ਸੁਰ ਸਰਗਮ ਆਦਿ ਮੁਕਾਬਲਿਆਂ ਵਿੱਚ 25 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਸੰਮੇਲਨ ਚ ਸ਼ਾਮਿਲ ਟਰੱਸਟ ਦੇ ਜਨਰਲ ਸਕੱਤਰ ਉਮੇਸ਼ ਵਰਮਾ, ਸੀਨੀਅਰ ਵਾਈਸ ਪ੍ਰਧਾਨ ਅਵਤਾਰ ਸਿੰਘ, ਵਾਈਸ ਪ੍ਰਧਾਨ ਪ੍ਰੋਫੈਸਰ ਰਣਜੀਤ ਸਿੰਘ, ਮਨਜੀਤ ਸਿੰਘ ਪਾਲਕੇ, ਬਲਬੀਰ ਸਿੰਘ, ਦਿਨੇਸ਼ ਕੁਮਾਰ ਅਤੇ ਐਡਵਾਈਜਰ ਕੁਲਵੰਤ ਕੌਰ ਕਲਸੀ ਨੇ ਸੰਗੀਤ ਸੰਮੇਲਨ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ





ਦੀ ਹੌਸਲਾ ਅਫਜ਼ਾਈ ਕੀਤੀ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਭਾਜਪਾ ਨੇਤਾ ਰਸ਼ਪਾਲ ਸਿੰਘ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਨੌਜਵਾਨ ਪੀੜ੍ਹੀ ਨਸ਼ਿਆਂ ਜਿਹੀਆਂ ਅਲਾਮਤਾਂ ਵਿੱਚ ਗਰਤ ਹੋ ਕੇ ਭਗਤੀ-ਸੰਗੀਤ ਅਤੇ ਆਪਣੀ ਪੰਜਾਬੀ ਸੱਭਿਆਤਾ ਤੋਂ ਦੂਰ ਹੁੰਦੀ ਜਾ ਰਹੀ ਹੈ। ਉਨ੍ਹਾਂ ਨੇ ਸੁਰ ਸਰਗਮ ਸੰਗੀਤ ਕਲਾ ਮੰਦਰ ਟਰੱਸਟ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਹਰ ਸੰਸਥਾ ਨੂੰ ਅਜਿਹੇ ਸੰਗੀਤ ਸੰਮੇਲਨਾਂ ਦਾ ਆਯੋਜਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਬੁਰੀ ਸੰਗਤ ਵਿੱਚ ਪੈ ਕੇ ਆਪਣੇ ਪੰਜਾਬੀ ਸੱਭਿਆਤਾ ਤੋਂ ਦੂਰ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਮੁੜ ਪੰਜਾਬੀ ਲੀਹਾਂ ਤੇ ਲਿਆਂਦਾ ਜਾ ਸਕੇ। ਪੀ ਸੀ ਰਾਊਤ ਨੇ ਕਿਹਾ ਕਿ ਸਾਡੇ ਟਰੱਸਟ ਦਾ ਇੱਕੋ ਹੀ ਮਕਸਦ ਹੈ ਕਿ ਨੌਜਵਾਨ ਪੀੜ੍ਹੀ ਨੂੰ ਪੜ੍ਹਾਈ ਦੇ ਨਾਲ ਨਾਲ ਭਗਤੀ ਸੰਗੀਤ ਨਾਲ ਵੀ ਜੋੜਿਆ ਜਾਵੇ ਤਾਂ ਜੋ ਇਹ ਵਿਦਿਆਰਥੀ ਦੇਸ਼ ਵਿਦੇਸ਼ ਵਿੱਚ ਸੰਗੀਤ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਸਕੂਲ, ਮਾਤਾ ਪਿਤਾ ਅਤੇ ਦੇਸ਼ ਦਾ ਨਾਮ ਰੋਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ 27 ਜੂਨ ਨੂੰ ਬਾਬਾ ਬੂਟਾ ਭਗਤ ਹਾਲ ਉੜਮੁੜ ਵਿਖੇ ਸੰਗੀਤ ਸੰਮੇਲਨ ਦੇ ਆਖ਼ਰੀ ਦਿਨ ਸੁਰ ਸਰਗਮ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਸੰਮੇਲਨ ਦੇ ਆਖ਼ਰ ਵਿੱਚ ਸਕੂਲ ਡਾਇਰੈਕਟਰ ਇੰਦਰ ਕੁਮਾਰ ਸਾਹਨੀ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ।

## ਗਊ ਤਸਕਰਾਂ ਵਿਰੁੱਧ ਐੱਫ ਆਈ ਆਰ ਦਰਜ

**ਫਗਵਾੜਾ (ਜਸਵਿੰਦਰ ਢੱਡਾ)**- ਗਊ ਰੱਖਿਆ ਅਤੇ ਗਊ ਸੇਵਾ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਗਊ ਤਸਕਰਾਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ।



ਲਾਈਟ ਫਾਰ ਲਾਈਵਜ਼ ਦੀ ਪ੍ਰਧਾਨ ਅਤੇ ਮਨੁੱਖੀ ਅਧਿਕਾਰ ਪ੍ਰੀਸ਼ਦ ਦੀ ਰਾਸ਼ਟਰੀ ਉਪ ਪ੍ਰਧਾਨ ਅੰਨੂ ਸ਼ਰਮਾ ਨੇ ਕਿਹਾ ਕਿ ਇਹ ਕਾਰਵਾਈ ਫਗਵਾੜਾ ਪੁਲਸ ਸੁਪਰਡੈਂਟ (ਐੱਸ ਪੀ) ਮਾਧਵੀ ਸ਼ਰਮਾ ਦੇ ਨਿਰੰਤਰ ਯਤਨਾਂ, ਤੁਰੰਤਤਾ ਅਤੇ ਪ੍ਰਭਾਵਸ਼ਾਲੀ ਦਖਲਅੰਦਾਜ਼ੀ ਕਾਰਨ ਸੰਭਵ ਹੋਈ ਹੈ। ਉਨ੍ਹਾਂ ਕਿਹਾ ਕਿ ਮਾਧਵੀ ਸ਼ਰਮਾ ਨੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਅਤੇ ਜ਼ਰੂਰੀ ਕਾਰਵਾਈ ਨੂੰ ਯਕੀਨੀ ਬਣਾਇਆ, ਜਿਸ ਦੇ ਨਤੀਜੇ ਵਜੋਂ ਮੁਲਜ਼ਮਾਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ। ਪੁਲਸ ਸੁਪਰਡੈਂਟ (ਐੱਸ ਪੀ) ਮੈਡਮ ਮਾਧਵੀ ਸ਼ਰਮਾ ਦਾ ਦਿਲੋਂ ਧੰਨਵਾਦ ਅਤੇ ਧੰਨਵਾਦ ਪ੍ਰਗਟ ਕਰਦੇ ਹੋਏ, ਅਨੂ ਸ਼ਰਮਾ ਨੇ ਕਿਹਾ ਕਿ ਗਊਆਂ ਦੀ ਰੱਖਿਆ ਲਈ ਉਨ੍ਹਾਂ ਦੀ ਸੰਵੇਦਨਸ਼ੀਲਤਾ, ਸਮਰਪਣ ਅਤੇ ਸਰਗਰਮ ਪਹੁੰਚ ਸਮਾਜ ਲਈ ਪ੍ਰੇਰਨਾਦਾਇਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਗਊ ਤਸਕਰੀ ਵਰਗੇ ਅਪਰਾਧਾਂ ਵਿਰੁੱਧ ਇਸੇ ਤਰ੍ਹਾਂ ਦੀ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਭਵਿੱਖ ਵਿੱਚ ਵੀ ਜਾਰੀ ਰਹੇਗੀ।

# ਸਮਾਣਾ ਕਲਾਂ ਵਿਖੇ ਧਾਰਮਿਕ ਸਮਾਗਮ ਕਰਵਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਐਨ ਆਰ ਆਈ ਪ੍ਰਭਜੀਤ ਸਿੰਘ ਖੁਰਲ ਅਤੇ ਉਨ੍ਹਾਂ ਦੀ ਧਰਮ ਪਤਨੀ ਜਸਵਿੰਦਰ ਕੌਰ ਖੁਰਲ ਕੈਲੇਫੋਰਨੀਆ (ਯੂ ਐਸ ਏ) ਅਮਰੀਕਾ ਨਿਵਾਸੀ ਵੱਲੋਂ ਅਪਣੇ ਜੱਦੀ ਪਿੰਡ ਸਮਾਣਾ ਕਲਾਂ ਵਿਖੇ ਇਤਿਹਾਸਕ



ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ ਗਏ, ਜਿਸ ਵਿੱਚ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਉਪਰੰਤ ਗਿਆਨੀ ਜੱਸਾ ਸਿੰਘ ਦੇ ਕੀਰਤਨੀ ਜਥੇ ਵੱਲੋਂ ਧੁਰ ਕੀ ਬਾਨੀ ਦੇ ਇਲਾਹੀ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਗਮ ਦੀ ਸਮਾਪਤੀ ਮੌਕੇ ਜਿਥੇ ਸਮਾਗਮ ਵਿੱਚ ਹਾਜ਼ਰੀ ਲਗਵਾਉਣ ਵਾਲੇ ਕੀਰਤਨੀ ਜਥਿਆਂ ਅਤੇ ਪਤਵੰਤੇ ਸੱਜਣਾਂ ਦਾ ਸਨਮਾਨ ਕੀਤਾ ਗਿਆ ਉਥੇ ਹੀ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਛਿੱਬਰ ਕੌਂਸਲਰ ਮੋਰਿੰਡਾ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਸ਼ੁਕਰਾਨਾ ਸਮਾਗਮ ਮੌਕੇ ਪ੍ਰਭਜੀਤ ਸਿੰਘ ਖੁਰਲ ਅਤੇ ਜਸਵਿੰਦਰ ਕੌਰ ਖੁਰਲ ਦੇ ਪਰਵਾਰਕ ਮੈਂਬਰਾਂ ਵੱਲੋਂ ਗੁਰੂ ਕੇ ਅਤੁੱਟ ਲੰਗਰ ਲਗਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਬਿੰਬਰਾ, ਹਰਬੰਸ ਸਿੰਘ ਕਾਲਾ, ਬਲਜੀਤ ਕੌਰ ਮਾਵੀ, ਸੁਨੀਲ ਕੁਮਾਰ, ਅਮਰ ਸਿੰਘ, ਮੇਜਰ ਸਿੰਘ, ਪੱਤਰਕਾਰ ਰਾਜ ਕੁਮਾਰ ਦਸੌੜ, ਹਰਵਿੰਦਰ ਸਿੰਘ ਕਾਲਾ ਮੋਰਿੰਡਾ, ਬੱਲੂ ਚੌਧਰੀ ਮੋਰਿੰਡਾ ਅਤੇ ਪਤਵੰਤੇ ਹਾਜ਼ਰ ਸਨ।

# ਨਾਜਾਇਜ਼ ਮਾਈਨਿੰਗ ਖ਼ਿਲਾਫ਼ ਲੋਕਾਂ ਨੇ ਲਾਇਆ ਧਰਨਾ

**ਭਲਾਣ (ਹਰਭਜਨ ਸਿੰਘ ਢਿੱਲੋਂ)** ਲੰਘੇ ਦਿਨ ਪਿੰਡ ਭੱਲੜੀ ਵਿਖੇ ਪਿੰਡ ਵਾਸੀਆਂ ਨਜਾਇਜ਼ ਮਾਈਨਿੰਗ ਰੋਕਣ ਗਏ ਪ੍ਰਸਿੱਧ ਗੋਤਾਖੋਰ ਤੇ ਸਮਾਜ ਸੇਵੀ ਕਮਲਪ੍ਰੀਤ ਸੈਨੀ ਗੋਹਲਣੀ ਵਾਲਿਆਂ 'ਤੇ ਕਥਿਤ ਤੌਰ 'ਤੇ ਮਾਈਨਿੰਗ ਮਾਫੀਆ ਵੱਲੋਂ ਭੱਲੜੀ ਵਿਖੇ ਕੀਤੇ ਗਏ ਜਾਨਲੇਵਾ ਹਮਲਾ ਕਰਨ ਦੇ ਵਿਰੋਧ ਵਿੱਚ ਇਲਾਕੇ ਦੇ ਲੋਕਾਂ ਵੱਲੋਂ ਪਿੰਡ



ਨਾਨਗਰਾਂ ਵਿਖੇ ਸੜਕ ਜਾਮ ਕਰਕੇ ਰੋਸ ਪ੍ਰਦਰਸ਼ਨ ਕਰਕੇ ਧਰਨਾ ਦਿੱਤਾ ਗਿਆ। ਇਸ ਮੌਕੇ ਧਰਨਾਕਾਰੀਆਂ ਨੇ ਦੋਸ਼ ਲਗਾਇਆ ਕਿ ਲੋਕਾਂ ਦੇ ਭਾਰੀ ਦਬਾਅ ਤੋਂ ਬਾਅਦ ਪੁਲਿਸ ਵੱਲੋਂ ਮਾਮਲਾ ਤਾਂ ਦਰਜ ਕਰ ਲਿਆ ਗਿਆ ਹੈ, ਪਰ ਹਾਲੇ ਤੱਕ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਦੋਂ ਤੱਕ ਹਮਲਾਵਰਾਂ ਦੀ ਗ੍ਰਿਫਤਾਰੀ ਨਹੀਂ ਹੁੰਦੀ, ਉਦੋਂ ਤੱਕ ਉਨ੍ਹਾਂ ਦਾ ਧਰਨਾ ਜਾਰੀ ਰਹੇਗਾ। ਇਸ ਮੌਕੇ ਬੋਲਦਿਆਂ ਇਲਾਕਾ ਵਾਸੀਆਂ ਨੇ ਕਿਹਾ ਕਿ ਇਲਾਕੇ ਵਿੱਚ ਕਥਿਤ ਤੌਰ 'ਤੇ ਹੋ ਰਹੀ ਨਾਜਾਇਜ਼ ਮਾਈਨਿੰਗ ਦੇ ਖ਼ਿਲਾਫ਼ ਉਨ੍ਹਾਂ ਦੀ ਲੜਾਈ ਲਗਾਤਾਰ ਜਾਰੀ ਰਹੇਗੀ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਬਰ ਵਿਅਕਤੀ ਅਤੇ ਪਿੰਡ ਵਾਸੀ ਮੌਜੂਦ ਰਹੇ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਇਲਾਕੇ ਵਿੱਚ ਨਜਾਇਜ਼ ਮਾਈਨਿੰਗ ਨੂੰ ਤੁਰੰਤ ਬੰਦ ਕਰਨ ਦੀ ਮੰਗ ਕੀਤੀ। ਧਰਨਾਕਾਰੀਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਵੱਲੋਂ ਜਲਦੀ ਕਾਰਵਾਈ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ ਦੁਪਿਹਰ ਇੱਕ ਵਜੇ ਧਰਨਾ ਨਾਨਗਰਾਂ ਤੂੰ ਚੁੱਕ ਲਿਆ ਜਾਵੇਗਾ ਅਤੇ ਪੁਲਿਸ ਸਟੇਸ਼ਨ ਨੰਗਲ ਵਿਖੇ ਜੋਰਦਾਰ ਵੱਡਾ ਧਰਨਾ ਲਗਾਇਆ ਜਾ ਰਿਹਾ ਹੈ। ਇਸ ਮੌਕੇ ਪੁਲਿਸ ਥਾਣਾ ਨੰਗਲ ਦੇ ਇੰਚਾਰਜ ਇੰਸਪੈਕਟਰ ਦਾਨਸ਼ਵੀਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਜਾਣਕਾਰੀ ਅਨੁਸਾਰ ਪੁਲਿਸ ਨੇ ਅੱਠ ਵਿਅਕਤੀ ਬਾਈ ਨੇਮ ਅਤੇ ਕੁੱਝ ਨਾਮਾਲੂਮ ਦੇ ਖਿਲਾਫ ਵੱਖ-ਵੱਖ ਧਰਾਵਾਂ ਹੇਠ ਮੁਕਦਮਾ ਦਰਜ ਕਰ ਲਿਆ ਗਿਆ ਹੈ ਅਤੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਬਾਕੀਆਂ ਦੀ ਭਾਲ ਜਾਰੀ ਹੈ ਉਹਨਾਂ ਕਿਹਾ ਕਿ ਦੋਸ਼ੀ ਬਖਸ਼ੇ ਨਹੀਂ ਜਾਣਗੇ। ਇਸ ਮੌਕੇ ਐਡਵੋਕੇਟ ਵਿਸ਼ਾਲ ਸੈਣੀ, ਕਮਲਪ੍ਰੀਤ ਸੈਣੀ ਦੀ ਬ੍ਰਿਧ ਮਾਤਾ, ਆਪ ਦੇ ਬਲਾਕ ਪ੍ਰਧਾਨ ਰਾਕੇਸ਼ ਵਰਮਾ ਭੱਲੜੀ ਸਮੇਤ ਵੱਖ-ਵੱਖ ਪਿੰਡਾਂ ਦੇ ਮੋਹਤਵਰ ਪਤਵੰਤੇ ਹਾਜ਼ਰ ਸਨ।

# ਮੁਹਾਲੀ ਹਲਕੇ 'ਚ 80 ਪਰਵਾਰ ਹੋਏ ਆਮ ਆਦਮੀ ਪਾਰਟੀ 'ਚ ਸ਼ਾਮਲ

**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਲਗਾਤਾਰ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਦੇ ਚਲਦਿਆਂ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਰੋਜ਼ਾਨਾ ਹੀ ਪੰਜਾਬ ਭਰ ਵਿੱਚ ਵੱਡੀ ਗਿਣਤੀ 'ਚ ਅਲੱਗ-ਅਲੱਗ ਪਾਰਟੀਆਂ ਨੂੰ ਨੇਤਾ ਲੋਕ ਵੇਦਾਵਾ ਦੇ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਹ ਗੱਲ ਮੇਅਰ ਮੋਹਾਲੀ ਕਾਰਪੋਰੇਸ਼ਨ ਸਰਬਜੀਤ ਸਿੰਘ



ਸਮਾਣਾ ਨੇ ਸੈਕਟਰ 79 ਸਥਿਤ ਆਮ ਆਦਮੀ ਪਾਰਟੀ ਦੇ ਦਫਤਰ ਵਿਖੇ ਕਹੀ। ਸਮਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ 80 ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਹਨ ਅਤੇ ਇਹ ਸਭ ਕੁਝ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਅਤੇ ਵਿਧਾਇਕ ਕੁਲਵੰਤ ਸਿੰਘ ਮੋਹਾਲੀ ਦੁਆਰਾ ਕੀਤੇ ਗਏ ਕੰਮਾਂ ਦੇ ਚਲਦਿਆਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਹੈ ਅਤੇ ਇਹ ਸਭ ਕੁਝ ਆਉਣ ਵਾਲੇ ਸਮੇਂ ਵਿੱਚ ਵੀ ਜਾਰੀ ਰਹੇਗਾ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੇ ਮਸਲਿਆਂ ਨੂੰ ਸਮਾਂ ਰਹਿੰਦਿਆਂ ਜਿੱਥੇ ਹੱਲ ਕੀਤਾ ਜਾ ਰਿਹਾ ਹੈ, ਉੱਥੇ ਵੱਖ-ਵੱਖ ਤਬਕੇ, ਵਰਗ ਅਤੇ ਭਾਈਚਾਰੇ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਮਕਦੇ ਆ ਰਹੇ ਮਸਲਿਆਂ ਨੂੰ ਵੀ ਹੱਲ ਕੀਤਾ ਜਾ ਰਿਹਾ ਹੈ। ਸਮਾਣਾ ਨੇ ਕਿਹਾ ਕਿ ਉਹ ਰੋਜ਼ਾਨਾ ਸਵੇਰ ਤੋਂ ਹੀ ਮੋਹਾਲੀ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਕੰਮਾਂ ਦਾ ਜਾਇਜ਼ਾ ਲੈ ਰਹੇ ਹਨ ਅਤੇ ਸ਼ੁਰੂ ਕੀਤੇ ਗਏ ਕੰਮਾਂ ਨੂੰ ਸਮਾਂ ਵੱਧ ਸਮੇਂ ਵਿੱਚ ਹੀ ਪੂਰਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਇਸ ਦੇ ਲਈ ਮੋਹਾਲੀ ਕਾਰਪੋਰੇਸ਼ਨ ਦੇ ਸਬੰਧਤ ਅਧਿਕਾਰੀਆਂ ਨੂੰ ਜਵਾਬ ਦੇ ਬਣਾਇਆ ਜਾਵੇਗਾ। ਇਸ ਮੌਕੇ ਅੰਬ ਸਾਹਿਬ ਕਲੋਨੀ ਫੇਜ਼ 11 ਤੋਂ ਗੌਰੀ ਬਲਾਕ ਪ੍ਰਧਾਨ ਅਤੇ ਵਰਿੰਦਰ ਦੀ ਅਗਵਾਈ ਹੇਠ ਇਹਨਾਂ ਨੌਜਵਾਨਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ ਵੀ ਹਾਜ਼ਰ ਸਨ ।

## ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ

**ਪੋਜੇਵਾਲ (ਰਾਮ ਲਾਲ)**- ਸਿਹਤ ਵਿਭਾਗ ਵੱਲੋਂ ਚਲਾਈ ਗਈ ਪਲਸ ਪੋਲੀਓ ਮੁਹਿੰਮ ਤਹਿਤ ਸਬ ਸੈਂਟਰ ਟੋਰੋਵਾਲ ਅਧੀਨ ਆਉਂਦੇ ਪਿੰਡ ਟੋਰੋਵਾਲ, ਛੂਛੇਵਾਲ, ਰੋੜੀ, ਭੋਲੇਵਾਲ, ਚਾਂਦਪੁਰ ਰੁੜਕੀ ਖੁਰਦ ਅਤੇ ਚਾਂਦਪੁਰ ਰੁੜਕੀ ਕਲਾਂ ਵਿੱਚ ਪੰਜ ਸਾਲ ਤੱਕ ਦੇ ਬੱਚਿਆਂ ਨੂੰ



ਪੋਲੀਓ ਰੋਕਥਾਮ ਲਈ ਜੀਵਨ ਰੱਖਿਅਕ ਬੂੰਦਾਂ ਪਿਲਾਈਆਂ ਗਈਆਂ। ਇਸ ਮੌਕੇ ਸਿਹਤ ਕਰਮਚਾਰੀਆਂ ਅਤੇ ਆਸ਼ਾ ਵਰਕਰਾਂ ਨੇ ਘਰ-ਘਰ ਅਤੇ ਬੂਥਾਂ 'ਤੇ ਪਹੁੰਚ ਕੇ ਇਹ ਯਕੀਨੀ ਬਣਾਇਆ ਕਿ ਕੋਈ ਵੀ ਬੱਚਾ ਪੋਲੀਓ ਦੀਆਂ ਬੂੰਦਾਂ ਤੋਂ ਵਾਂਝਾ ਨਾ ਰਹੇ। ਸਿਹਤ ਵਿਭਾਗ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਪੋਲੀਓ ਦੀਆਂ ਬੂੰਦਾਂ ਜ਼ਰੂਰ ਪਿਲਾਉਣ ਤਾਂ ਜੋ ਪੋਲੀਓ ਵਰਗੀ ਗੰਭੀਰ ਬਿਮਾਰੀ ਨੂੰ ਪੂਰੀ ਤਰ੍ਹਾਂ ਖਤਮ ਕੀਤਾ ਜਾ ਸਕੇ। ਸਿਹਤ ਅਧਿਕਾਰੀਆਂ ਨੇ ਕਿਹਾ ਕਿ ਪੋਲੀਓ ਮੁਕਤ ਸਮਾਜ ਦੀ ਸਿਰਜਣਾ ਲਈ ਹਰ ਮਾਪੇ ਅਤੇ ਹਰ ਨਾਗਰਿਕ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਮੁਹਿੰਮ ਦੌਰਾਨ ਸਾਰੇ ਪਿੰਡਾਂ ਵਿੱਚ ਲੋਕਾਂ ਨੇ ਵੀ ਭਰਪੂਰ ਸਹਿਯੋਗ ਦਿੱਤਾ।

# ਐੱਚ ਐੱਮ ਵੀ ਨੇ ਮੁੜ ਬਰਕਰਾਰ ਰੱਖਿਆ ਨੰਬਰ-1 ਦਰਜਾ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਨੇ ਇੱਕ ਵਾਰ ਫਿਰ ਆਪਣੀ ਸ਼ਾਨਦਾਰ ਅਕਾਦਮਿਕ ਪਰੰਪਰਾ ਨੂੰ ਕਾਇਮ ਰੱਖਦਿਆਂ ਪ੍ਰਤਿਸ਼ਠਿਤ ਇੰਡੀਆ ਟੂਡੇ ਐੱਮ ਡੀ ਆਰ ਏ ਬੈਸਟ ਕਾਲਜਿਜ਼ ਸਰਵੇਅ 2026 ਵਿੱਚ ਆਰਟਸ, ਸਾਇੰਸ ਅਤੇ ਕਾਮਰਸ ਸ਼੍ਰੇਣੀਆਂ ਵਿੱਚ ਪੰਜਾਬ ਵਿੱਚ ਨੰਬਰ-1 ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਸਸਥਾ ਨੂੰ ਫੈਸ਼ਨ ਡਿਜ਼ਾਈਨਿੰਗ, ਮਾਸ ਕਮਿਊਨੀਕੇਸ਼ਨ ਅਤੇ ਬੀ ਸੀ ਏ ਪ੍ਰੋਗਰਾਮਾਂ ਲਈ ਵੀ ਦੇਸ਼ ਦੇ ਸਰਵੋਤਮ ਕਾਲਜਾਂ ਵਿੱਚ ਸਥਾਨ ਪ੍ਰਾਪਤ ਹੋਇਆ ਹੈ। ਇਸ ਮਾਣਮੱਤੀ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ





ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਸਮੂਹ ਐੱਚ ਐੱਮ ਵੀ ਪਰਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਸੰਸਥਾ ਦੀ ਨਵੀਨਤਾਕਾਰੀ ਸੋਚ, ਗੁਣਵੱਤਾ ਭਰਪੂਰ ਸਿੱਖਿਆ, ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਅਤੇ ਮੁੱਲ-ਆਧਾਰਿਤ ਸਿੱਖਿਆ ਪ੍ਰਤੀ ਵਚਨਬੱਧਤਾ ਦਾ ਨਤੀਜਾ ਹੈ। ਡਾ. ਖੋਸਲਾ ਨੇ ਡੀ ਏ ਵੀ ਕਾਲਜ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਪਦਮਸ੍ਰੀ ਡਾ. ਪੂਨਮ ਸੂਰੀ ਦਾ ਉਨ੍ਹਾਂ ਦੀ ਦੂਰਅੰਦੇਸ਼ੀ ਅਗਵਾਈ ਅਤੇ ਨਿਰੰਤਰ ਪ੍ਰੇਰਣਾ ਲਈ ਹਾਰਦਿਕ ਧੰਨਵਾਦ ਕੀਤਾ। ਉਨ੍ਹਾਂ ਇਸ ਸਫ਼ਲਤਾ ਵਿੱਚ ਯੋਗਦਾਨ ਪਾਉਣ ਵਾਲੀ ਟੀਮ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ, ਜਿਸ ਵਿੱਚ ਡਾ. ਅੰਜਨਾ ਭਾਟੀਆ (ਨੋਡਲ ਅਫ਼ਸਰ), ਸ੍ਰੀਮਤੀ ਮੀਨੂ ਕੋਹਲੀ, ਡਾ. ਸੰਗੀਤਾ ਅਰੋੜਾ, ਡਾ. ਰਮਾ ਸ਼ਰਮਾ, ਸ੍ਰੀਮਤੀ ਜਯੋਤਿਕਾ, ਸੁਸ਼੍ਰੀ ਸੋਨੀਆ ਮਹੇਂਦਰੂ, ਡਾ. ਰਾਖੀ, ਡਾ. ਮੀਨਾਕਸ਼ੀ ਦੁੱਗਲ, ਡਾ. ਸਿਮੀ, ਡਾ. ਸ਼ੁਚੀ, ਡਾ. ਜੀਵਨ ਅਤੇ ਸ਼੍ਰਮਤੀ ਨਵਨੀਤਾ ਸ਼ਾਮਲ ਹਨ। ਇਸ ਮਾਣਮੱਤੀ ਉਪਲਬਧੀ ਦੀ ਖ਼ੁਸ਼ੀ ਵਿੱਚ ਸਮੂਹ ਐੱਚ ਐੱਮ ਵੀ ਪਰਵਾਰ ਨੇ ਬੜੇ ਉਤਸ਼ਾਹ ਨਾਲ ਜਸ਼ਨ ਮਨਾਇਆ।

# ਸਕੂਲ ਲੈਕਚਰਾਰਾਂ ਦੀ ਭਰਤੀ 'ਚ ਰਾਖਵਾਂਕਰਨ ਵਿਖਾ ਕੇ ਸੋਧਿਆ ਇਸ਼ਤਿਹਾਰ ਜਾਰੀ ਕੀਤਾ ਜਾਵੇ : ਨਵਪ੍ਰੀਤ ਬੱਲੀ

**ਜਲੰਧਰ (ਰਾਜੇਸ਼ ਥਾਪਾ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।ਮੀਟਿੰਗ ਦੀ ਕਾਰਵਾਈ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ ਨੇ ਚਲਾਈ ।ਮੀਟਿੰਗ ਵਿੱਚ ਇਸ ਗੱਲ 'ਤੇ ਵਿਚਾਰ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਲੈਕਚਰਾਰ ਵਿਸ਼ਿਆਂ ਦੀ ਭਰਤੀ ਲਈ 829 ਪੋਸਟਾਂ ਦੇ ਵਿਗਿਆਪਨ/ ਇਸ਼ਤਿਹਾਰ ਜਾਰੀ ਕੀਤੇ ਗਏ ਹਨ ਪਰ ਇਹਨਾਂ ਵਿਗਿਆਪਨਾਂ 'ਚ ਤਕਨੀਕੀ ਗਲਤੀਆਂ ਵੇਖਣ ਨੂੰ ਮਿਲੀਆਂ ਹਨ ਜਿਵੇਂ ਕਿ ਫਿਜ਼ਿਕਸ, ਕਮਿਸਟਰੀ, ਕਮਰਸ, ਅਰਥ ਸ਼ਾਸਤਰ , ਜੀਓਗਰਾਫੀ ਅਤੇ ਪੰਜਾਬੀ ਵਿਸ਼ਿਆਂ ਵਿੱਚ ਰੀਜ਼ਰਵੇਸ਼ਨ ਕੈਟਾਗਰੀਆਂ ਦੀਆਂ ਪੋਸਟਾਂ ਦੀ ਗਿਣਤੀ ਨਹੀਂ ਦਰਸਾਈ ਗਈ। ਇਸ ਤੋਂ ਸਿੱਧ ਹੁੰਦਾ ਹੈ ਕਿ ਸਰਕਾਰ ਪਾੜੋ ਤੇ ਰਾਜ ਕਰੋ ਦੀ ਨੀਤੀ ਨੂੰ ਲਾਗੂ ਕਰਕੇ ਮੁਲਾਜ਼ਮਾਂ ਵਿੱਚ ਫੁੱਟ ਪਾਉਣਾ ਚਾਹੁੰਦੀ ਹੈ ਪਰ ਪੰਜਾਬ ਦੇ ਇਨਸਾਫ਼ ਪਸੰਦ ਲੋਕ ਸਰਕਾਰ ਨੂੰ ਇਸ ਮਨਸੂਬੇ ਵਿੱਚ ਕਾਮਯਾਬ ਨਹੀਂ ਹੋਣ ਦੇਣਗੇ ।ਇਸ਼ਤਿਹਾਰ ਵਿੱਚ ਤੋਂ ਇਲਾਵਾ ਦੂਸਰੀ ਗਲਤੀ ਇਹ ਹੈ ਕਿ ਲੈਕਚਰਾਰ ਦੀ ਪੋਸਟ ਲਈ ਪੋਸਟ ਗ੍ਰੈਜੂਏਸ਼ਨ ਕਲਾਸ ਵਿੱਚ 55% ਨੰਬਰ ਹੋਣੇ ਚਾਹੀਦੇ ਹਨ ਜਦ ਕਿ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪ੍ਰੋਫੈਸਰ ਦੀ ਪਦਵੀ ਲਈ ਜਨਰਲ / ਅਨ ਰੀਜ਼ਰਵੇਸ਼ਨ





ਕੈਟਾਗਰੀਆਂ ਲਈ 55% ਨੰਬਰ ਹੋਣੇ ਚਾਹੀਦੇ ਹਨ ਅਤੇ ਬਾਕੀ ਰੀਜ਼ਰਵੇਸ਼ਨ ਕੈਟਾਗਰੀਆਂ ਲਈ 50% ਨੰਬਰ ਹੋਣੇ ਚਾਹੀਦੇ ਹਨ ਪਰ ਸਿੱਖਿਆ ਵਿਭਾਗ ਪੰਜਾਬ ਵੱਲੋਂ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਦੇ ਨਿਯਮਾਂ ਨੂੰ ਛਿੱਕੇ ਟੰਗ ਕੇ ਸਾਰੇ ਲੈਕਚਰਾਰਾਂ ਲਈ 55% ਨੰਬਰਾਂ ਦੀ ਸ਼ਰਤ ਲਾਗੂ ਕਰ ਦਿੱਤੀ ਗਈ ਹੈ ।ਇਸ ਸ਼ਰਤ ਨਾਲ ਬਹੁਤ ਸਾਰੇ ਵਿਅਕਤੀ ਇਹਨਾਂ ਪੋਸਟਾਂ ਲਈ ਅਪਲਾਈ ਕਰਨ ਤੋਂ ਵਾਂਝੇ ਰਹਿ ਜਾਣਗੇ। ਜਥੇਬੰਦੀ ਪੁਰਜ਼ੋਰ ਸ਼ਬਦਾਂ ਨਾਲ ਨਿਖੇਧੀ ਕਰਦੀ ਹੈ ਅਤੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਕੋਲੋਂ ਮੰਗ ਕੀਤੀ ਜਾਂਦੀ ਹੈ ਕਿ ਵਿਗਿਆਪਨਾਂ 'ਚ ਸੋਧ ਕੀਤੀ ਜਾਵੇ ਅਤੇ ਹਰੇਕ ਵਰਗ ਨੂੰ ਬਣਦਾ ਸੰਵਿਧਾਨਿਕ ਹੱਕ ਦਿੱਤਾ ਜਾਵੇ ਨਹੀਂ ਤਾਂ ਜਥੇਬੰਦੀ ਇਨਸਾਫ਼ ਪਸੰਦ ਲੋਕਾਂ ਦੇ ਸਹਿਯੋਗ ਨਾਲ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ।ਮੀਟਿੰਗ ਵਿੱਚ ਅਧਿਆਪਕਾਂ ਦੀ ਡਰੱਗ ਜਣਗਣਨਾ ਵਿੱਚ ਜ਼ਬਰਦਸਤੀ ਡਿਊਟੀ ਲਗਾਉਣ ਦਾ ਵੀ ਸਖ਼ਤ ਨੋਟਿਸ ਲਿਆ ਗਿਆ।ਸਥਾਨਕ ਸਿਵਲ ਪ੍ਰਸ਼ਾਸਨ ਵੱਲੋਂ ਅਧਿਆਪਕਾਂ ਨੂੰ ਟੈਲੀਫ਼ੋਨ ਤੇ ਇਹਨਾਂ ਡਿਊਟੀਆਂ ਲਈ ਧਮਕਾਉਣ ਦੀ ਅਲੋਚਨਾ ਕੀਤੀ ਗਈ।ਇਸ ਮੌਕੇ ਵਿੱਤ ਸਕੱਤਰ ਸੋਮ ਸਿੰਘ, ਸੀਨੀਅਰ ਮੀਤ ਪ੍ਰਧਾਨ ਪਰਗਟ ਸਿੰਘ ਜੰਬਰ,ਜਥੇਬੰਦਕ ਸਕੱਤਰ ਕੰਵਲਜੀਤ ਸੰਗੋਵਾਲ,ਮੀਤ ਪ੍ਰਧਾਨ ਜਤਿੰਦਰ ਸਿੰਘ ਸੋਨੀ,ਗੁਰਮੀਤ ਸਿੰਘ ਖਾਲਸਾ, ਪ੍ਰੈੱਸ ਸਕੱਤਰ ਨਰਾਇਣ ਦੱਤ ਤਿਵਾੜੀ, ਜਗਜੀਤ ਸਿੰਘ ਮਾਲੋਵਾਲ, ਤੇਜਬੀਰ ਤੇਜੀ ਮਾਲੋਵਾਲ, ਰਮਨ ਕੁਮਾਰ ਗੁਪਤਾ, ਲੈਕਚਰਾਰ ਅਸ਼ਵਨੀ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਸਨ ।ਇਹ ਜਾਣਕਾਰੀ ਪ੍ਰੈੱਸ ਨੂੰ ਸੂਬਾ ਪ੍ਰੈੱਸ ਸਕੱਤਰ ਐਨ.ਡੀ.ਤਿਵਾੜੀ ਨੇ ਪ੍ਰੈੱਸ ਬਿਆਨ ਰਾਹੀਂ ਦਿੱਤੀ।

# ਪੱਤਰਕਾਰ ਗੁਰਬਿੰਦਰ ਸਿੰਘ ਪਲਾਹਾ ਨੂੰ ਸਦਮਾ

**ਵੱਡੇ ਭਰਾ ਮਨਮੀਤ ਸਿੰਘ ਪਲਾਹਾ ਦਾ ਦੇਹਾਂਤ**

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੱਤਰਕਾਰ ਗੁਰਬਿੰਦਰ ਸਿੰਘ ਪਲਾਹਾ ਦੇ ਵੱਡੇ ਭਰਾ ਅਤੇ ਰੇਲ ਕੋਚ ਫੈਕਟਰੀ ਕਪੂਰਥਲਾ ਦੇ ਸੀਨੀਅਰ ਟੈਕਨੀਸ਼ੀਅਨ (ਰੂਫ ਸੈਕਸ਼ਨ) ਮਨਮੀਤ ਸਿੰਘ ਪਲਾਹਾ (56) ਸਪੁੱਤਰ ਦਰਸ਼ਨ ਸਿੰਘ ਪਲਾਹਾ ਬੀਤੇ ਦਿਨੀਂ ਅਕਾਲ ਪੁਰਖ ਵੱਲੋਂ ਬਖ਼ਸ਼ੀ ਹੋਈ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ?ਉਨ੍ਹਾਂ ਦਾ ਅੰਤਿਮ ਸੰਸਕਾਰ ਹਰਿਆਣਾ ਰੋਡ ਹੁਸ਼ਿਆਰਪੁਰ ਵਿਖੇ ਪੂਰੀਆਂ ਧਾਰਮਿਕ ਰਸਮਾਂ ਅਤੇ ਨਮ ਅੱਖਾਂ ਨਾਲ ਕਰ ਦਿੱਤਾ ਗਿਆ। ?ਇਸ ਤੋਂ ਪਹਿਲਾਂ ਉਨ੍ਹਾਂ ਦੀ ਅੰਤਿਮ ਯਾਤਰਾ ਉਨ੍ਹਾਂ ਦੇ ਗ੍ਰਹਿ ਮੁਹੱਲਾ ਟਿੱਬਾ ਸਾਹਿਬ, ਹੁਸ਼ਿਆਰਪੁਰ ਤੋਂ ਆਰੰਭ ਹੋਈ, ਜਿਸ ਵਿੱਚ ਵੱਡੀ ਗਿਣਤੀ ਚ ਸਾਕ-ਸੰਬੰਧੀਆਂ, ਰਿਸ਼ਤੇਦਾਰਾਂ ਅਤੇ ਇਲਾਕਾ ਨਿਵਾਸੀਆਂ ਤੋਂ ਇਲਾਵਾ ਮੀਡੀਆ ਜਗਤ, ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸਖ਼ਸ਼ੀਅਤਾਂ ਨੇ ਸ਼ਿਰਕਤ ਕੀਤੀ। ਇਸ ਦੁੱਖ ਦੀ ਘੜੀ ਵਿੱਚ ਸਮੂਹ ਪਲਾਹਾ ਪਰਿਵਾਰ ਨਾਲ ਵੱਖ-ਵੱਖ ਰਾਜਨੀਤਿਕ ਧਾਰਮਿਕ, ਸਮਾਜਿਕ ਅਤੇ ਪੱਤਰਕਾਰ ਭਾਈਚਾਰੇ ਦੀਆਂ ਸ਼ਖਸੀਅਤਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਸ.ਮਨਮੀਤ ਸਿੰਘ ਪਲਾਹਾ ਦੀ ਆਤਮਿਕ ਸ਼ਾਂਤੀ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 4 ਜੁਲਾਈ ਦਿਨ ਸ਼ਨੀਵਾਰ ਨੂੰ ਉਨ੍ਹਾਂ ਦੇ ਗ੍ਰਹਿ ਮੁਹੱਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖ਼ੇ ਪੈਣਗੇ ਉਪਰੰਤ ਧੁਰ ਕੀ ਬਾਣੀ ਦਾ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮੁਹੱਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖ਼ੇ ਬਾਅਦ ਦੁਪਿਹਰ 12 ਵਜੇ ਤੋਂ 1:30 ਵਜੇ ਤੱਕ ਹੋਣਗੇ।

## ਲੈਕਚਰਾਰ ਗੌਰੀ ਸ਼ੰਕਰ ਨੂੰ ਇਨਸਾਫ਼ ਦਿਵਾਉਣ ਲਈ ਅਧਿਆਪਕ ਜਥੇਬੰਦੀਆਂ ਦਾ ਵਫਦ ਐੱਸ ਐੱਸ ਪੀ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿਛਲੀ 29 ਮਈ ਨੂੰ ਮੋਗਾ ਨਗਰ ਨਿਗਮ ਚੋਣਾਂ ਦੇ ਨਤੀਜੇ ਵਾਲੇ ਦਿਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਧਨੀ ਕਲਾਂ (ਮੁੰਡੇ) ਦੇ ਲੈਕਚਰਾਰ ਗੌਰੀ ਸ਼ੰਕਰ ਐੱਸ.ਐੱਸ.ਪੀ. ਮੋਗਾ ਦੀ ਰਿਹਾਇਸ਼ ਕੋਲ ਲੰਘ ਰਹੇ ਸਨ ਕਿ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਚਲਾਈ ਗੋਲੀ ਉਨ੍ਹਾਂ ਦੀ ਬਾਂਹ ਵਿੱਚ ਲਗ ਗਈ ਸੀ, ਜਿਸ 'ਤੇ ਉਹ ਆਪਣੇ ਸਕੂਟਰ ਤੋਂ ਹੇਠਾਂ ਡਿੱਗ ਗਏ ਤੇ ਸਿਟੀ ਪੁਲਸ ਮੋਗਾ ਵੱਲੋਂ ਤੁਰੰਤ ਉਨ੍ਹਾਂ ਨੂੰ ਸਿਵਲ ਹਸਪਤਾਲ ਮੋਗਾ ਦਾਖਲ ਕਰਵਾਇਆ ਗਿਆ, ਜਿੱਥੋਂ ਉਨ੍ਹਾਂ ਨੂੰ ਲੁਧਿਆਣਾ ਰੈਫਰ ਕਰ ਦਿੱਤਾ ਗਿਆ। ਜਿੱਥੇ ਉਨ੍ਹਾਂ ਦੀਪ ਹਸਪਤਾਲ ਤੋਂ ਆਪਣਾ ਇਲਾਜ ਕਰਵਾਇਆ। ਇਲਾਜ ਦੌਰਾਨ ਉਨ੍ਹਾਂ ਦਾ ਕਾਫ਼ੀ ਖਰਚ ਆਇਆ ਤੇ ਮੋਗਾ ਪੁਲਸ ਉਨ੍ਹਾਂ ਦੀ ਬਾਂਹ ਵਿਚਲੀ ਗੋਲੀ ਹਸਪਤਾਲ ਤੋਂ ਲੈ ਵੀ ਆਈ ਸੀ।ਉਨ੍ਹਾਂ ਵੱਲੋਂ ਪੁਲਸ ਕੋਲ ਐੱਫ.ਆਈ ਆਰ. ਦਰਜ ਕਰਵਾਉਣ ਤੇ ਇਕ ਮਹੀਨਾ ਬੀਤ ਜਾਣ ਦੇ ਬਾਵਜੂਦ ਪੁਲਸ ਕਿਸੇ ਦੋਸ਼ੀ ਵਿਅਕਤੀ ਨੂੰ ਲੱਭ ਨਹੀਂ ਸਕੀ।ਅਧਿਆਪਕ ਸਾਥੀ ਨੂੰ ਇਨਸਾਫ਼ ਦਿਵਾਉਣ ਲਈ ਡੀ. ਟੀ. ਐੱਫ. ਪੰਜਾਬ ਤੇ ਅਧਿਆਪਕ ਦਲ ਪੰਜਾਬ ਦਾ ਸਾਂਝਾ ਵਫਦ ਦਿਗਵਿਜੇਪਾਲ ਸ਼ਰਮਾ ਦੀ ਅਗਵਾਈ ਵਿੱਚ ਐੱਸ. ਐੱਸ. ਪੀ. ਮੋਗਾ ਦੇ ਰੀਡਰ ਨੂੰ ਮਿਲਿਆ ਤੇ ਅਧਿਆਪਕ ਗੌਰੀ ਸ਼ੰਕਰ ਨੂੰ ਇਨਸਾਫ਼ ਦਿਵਾਉਣ ਲਈ ਤੁਰੰਤ ਪੜਤਾਲ ਲਗਵਾਈ ਗਈ। ਆਗੂਆਂ ਨੇ ਕਿਹਾ ਕਿ ਜੇਕਰ ਪੀੜਤ ਅਧਿਆਪਕ ਨੂੰ ਇਨਸਾਫ਼ ਨਾ ਮਿਲਿਆ ਤਾਂ ਜਥੇਬੰਦੀਆਂ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਇਸ ਸਮੇਂ ਪੀੜਤ ਅਧਿਆਪਕ ਗੌਰੀ ਸ਼ੰਕਰ, ਗੁਰਮੀਤ ਸਿੰਘ ਝੋਰੜਾ, ਅਮਨਦੀਪ ਮਾਛੀਕੇ, ਗੁਰਜੀਤ ਸਿੰਘ ਮਾਛੀਕੇ, ਜਤਿੰਦਰਪਾਲ ਖੋਸਾ, ਸਵਰਨ ਦਾਸ, ਤੇਜਿੰਦਰ ਸਿੰਘ, ਇੰਦਰਜੀਤ ਸਿੰਘ, ਕਿਰਨਦੀਪ ਸਿੰਘ, ਨਰਿੰਦਰ ਸਿੰਘ, ਸੁਰਿੰਦਰ ਸਿੰਘ, ਜਸਵੀਰ ਸਿੰਘ ਡਾਲਾ ਆਦਿ ਅਧਿਆਪਕ ਹਾਜ਼ਰ ਸਨ।

## ਨਗਰ ਕੌਂਸਲ ਸੁਨਾਮ ਵੱਲੋਂ ਸਫਾਈ ਅਭਿਆਨ ਜਾਰੀ

### ਇੱਧਰ-ਉੱਧਰ ਕੂੜਾ ਸੁੱਟਣ ਵਾਲਿਆਂ 'ਤੇ ਹੋਵੇਗੀ ਕਾਰਵਾਈ : ਯਾਦਵਿੰਦਰ ਨਿਰਮਾਣ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਦੇ ਮੰਤਵ ਨਾਲ ਨਗਰ ਕੌਂਸਲ ਵੱਲੋਂ ਚਲਾਇਆ ਜਾ ਰਿਹਾ ਵਿਸ਼ੇਸ਼ ਸਫਾਈ ਅਭਿਆਨ ਦੂਜੇ ਦਿਨ ਵੀ ਪੂਰੇ ਜੋਸ਼ ਨਾਲ ਜਾਰੀ ਰਿਹਾ।ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਰਜਕਾਰੀ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ ਦੀ ਅਗਵਾਈ ਹੇਠ ਸਫਾਈ ਕਰਮਚਾਰੀਆਂ ਨੇ ਸਟੇਡੀਅਮ ਰੋਡ, ਜਾਖਲ ਰੋਡ, ਆਈ ਟੀ ਆਈ ਚੌਕ ਤੱਕ ਵਿਸ਼ੇਸ਼ ਸਫਾਈ ਮੁਹਿੰਮ ਚਲਾਈ।ਇਸ ਮੌਕੇ ਕਾਰਜਕਾਰੀ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ ਨੇ ਸ਼ਹਿਰ ਵਾਸੀਆਂ ਨੂੰ ਸਫਾਈ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਹਰ ਨਾਗਰਿਕ ਆਪਣੇ ਆਸ-ਪਾਸ ਦੀ ਸਫਾਈ ਦਾ ਧਿਆਨ ਰੱਖੇ ਤੇ ਘਰੇਲੂ ਕੂੜਾ ਨਗਰ ਕੌਂਸਲ ਵੱਲੋਂ ਨਿਰਧਾਰਤ ਥਾਵਾਂ ਜਾਂ ਵਾਰਡ ਵਾਈਜ਼ ਕੂੜਾ ਇਕੱਠਾ ਕਰਨ ਵਾਲੀਆਂ ਗੱਡੀਆਂ ਵਿੱਚ ਹੀ ਪਾਇਆ ਜਾਵੇ।ਉਨ੍ਹਾਂ ਦੱਸਿਆ ਕਿ ਸਫਾਈ ਮੁਹਿੰਮ ਤਹਿਤ ਸਫਾਈ ਟੀਮਾਂ ਨੂੰ ਦੋ ਭਾਵਾਂ ਵਿੱਚ ਵੰਡਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਸ਼ਹਿਰ ਨੂੰ ਸਾਫ਼-ਸੁਥਰਾ ਰੱਖਿਆ ਜਾ ਸਕਦਾ ਹੈ ਤੇ ਬਿਮਾਰੀਆਂ ਤੋਂ ਵੀ ਬਚਾਅ ਸੰਭਵ ਹੋਊਗਾ।ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼ ਤੇ ਸੁੰਦਰ ਬਣਾਉਣ ਲਈ ਨਗਰ ਕੌਂਸਲ ਵਚਨਬੱਧ ਹੈ ਤੇ ਇਸ ਮੁਹਿੰਮ ਨੂੰ ਅਗਾਂਹ ਵਾਲੇ ਦਿਨਾਂ ਵਿੱਚ ਵੀ ਜਾਰੀ ਰੱਖਿਆ ਜਾਵੇਗਾ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਜਨਤਕ ਥਾਵਾਂ 'ਤੇ ਕੂੜਾ ਸੁੱਟਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਨਗਰ ਕੌਂਸਲ ਵੱਲੋਂ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਯਾਦਵਿੰਦਰ ਸਿੰਘ ਨਿਰਮਾਣ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਨਗਰ ਕੌਂਸਲ ਵੱਲੋਂ ਜਲਦ ਹੀ ਇੱਕ ਆਨਲਾਈਨ ਸ਼ਿਕਾਇਤ ਪ੍ਰਣਾਲੀ ਤੇ ਵਿਸ਼ੇਸ਼ ਮੋਬਾਈਲ ਨੰਬਰ ਜਾਰੀ ਕੀਤਾ ਜਾਵੇਗਾ, ਜਿਸ ਰਾਹੀਂ ਸ਼ਹਿਰ ਵਾਸੀ ਆਪਣੀਆਂ ਸ਼ਿਕਾਇਤਾਂ ਤੇ ਸੁਝਾਅ ਆਸਾਨੀ ਨਾਲ ਦਰਜ ਕਰਵਾ ਸਕਣਗੇ, ਤਾਂ ਜੋ ਨਾਗਰਿਕ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਤੇ ਪਾਰਦਰਸ਼ੀ ਬਣਾਇਆ ਜਾ ਸਕੇ।ਇਸ ਮੌਕੇ ਭਾਨੂੰ ਪ੍ਰਤਾਪ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



## ਪੰਚਾਂ ਤੇ ਕੌਂਸਲਰਾਂ ਦੇ ਭੱਤੇ ਵੀ ਵਧਾਏ ਜਾਣ : ਹਰਪ੍ਰੀਤ ਬਾਜਵਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਸਰਪੰਚਾਂ ਦੇ ਮਾਣ-ਭੱਤੇ ਵਿੱਚ ਵਾਧੇ ਦੇ ਐਲਾਨ ਤੋਂ ਬਾਅਦ ਹੁਣ ਪੰਚਾਂ ਅਤੇ ਨਗਰ ਕੌਂਸਲਾਂ ਦੇ ਕੌਂਸਲਰਾਂ ਦੇ ਭੱਤੇ ਵਧਾਉਣ ਦੀ ਮੰਗ ਵੀ ਉੱਠਣ ਲੱਗੀ ਹੈ। ਕਾਂਗਰਸ ਪਾਰਟੀ ਦੇ ਨੈਸ਼ਨਲ ਕੋਆਰਡੀਨੇਟਰ ਅਤੇ ਭਵਾਨੀਗੜ੍ਹ ਤੋਂ ਕੌਂਸਲਰ ਹਰਪ੍ਰੀਤ ਸਿੰਘ ਬਾਜਵਾ ਨੇ ਕਿਹਾ ਕਿ ਸਰਪੰਚਾਂ ਦੇ ਭੱਤੇ ਵਧਾਉਣਾ ਇੱਕ ਸਵਾਗਤਯੋਗ ਕਦਮ ਹੈ, ਪਰ ਸਰਕਾਰ ਨੂੰ ਸਥਾਨਕ ਸਰਕਾਰਾਂ ਦੇ ਹੋਰ ਚੁਣੇ ਹੋਏ ਨੁਮਾਇੰਦਿਆਂ ਨਾਲ ਵੀ ਇੱਕੋ ਜਿਹਾ ਵਿਵਹਾਰ ਕਰਨਾ ਚਾਹੀਦਾ ਹੈ।ਬਾਜਵਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਵਿੱਚ ਪੰਚਾਂ ਦੀ ਅਤੇ ਕਸਬਿਆਂ ਤੇ ਸ਼ਹਿਰਾਂ ਦੇ ਵਿਕਾਸ ਵਿੱਚ ਕੌਂਸਲਰਾਂ ਦੀ ਵੀ ਅਹਿਮ ਭੂਮਿਕਾ ਹੁੰਦੀ ਹੈ।ਉਹ ਵੀ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਕੰਮ ਕਰਦੇ ਹਨ, ਇਸ ਲਈ ਉਨ੍ਹਾਂ ਦੇ ਮਾਣ-ਭੱਤੇ ਵਿੱਚ ਵੀ ਵਾਧਾ ਕੀਤਾ ਜਾਣਾ ਚਾਹੀਦਾ ਹੈ। ਬਾਜਵਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕਰਦਿਆਂ ਮੰਗ ਕੀਤੀ ਹੈ ਕਿ ਸਰਪੰਚਾਂ ਦੇ ਨਾਲ-ਨਾਲ ਪੰਚਾਂ ਅਤੇ ਕੌਂਸਲਰਾਂ ਦੇ ਭੱਤਿਆਂ ਵਿੱਚ ਵੀ ਇੱਕੋ ਤਰਜ਼ 'ਤੇ ਵਾਧਾ ਕੀਤਾ ਜਾਵੇ।

## ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਯਾਦਵਿੰਦਰ ਨੇ ਮਹਾਰਾਜਾ ਅਗਰਸੈਨ ਦਾ ਲਿਆ ਆਸ਼ੀਰਵਾਦ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਥਾਨਕ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ (ਸੀਨੀ. ਮੀਤ ਪ੍ਰਧਾਨ) ਦੇ ਅਹੁਦਾ ਸੰਭਾਲਣ ਉਪਰੰਤ ਅਗਰਸੈਨ ਚੌਕ ਵਿਖੇ ਪਹੁੰਚ ਕੇ ਮਹਾਰਾਜਾ ਅਗਰਸੈਨ ਜੀ ਦੀ ਪ੍ਰਤਿਮਾ ਅੱਗੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਅਗਰਵਾਲ ਸਭਾ ਸੁਨਾਮ ਵੱਲੋਂ ਯਾਦਵਿੰਦਰ ਸਿੰਘ ਨਿਰਮਾਣ ਦਾ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਨੂੰ ਨਗਰ ਕੌਂਸਲ ਦਾ ਸੀਨੀਅਰ ਮੀਤ ਪ੍ਰਧਾਨ ਬਣਨ 'ਤੇ ਹਾਰਦਿਕ ਵਧਾਈਆਂ ਦਿੱਤੀਆਂ।ਅਗਰਵਾਲ ਸਭਾ ਸੁਨਾਮ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਏ ਇਸ ਪ੍ਰੋਗਰਾਮ ਦੌਰਾਨ ਸਭਾ ਅਹੁਦੇਦਾਰਾਂ ਨੇ ਕਿਹਾ ਕਿ ਯਾਦਵਿੰਦਰ ਸਿੰਘ ਨਿਰਮਾਣ ਦੇ ਇਸ ਅਹੁਦੇ 'ਤੇ ਨਿਯੁਕਤ ਹੋਣ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ।ਉਨ੍ਹਾਂ ਕਿਹਾ ਕਿ ਯਾਦਵਿੰਦਰ ਸਿੰਘ ਨਿਰਮਾਣ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਨਿਭਾਉਂਦੇ ਹੋਏ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ।ਇਸ ਮੌਕੇ ਅਗਰਵਾਲ ਸਭਾ ਦੇ ਮੈਂਬਰਾਂ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਯਾਦਵਿੰਦਰ ਸਿੰਘ ਨਿਰਮਾਣ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।ਇਸ ਸਮੇਂ ਯਾਦਵਿੰਦਰ ਸਿੰਘ ਨਿਰਮਾਣ ਨੇ ਆਖਿਆ ਕਿ ਅਗਰਵਾਲ ਸਮਾਜ ਵੱਲੋਂ ਉਹਨਾਂ ਨੂੰ ਦਿੱਤੇ ਮਾਣ-ਸਨਮਾਨ ਲਈ ਹਮੇਸ਼ਾ ਧੰਨਵਾਦੀ ਰਹਿਣਗੇ।

## ਬਾਬਾ ਸਾਹਿਬ ਦਾਸ ਬਿਰਧ ਆਸ਼ਰਮ ਘਰਾਚੋਂ ਵਿਖੇ ਮੈਡੀਕਲ ਕੈਂਪ



**ਭਵਾਨੀਗੜ੍ਹ (ਰਾਜ ਖੁਰਮੀ)**-ਬਾਬਾ ਸਾਹਿਬ ਦਾਸ ਬਿਰਧ ਆਸ਼ਰਮ ਘਰਾਂਚੋਂ ਵਿਖੇ ਲੋੜਵੰਦ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਵਿਸ਼ੇਸ਼ ਮੈਡੀਕਲ ਕੈਂਪ ਲਾਇਆ ਗਿਆ।ਕੈਂਪ ਦੌਰਾਨ ਆਸ਼ਰਮ ਵਿੱਚ ਰਹਿ ਰਹੇ ਸਾਰੇ ਬਜ਼ੁਰਗਾਂ ਦਾ ਸਿਹਤ ਚੈੱਕਅਪ ਕੀਤਾ ਗਿਆ ਤੇ ਲੋੜ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।ਜਿਨ੍ਹਾਂ ਬਜ਼ੁਰਗਾਂ ਦੀ ਸਿਹਤ ਸਬੰਧੀ ਹੋਰ ਜਾਂਚ ਦੀ ਲੋੜ ਮਹਿਸੂਸ ਹੋਈ, ਉਨ੍ਹਾਂ ਨੂੰ ਅਗਲੇ ਇਲਾਜ ਤੇ ਟੈਸਟਾਂ ਲਈ ਭਵਾਨੀਗੜ੍ਹ ਰੈਫਰ ਕੀਤਾ ਗਿਆ।ਇਸ ਮੌਕੇ ਬਿਰਧ ਆਸ਼ਰਮ ਦੇ ਚੇਅਰਮੈਨ ਡਾ. ਅਵਿਨਾਸ਼ ਰਾਣਾ ਨੇ ਦੱਸਿਆ ਕਿ ਆਸ਼ਰਮ ਵਿੱਚ ਹਰ 15 ਦਿਨਾਂ ਬਾਅਦ ਨਿਯਮਿਤ ਤੌਰ 'ਤੇ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ, ਤਾਂ ਜੋ ਬਜ਼ੁਰਗਾਂ ਦੀ ਸਿਹਤ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਸਕੇ ਤੇ ਸਮੇਂ ਸਿਰ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਉਪਲਬਧ ਕਰਵਾਈਆਂ ਜਾ ਸਕਣ।ਮੈਡੀਕਲ ਅਫ਼ਸਰ ਡਾ. ਨਵਜੋਤ ਸਿੰਘ ਘੁੰਮਣ ਨੇ ਕਿਹਾ ਕਿ ਆਸ਼ਰਮ ਵਿੱਚ ਲੋੜ ਅਨੁਸਾਰ ਸਰਕਾਰ ਵੱਲੋਂ ਸਾਰੀਆਂ ਜ਼ਰੂਰੀ ਦਵਾਈਆਂ ਉਪਲਬਧ ਕਰਵਾਈਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਜਿਨ੍ਹਾਂ ਬਜ਼ੁਰਗਾਂ ਨੂੰ ਵਾਧੂ ਜਾਂਚਾਂ ਦੀ ਲੋੜ ਹੁੰਦੀ ਹੈ, ਉਨ੍ਹਾਂ ਦੇ ਲੋੜੀਂਦੇ ਟੈਸਟ ਵੀ ਕਰਵਾਏ ਜਾਂਦੇ ਹਨ ਤਾਂ ਜੋ ਉਨ੍ਹਾਂ ਨੂੰ ਬਿਹਤਰ ਸਿਹਤ ਸਹੂਲਤਾਂ ਮਿਲ ਸਕਣ।ਇਸ ਮੌਕੇ ਆਸ਼ਰਮ ਦੀ ਸੁਪਰਡੈਂਟ ਲਵਕਿਰਨ ਸ਼ਰਮਾ, ਮਨਜੀਤ ਕੌਰ, ਅਮਨਦੀਪ ਕੌਰ, ਅਰਸ਼ਪ੍ਰੀਤ ਸਿੰਘ ਸਮੇਤ ਆਸ਼ਰਮ ਦਾ ਸਮੂਹ ਸਟਾਫ ਤੇ ਵੱਡੀ ਗਿਣਤੀ ਵਿੱਚ ਬਜ਼ੁਰਗ ਹਾਜ਼ਰ ਸਨ।

## 6ਵੇਂ ਪੇਅ ਕਮਿਸ਼ਨ ਦੇ ਬਕਾਏ ਨਾ ਮਿਲਣ ਬਾਰੇ ਮਹੀਨੇਵਾਰ ਮੀਟਿੰਗ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਪ੍ਰਧਾਨ ਜੈ ਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਪੈਨਸ਼ਨ ਦਫ਼ਤਰ ਵਿੱਚ ਹੋਈ।ਬੁਲਾਰਿਆਂ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਬਹੁਤ ਸਾਰੇ ਪੈਨਸ਼ਨਰਜ਼ ਅਤੇ ਫੈਮਲੀ ਪੈਨਸ਼ਨਰਜ਼ ਨੂੰ 6 ਵੇਂ ਪੇਅ ਕਮਿਸ਼ਨ ਦੇ ਬਕਾਏ ਨਹੀਂ ਦਿੱਤੇ ਜਾ ਰਹੇ।ਇਸ ਤੋਂ ਇਲਾਵਾ ਸਰਕਾਰ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਬਕਾਏ 18 ਪ੍ਰਤੀਸ਼ਤ ਡੀ.ਏ ਦੇਣ ਦੇ ਫੈਸਲੇ ਨੂੰ ਵੀ ਟਿੱਚ ਸਮਝ ਰਹੀ ਹੈ।ਬੁਲਾਰਿਆਂ ਨੇ ਸਰਕਾਰ ਵੱਲੋਂ ਜਾਰੀ ਕੀਤੇ ਪੈਨਸ਼ਨ ਪੋਰਟਲ ਦੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਸ ਨੂੰ ਤੁਰੰਤ ਬੰਦ ਕੀਤਾ ਜਾਵੇ ਤਾਂ ਜੁ ਬਿਰਧ ਪੈਨਸ਼ਨਰਜ਼, ਫੈਮਲੀ ਪੈਨਸ਼ਨਰਜ਼ ਨੂੰ ਬਣਦੇ ਬਕਾਏ ਤੁਰੰਤ ਜਾਰੀ ਕਰਕੇ ਖੱਜਲ ਖੁਆਰੀ ਤੋਂ ਬਚਾਇਆ ਜਾਵੇ।ਪੈਨਸ਼ਨਰਜ਼ ਦੀ ਮੁੱਖ ਮੰਗ 2.59 ਦਾ ਗੁਣਾਕ, ਪੇਅ ਕਮਿਸ਼ਨ ਦਾ ਬਕਾਇਆ ਕਿਸ਼ਤਾਂ ਦੀ ਵਜਾਏ ਯਕਮੁਕਤ ਇੱਕ ਕਿਸ਼ਤ ਵਿੱਚ ਦੇਣ ਦੀ ਪੁਰਜ਼ੋਰ ਮੰਗ ਕੀਤੀ ਗਈ।

## ਐਤੀਆਨਾ ਵਾਸੀਆਂ ਨੇ ਮੁੱਖ ਮੰਤਰੀ ਨੂੰ ਮੰਗ-ਪੱਤਰ ਸੌਂਪਿਆ



**ਰਾਏਕੋਟ (ਸੰਤੋਖ ਗਿੱਲ)**-ਕੌਮਾਂਤਰੀ ਹਵਾਈ ਅੱਡਾ ਹਲਵਾਰਾ ਦੇ ਨਿਰਮਾਣ ਲਈ 161 ਏਕੜ ਜ਼ਮੀਨ ਦੇਣ ਵਾਲੇ ਪਿੰਡ ਐਤੀਆਨਾ ਵਾਸੀਆਂ ਨੇ ਦੁਨੀਆ ਦੇ ਨਕਸ਼ੇ ਤੋਂ ਪਿੰਡ ਦਾ ਨਾਮ ਗ਼ਾਇਬ ਹੋਣ ਦਾ ਖ਼ਦਸ਼ਾ ਜ਼ਾਹਿਰ ਕਰਦਿਆਂ ਸ਼ਨੀਵਾਰ ਬਾਅਦ ਦੁਪਹਿਰ ਸਾਬਕਾ ਸਰਪੰਚ ਲਖਵੀਰ ਸਿੰਘ ਦੀ ਅਗਵਾਈ ਹੇਠ ਪਿੰਡ ਵਾਸੀਆਂ ਦੇ ਵਫ਼ਦ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕੀਤੀ।ਹਲਕਾ ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਦੇ ਉਚੇਚੇ ਯਤਨਾਂ ਸਦਕਾ ਇਹ ਮੁਲਾਕਾਤ ਸੰਭਵ ਹੋ ਸਕੀ ਸੀ।ਸਾਬਕਾ ਸਰਪੰਚ ਲਖਵੀਰ ਸਿੰਘ, ਗੁਰਮੀਤ ਸਿੰਘ ਗਿੱਲ, ਦਲਜੀਤ ਸਿੰਘ ਅਤੇ ਇੰਦਰਜੀਤ ਸਿੰਘ ਸਿੱਧੂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿੱਜੀ ਸਕੱਤਰ ਸਿਮਰਦੀਪ ਸਿੰਘ ਨੂੰ ਮੰਗ-ਪੱਤਰ ਸੌਂਪਿਆ।ਸਿਵਲ ਟਰਮੀਨਲ ਦੀ ਉਸਾਰੀ ਲਈ ਸਾਰੀ ਜ਼ਮੀਨ ਦੇਣ ਵਾਲੇ ਪਿੰਡ ਦਾ ਨਾਮ ਵੀ ਕੌਮਾਂਤਰੀ ਹਵਾਈ ਅੱਡੇ ਨਾਮ ਵਿੱਚੋਂ ਗ਼ਾਇਬ ਹੋਣ 'ਤੇ ਪਿੰਡ ਵਾਸੀਆਂ ਨੇ ਰੋਸ ਪ੍ਰਗਟਾਇਆ ਹੈ।ਪਿੰਡ ਵਾਸੀਆਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਪਹਿਲਾਂ ਹੀ ਵੱਡੇ ਪੱਧਰ 'ਤੇ ਪਿੰਡ ਦੀ ਜ਼ਮੀਨ ਹਵਾਈ ਅੱਡੇ ਲਈ ਗ੍ਰਹਿਣ ਕੀਤੀ ਗਈ ਹੈ ਅਤੇ ਜੇਕਰ ਭਵਿੱਖ ਵਿੱਚ ਹੋਰ ਜ਼ਮੀਨ ਗ੍ਰਹਿਣ ਕੀਤੀ ਗਈ ਤਾਂ ਪਿੰਡ ਦੀ ਭੂਗੋਲਿਕ ਪਛਾਣ ਹੀ ਖ਼ਤਮ ਹੋ ਸਕਦੀ ਹੈ।ਉਨ੍ਹਾਂ ਹਵਾਈ ਅੱਡੇ ਦਾ ਨਾਮ 'ਸ਼ਹੀਦ ਕਰਤਾਰ ਸਿੰਘ ਸਰਾਭਾ ਕੌਮਾਂਤਰੀ ਹਵਾਈ ਅੱਡਾ ਐਤੀਆਨਾ' ਰੱਖਣ ਦੀ ਮੰਗ ਕੀਤੀ।ਪਿੰਡ ਦੇ ਨੌਜਵਾਨਾਂ ਨੂੰ ਹਵਾਈ ਅੱਡੇ ਵਿੱਚ ਰੁਜ਼ਗਾਰ ਲਈ ਪਹਿਲ ਦੇਣ, ਸਰਕਾਰੀ ਹਾਈ ਸਕੂਲ ਨੂੰ ਸੀਨੀਅਰ ਸੈਕੰਡਰੀ ਪੱਧਰ 'ਤੇ ਅਪਗ੍ਰੇਡ ਕਰਨ, ਆਧੁਨਿਕ ਖੇਡ ਮੈਦਾਨ ਅਤੇ ਐਨ.ਸੀ.ਸੀ. ਯੂਨਿਟ ਦੀ ਸਥਾਪਨਾ ਤੋਂ ਇਲਾਵਾ ਪਿੰਡ ਦੇ ਵਿਕਾਸ ਲਈ 2 ਕਰੋੜ ਦੀ ਗ੍ਰਾਂਟ ਦੇਣ ਦੀ ਵੀ ਮੰਗ ਕੀਤੀ ਹੈ।ਸਾਬਕਾ ਸਰਪੰਚ ਲਖਬੀਰ ਸਿੰਘ ਅਨੁਸਾਰ ਮੁੱਖ ਮੰਤਰੀ ਮਾਨ ਨੇ ਸਾਰੀਆਂ ਮੰਗਾਂ ਬਾਰੇ ਭਰੋਸਾ ਦਿੱਤਾ ਹੈ। ਹਲਵਾਰਾ ਹਵਾਈ ਅੱਡੇ ਉਪਰ ਹਲਕਾ ਵਿਧਾਇਕ ਹਾਕਮ ਸਿੰਘ ਠੇਕੇਦਾਰ ਦੀ ਅਗਵਾਈ ਵਿੱਚ ਪ੍ਰਮੁੱਖ ਪਾਰਟੀ ਆਗੂਆਂ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਸਵਾਗਤ ਕੀਤਾ।ਇਸ ਮੌਕੇ ਪਨਗਰੇਨ ਦੇ ਚੇਅਰਮੈਨ ਪ੍ਰੋਫੈਸਰ ਤੇਜਪਾਲ ਸਿੰਘ ਗਿੱਲ, ਬਲਾਕ ਪ੍ਰਧਾਨ ਰਮੇਸ਼ ਜੈਨ ਤੋਂ ਇਲਾਵਾ ਹੋਰ ਅਹਿਮ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਕੌਂਸਲਰ ਸੁਖਵੀਰ ਸਿੰਘ ਰਾਏ ਦਾ ਵਿਸ਼ੇਸ਼ ਸਨਮਾਨ




**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਨਗਰ ਕੌਂਸਲ ਰਾਏਕੋਟ ਨਵੇਂ ਚੁਣੇ ਕੌਂਸਲਰ ਸੁਖਵੀਰ ਸਿੰਘ ਰਾਏ ਨੂੰ ਸੀ ਪੀ ਆਈ (ਐੱਮ) ਦੇ ਆਗੂਆਂ ਵੱਲੋਂ ਪਾਰਟੀ ਦਫਤਰ ਵਿਖੇ ਕਾਮਰੇਡ ਬਲਜੀਤ ਸਿੰਘ ਗਰੇਵਾਲ ਸੂਬਾ ਜਨਰਲ ਸਕੱਤਰ ਕਿਸਾਨ ਸਭਾ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕੌਂਸਲਰ ਸੁਖਵੀਰ ਸਿੰਘ ਰਾਏ ਨੇ ਸੀਪੀਆਈ ਐੱਮ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਂਦੇ ਹੋਏ ਉਨ੍ਹਾਂ ਦੇ ਹੱਕ ਵਿੱਚ ਫੱਤਵਾ ਦੇ ਕੇ ਜੋ ਉਨ੍ਹਾਂ ਨੂੰ ਮਾਣ ਬਖਸ਼ਿਆ ਹੈ, ਉਹ ਹਮੇਸ਼ਾ ਉਨ੍ਹਾਂ ਦੇ ਰਿਣੀ ਰਹਿਣਗੇ ਅਤੇ ਸਮੂਹ ਕੌਂਸਲਰਾਂ ਦੇ ਸਹਿਯੋਗ ਨਾਲ ਸ਼ਹਿਰ ਦੇ ਵਿਕਾਸ ਕਾਰਜ ਕਰਵਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਮੌਕੇ ਤਹਿਸੀਲ ਸਕੱਤਰ ਹਰਪਾਲ ਸਿੰਘ ਭੈਣੀ, ਰਣਧੀਰ ਸਿੰਘ ਢੇਸੀ, ਮਾਸਟਰ ਫਕੀਰ ਚੰਦ ਦੱਧਾਹੂਰ, ਮਾਸਟਰ ਮੁਖਤਿਆਰ ਸਿੰਘ ਜਲਾਲਦੀਵਾਲ, ਪਰਮਿੰਦਰ ਸਿੰਘ ਗਰੇਵਾਲ ਸਮੇਤ ਹੋਰ ਅਹੁਦੇਦਾਰ ਹਾਜ਼ਰ ਸਨ।

## ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੀ ਧਾਰਮਿਕ ਸੰਸਥਾ ਜੈ ਮਾਤਾ ਚਿੰਤਪੁਰਣੀ, ਜੈ ਮਾਂ ਜਵਾਲਾ ਜੀ ਬੱਸ ਸੇਵਾ ਸੰਘ ਗਿੱਦੜਬਾਹਾ ਵੱਲੋਂ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ 58ਵੀਂ ਬੱਸ ਨੂੰ ਮਾਤਾ ਚਿੰਤਪੁਰਣੀ ਮਾਂ ਜਵਾਲਾ ਜੀ ਤੇ ਡੇਰਾ ਨਕੋਦਰ ਦੇ ਦਰਸ਼ਨਾਂ ਲਈ ਸੰਸਥਾ ਦੇ ਪ੍ਰਧਾਨ ਡਾ. ਅਨਿਲ ਗਰਗ ਦੀ ਅਗਵਾਈ ਵਿੱਚ ਰਵਾਨਾ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਅਨਿਲ ਗਰਗ ਨੇ ਦੱਸਿਆ ਕਿ ਬੱਸ ਨੂੰ ਕੰਜਕ ਸਾਇਰਾ ਗਰਗ ਵੱਲੋਂ ਸਥਾਨਕ ਡੇਰਾ ਬਾਬਾ ਗੰਗਾ ਰਾਮ ਜੀ ਤੋਂ ਹਰੀ ਝੰਡੀ ਵਿਖਾ ਕੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਉਕਤ ਬੱਸ ਵਿੱਚ ਲਗਭਗ 56 ਸ਼ਰਧਾਲੂਆਂ ਦਾ ਜੱਥਾ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ।ਉਨ੍ਹਾਂ ਦੱਸਿਆ ਕਿ ਵਾਪਸੀ ਸਮੇਂ ਸ਼ਰਧਾਲੂਆਂ ਨੂੰ ਡੇਰਾ ਨਕੋਦਰ ਦੇ ਦਰਸ਼ਨ ਕਰਵਾਏ ਜਾਣਗੇ ਤੇ ਸ਼ਾਮ ਸਮੇਂ ਮੋਗਾ ਵਿਖੇ ਸਥਿਤ ਚਿੰਤਪੁਰਣੀ ਮੰਦਰ ਵਿਖੇ ਸ਼ਰਧਾਲੂਆਂ ਲਈ ਬ੍ਰੈੱਡ, ਪਕੌੜੇ ਤੇ ਚਾਹ ਦੇ ਲੰਗਰ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਮੌਕੇ ਜਗਸੀਰ ਸਮਧਰ, ਦੀਸ਼ੂ ਗਰਗ, ਸੁਰੇਸ਼ ਪਟਵਾਰੀ, ਪ੍ਰਵੀਨ ਤੇਲ ਵਾਲੇ, ਬਿੰਦਰ ਸਿੰਘ, ਮਨੀਸ਼ ਕੁਮਾਰ, ਦੇਵੀ, ਵਿਸ਼ਨੂ ਵਤਰਾਣਾ, ਰਮੇਸ਼ ਕੁਮਾਰ ਭਾਨਾ, ਦੇਸ ਰਾਜ ਗਿਲਹੋਤਰਾ, ਹੈਪੀ ਬਾਂਸਲ, ਪ੍ਰਵੇਸ਼ ਕਲੇਰ, ਸੰਦੀਪ, ਸੁਖਰਾਜ ਸਿੰਘ ਤੇ ਸੁਖਦੇਵ ਮਿਸਤਰੀ ਆਦਿ ਹਾਜ਼ਰ ਸਨ।

## ਵਾਤਾਵਰਨ ਪ੍ਰੇਮੀ ਸੀਚੇਵਾਲ ਨੂੰ 'ਚਿੜੀਆਂ ਬੋਲ ਪਈਆਂ' ਪੁਸਤਕ ਭੇਟ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਸ਼ਵ ਪੰਜਾਬੀ ਸਭਾ ਕੈਨੇਡਾ ਮਾਲਵਾ ਜ਼ੋਨ ਪੰਜਾਬ ਦੀ ਟੀਮ ਵੱਲੋਂ ਸੰਸਾਰ ਪ੍ਰਸਿੱਧ ਵਾਤਾਵਰਨ ਪ੍ਰੇਮੀ ਸੰਤ ਬਾਬਾ ਬਲਬੀਰ ਸਿੰਘ (ਮੈਂਬਰ ਰਾਜ ਸਭਾ) ਨਾਲ ਉਨ੍ਹਾਂ ਦੀ ਸੀਚੇਵਾਲ ਵਾਲੀ ਕੁਟੀਆ ਵਿੱਚ ਮੁਲਾਕਾਤ ਕੀਤੀ ਗਈ।ਇਸ ਮੌਕੇ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ ਤੇ ਪ੍ਰਸਾਰ ਵਾਸਤੇ ਬਾਬਾ ਜੀ ਨਾਲ ਬਹੁਤ ਹੀ ਖੁੱਲ ਕੇ ਵਿਚਾਰਾਂ ਹੋਈਆਂ।ਬਾਬਾ ਜੀ ਨੂੰ ਦੱਸਿਆ ਕਿ ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਡਾ: ਦਲਬੀਰ ਸਿੰਘ ਕਥੂਰੀਆ ਜੀ ਦੁਨੀਆ ਭਰ ਵਿੱਚ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ ਤੇ ਪ੍ਰਸਾਰ ਵਾਸਤੇ ਦਿਨ ਰਾਤ ਮਿਹਨਤ ਕਰ ਰਹੇ ਹਨ।ਉਨ੍ਹਾਂ ਦੀ ਭਾਰਤ/ਪੰਜਾਬ ਵਿੱਚ ਕੰਮ ਕਰਦੀ ਟੀਮ ਭਾਰਤ ਦੇ ਪ੍ਰਧਾਨ ਉੱਘੇ ਸਮਾਜ ਸੇਵੀ ਤੇ ਨਾਮੀ ਕਾਰੋਬਾਰੀ ਸਤਬੀਰ ਸਿੰਘ ਸਿਫਰ, ਦਲਜੀਤ ਸਿੰਘ ਗੈਂਦੂ ਮੀਤ ਪ੍ਰਧਾਨ ਭਾਰਤ, ਪੰਜਾਬ ਪ੍ਰਧਾਨ ਦਲਬੀਰ ਸਿੰਘ ਰਿਆੜ ਅਤੇ ਮਾਲਵਾ ਜ਼ੋਨ ਪੰਜਾਬ ਦੇ ਪ੍ਰਧਾਨ ਰਾਜਵੀਰ ਸਿੰਘ ਭਲੂਰੀਆ ਦੀ ਅਗਵਾਈ ਵਿੱਚ ਪੂਰੀ ਸਿੱਦਤ ਨਾਲ ਮਿਹਨਤ ਕੀਤੀ ਜਾ ਰਹੀ ਹੈ।ਇਸ ਮੌਕੇ ਤੇ ਟੀਮ ਮੈਂਬਰਾਂ ਨੇ ਬਾਬਾ ਜੀ ਤੋਂ ਸਹਿਯੋਗ ਵਾਸਤੇ ਬੇਨਤੀ ਕੀਤੀ ਤਾਂ ਬਾਬਾ ਜੀ ਨੇ ਕਿਹਾ ਕਿ ਪੰਜਾਬ, ਪੰਜਾਬੀਅਤ ਦੀ ਸੇਵਾ ਵਾਸਤੇ ਉਹ ਹਮੇਸ਼ਾ ਤਿਆਰ ਹਨ ਅਤੇ ਆਪਣੇ ਵੱਲੋਂ ਪੂਰਾ ਸਹਿਯੋਗ ਦੇਣਗੇ।ਇਸ ਮੌਕੇ ਤੇ ਉੱਘੇ ਲੇਖਕ ਡਾ: ਸਾਧੂ ਰਾਮ ਲੰਗੇਆਣਾ ਦੀ ਦਸਵੀਂ ਪੁਸਤਕ ਚਿੜੀਆਂ ਬੋਲ ਪਈਆਂ ਬਾਬਾ ਜੀ ਨੂੰ ਭੇਟ ਕੀਤੀ ਗਈ।ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਇਕਾਈ ਭਾਰਤ ਦੇ ਅਹੁਦੇਦਾਰ ਸੋਹਣ ਸਿੰਘ ਗੈਂਦੂ, ਦਰਸ਼ਨ ਸਿੰਘ ਦੁਸਾਂਝ, ਸਾਧੂ ਰਾਮ ਲੰਗੇਆਣਾ, ਰਾਜਵੀਰ ਸੰਧੂ, ਗੁਰਜੰਟ ਕਲਸੀ ਲੰਡੇ ਆਦਿ ਹਾਜ਼ਰ ਸਨ।

## ਕਾਕਾ ਬਰਾੜ ਨੇ ਸੱਥ ਸੱਭਿਆਚਾਰ ਦੁਬਾਰਾ ਅਪਣਾਉਣ ਦੀ ਕੀਤੀ ਅਪੀਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**



ਸ਼ਹਿਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਪਾਰਕ ਵਿਖੇ ਗੁਰੂ ਗੋਬਿੰਦ ਸਿੰਘ ਪਾਰਕ ਸੁਸਾਇਟੀ ਵੱਲੋਂ ਚੱਲ ਰਹੇ ਹਫਤਾਵਰੀ ਗੀਤ ਸੰਗੀਤ ਪ੍ਰੋਗਰਾਮ ਵਿੱਚ ਹਲਕੇ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਦੌਰਾਨ ਸਤਪਾਲ ਅਰੋੜਾ ਦੇ ਪੌਤਰੇ ਦਾ ਜਨਮ ਦਿਨ ਵੀ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਮੂਹ ਮੈਂਬਰਾਂ ਵੱਲੋਂ ਦੇਹ ਸ਼ਿਵਾ ਬਰ ਮੋਹਿ ਇਹੈ ਸ਼ਬਦ ਗਾਇਨ ਨਾਲ ਕੀਤੀ ਗਈ।ਉਪਰੰਤ ਕਲਾਕਾਰਾਂ ਵੱਲੋਂ ਧਾਰਮਿਕ ਗੀਤਾਂ ਅਤੇ ਦੇਸ਼ ਭਗਤੀ ਦੇ ਤਰਾਨਿਆਂ ਨਾਲ ਸਮਾਂ ਬੰਨ੍ਹਿਆ ਗਿਆ।ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਸਮਾਜ ਵਿੱਚ ਸਦਭਾਵਨਾ ਅਤੇ ਭਾਈਚਾਰਕ ਸਾਂਝ ਪੈਦਾ ਕਰਦੇ ਹਨ।ਉਨ੍ਹਾਂ ਨੇ ਸੁਸਾਇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਕਾਕਾ ਬਰਾੜ ਨੇ ਸਾਦਾਪਨ ਅਪਣਾਉਣ ਦੀ ਅਪੀਲ ਕੀਤੀ ਤੇ ਆਖਿਆ ਕਿ ਜਿਸ ਤਰ੍ਹਾਂ ਪੁਰਾਣਿਆਂ ਸਮਿਆਂ ਵਿੱਚ ਸੱਥਾ ਲੱਗਦੀਆਂ ਸਨ ਉਹ ਕਲਚਰ ਦੁਬਾਰਾ ਅਪਣਾਉਣ ਦੀ ਲੋੜ ਹੈ।ਇਸ ਮੌਕੇ ਸੁਸਾਇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਵਿਧਾਇਕ ਕਾਕਾ ਬਰਾੜ ਨੂੰ ਪਾਰਕ ਦੀਆਂ ਕਮੀਆਂ ਬਾਰੇ ਦੱਸਿਆ ਜਿਸ 'ਤੇ ਉਨ੍ਹਾਂ ਨੇ ਵਿਸ਼ਵਾਸ ਦੁਆਇਆ ਕਿ ਜਲਦ ਪਾਰਕ ਦੀਆਂ ਸਮੱਸਿਆਵਾਂ ਦਾ ਹੱਲ ਹੋ ਜਾਵੇਗਾ।ਪ੍ਰੋਗਰਾਮ ਦੇ ਅਖੀਰ ਵਿੱਚ ਸਤਪਾਲ ਅਰੋੜਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਭ ਨੂੰ ਲੱਡੂ ਵੰਡੇ ਗਏ।ਇਸ ਮੌਕੇ ਸਤਪਾਲ ਅਰੋੜਾ, ਬੂਟਾ ਰਾਮ ਕਮਰਾ, ਨਰਿੰਦਰ ਕੁਮਾਰ ਬਾਂਸਲ, ਸੁਰਿੰਦਰ ਸ਼ਰਮਾ, ਰਵੀ ਕੁਮਾਰ ਸ਼ਰਮਾ, ਕੇਵਲ ਸਿੰਘ ਬਰਾੜ, ਰਿੰਕੂ ਬਾਂਸਲ ਕੌਂਸਲਰ, ਕੌਂਸਲਰ ਵਿੱਕੀ ਕੁਮਾਰ, ਦਰਸ਼ਨ ਸਿੰਘ ਬਰਾੜ, ਰਾਜੀਵ ਦਾਬੜਾ, ਮੁਕੰਦ ਸਿੰਘ, ਰਮਨ ਦਾਬੜਾ, ਰਮਨ ਗਿਰਧਰ, ਕ੍ਰਿਸ਼ਨ ਲਾਲ, ਜਤਿੰਦਰ ਕੁਮਾਰ ਖੁਰਾਣਾ ਐਸ ਡੀ ਓ, ਮਨਜੀਤ ਸਿੰਘ ਡੀਲਰ, ਸ਼ਮਿੰਦਰ ਸਿੰਘ ਜੇਈ ਆਦਿ ਹਾਜ਼ਰ ਸਨ।

## ਝਪਟਮਾਰ ਬਜ਼ੁਰਗ ਔਰਤ ਦਾ ਬੈਗ ਖੋਹ ਕੇ ਫ਼ਰਾਰ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਪਿਛਲੇ ਦਿਨਾਂ 'ਚ ਕਈ ਲੁੱਟ ਖੋਹ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ।ਭਾਵੇਂ ਕਿ ਚੋਰਾਂ ਨੂੰ ਫੜਨ ਲਈ ਪੁਲੀਸ ਪੂਰੀ ਤਰ੍ਹਾਂ ਮੁਸਤੈਦ ਹੈ ਪਰ ਫੇਰ ਵੀ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਘਟਣ ਦੀ ਬਜਾਏ ਵਧਦੀਆਂ ਹੀ ਜਾ ਰਹੀਆਂ ਹਨ। ਸ਼ਨੀਵਾਰ ਦੁਪਹਿਰ ਸਮੇਂ ਸ਼ਹਿਰ ਦੇ ਬੱਸ ਸਟੈਂਡ ਵਾਲੀ ਗਲੀ 'ਚ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨਾਂ ਨੇ ਫਿਲਮੀ ਅੰਦਾਜ਼ ਵਿਚ ਇਕ ਬਜ਼ੁਰਗ ਔਰਤ ਦੇ ਹੱਥ ਵਿੱਚ ਫੜਿਆ ਪੈਸਿਆਂ ਵਾਲਾ ਬੈਗ ਖੋਹ ਕੇ ਫ਼ਰਾਰ ਹੋ ਗਏ।ਜਿਨ੍ਹਾਂ ਦੀਆਂ ਤਸਵੀਰਾਂ ਸੀ ਸੀ ਟੀ ਵੀ ਕੈਮਰਿਆਂ ਵਿਚ ਕੈਦ ਹੋ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਔਰਤ ਗੁਰਮੀਤ ਕੌਰ ਵਾਸੀ ਦਿਆਲਪੁਰਾ ਨੇ ਦੱਸਿਆ ਕਿ ਬੈਗ ਵਿੱਚ ਨਕਦੀ ਅਤੇ ਮੋਬਾਇਲ ਫੋਨ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਦੇ ਦਸਤਾਵੇਜ਼ ਸਨ।ਇਸ ਮਾਮਲੇ ਵਿਚ ਬਰੇਟਾ ਪੁਲਿਸ ਦਾ ਕਹਿਣਾ ਹੈ ਕਿ ਪੁਲਿਸ ਵੱਲੋਂ ਲੱਗੇ ਸੀ ਸੀ ਟੀ ਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ। ਜਲਦ ਹੀ ਲੁਟੇਰਿਆ ਨੂੰ ਕਾਬੂ ਕਰ ਲਿਆ ਜਾਵੇਗਾ

## ਆਰਟਿਸਟ ਗੁਰਪ੍ਰੀਤ ਸਿੰਘ ਮਣਕੂ ਤੇ ਕੌਂਸਲਰ ਗੁਰਪ੍ਰੀਤ ਸਿੰਘ ਸੈਂਭੀ ਦਾ ਸਨਮਾਨ



**ਜਗਰਾਉਂ (ਅਮਿਤ ਖੰਨਾ)**-ਗੁਰਦੁਆਰਾ ਬਾਬਾ ਵਿਸ਼ਵਕਰਮਾ (ਮੰਦਰ), ਵਿਸ਼ਵਕਰਮਾ ਚੌਕ, ਜਗਰਾਉਂ ਵਿਖੇ ਰਾਮਗੜ੍ਹੀਆ ਬਿਰਾਦਰੀ ਵੱਲੋਂ ਕਰਵਾਇਆ ਗਿਆ ਵਿਸ਼ੇਸ਼ ਸਨਮਾਨ ਸਮਾਰੋਹ ਬੜੀ ਸ਼ਾਨੋ-ਸ਼ੌਕਤ ਤੇ ਧੂਮਧਾਮ ਨਾਲ ਸੰਪੰਨ ਹੋਇਆ।ਇਸ ਮੌਕੇ ਪ੍ਰਸਿੱਧ ਸਿੱਖ ਮਿਨੀਏਚਰ ਆਰਟਿਸਟ ਸਰਦਾਰ ਗੁਰਪ੍ਰੀਤ ਸਿੰਘ ਮਣਕੂ, ਜਿਨ੍ਹਾਂ ਨੂੰ ਭਾਰਤ ਦੇ ਰਾਸ਼ਟਰਪਤੀ ਵੱਲੋਂ ਵੱਕਾਰੀ ਸਨਮਾਨ ਪ੍ਰਾਪਤ ਹੋਇਆ ਹੈ ਤੇ ਸ੍ਰ. ਗੁਰਪ੍ਰੀਤ ਸਿੰਘ ਸੈਂਭੀ (ਨੋਨੀ ਸੈਂਭੀ), ਕੌਂਸਲਰ ਤੇ ਵਾਈਸ ਚੇਅਰਮੈਨ, ਰਾਮਗੜ੍ਹੀਆ ਵੈੱਲਫੇਅਰ ਕੌਂਸਲ ਲੁਧਿਆਣਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਸਨਮਾਨਤ ਸ਼ਖ਼ਸੀਅਤਾਂ ਦੀਆਂ ਪ੍ਰਾਪਤੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਆਪਣੀ ਮਿਹਨਤ, ਲਗਨ ਤੇ ਸਮਾਜ ਸੇਵਾ ਰਾਹੀਂ ਰਾਮਗੜ੍ਹੀਆ ਬਿਰਾਦਰੀ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਉਨ੍ਹਾਂ ਨੂੰ ਸਿਰੋਪਾਓ, ਯਾਦਗਾਰੀ ਚਿੰਨ੍ਹ ਤੇ ਸਨਮਾਨ ਪੱਤਰ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਰਾਮਗੜ੍ਹੀਆ ਬਿਰਾਦਰੀ ਦੇ ਮੈਂਬਰਾਂ, ਸਮਾਜ ਸੇਵਕਾਂ, ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਹਾਜ਼ਰ ਸੰਗਤ ਨੇ ਸਨਮਾਨਤ ਸ਼ਖ਼ਸੀਅਤਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟਾਇਆ।ਇਸ ਮੌਕੇ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਦੇ ਸਰਪ੍ਰਸਤ ਬਾਬਾ ਮੋਹਣ ਸਿੰਘ ਸੱਗੂ, ਸਰਪ੍ਰਸਤ ਦਰਸ਼ਨ ਸਿੰਘ ਸੱਗੂ, ਸਰਪ੍ਰਸਤ ਬਲਵੰਤ ਸਿੰਘ ਪਨੇਸਰ, ਸੈਕਟਰੀ ਰਾਜਿੰਦਰ ਸਿੰਘ ਮੁਧੜ, ਤਰਲੋਚਨ ਸਿੰਘ ਪਨੇਸ, ਖਜ਼ਾਨਚੀ ਸੁਰਜੀਤ ਸਿੰਘ, ਮਾਸਟਰ ਰਾਜਿੰਦਰ ਸਿੰਘ, ਸੋਹਣ ਸਿੰਘ, ਹਰਪ੍ਰੀਤ ਸਿੰਘ ਸੱਗੂ, ਜਸਵੰਤ ਸਿੰਘ ਸੱਗੂ, ਬਿਲਡਿੰਗ ਠੇਕੇਦਾਰ ਦੇ ਪ੍ਰਧਾਨ ਰਾਜਿੰਦਰ ਸਿੰਘ ਰਿੰਕੂ ਆਦਿ ਹਾਜ਼ਰ ਸਨ।

## ਯੂਥ ਕਾਂਗਰਸ ਦੇ ਨਵੇਂ ਚੁਣੇ ਪ੍ਰਧਾਨ ਗੁਰੀ ਠੀਕਰੀਵਾਲਾ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਵੱਲੋਂ ਨੌਜਵਾਨਾਂ 'ਚ ਉਤਸ਼ਾਹ ਪੈਦਾ ਕਰਨ ਲਈ ਯੂਥ ਵਿੰਗ ਦੀਆਂ ਚੋਣਾਂ 'ਚ ਨੌਜਵਾਨ ਵਰਗ ਨੇ ਵੱਖ ਵੱਖ ਹਲਕਿਆਂ ਦੀਆਂ ਚੋਣਾਂ 'ਚ ਵੱਧ ਚੜ੍ਹ ਕੇ ਦਿਲਚਸਪੀ ਦਿਖਾਈ। ਸੂਬੇ ਦੀ ਸੀਨੀਅਰ ਲੀਡਰਸ਼ਿਪ ਨੇ ਵੀ ਯੂਥ ਆਗੂਆਂ ਨੂੰ ਜਿਤਾਉਣ 'ਤੇ ਪੂਰਾ ਜ਼ੋਰ ਲਗਾਇਆ। ਇਹ ਪ੍ਰਗਟਾਵਾ ਸੀਨੀਅਰ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਕੀਤਾ।ਉਨ੍ਹਾਂ ਕਿਹਾ ਕਿ ਸੀਨੀਅਰ ਕਾਂਗਰਸ ਆਗੂਆਂ ਨੇ ਹਲਕੇ ਦੇ ਪਿੰਡਾਂ 'ਚ ਨੌਜਵਾਨਾਂ ਨਾਲ ਤਾਲਮੇਲ ਕਰਕੇ ਸਖ਼ਤ ਮਿਹਨਤ ਕੀਤੀ, ਜਿਸ ਸਦਕਾ ਗੁਰਪ੍ਰੀਤ ਸਿੰਘ ਗੁਰੀ ਠੀਕਰੀਵਾਲਾ ਹਲਕਾ ਮਹਿਲ ਕਲਾਂ ਯੂਥ ਕਾਂਗਰਸ ਦੇ ਪ੍ਰਧਾਨ ਨਿਯੁਕਤ ਹੋਏ ਹਨ।ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ, ਪ੍ਰਧਾਨ ਜਸਮੇਲ ਸਿੰਘ ਬੜੀ, ਡਾ: ਬਲਵੰਤ ਰਾਏ ਸ਼ਰਮਾ, ਅਮਰਜੀਤ ਸਿੰਘ ਮਹਿਲ ਕਲਾਂ, ਦਰਸ਼ਨ ਸਿੰਘ ਚੁਹਾਨਕੇ ਖੁਰਦ, ਰੇਸ਼ਮ ਸਿੰਘ ਦਾਰਾ, ਮਨਪ੍ਰੀਤ ਸਿੰਘ, ਸਤਨਾਮ ਸਿੰਘ ਠੀਕਰੀਵਾਲ, ਭਗਵਾਨ ਸਿੰਘ, ਜਗਤਾਰ ਸਿੰਘ ਪਿੰਦੂ, ਲਖਵਿੰਦਰ ਸਿੰਘ ਚੁਹਾਣਕੇ, ਡਾ: ਗੋਪਾਲ ਸਿੰਘ ਚੰਨਣਵਾਲ ਆਦਿ ਆਗੂਆਂ ਨੇ ਨਵੇਂ ਚੁਣੇ ਹਲਕਾ ਪ੍ਰਧਾਨ ਗੁਰਪ੍ਰੀਤ ਸਿੰਘ ਗੁਰੀ ਔਲਖ ਠੀਕਰੀਵਾਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੀ ਦੀ ਗਤੀਸ਼ੀਲ ਅਗਵਾਈ ਹੇਠ ਹਲਕਾ ਮਹਿਲ ਕਲਾਂ ਅੰਦਰ ਯੂਥ ਕਾਂਗਰਸ ਨੂੰ ਹੋਰ ਵਧੇਰੇ ਮਜ਼ਬੂਤੀ ਮਿਲੇਗੀ।ਇਸ ਮੌਕੇ ਵੱਖ-ਵੱਖ ਆਗੂਆਂ ਦੀ ਅਗਵਾਈ ਹੇਠ ਨਵੇਂ ਚੁਣੇ ਹਲਕਾ ਪ੍ਰਧਾਨ ਗੁਰਪ੍ਰੀਤ ਸਿੰਘ ਗੁਰੀ ਠੀਕਰੀਵਾਲ ਦਾ ਸਨਮਾਨ ਕੀਤਾ ਗਿਆ।

## ਅਮਰੀਕਾ ਨਾਲ ਵਪਾਰ ਸਮਝੌਤੇ ਖ਼ਿਲਾਫ਼ ਕਿਸਾਨ ਜਥੇਬੰਦੀਆਂ ਦੀ ਵਿਆਪਕ ਏਕਤਾ ਦਾ ਸਵਾਗਤ

**ਰਾਏਕੋਟ (ਸੰਤੋਖ ਗਿੱਲ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਅਤੇ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ ਨੇ ਚੰਡੀਗੜ੍ਹ ਵਿਚ ਹੋਈ ਮੀਟਿੰਗ ਦੌਰਾਨ ਦੇਸ਼ ਭਰ ਦੀਆਂ 82 ਕਿਸਾਨ ਜਥੇਬੰਦੀਆਂ ਵੱਲੋਂ ਅਮਰੀਕਾ ਨਾਲ ਪ੍ਰਸਤਾਵਿਤ 'ਮੁਕਤ ਵਪਾਰ ਸਮਝੌਤੇ' ਵਿਰੁੱਧ ਮੁੱਢਲੇ ਏਕੇ ਦਾ ਜ਼ੋਰਦਾਰ ਸਵਾਗਤ ਕੀਤਾ ਹੈ।ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਤੋਂ ਮੰਗ ਕੀਤੀ ਕਿ ਅਮਰੀਕਾ ਨਾਲ ਕਿਸੇ ਵੀ ਵਪਾਰਕ ਸਮਝੌਤੇ ਦੇ ਘੇਰੇ ਵਿੱਚੋਂ ਖੇਤੀਬਾੜੀ, ਡੇਅਰੀ ਅਤੇ ਪੋਲਟਰੀ ਖੇਤਰ ਨੂੰ ਹਰ ਹਾਲਤ 'ਚ ਬਾਹਰ ਰੱਖਿਆ ਜਾਵੇ।ਭਾਰਤੀ ਵਸਤਾਂ ਦੀ ਬਰਾਮਦ 'ਤੇ ਅਮਰੀਕਾ ਵੱਲੋਂ 18 ਫ਼ੀਸਦੀ ਟੈਰਿਫ਼ ਲਾਉਣ ਵਾਲੇ ਸਮੁੱਚੇ ਸਮਝੌਤੇ ਨੂੰ ਵੀ ਰੱਦ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੰਗਾਂ ਨਾ ਮੰਨਣ ਦੀ ਸੂਰਤ ਵਿੱਚ 1 ਜੁਲਾਈ ਨੂੰ ਚੰਡੀਗੜ੍ਹ ਵਿੱਚ ਸਾਰੇ ਕਿਸਾਨ ਮੋਰਚਿਆਂ, ਮਜ਼ਦੂਰ ਜਥੇਬੰਦੀਆਂ ਅਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਵਿੱਚ ਇਸ ਸਮਝੌਤੇ ਵਿਰੁੱਧ ਦੇਸ਼ ਵਿਆਪੀ ਫ਼ੈਸਲਾਕੁਨ ਲੋਕ ਲਹਿਰ ਦਾ ਐਲਾਨ ਕੀਤਾ ਜਾਵੇਗਾ।ਆਗੂਆਂ ਨੇ ਚੰਡੀਗੜ੍ਹ ਭਾਜਪਾ ਪ੍ਰਧਾਨ ਜਤਿੰਦਰਪਾਲ ਮਲਹੋਤਰਾ ਵੱਲੋਂ ਪੰਜਾਬੀਆਂ ਖ਼ਿਲਾਫ਼ ਇਤਰਾਜ਼ਯੋਗ ਸ਼ਬਦਾਵਲੀ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਪੰਜਾਬ ਅਤੇ ਪੰਜਾਬੀਆਂ ਦੀ ਬੇਇੱਜ਼ਤੀ ਕਰਾਰ ਦਿੱਤਾ। ਉਨ੍ਹਾਂ ਸੂਬਾ ਸਰਕਾਰ ਤੋਂ ਇਸ ਮਾਮਲੇ ਵਿੱਚ ਤੁਰੰਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

## ਲੋਕ ਨਸ਼ਿਆਂ ਦੇ ਸੌਦਾਗਰਾਂ ਬਾਰੇ ਪੁਖਤਾ ਜਾਣਕਾਰੀ ਪੁਲਸ ਨੂੰ ਦੇਣ : ਦਵਿੰਦਰ ਅੱਤਰੀ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਨੀਵਾਰ ਨੂੰ ਧੂਰੀ ਪੁਲਿਸ ਵੱਲੋਂ ਸ਼ੇਰਪੁਰ ਚੌਂਕ ਦੇ ਨੇੜੇ ਸਥਿਤ ਇੱਕ ਬਸਤੀ 'ਚ ਕਪਤਾਨ ਪੁਲਿਸ (ਡੀ) ਦਵਿੰਦਰ ਅੱਤਰੀ ਦੀ ਅਗਵਾਈ ਹੇਠ ਵਿਸ਼ੇਸ਼ ਚੈਕਿੰਗ ਕੀਤੀ ਗਈ।ਦਵਿੰਦਰ ਅੱਤਰੀ ਨੇ ਇਸ ਵਿਸ਼ੇਸ ਚੈਕਿੰਗ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾ ਰਿਹਾ ਹੈ, ਜਿਸ ਲਈ ਹਰੇਕ ਵਿਅਕਤੀ ਦਾ ਮੁਢਲਾ ਫਰਜ਼ ਬਣਦਾ ਹੈ ਕਿ ਉਹ ਇਸ ਮੁਹਿੰਮ 'ਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਪੁਲਿਸ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਕੁੱਝ ਵੀ ਨਹੀਂ ਕਰ ਸਕਦੀ, ਜਿਸ ਲਈ ਹਰ ਵਿਅਕਤੀ ਨੂੰ ਆਪਣਾ ਇਖ਼ਲਾਕੀ ਫਰਜ਼ ਸਮਝਦੇ ਹੋਏ ਪੁਲਿਸ ਨੂੰ ਨਸ਼ਿਆਂ ਦੇ ਸੌਦਾਗਰਾਂ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ।ਉੱਪ ਕਪਤਾਨ ਪੁਲਿਸ ਧੂਰੀ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿਸ਼ੇਸ ਚੈਕਿੰਗ ਦੌਰਾਨ ਬਸਤੀ ਅੰਦਰ ਵੱਖ -ਵੱਖ ਸ਼ੱਕੀ ਘਰਾਂ ਦੀ ਤਲਾਸ਼ੀ ਲਈ ਗਈ, ਜਿਸ ਦੌਰਾਨ 6 ਔਰਤਾਂ ਸਮੇਤ 10 ਸ਼ੱਕੀ ਵਿਅਕਤੀਆ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਕਈ ਦੋ ਪਹੀਆ ਬਿਨਾਂ ਨੰਬਰ ਵਹੀਕਲਾਂ ਨੂੰ ਕਬਜੇ 'ਚ ਲਿਆ ਗਿਆ ਹੈ, ਜਿੰਨ੍ਹਾਂ ਬਾਰੇ ਪੜਤਾਲ ਕੀਤੀ ਜਾ ਰਹੀ ਹੈ।ਇਸ ਮੌਕੇ ਥਾਣਾ ਸਿਟੀ ਧੂਰੀ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਸਮੇਤ ਵੱਡੀ ਗਿਣਤੀ 'ਚ ਪੁਲਿਸ ਮੁਲਾਜਮ ਹਾਜਰ ਸਨ।

## ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਦੌਰਾਨ ਹੋਈਆਂ ਅਹਿਮ ਵਿਚਾਰਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਸਥਾਨਕ ਸਰ ਜਾਫ਼ਰੀ ਐਜੂਕੇਸ਼ਨ ਐਂਡ ਟ੍ਰੇਨਿੰਗ ਇੰਸਟੀਚਿਊਟ ਵਿਖੇ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸਰਾਓ ਨੇ ਅਸੋਸੀਏਸ਼ਨ ਦੀ ਤਿੰਨ ਮਹੀਨੇ ਦੀ ਕਾਰਗੁਜਾਰੀ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਲਈ ਹੱਡੀਆਂ,ਜੋੜਾਂ ਅਤੇ ਅੱਖਾਂ ਦੇ ਮਾਹਿਰ ਡਾਕਟਰ ਬੁਲਾ ਕੇ ਫ੍ਰੀ ਮੈਡੀਕਲ ਜਾਂਚ ਕੈਂਪ ਲਗਾਏ ਗਏ ਅਤੇ ਮੁਫ਼ਤ ਦਵਾਈਆ ਦਾ ਪ੍ਰਬੰਧ ਵੀ ਕੀਤਾ ਗਿਆ। ਇੱਕ ਲੋੜਵੰਦ ਬਜੁਰਗ ਦੀ ਅੱਖ ਦਾ ਮੁਫ਼ਤ ਇਲਾਜ ਕਰਵਾਇਆ ਗਿਆ।ਐਸੋਸੀਏਸ਼ਨ ਦੇ ਮੈਂਬਰਾਂ ਦੀਆਂ ਮੀਟਿੰਗਾਂ ਆਦਿ ਕਰਨ ਲਈ ਪ੍ਰਸਾਸ਼ਨਕ ਅਧਿਕਾਰੀਆਂ ਨਾਲ ਰਾਬਤਾ ਬਣਾਉਣ 'ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਸੀਨੀਅਰ ਸ਼ਹਿਰੀਆਂ ਨੂੰ ਆਪਣੀ ਸਿਹਤ ਦਾ ਖਿਆਲ ਰੱਖਣ ਲਈ ਰੋਜਾਨਾ ਸੈਰ ਅਤੇ ਯੋਗਾ ਕਰਨ ਲਈ ਪ੍ਰੇਰਿਤ ਕੀਤਾ ਗਿਆ।ਪਰਿਵਾਰਕ ਮੈਂਬਰਾਂ ਨੂੰ ਸਹਿਯੋਗ ਦਿੰਦੇ ਹੋਏ ਕੁੱਝ ਸਮਾਂ ਆਪਣੇ ਦੋਸਤ ਮਿੱਤਰਾਂ ਨਾਲ ਮਿਲ ਬੈਠਣ ਅਤੇ ਘੁੰਮਣ ਲਈ ਵੀ ਵਿਚਾਰਾਂ ਕੀਤੀਆਂ ਗਈਆਂ।ਅਸੋਸੀਏਸ਼ਨ ਦੀ ਕਾਰਜਕਾਰਨੀ ਨੇ ਸਰਕਾਰੀ ਹਸਪਤਾਲ ਦੇ ਨਾਲ ਨਾਲ ਖਿਆਲਾ ਕਲਾਂ ਦੇ ਹਸਪਤਾਲ ਨੂੰ ਅਪਗ੍ਰੇਡ ਕਰਕੇ ਏਮਜ ਸੈਟੇਲਾਇਟ ਸੈਂਟਰ ਅਤੇ ਟਰੋਮਾ ਸੈਂਟਰ ਸਥਾਪਿਤ ਕਰਨ ਲਈ ਪ੍ਰਸਾਸ਼ਨਿਕ ਅਧਿਕਾਰੀਆਂ ਅਤੇ ਮੌਜੂਦਾ ਸਰਕਾਰ ਦੇ ਨੁਮਾਇੰਦਿਆਂ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਭੇਜਣ ਲਈ ਮਤਾ ਵੀ ਪਾਸ ਕੀਤਾ ਗਿਆ।ਮੀਟਿੰਗ ਦੌਰਾਨ ਬਲਵਿੰਦਰ ਬਾਂਸਲ ਚੇਅਰਮੈਨ, ਸੇਠੀ ਸਿੰਘ ਸਰਾਂ ਵਾਇਸ ਪ੍ਰਧਾਨ, ਪਰਮਜੀਤ ਕੌਰ ਜਨਰਲ ਸਕੱਤਰ, ਰਾਮ ਕੁਮਾਰ ਸਿੰਗਲਾ, ਡਾ ਲਖਵਿੰਦਰ ਸਿੰਘ ਮੂਸਾ,ਦਰਸ਼ਨ ਜੋਗਾ ਕਹਾਣੀਕਾਰ,ਹੰਸ ਰਾਜ ਮੋਫਰ, ਬਾਦਸ਼ਾਹ ਸਿੰਘ ਚਹਿਲ, ਗੁਰਦੇਵ ਸਿੰਘ ਚਹਿਲ, ਕੇਵਲ ਕ੍ਰਿਸ਼ਨ ਐਡਵੋਕੇਟ, ਕੇਸਰ ਸਿੰਘ ਐਡਵੋਕੇਟ, ਲੀਲਾ ਸਿੰਘ ਪਟਵਾਰੀ,ਹਰਮੇਲ ਸਿੰਘ,ਕੌਰ ਸਿੰਘ,ਦਰਸ਼ਨ ਸਿੰਘ, ਚਿਮਨ ਲਾਲ,ਮਨਜੀਤ ਸਿੰਘ, ਜੋਗਿੰਦਰ ਸਿੰਘ ਆਦਿ ਨੇ ਅਸੋਸੀਏਸ਼ਨ ਦੀ ਬਿਹਤਰੀ ਲਈ ਸੁਝਾਅ ਵੀ ਦਿੱਤੇ।

## ਮਾਂ ਚਿੰਤਪੁਰਨੀ, ਮਾਂ ਨੈਣਾ ਦੇਵੀ ਧਾਮ ਦੇ ਦਰਸ਼ਨਾਂ ਲਈ ਬੱਸ ਯਾਤਰਾ ਰਵਾਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-365 ਦਿਨ ਜਲ ਸੇਵਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਮਾਂ ਚਿੰਤਪੂਰਨੀ, ਮਾਂ ਨੈਣਾ ਦੇਵੀ ਧਾਮ ਦੇ ਦਰਸ਼ਨਾਂ ਲਈ ਬਸ ਯਾਤਰਾ ਰਵਾਨਾ ਹੋਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਮੇਸ਼ ਕੁਮਾਰ ਬਾਘਲਾ ਨੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਤੋਂ ਮਾਤਾ ਚਿੰਤਪੁਰਨੀ, ਮਾਂ ਜਵਾਲਾ ਜੀ, ਕਾਂਗੜਾ ਜੀ, ਬਗਲਾ ਮੁਖੀ ਜੀ ਮਾਤਾ ਦੇ ਦਰਸ਼ਨਾਂ ਲਈ ਬਸ ਯਾਤਰਾ ਜਾਂਦੀ ਰਹਿੰਦੀ ਹੈ।ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਮਹੀਨੇ ਦੀ ਚੌਥੀ ਬੱਸ ਮਾਂ ਚਿੰਤਪੁਰਨੀ ਦਰਬਾਰ, ਮਾਤਾ ਨੈਣਾ ਦੇਵੀ ਤੇ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਪਹਿਲੀ ਵਾਰ ਰਵਾਨਾ ਹੋਈ।ਇਹ ਯਾਤਰਾ ਰੇਲਵੇ ਸਟੇਸ਼ਨ ਦੇ ਨੇੜਿਓਂ ਰਵਾਨਾ ਹੋਈ।ਯਾਤਰਾ ਰਵਾਨਾ ਹੋਣ ਤੋਂ ਪਹਿਲਾਂ ਪੂਜਨ ਨਰੇਸ਼ ਕੁਮਾਰ ਪੰਡਿਤ ਵੱਲੋਂ ਵਿਧੀ-ਵਿਧਾਨ ਨਾਲ ਕਰਵਾਇਆ ਗਿਆ।ਪੂਜਨ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਦਕਿ ਸਾਬਕਾ ਡੀਟੀਓ ਗੁਰਚਰਨ ਸਿੰਘ ਸੰਧੂ, ਮੰਡਲ 2 ਦੇ ਪ੍ਰਧਾਨ ਹਰੀਸ ਵਾਟਸ, ਨੀਟਾ ਤੰਵਰ ਸਮੇਤ ਹੋਰ ਸ਼ਰਧਾਲੂ ਪੂਜਨ 'ਚ ਸ਼ਾਮਲ ਹੋਏ।

## ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਦੀ ਮੀਟਿੰਗ

**ਜਲਾਲਾਬਾਦ (ਜੀਤ ਕੁਮਾਰ)**



ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਦੀ ਪ੍ਰਧਾਨਗੀ ਹੇਠ ਵਾਟਰ ਸਪਲਾਈ ਟੈਂਕੀ ਆਲਮਕੇ ਵਿਖੇ ਸੰਪੰਨ ਹੋਈ, ਜਿਸ ਵਿੱਚ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸੰਮਦ, ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਜ਼ਿਲ੍ਹਾ ਖਜ਼ਾਨਚੀ ਮਹਿੰਦਰ ਸਿੰਘ ਮੰਨੇਵਾਲਾ ਸਮੇਤ ਵੱਡੀ ਗਿਣਤੀ ਵਿੱਚ ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ ਵਰਕਰ ਆਪਣੇ ਪਰਵਾਰਾਂ ਤੇ ਬੱਚਿਆਂ ਸਮੇਤ ਮੌਜੂਦ ਰਹੇ।

ਇਸ ਮੀਟਿੰਗ 'ਚ ਵੱਖ-ਵੱਖ ਅਹੁਦੇਦਾਰਾਂ ਨੇ ਸੰਬੋਧਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਤੇ 'ਪੰਜਾਬ ਕੰਟਰੈਕਚੁਅਲ ਪ੍ਰਸੋਨਲ ਬਿੱਲ 2026' ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਪਿਛਲੇ 15-20 ਸਾਲਾਂ ਤੋਂ ਇਕ ਵਰਕਰ ਦੇ ਰੂਪ ਵਿੱਚ ਕੰਮ ਕਰਦੇ ਇਨਲਿਸਟਮੈਂਟ ਕਾਮਿਆਂ ਨੂੰ ਸ਼ਾਮਲ ਕਰਕੇ ਰੁਜ਼ਗਾਰ ਪੱਕਾ ਕਰਨ ਦੀ ਮੰਗ ਲਈ ਜਥੇਬੰਦੀ ਦੀ ਸੂਬਾ ਕਮੇਟੀ ਫੈਸਲੇ ਤਹਿਤ ਭਵਿੱਖ ਵਿਚ ਪੰਜਾਬ ਵਿਧਾਨ ਸਭਾ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਹਲਕੇ ਸਾਹਨੇਵਾਲ (ਜ਼ਿਲ੍ਹਾ ਲੁਧਿਆਣਾ) ਵਿਖੇ ਇਨਲਿਸਮੈਂਟ ਵਰਕਰਾਂ ਵੱਲੋਂ ਆਪਣੇ ਪਰਿਵਾਰਾਂ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਾਇਆ ਜਾਵੇਗਾ, ਜਿਸ ਦੀ ਤਿਆਰੀ ਲਈ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਅਤੇ ਜਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਨਲਿਸਟਮੈਂਟ ਵਰਕਰਾਂ ਦਾ ਪੱਕਾ ਤੇ ਸੁਰੱਖਿਅਤ ਰੁਜ਼ਗਾਰ ਕਰਵਾਉਣ ਲਈ ਸੂਬਾ ਕਮੇਟੀ ਵੱਲੋਂ ਭਵਿੱਖ ਵਿੱਚ ਉਲੀਕੇ ਜਾ ਰਹੇ ਅੰਦੋਲਨ ਵਿਚ ਜਲਾਲਾਬਾਦ ਬ੍ਰਾਂਚ ਵੱਲੋਂ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਭਰਵੀ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਮੰਗ ਕੀਤੀ ਕਿ ਨਵਾਂ ਲਿਆਂਦੇ ਜਾ ਰਹੇ ਕਾਨੂੰਨ 2026 ਇਨਲਿਸਮੈਂਟ ਵਰਕਰਾਂ ਨੂੰ ਸ਼ਾਮਲ ਕੀਤਾ ਜਾਵੇ ਤੇ ਇਨਲਿਸਟਮੈਂਟ ਵਰਕਰਾਂ ਨੂੰ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ 'ਚ ਮਰਜ਼ ਕਰਕੇ ਏ.ਪੀ.ਐੱਫ. ਤੇ ਈ.ਐੱਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ (ਤਜਵੀਜ) ਲਾਗੂ ਕਰਕੇ 'ਪੱਕੇ ਤੇ ਸੁਰੱਖਿਅਤ ਰੁਜ਼ਗਾਰ' ਦਾ ਪ੍ਰਬੰਧ ਕੀਤਾ ਜਾਵੇ ਅਤੇ 15ਵੀਂ ਲੇਬਰ ਕਾਨਫਰੰਸ ਤੇ 1948 ਐਕਟ ਅਧੀਨ ਘੱਟੋਂ-ਘੱਟ ਉਜ਼ਰਤਾਂ ਲਾਗੂ ਕੀਤੀਆਂ ਜਾਣ।

## ਪਲਸ ਪੋਲੀਓ ਮੁਹਿੰਮ ਚਲਾਈ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਛੀਕੇ ਦੀ ਸਰਕਾਰੀ ਡਿਸਪੈਂਸਰੀ



ਵਿੱਚ ਪਲਸ ਪੋਲੀਓ ਮੁਹਿੰਮ ਤਹਿਤ ਬੱਚਿਆਂ ਨੂੰ ਪੋਲੀਓ ਰੋਕਥਾਮ ਲਈ ਬੂੰਦਾਂ ਪਿਲਾਈਆਂ ਗਈਆਂ।ਇਸ ਮੁਹਿੰਮ ਦੌਰਾਨ ਕਰੀਬ 30 ਬੱਚਿਆਂ ਨੂੰ ਪਲਸ ਪੋਲੀਓ ਦੀ ਖੁਰਾਕ ਦਿੱਤੀ ਗਈ।ਸਿਹਤ ਵਿਭਾਗ ਦੀ ਟੀਮ ਤੇ ਆਸ਼ਾ ਵਰਕਰਾਂ ਨੇ ਮਾਪਿਆਂ ਨੂੰ ਪੋਲੀਓ ਤੋਂ ਬਚਾਅ ਲਈ ਜਾਗਰੂਕ ਵੀ ਕੀਤਾ ਅਤੇ ਹਰ ਬੱਚੇ ਤੱਕ ਇਹ ਖੁਰਾਕ ਪਹੁੰਚਾਉਣ ਲਈ ਅਪੀਲ ਕੀਤੀ।ਮੁਹਿੰਮ ਵਿੱਚ ਆਸ਼ਾ ਵਰਕਰ ਕਮਲਜੀਤ ਕੌਰ, ਨਾਇਬ ਕੌਰ, ਕਰਮਜੀਤ ਕੌਰ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਰਹੇ।ਸਿਹਤ ਵਿਭਾਗ ਵੱਲੋਂ ਕਿਹਾ ਗਿਆ ਕਿ ਪੋਲੀਓ ਮੁਕਤ ਸਮਾਜ ਬਣਾਉਣ ਲਈ ਹਰ ਬੱਚੇ ਨੂੰ ਸਮੇਂ ਸਿਰ ਪਲਸ ਪੋਲੀਓ ਦੀਆਂ ਬੂੰਦਾਂ ਪਿਲਾਉਣਾ ਬਹੁਤ ਜ਼ਰੂਰੀ ਹੈ।

# ਬਿਜਲੀ ਮੰਤਰੀ ਤੇ ਮੈਨੇਜਮੈਂਟ ਦੀ ਵਾਅਦਾ-ਖਿਲਾਫੀ ਵਿਰੁੱਧ ਸੰਗਰੂਰ 'ਚ ਗਰਜੇ ਬਿਜਲੀ ਕਾਮੇ

**ਸੰਗਰੂਰ (ਨ ਜ਼ ਸ)**-ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ ਰਜਿ 24, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ), ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ ਵੱਲੋਂ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਵਾਅਦਾ ਖਿਲਾਫੀ ਵਿਰੁੱਧ ਕੁਲਵਿੰਦਰ ਸਿੰਘ ਢਿੱਲੋਂ ਅਤੇ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਵਿੱਚ ਸੰਗਰੂਰ ਵਿਖੇ ਵਿਸ਼ਾਲ ਰੋਸ ਧਰਨਾ ਲਗਾ ਕੇ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸ਼ੌਰ, ਇੰਜ : ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਕੌਰ ਸਿੰਘ ਸੋਹੀ, ਪਵਨਪ੍ਰੀਤ ਸਿੰਘ, ਦਲੀਪ ਕੁਮਾਰ, ਹਰਵਿੰਦਰ ਸਿੰਘ ਅਕਾਲਗੜ੍ਹ, ਗੁਰਪਿਆਰ ਸਿੰਘ, ਰਾਧੇ ਸ਼ਿਆਮ, ਬਾਬਾ ਅਮਰਜੀਤ ਸਿੰਘ, ਨਰਿੰਦਰ ਬੱਲ, ਸਰਬਜੀਤ ਸਿੰਘ ਭਾਣਾ, ਹਰਭਿੰਦਰ ਸਿੰਘ ਚਾਹਲ, ਤੇਜਿੰਦਰ ਸਿੰਘ ਸੇਖੋਂ ਆਦਿ ਨੇ ਦੱਸਿਆ ਕਿ ਬਿਜਲੀ ਮੁਲਾਜ਼ਮਾਂ ਨੇ ਇਹ ਧਰਨਾ ਬਿਜਲੀ ਮੰਤਰੀ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨਾਲ ਵੱਖ ਵੱਖ ਸਮੇਂ ਤੇ ਹੋਈਆਂ ਮੀਟਿੰਗਾਂ ਵਿੱਚ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਨਾ ਕਰਨ ਦੇ ਵਿਰੁੱਧ ਦਿੱਤਾ ਹੈ।ਆਗੂਆਂ ਨੇ ਦੋਸ਼ ਲਾਇਆ 17-07-20 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਤੇ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ ,17-11-21 ਤੋਂ ਬਾਅਦ ਤਰੱਕੀ ਹੋਏ ਕਰਮਚਾਰੀਆਂ ਨੂੰ ਪੇ ਬੈਂਡ ਦਾ ਲਾਭ ਦੇਣ , ਜੇ ਈ ਕੈਟਾਗਰੀ ਉਪਰ ਵਿੱਤ ਸਰਕੂਲਰ 10/16 ਲਾਗੂ ਕਰਨ, ਗਰੁੱਪ ਨੰ: 13 ਅਤੇ ਅਗਲੇ ਗਰੁੱਪਾਂ ਦੀਆਂ ਕੈਟਾਗਰੀਆਂ ਦੀ ਮੁੱਢਲੀ ਤਨਖਾਹ ਵਿੱਚ ਵਾਧਾ ਕਰਨ, ਕੰਟੀਜੈਂਸੀ ਕਾਮਿਆਂ ਨੂੰ ਬਣਦੀ ਪੂਰੀ ਤਨਖਾਹ ਦੇਣ, ਪੈਨਸ਼ਨਰਜ਼ ਨੂੰ 2.59 ਫੈਕਟਰ ਨਾਲ ਪੈਨਸ਼ਨ ਦੇਣ, 200 ਰੁ ਡਿਵੈਲਪਮੈਂਟ ਟੈਕਸ ਦੀ ਕਟੌਤੀ ਬੰਦ ਕਰਨ ਆਦਿ ਮਸਲੇ ਵਿੱਤ ਮੰਤਰੀ ਪੰਜਾਬ ਨਾਲ ਪੈਨਲ ਮੀਟਿੰਗ ਕਰਵਾ ਕੇ ਹੱਲ ਕਰਨੇ ਸਨ, ਪਰ ਮਸਲੇ ਹੱਲ ਕਰਨੇ ਤਾਂ ਇੱਕ ਪਾਸੇ ਪਰ ਮੈਨੇਜਮੈਂਟ ਤੇ ਸਰਕਾਰ ਨੇ ਗੱਲਬਾਤ ਦਾ ਰਸਤਾ ਹੀ ਬੰਦ ਕਰ ਦਿੱਤਾ ਹੈ।ਇਸੇ ਤਰ੍ਹਾਂ ਸੋਲੇਸ਼ੀਅਮ ਪਾਲਿਸੀ ਵਾਲੇ ਕੇਸ ਵਿੱਚ ਲਗਾਇਆ 12 ਪ੍ਰਤੀਸ਼ਤ ਵਿਆਜ਼ ਮੁਆਫ ਕਰਨ ਅਤੇ ਪਾਲਿਸੀ ਨਾਲ ਸਬੰਧਤ ਹੋਰ ਮਸਲੇ ਕੈਬਨਿਟ ਤੋਂ ਪਾਸ ਕਰਵਾਉਣ ਦੀ ਹੋਈ ਸਹਿਮਤੀ ਵੀ ਲਾਗੂ ਨਹੀਂ ਕੀਤੀ ਜਾ ਰਹੀ।ਆਗੂਆਂ ਨੇ ਮੈਨੇਜਮੈਂਟ ਉਪਰ ਦੋਸ਼ ਲਾਇਆ ਕਿ ਬਿਜਲੀ ਅਦਾਰੇ ਵਿੱਚ 45 ਹਜਾਰ ਖਾਲੀ ਅਸਾਮੀਆਂ ਨੂੰ ਪੁਰ ਕਰਨ ਲਈ ਨਵੀਂ ਭਰਤੀ ਨਹੀਂ ਕੀਤੀ ਜਾ ਰਹੀ, ਬਿਜਲੀ ਵਰਗੇ ਜੋਖਮ ਨਾਲ ਜੁੜੇ ਕੰਮ ਕਰਨ ਲਈ ਸੁਰੱਖਿਆ ਔਜ਼ਾਰ ਮੁਹਈਆ ਨਹੀਂ ਕੀਤੇ ਜਾ ਰਹੇ ਪਰ ਅਦਾਰੇ ਵਿੱਚ ਨਿੱਜੀਕਰਨ ਨੂੰ ਤੇਜ਼ ਕਰਨ ਲਈ ਬੇਲੋੜੇ ਖਰੀਦੇ ਸਮਾਰਟ ਮੋਬਾਈਲ ਫੋਨ ਬਿਨਾਂ ਕਿਸੇ ਠੋਸ ਨੀਤੀ ਦੇ ਕਰਮਚਾਰੀਆਂ ਨੂੰ ਧੱਕੇ ਨਾਲ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਗਰਿੱਡ ਸਟਾਫ ਨਾਲ ਸਬੰਧਤ ਮਸਲੇ, ਕੰਟਰੈਕਟ ਸਮੇਂ ਦਾ ਸੇਵਾ ਲਾਭ ਦੇਣ, ਦਰਜਾ ਚਾਰ ਤੋਂ ਕਲਰਕ ਦੀ ਤਰੱਕੀ ਸਮੇਤ ਸਾਰੀਆਂ ਕੈਟੇਗਰੀਆਂ ਦੀਆਂ ਤਰੱਕੀਆਂ ਸਮੇਤ ਹੋਰ ਮਸਲੇ ਹੱਲ ਕਰਨ ਦੀ ਸਹਿਮਤੀ ਨੂੰ ਲਾਗੂ ਨਹੀਂ ਕੀਤਾ ਗਿਆ।ਆਗੂਆਂ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਦੱਸਿਆ ਕਿ ਬਿਜਲੀ ਕਾਮੇ 1 ਜੁਲਾਈ ਤੋਂ ਵਰਕ ਟੂ ਰੂਲ ਅਨੁਸਾਰ ਸਿਰਫ ਬਣਦੀ 8 ਘੰਟੇ ਡਿਊਟੀ ਕਰਨਗੇ ਅਤੇ 21 ਤੇ 22 ਜੁਲਾਈ ਨੂੰ ਸਮੁੱਚੇ ਪੰਜਾਬ ਦੇ ਬਿਜਲੀ ਕਾਮੇ ਸਮੂਹਿਕ ਛੁੱਟੀ ਲੈ ਕੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਮਜ਼ਬੂਰ ਹੋਣਗੇ।ਇਸ ਤੋਂ ਇਲਾਵਾ ਸਮੂਹਿਕ ਛੁੱਟੀ ਵੇਲੇ ਪੈਨਸ਼ਨਰ ਜਥੇਬੰਦੀਆਂ ਦੇ ਵਰਕਰ ਸਾਰੇ ਪੰਜਾਬ ਵਿੱਚ ਡਿਪਟੀ ਕਮਿਸ਼ਨਰ ਦਫਤਰਾਂ ਸਾਹਮਣੇ ਆਪਣੇ ਆਪ ਨੂੰ ਗਿਰਫਤਾਰੀਆਂ ਲਈ ਪੇਸ਼ ਕਰਨਗੇ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਦੱਸਿਆ ਕਿ ਪਾਵਰਕਾਮ ਵਲੋਂ ਧੱਕੇਸ਼ਾਹੀ ਨਾਲ ਮੋਬਾਈਲ ਫੋਨ ਬਿਜਲੀ ਕਾਮਿਆਂ ਉਪਰ ਥੋਪੇ ਜਾ ਰਹੇ ਹਨ , ਧਰਨੇ ਵਿੱਚ ਆਗੂਆਂ ਨੇ ਪੈਸਕੋ, ਨੋਡਲ ਕੰਪਲੈਂਟ ਸੈਂਟਰ, ਥਰਮਲਾਂ ਸਮੇਤ ਹੋਰ ਠੇਕੇ ਤੇ ਰੱਖੇ ਕਾਮਿਆਂ ਨੂੰ ਵੀ ਮਹਿਕਮੇ ਅੰਦਰ ਲੈ ਕੇ ਰੈਗੂਲਰ ਕਰਨ ਦੀ ਮੰਗ ਕੀਤੀ ਗਈ ਅਤੇ ਉਨ੍ਹਾਂ ਦੇ ਸੰਘਰਸ਼ ਦੀ ਡਟਵੀਂ ਹਮਾਇਤ ਕੀਤੀ । ਧਰਨੇ ਵਿੱਚ ਐਲਾਨ ਕੀਤਾ ਗਿਆ ਕਿ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਨੀਤੀ ਵਿਰੁੱਧ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ ਤੇ 17 ਜੁਲਾਈ ਦੀ ਮਹਾਂ ਰੈਲੀ ਵਿੱਚ ਸਮੂਹ ਜਥੇਬੰਦੀਆਂ ਵੱਲੋਂ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰਜ਼ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਉਪਰੰਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਮੁਖ ਮੰਤਰੀ ਦੀ ਕੋਠੀ ਵੱਲ ਰੋਹ ਭਰਪੂਰ ਰੋਸ ਮਾਰਚ ਕੀਤਾ, ਜਿਸ ਉਪਰੰਤ ਸਥਾਨਕ ਪ੍ਰਸ਼ਾਸਨ ਵਲੋਂ ਜੱਥੇਬੰਦੀ ਦੇ ਆਗੂਆਂ ਨੂੰ 2 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਸਰਕਾਰ ਨਾਲ ਮੀਟਿੰਗ ਦਾ ਪੱਤਰ ਸੌਂਪਿਆ ਗਿਆ।

*** ਪਹਿਲੀ ਜੁਲਾਈ ਤੋਂ ਵਰਕ ਟੂ ਰੂਲ ਤਹਿਤ 8 ਘੰਟੇ ਡਿਊਟੀ ਕਰਨਗੇ ਮੁਲਾਜ਼ਮ**



# ਬਿਜਲੀ ਦੀ ਨਾਕਸ ਸਪਲਾਈ ਨੂੰ ਲੈ ਕੇ ਪੇਂਡੂ ਕਿਸਾਨਾਂ ਵੱਲੋਂ ਰੋਸ ਪ੍ਰਗਟ



ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)-ਸ੍ਰੀ ਗੋਇੰਦਵਾਲ ਸਾਹਿਬ ਸਬ ਸਟੇਸ਼ਨ ਨਾਲ ਜੁੜੇ ਅੱਧੀ ਦਰਜਨ ਤੋਂ ਵੱਧ ਪਿੰਡਾਂ ਦੇ ਕਿਸਾਨਾਂ ਵਿੱਚ ਬਿਜਲੀ ਦੀ ਨਿਗੂਣੀ ਸਪਲਾਈ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਕਿਸਾਨਾਂ ਵੱਲੋਂ ਸਬ ਸਟੇਸ਼ਨ ਗੋਇੰਦਵਾਲ ਸਾਹਿਬ ਦਾ ਘਿਰਾਓ ਕਰਦੇ ਹੋਏ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਕਿਸਾਨ ਗੁਰਇਕਬਾਲ ਸਿੰਘ ਖਹਿਰਾ, ਰੇਸ਼ਮ ਸਿੰਘ, ਦਲਜੀਤ ਸਿੰਘ, ਬਲਵਿੰਦਰ ਸਿੰਘ ਨੇ ਆਖਿਆ ਕਿ ਮੋਟਰਾਂ ਦੀ ਬਿਜਲੀ ਸਪਲਾਈ ਨਾ ਆਉਣ ਕਾਰਨ ਕਿਸਾਨਾਂ ਨੂੰ ਮਹਿੰਗੇ ਭਾਅ ਦਾ ਡੀਜ਼ਲ ਬਾਲ ਕੇ ਬੰਬੀਆਂ ਚਲਾਉਣੀਆਂ ਪੈ ਰਹੀਆਂ ਹਨ।ਕਿਸਾਨਾਂ ਦਾ ਕਹਿਣਾ ਹੈ ਕਿ ਝੋਨੇ ਦੀ ਲਵਾਈ ਦਾ ਸੀਜ਼ਨ ਸਿਖਰ ਤੇ ਹੈ, ਪਰ ਬਿਜਲੀ ਵਿਭਾਗ ਵੱਲੋਂ ਖੇਤੀ ਲਈ ਤੈਅ ਕੀਤੇ 8 ਘੰਟੇ ਬਿਜਲੀ ਦੀ ਥਾਂ ਸਿਰਫ 2 ਘੰਟੇ ਸਪਲਾਈ ਦਿੱਤੀ ਜਾ ਰਹੀ ਹੈ, ਜਿਸ ਕਾਰਨ ਫਸਲਾਂ ਦੇ ਖ਼ਰਾਬ ਹੋਣ ਦਾ ਖ਼ਦਸ਼ਾ ਬਣ ਗਿਆ ਹੈ।ਪਿੰਡ ਧੂੰਦਾ, ਗੋਇੰਦਵਾਲ ਸਾਹਿਬ, ਖੱਖ, ਪਿੰਡੀਆ, ਝੰਡੇਰ ਮਹਾਂਪੁਰਖ, ਹੰਸਾਵਾਲਾ ਤੇ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਇੱਕ ਹਫ਼ਤੇ ਤੋਂ ਬਿਜਲੀ ਕੱਟਾਂ ਨੇ ਉਨ੍ਹਾਂ ਦੀ ਨੀਂਦ ਹਰਾਮ ਕਰ ਦਿੱਤੀ ਹੈ।ਦਿਨ ਵੇਲੇ ਟਿਊਬਵੈੱਲ ਚਲਾਉਣ ਲਈ ਬਿਜਲੀ ਨਹੀਂ ਮਿਲਦੀ ਅਤੇ ਰਾਤ ਨੂੰ ਵੀ ਸਿਰਫ 1-2 ਘੰਟੇ ਲਈ ਸਪਲਾਈ ਆਉਂਦੀ ਹੈ। ਕਿਸਾਨ ਆਗੂ ਬਲਵਿੰਦਰ ਸਿੰਘ ਨੇ ਕਿਹਾ ਕਿ ਜੇਕਰ ਵਿਭਾਗ ਨੇ 2 ਦਿਨਾਂ ਦੇ ਅੰਦਰ-ਅੰਦਰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਨਾ ਬਣਾਈ ਤਾਂ ਉਹ ਸਬ ਸਟੇਸ਼ਨ ਦਾ ਘਿਰਾਓ ਕਰਨ ਦੇ ਨਾਲ-ਨਾਲ ਸੜਕ ਜਾਮ ਕਰਨ ਲਈ ਮਜਬੂਰ ਹੋਣਗੇ।

ਇਸ ਮੌਕੇ ਕਿਸਾਨ ਗੁਰਜਿੰਦਰ ਸਿੰਘ, ਮੰਗਲ ਸਿੰਘ, ਪ੍ਰਭਜੀਤ ਸਿੰਘ ਜੀਤੂ ਨੇ ਆਖਿਆ ਕਿ ਝੋਨੇ ਦੀ ਫ਼ਸਲ ਨੂੰ ਸਮੇਂ ਸਿਰ ਪਾਣੀ ਨਾ ਮਿਲਿਆ ਤਾਂ ਉਤਪਾਦਨ 'ਤੇ ਮਾੜਾ ਅਸਰ ਪਵੇਗਾ।ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਗੁਰਨਾਮ ਸਿੰਘ, ਮਲੂਕ ਸਿੰਘ, ਸੁਖਜੀਤ ਸਿੰਘ, ਅਮ੍ਰਿਤਪਾਲ ਸਿੰਘ, ਦਲਜੀਤ ਸਿੰਘ, ਬਲਵਿੰਦਰ ਸਿੰਘ, ਗੁਰਜਿੰਦਰ ਸਿੰਘ, ਦਿਲਬਾਗ ਸਿੰਘ, ਸਰਵਣ ਸਿੰਘ ਅਤੇ ਰਵੀਸ਼ੇਰ ਸਿੰਘ ਆਦਿ ਹਾਜ਼ਰ ਸਨ।

## ਦੇਸ਼ ਸੇਵਾ 'ਚ ਏਬੀਵੀਪੀ ਦਾ ਯੋਗਦਾਨ ਹਰ ਨਾਗਰਿਕ ਲਈ ਪ੍ਰੇਰਨਾ ਸਰੋਤ : ਅਕਸ਼ੈ ਸ਼ਰਮਾ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਉੱਤਰੀ ਤੋਂ ਭਾਜਪਾ ਨੇਤਾ ਅਕਸ਼ੈ ਸ਼ਰਮਾ ਨੇ ਕਿਹਾ ਕਿ ਦੇਸ਼ ਦੀ ਸੇਵਾ ਵਿਚ ਏਬੀਵੀਪੀ ਦਾ ਯੋਗਦਾਨ ਹਰ ਨਾਗਰਿਕ ਲਈ ਪ੍ਰੇਰਨਾ ਸਰੋਤ ਰਿਹਾ ਹੈ। ਜਲੰਧਰ ਵਿਚ ਏਬੀਵੀਪੀ ਦੇ ਸੂਬਾ ਹੈੱਡਕੁਆਰਟਰ ਵਿਚ ਸੰਬੋਧਨ ਕਰਦੇ ਹੋਏ ਅਕਸ਼ੈ ਸ਼ਰਮਾ ਨੇ ਕਿਹਾ ਕਿ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏਬੀਵੀਪੀ) ਦੀਆਂ ਸੱਤ ਦਹਾਕਿਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਵਿਰਾਸਤ ਨੂੰ 'ਧਿਐ ਯਾਤਰਾ-ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਦੀ ਇਤਿਹਾਸਕ ਗਾਥਾ' ਕਿਤਾਬ ਵਿਚ ਪੇਸ਼ ਕੀਤਾ ਗਿਆ ਹੈ। ਇਹ ਕਿਤਾਬ ਸਾਡੇ ਮਹਾਨ ਰਾਸ਼ਟਰ ਦੇ ਅਤੀਤ, ਵਰਤਮਾਨ ਤੇ ਭਵਿੱਖ ਨੂੰ ਕਵਰ ਕਰਨ ਵਾਲੇ ਵਿਆਪਕ ਦਸਤਾਵੇਜ਼ ਵਜੋਂ ਕੰਮ ਕਰਦੀ ਹੈ। ਪੰਜਾਬ ਦੇ ਸੰਗਠਨਾਤਮਕ ਸਕੱਤਰ ਸ਼ਮਸ਼ੇਰ ਸਿੰਘ ਚੌਹਾਨ ਨੇ ਅਕਸ਼ੈ ਸ਼ਰਮਾ ਨੂੰ ਇਸ ਕਿਤਾਬ ਦੀ ਕਾਪੀ ਭੇਂਟ ਕੀਤੀ। ਅਕਸ਼ੈ ਨੇ ਅੱਗੇ ਕਿਹਾ ਕਿ ਇਹ ਕਿਤਾਬ ਸੇਵਾ, ਅਨੁਸ਼ਾਸਨ ਤੇ ਸਮਰਪਣ ਰਾਹੀਂ ਵਿਦਿਆਰਥੀ ਭਲਾਈ, ਰਾਸ਼ਟਰੀ ਵਿਕਾਸ ਤੇ ਲੋਕਤੰਤਰ ਪ੍ਰਤੀ ਜਥੇਬੰਦੀ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ। ਇਹ ਵਿਦਿਆਰਥੀ ਮੁੱਦਿਆਂ ਨੂੰ ਹੱਲ ਕਰਨ, ਵਿਦਿਅਕ ਸੁਧਾਰਾਂ ਨੂੰ ਉਤਸ਼ਾਹਿਤ ਕਰਨ, ਰਾਸ਼ਟਰੀ ਏਕਤਾ ਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿਚ ਏਬੀਵੀਪੀ ਦੀ ਭੂਮਿਕਾ ਨੂੰ ਦਰਸਾਉਂਦੀ ਹੈ। ਇਹ ਨਾ ਸਿਰਫ਼ ਇਕ ਇਤਿਹਾਸਕ ਰਿਕਾਰਡ ਵਜੋਂ ਕੰਮ ਕਰਦੀ ਹੈ, ਸਗੋਂ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਵਜੋਂ ਵੀ ਕੰਮ ਕਰਦੀ ਹੈ, ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਤੇ ਸਮਾਜ ਵਿਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਉਤਸ਼ਾਹਿਤ ਕਰਦੀ ਹੈ। ਇਸ ਮੌਕੇ ਏਬੀਵੀਪੀ ਪੰਜਾਬ ਦੇ ਆਗੂ ਅੰਕਿਤ ਸ਼ੁਕਲਾ, ਨਿਰਦੇਸ਼ ਖਜੂਰੀਆ ਆਦਿ ਵੀ ਮੌਜੂਦ ਸਨ।

# ਜਾਣੇ-ਪਛਾਣੇ ਡਾਕਟਰ ਜਿਨ੍ਹਾਂ ਸੰਗੀਤ ਦਾ ਸ਼ੌਕ ਵੀ ਪਾਲਿਆ





ਅੰਮ੍ਰਿਤਸਰ (ਅਰੋੜਾ): ਗੁਰੂ ਦੀ ਨਗਰੀ ਦੇ ਕੁੱਝ ਅਜਿਹੇ ਬੁੱਧੀਜੀਵੀ ਡਾਕਟਰ ਜਿਨ੍ਹਾਂ ਦਾ ਪੰਜਾਬ ਹੀ ਨਹੀਂ ਪੂਰੇ ਭਾਰਤ ਵਿੱਚ ਨਾਂਅ ਹੈ, ਉਹ ਆਪਣੇ ਡਾਕਟਰੀ ਪੇਸ਼ੇ ਦੇ ਨਾਲ-ਨਾਲ ਸੰਗੀਤ ਦੀ ਦੁਨੀਆ ਵਿੱਚ ਆਪਣੀ ਚੰਗੀ ਪਛਾਣ ਰੱਖਦੇ ਹਨ।ਉਨ੍ਹਾਂ ਦਾ ਸੰਗੀਤ ਸੁਣ ਕੇ ਇੰਝ ਲੱਗਦਾ ਹੈ ਕਿ ਉਹ ਚੰਗੇ ਡਾਕਟਰ ਹੀ ਨਹੀਂ, ਸੁਲਝੇ ਹੋਏ ਸੰਗੀਤਕਾਰ ਵੀ ਹਨ।ਅੰਮ੍ਰਿਤਸਰ ਦੇ ਐੱਮ. ਐੱਮ. ਮਾਲਵੀਆ ਰੋਡ ਵਿਖੇ ਆਰਟ ਗੈਲਰੀ ਦੇ ਆਡੀਟੋਰੀਅਮ ਵਿੱਚ ਆਰਟ ਗੈਲਰੀ ਦੇ ਜਨਰਲ ਸਕੱਤਰ ਤੇ ਫੋਟੋਗ੍ਰਾਫੀ ਦੇ ਮਾਹਿਰ ਗੀਤਕਾਰ ਡਾਕਟਰ ਪੀ. ਐੱਸ. ਗਰੋਵਰ ਦੀ ਦੇਖ-ਰੇਖ ਵਿਚ ਕਰਵਾਏ ਜਾ ਰਹੇ ਸੰਗੀਤ ਸਮਾਗਮ ਵਿਚ ਅੰਮ੍ਰਿਤਸਰ ਦੇ ਨਾਮੀ ਕਲਾਕਾਰ ਜਿਨ੍ਹਾਂ 'ਚ ਹਰਿੰਦਰ ਸੋਹਲ, ਰਜੀਵ ਭਗਤ, ਵਿਸ਼ਾਲ ਸ਼ਰਮਾ, ਜ਼ੋਨਲ ਚੇਅਰਮੈਨ ਵਿਜੈ ਭਸੀਨ, ਲਤਿਕਾ ਅਰੋੜਾ, ਡਾਕਟਰ ਸੰਗੀਤਾ ਉਪਲ, ਡਾਕਟਰ ਹਰਿਦਯਪ੍ਰੀਤ ਕੌਰ ਅਤੇ ਹਾਸਰਸ ਕਲਾਕਾਰ ਸੁਰਿੰਦਰ ਫਰਿਸ਼ਤਾ (ਘੁੱਲੇਸ਼ਾਹ) ਅਤੇ ਹੋਰ ਬਹੁਤ ਸਾਰੇ ਡਾਕਟਰ ਅਤੇ ਕਲਾਕਾਰਾਂ ਨੇ ਆਪਣੇ-ਆਪਣੇ ਸੰਗੀਤ ਅਤੇ ਆਵਾਜ਼ ਨਾਲ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ।ਡਾਕਟਰ ਅਤੇ ਸੰਗੀਤਕਾਰ ਵਜੋਂ ਇਕ ਖਾਸ ਨਾਂਅ ਡਾ. ਨਵਪ੍ਰੀਤ ਹੰਸਪਾਲ, ਅੱਖਾਂ ਦੇ ਰੋਗਾਂ ਦੇ ਮਾਹਿਰ ਡਾ. ਚਰਨਕਮਲ ਜੈ ਕਮਲ ਹਸਪਤਾਲ ਦੇ ਸਰਜਨ ਦਾ ਹੈ ਜੋ ਸੰਗੀਤ ਦੀ ਦੁਨੀਆ 'ਚ ਵੱਖਰੀ ਪਛਾਣ ਰੱਖਦੇ ਹਨ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਡਾਕਟਰ ਹਨ ਜਿਨ੍ਹਾਂ ਦੀ ਆਵਾਜ਼ ਅਤੇ ਸੰਗੀਤ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਘੱਟ ਹੈ। ਡਾਕਟਰ ਪੀ. ਐੱਸ. ਗਰੋਵਰ ਵੱਲੋਂ ਕਰਵਾਏ ਸੰਗੀਤ ਸਮਾਗਮ ਵਿੱਚ ਇਹ ਸਾਬਿਤ ਹੋਇਆ ਹੈ ਕਿ ਅੰਮ੍ਰਿਤਸਰ 'ਚ ਕੁਝ ਡਾਕਟਰ ਸੰਗੀਤ ਦੀ ਦੁਨੀਆ ਦੇ ਵੀ ਸਮਰਾਟ ਹਨ।

# ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਦੋ-ਰੋਜ਼ਾ ਸ਼ੂਟਿੰਗ ਮੁਕਾਬਲੇ ਸ਼ੁਰੂ



ਧਾਰੀਵਾਲ, (ਮਨਦੀਪ ਵਿੱਕੀ)- ਨਿਸ਼ਾਨੇ ਉੱਤੇ ਟਿਕੀ ਅੱਖ, ਸਥਿਰ ਸਾਹ ਅਤੇ ਇਕਾਗਰ ਮਨ- ਤਿੰਨੇ ਗੁਣ ਸਿਰਫ਼ ਨਿਸ਼ਾਨੇਬਾਜ਼ੀ ਦੇ ਹੁਨਰ ਦੀ ਨੀਂਹ ਹੀ ਨਹੀਂ, ਸਗੋਂ ਜੀਵਨ ਨੂੰ ਸਹੀ ਦਿਸ਼ਾ ਦੇਣ ਵਾਲੇ ਅਨੁਸ਼ਾਸਨ ਦੀ ਪਹਿਚਾਣ ਵੀ ਹਨ। ਇਸੇ ਅਨੁਸ਼ਾਸਨ ਦਾ ਜਲੌਅ ਵਿਦਿਅਕ ਜਗਤ ਵਿੱਚ ਨਿਵੇਕਲਾ ਸਥਾਨ ਰੱਖਣ ਵਾਲੀ ਪ੍ਰਸਿੱਧ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਹੜੇ ਵਿੱਚ ਉਸ ਵੇਲੇ ਦੇਖਣ ਨੂੰ ਮਿਲਿਆ, ਜਦੋਂ ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਨੌਜਵਾਨ ਨਿਸ਼ਾਨੇਬਾਜ਼ਾਂ ਦੇ ਦੋ-ਰੋਜ਼ਾ ਸ਼ੂਟਿੰਗ ਮੁਕਾਬਲੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਸ਼ੁਰੂ ਹੋਏ।ਪੰਜਾਬ ਰਾਈਫਲ ਸ਼ੂਟਿੰਗ ਐਸੋਸੀਏਸ਼ਨ ਅੰਮ੍ਰਿਤਸਰ ਦੇ ਸਹਿਯੋਗ ਨਾਲ ਜ਼ਿਲ੍ਹਾ ਰਾਈਫਲ ਐਸੋਸੀਏਸ਼ਨ ਅੰਮ੍ਰਿਤਸਰ ਅਤੇ ਗੁਰਦਾਸਪੁਰ ਵੱਲੋਂ ਕਰਵਾਏ ਜਾ ਰਹੇ ਇਨ੍ਹਾਂ 10-ਮੀਟਰ ਰਾਈਫਲ ਅਤੇ ਪਿਸਟਲ ਸ਼ੂਟਿੰਗ ਮੁਕਾਬਲਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਖਾਲਸਾ ਕਾਲਜ ਅੰਮ੍ਰਿਤਸਰ, ਸਪਰਿੰਗ ਡੇਲ ਸੀਨੀਅਰ ਸਕੂਲ ਅੰਮ੍ਰਿਤਸਰ, ਬੀ.ਬੀ.ਕੇ. ਡੀਏਵੀ ਕਾਲਜ ਲਾਰੈਂਸ ਰੋਡ ਅੰਮ੍ਰਿਤਸਰ, ਡੂਨ ਸਕੂਲ ਗੁਰਦਾਸਪੁਰ, ਸ਼ਿਵ ਸ਼ਕਤੀ ਸ਼ੂਟਿੰਗ ਸਪੋਰਟਸ ਅਕੈਡਮੀ, ਨਾਰਾਇਣਾ ਈ ਟੈਕਨੋ, ਅਕਾਲ ਅਕੈਡਮੀ, ਸ਼ੂਟਿੰਗ ਕਲੱਬ ਪੰਜਾਬ, ਸਟਾਲ ਵਰਟ ਸਕੂਲ, ਵੀਜ਼ਨ ਸ਼ੂਟਿੰਗ ਅਕੈਡਮੀ, ਵਾਰੀਅਰ ਸ਼ੂਟਿੰਗ ਅਕੈਡਮੀ, ਸ਼ੂਟ ਟੂ ਵਿਨ ਅਕੈਡਮੀ, ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਅਤੇ ਦੋਵਾਂ ਜ਼ਿਲ੍ਹਿਆਂ ਦੇ ਹੋਰ ਵੀ ਵੱਖ-ਵੱਖ ਸਕੂਲਾਂ, ਅਕੈਡਮੀਆਂ ਅਤੇ ਨਿੱਜੀ ਤੌਰ ਤੇ ਖੇਡਣ ਵਾਲੇ ਤਕਰੀਬਨ 200 ਵਿਦਿਆਰਥੀਆਂ ਨੇ ਆਪਣੀ ਰਜਿਸਟ੍ਰੇਸ਼ਨ ਕਰਵਾਈ। ਪਠਾਨਕੋਟ ਜ਼ਿਲ੍ਹੇ ਦੇ ਸਕੂਲਾਂ ਨੇ ਵੀ ਉਚੇਚੇ ਤੌਰ 'ਤੇ ਇਸ ਵਿੱਚ ਸ਼ਿਰਕਤ ਕੀਤੀ।ਇਹ ਮੁਕਾਬਲੇ ਲਗਾਤਾਰ ਦੋ ਦਿਨ ਚੱਲਣਗੇ ਅਤੇ ਪਹਿਲੇ ਦਿਨ ਦੇ ਮੁਕਾਬਲੇ ਸਕੂਲ ਵਿੱਚ ਵਿਸ਼ੇਸ਼ ਤੌਰ ਤੇ ਤਿਆਰ ਕੀਤੀਆਂ ਗਈਆਂ ਸਕੂਲ ਦੀਆਂ ਦੋ ਆਧੁਨਿਕ ਸ਼ੂਟਿੰਗ ਰੇਂਜਾਂ ਵਿੱਚ ਕਰਵਾਏ ਗਏ।ਇਹ ਮੁਕਾਬਲੇ ਐੱਨ.ਆਰ. ਅਤੇ ਆਈ.ਐੱਸ.ਐੱਸ.ਐੱਫ. ਸ਼੍ਰੇਣੀਆਂ ਅਧੀਨ ਵੱਖ-ਵੱਖ ਉਮਰ ਵਰਗਾਂ ਵਿੱਚ ਖੇਡੇ ਜਾ ਰਹੇ ਹਨ ਅਤੇ ਸ਼ੂਟਿੰਗ ਵਿਭਾਗ ਵੱਲੋਂ ਨਿਯੁਕਤ ਅਧਿਕਾਰੀਆਂ ਦੀ ਨਿਗਰਾਨੀ ਹੇਠ ਨੇਪਰੇ ਚਾੜ੍ਹੇ ਜਾ ਰਹੇ ਹਨ।ਇਸ ਮੌਕੇ ਸੰਸਥਾ ਦੇ ਸੰਚਾਲਕ ਸ. ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਰੁਚੀ ਰੱਖਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਨਿਸ਼ਾਨੇਬਾਜ਼ੀ ਵਰਗੀ ਖੇਡ ਨੌਜਵਾਨਾਂ ਵਿੱਚ ਇਕਾਗਰਤਾ, ਧੀਰਜ ਅਤੇ ਆਤਮ-ਵਿਸ਼ਵਾਸ ਪੈਦਾ ਕਰਦੀ ਹੈ, ਜੋ ਉਨ੍ਹਾਂ ਨੂੰ ਜ਼ਿੰਦਗੀ ਦੇ ਹਰ ਖੇਤਰ ਵਿੱਚ ਅੱਗੇ ਵਧਣ ਵਿੱਚ ਸਹਾਈ ਹੁੰਦੀ ਹੈ। ਉਨ੍ਹਾਂ ਆਖਿਆ ਕਿ ਸੰਸਥਾ ਪੇਂਡੂ ਖੇਤਰ ਦੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਵਚਨਬੱਧ ਹੈ।ਮੁਕਾਬਲਿਆਂ ਦੇ ਪਹਿਲੇ ਦਿਨ ਨੌਜਵਾਨ ਨਿਸ਼ਾਨੇਬਾਜ਼ਾਂ ਦੇ ਉਤਸ਼ਾਹ ਨੇ ਇਹ ਸਾਬਤ ਕਰ ਦਿੱਤਾ ਕਿ ਪੇਂਡੂ ਧਰਤੀ ਉੱਤੇ ਖੜ੍ਹੀ ਇਹ ਸੰਸਥਾ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਇੱਕ ਵੱਡਾ ਕੇਂਦਰ ਬਣ ਕੇ ਉੱਭਰ ਰਹੀ ਹੈ।ਇਸ ਮੌਕੇ ਡੀ. ਆਰ. ਐੱਸ. ਮੈਂਬਰ ਸਤਿੰਦਰ ਸਿੰਘ, ਆਫੀਸ਼ੀਅਲ ਮਨਦੀਪ ਸਿੰਘ, ਕੋਚ ਗੁਰਪ੍ਰੀਤ ਸਿੰਘ, ਕੋਚ ਸ਼ਿਲਪਾ ਜਸਵਾਲ, ਕੋਚ ਰਾਜਵਿੰਦਰ ਕੌਰ, ਡੀਪੀਈ ਜਤਿੰਦਰ ਕੁਮਾਰ ਸਮੇਤ ਵੱਖ-ਵੱਖ ਸਕੂਲਾਂ, ਰਿਆੜਕੀ ਸਕੂਲ ਦਾ ਸਮੂਹ ਸਟਾਫ ਅਤੇ ਖੇਡਣ ਆਏ ਸਕੂਲਾਂ ਦੇ ਅਧਿਆਪਕ ਅਤੇ ਮਾਪੇ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## 'ਮਨ ਕੀ ਬਾਤ' ਵਿਕਸਤ ਭਾਰਤ ਲਈ ਲੋਕਾਂ ਦੇ ਸੰਕਲਪ ਦੀ ਆਵਾਜ਼



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਐਤਵਾਰ ਨੂੰ ਨਵੀਂ ਦਿੱਲੀ ਦੇ ਕਰੋਲ ਬਾਗ ਜ਼ਿਲ੍ਹਾ ਭਾਜਪਾ ਦਫ਼ਤਰ ਵਿਚ ਪਾਰਟੀ ਵਰਕਰਾਂ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰੋਗਰਾਮ 'ਮਨ ਕੀ ਬਾਤ' ਦੇ 135ਵੇਂ ਐਪੀਸੋਡ ਨੂੰ ਸੁਣਿਆ। ਇਸ ਮੌਕੇ ਲੋਕ ਸਭਾ ਮੈਂਬਰ ਬੰਸੁਰੀ ਸਵਰਾਜ, ਸੂਬਾ ਜਨਰਲ ਸਕੱਤਰ ਵਿਸ਼ਨੂੰ ਮਿੱਤਲ, ਜ਼ਿਲ੍ਹਾ ਪ੍ਰਧਾਨ ਰਾਜੀਵ ਬੱਬਰ ਸਮੇਤ ਕਈ ਸੀਨੀਅਰ ਅਹੁਦੇਦਾਰ ਤੇ ਵਰਕਰ ਮੌਜੂਦ ਸਨ। ਇਸ ਤੋਂ ਇਲਾਵਾ ਅੰਮ੍ਰਿਤਸਰ ਦੇ ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ ਆਫ ਨਰਸਿੰਗ ਵਿਚ ਵੱਡੀ ਗਿਣਤੀ ਵਿਚ ਅੰਮ੍ਰਿਤਸਰ ਦੇ ਭਾਜਪਾ ਵਰਕਰਾਂ ਨੇ ਵੀ ਸਮੂਹਿਕ ਤੌਰ 'ਤੇ ਪ੍ਰਸਾਰਣ ਸੁਣਿਆ। ਪ੍ਰੋਗਰਾਮ ਤੋਂ ਬਾਅਦ ਤਰੁਣ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪ੍ਰੋਗਰਾਮ 'ਮਨ ਕੀ ਬਾਤ' ਵਿਕਸਤ ਭਾਰਤ ਲਈ ਲੋਕਾਂ ਦੇ ਸੰਕਲਪ ਦੀ ਆਵਾਜ਼ ਬਣ ਗਿਆ ਹੈ। ਇਹ ਪ੍ਰੋਗਰਾਮ ਲੱਖਾਂ ਨਾਗਰਿਕਾਂ ਨੂੰ ਦੇਸ਼ ਪਹਿਲਾਂ ਦੀ ਭਾਵਨਾ ਨਾਲ ਜੋੜ ਰਿਹਾ ਹੈ।

ਤਰੁਣ ਚੁੱਘ ਨੇ ਕਿਹਾ ਕਿ ਪੰਜਾਬ ਬਦਲਾਅ ਚਾਹੁੰਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਪੰਜਾਬ ਨੂੰ ਨਸ਼ਾ ਮੁਕਤ, ਭ੍ਰਿਸ਼ਟਾਚਾਰ ਮੁਕਤ, ਸੁਰੱਖਿਅਤ ਤੇ ਵਿਕਾਸ-ਮੁਖੀ ਸੂਬਾ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਭਾਜਪਾ ਵਰਕਰਾਂ ਨੂੰ ਪ੍ਰਧਾਨ ਮੰਤਰੀ ਦੇ ਸੰਦੇਸ਼ ਨੂੰ ਹਰ ਘਰ ਤਕ ਪਹੁੰਚਾਉਣ ਅਤੇ ਪਾਣੀ ਦੀ ਸੰਭਾਲ, ਵਾਤਾਵਰਣ ਸੁਰੱਖਿਆ, ਦੇਸੀ ਉਤਪਾਦਾਂ ਦੀ ਵਰਤੋਂ, ਕੁਦਰਤੀ ਖੇਤੀ, ਸਮਾਜ ਸੇਵਾ ਤੇ ਰਾਸ਼ਟਰੀ ਹਿੱਤ ਲਈ ਮੁਹਿੰਮਾਂ ਨੂੰ ਜਨਤਕ ਹਿੱਸੇਦਾਰੀ ਰਾਹੀਂ ਇਕ ਵਿਆਪਕ ਜਨ ਅੰਦੋਲਨ ਵਿਚ ਬਦਲਣ ਦਾ ਸੱਦਾ ਦਿੱਤਾ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ, ਸਾਬਕਾ ਕੌਂਸਲਰ ਲਵਿੰਦਰ ਬੰਟੀ, ਹੇਮੰਤ ਪਿੰਕੀ, ਦਫ਼ਤਰ ਸਕੱਤਰ ਰਾਜੇਸ਼ ਮਹਿਤਾ, ਕੌਂਸਲਰ ਵਿਕਾਸ ਗਿੱਲ ਦੇ ਨੁਮਾਇੰਦੇ ਸਲੀਮ ਗਿੱਲ, ਹਰੀਸ਼ ਗਿੱਲ, ਇੰਦਰਜੀਤ, ਭਾਜਪਾ ਆਗੂ ਤਰਵਿੰਦਰ ਬਿੱਲਾ, ਮੰਡਲ ਪ੍ਰਧਾਨ ਟਹਿਲ ਸਿੰਘ, ਸਾਬਕਾ ਮੰਡਲ ਪ੍ਰਧਾਨ ਸ਼ੰਕਰ ਲਾਲ, ਸੰਦੀਪ ਬਹਿਲ, ਦਵਿੰਦਰ ਬੌਬੀ, ਰਾਜ ਕੁਮਾਰ ਬਿੱਟੂ, ਸੁਨੀਲ ਸਹਿਗਲ, ਅਸ਼ੋਕ ਮਨਚੰਦਾ, ਹੈਪੀ ਨਈਅਰ, ਕਾਕੇ ਸ਼ਾਹ, ਗੁਰਪ੍ਰੀਤ, ਇੰਦਰਜੀਤ, ਤਰੁਣ ਅਰੋੜਾ, ਕਾਰਤਿਕ ਮਹਾਜਨ ਆਦਿ ਹਾਜ਼ਰ ਸਨ।



*ਮਜੀਠਾ ਰੋਡ, ਗੋਪਾਲ ਨਗਰ, ਸ਼ਾਸਤਰੀ ਨਗਰ ਵਿਚ ਕਾਲੀ ਮਾਤਾ ਮੰਦਰ ਵਿਖੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਂਦੇ ਹੋਏ ਸਮਾਜ ਸੇਵਕ ਅਨੁਜ ਖੇਮਕਾ, ਕਪਿਸ਼ ਖੇਮਕਾ, ਕਾਲੀ ਮਾਤਾ ਮੰਦਰ ਦੇ ਪੁਜਾਰੀ ਵਿਸ਼ਨੂੰ ਸ਼ਰਮਾ, ਨਿਅਕਸ਼ ਭੱਲਾ, ਗੌਰਵ ਦੀਕਸ਼ਿਤ, ਤਮੰਨਾ, ਸੋਨੂੰ ਕਪੂਰ ਤੇ ਜੋਤੀ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)*



*ਵੂਮੈਨ ਸੈੱਲ ਦੀ ਐੱਸ. ਐੱਚ. ਓ. ਹਰਵਿੰਦਰ ਕੌਰ ਨੂੰ ਉਨ੍ਹਾਂ ਦੀਆਂ ਵਧੀਆ ਸੇਵਾਵਾਂ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਦੇ ਹੋਏ ਐੱਚ. ਏ. ਸੀ. ਈ. ਵੈੱਲਫੇਅਰ ਫਾਊਂਡੇਸ਼ਨ ਅੰਮ੍ਰਿਤਸਰ ਦੇ ਪ੍ਰਧਾਨ ਰਘੂ ਪਰਾਸ਼ਰ, ਕੌਮੀ ਕਾਨੂੰਨੀ ਸਲਾਹਕਾਰ ਐਡਵੋਕੇਟ ਸੰਦੀਪ ਸ਼ਰਮਾ, ਮਧੂ ਸ਼ਰਮਾ, ਜਨਰਲ ਸਕੱਤਰ ਪੰਜਾਬ ਸਤਬੀਰ ਸਿੰਘ ਹੂੰਜਣ, ਅੰਮ੍ਰਿਤਸਰ ਦੱਖਣੀ ਦੇ ਪ੍ਰਧਾਨ ਜਸਪਿੰਦਰ ਕੌਰ, ਕਾਰਜਕਾਰੀ ਮੈਂਬਰ ਸਤਨਾਮ ਸਿੰਘ ਅਤੇ ਵੂਮੈੱਨ ਸੈੱਲ ਅੰਮ੍ਰਿਤਸਰ ਦੇ ਪ੍ਰਧਾਨ ਸੀਮਾ ਸ਼ਰਮਾ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)*



*ਬਟਾਲਾ : ਸ੍ਰੀ ਗੁਰੂ ਹਨੂੰਮਾਨ ਅਖਾੜਾ ਵਿਖੇ ਵਿਖੇ ਠੰਢੇ, ਮਿੱਠੇ ਜਲ ਦੀ ਛਬੀਲ ਵਰਤਾਉਂਦੇ ਸੇਵਾਦਾਰ। (ਫੋਟੋ ਤੇ ਵੇਰਵਾ : ਤਰਲੋਕ ਬੱਗਾ)*

# ਜਥੇਦਾਰ ਬਾਬਾ ਭੋਲਾ ਸਿੰਘ ਬੀੜ ਸਾਹਿਬ ਵਾਲਿਆਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ): ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਧੰਨ-ਧੰਨ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 22ਵਾਂ ਮਹਾਨ ਨਗਰ ਕੀਰਤਨ ਗੁਰਦੁਆਰਾ ਜਨਮ ਅਸਥਾਨ ਗੁਰੂ ਕੀ ਵਡਾਲੀ ਤੋਂ ਸਜਾ ਕੇ ਆਰੰਭ ਹੋਇਆ।ਵੱਖ-ਵੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਤੋਂ ਹੁੰਦਾ ਹੋਇਆ ਇਹ ਨਗਰ ਕੀਰਤਨ ਜਦੋਂ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਪੁੱਜਾ ਤਾਂ ਬਾਬਾ ਸੰਤੋਖ ਸਿੰਘ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਸੇਵਾਦਾਰ ਜਥੇਦਾਰ ਬਾਬਾ ਭੋਲਾ ਸਿੰਘ ਬੀੜ ਸਾਹਿਬ ਜੀ ਨੇ ਸੰਗਤਾਂ ਸਮੇਤ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।

ਪੰਜ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਨਗਰ ਕੀਰਤਨ ਵਿਚ ਸ਼ਾਮਿਲ ਸੰਗਤਾਂ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਅਤੇ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ।ਇਸ ਮੌਕੇ ਰਜਵੰਤ ਸਿੰਘ ਜੱਜ ਕਸੇਲ, ਗੁਰਵੇਲ ਸਿੰਘ ਬਘਿਆੜੀ, ਭਾਈ ਕਸ਼ਮੀਰ ਸਿੰਘ ਬਘਿਆੜੀ, ਸਾਬਕਾ ਸਰਪੰਚ ਮੋਤਾ ਸਿੰਘ, ਡਾ. ਨਰਿੰਦਰ ਸਿੰਘ, ਸੁਪਰਡੈਂਟ ਤੇਜਿੰਦਰ ਸਿੰਘ, ਗੱਜਣ ਸਿੰਘ ਗੋਹਲਵੜ, ਬਲਵਿੰਦਰ ਸਿੰਘ ਗੋਹਲਵੜ, ਕਾਲਾ ਸਿੰਘ, ਅੰਗਰੇਜ਼ ਸਿੰਘ, ਦਿਲਬਾਗ ਸਿੰਘ ਬਘਿਆੜੀ, ਦਵਿੰਦਰ ਸਿੰਘ ਕਾਲਜ , ਸੁਬੇਗ ਸਿੰਘ ਠਠਗੜ੍ਹ, ਬਾਬਾ ਕਰਤਾਰ ਸਿੰਘ ਤੋਂ ਇਲਾਵਾ ਹੋਰ ਵੀ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਸਾਲਾਨਾ ਗੁਰਮਤਿ ਸਮਾਗਮ ਭਲਕੇ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਮੀਰੀ ਅਤੇ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਯੋਗ ਅਗਵਾਈ ਵਿੱਚ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਅਵਤਾਰ ਪੁਰਬ ਦੀਆਂ ਖੁਸ਼ੀਆਂ ਮਨਾਉਂਦਿਆਂ ਸਾਲਾਨਾ ਗੁਰਮਤਿ ਸਮਾਗਮ 30 ਜੂਨ, ਦਿਨ ਮੰਗਲਵਾਰ ਨੂੰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ।ਸੰਤ ਬਾਬਾ ਸੱਜਣ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਪੰਡਾਲ ਸਜਾਇਆ ਜਾਵੇਗਾ, ਜਿਸ ਵਿਚ ਪ੍ਰਸਿੱਧ ਢਾਡੀ ਅਤੇ ਕਵੀਸ਼ਰ ਜਥੇ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕਰਨਗੇ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੱਤੀ ਕਿ ਸਮਾਗਮ ਦੌਰਾਨ ਸੰਤ ਮਹਾਂਪੁਰਖਾਂ ਅਤੇ ਸੰਗਤਾਂ ਦੀ ਹਾਜ਼ਰੀ ਵਿਚ ਗੁਰਦੁਆਰਾ ਸਾਹਿਬ ਵਿਖੇ ਦਰਸ਼ਨੀ ਡਿਓਢੀ ਤੇ ਜੋੜੇ ਘਰ ਦੀ ਨਵੀਂ ਇਮਾਰਤ ਦੀ ਉਸਾਰੀ ਵੀ ਆਰੰਭ ਕੀਤੀ ਜਾਵੇਗੀ।ਸੰਤ ਬਾਬਾ ਸੱਜਣ ਸਿੰਘ ਨੇ ਇਲਾਕੇ ਦੀਆਂ ਸਰਬੱਤ ਸੰਗਤਾਂ ਨੂੰ ਇਸ ਸਮਾਗਮ ਵਿਚ ਹੁੰਮ-ਹੁੰਮਾ ਕਿ ਪਹੁੰਚਣ ਅਤੇ ਤਨ ਮਨ ਤੇ ਧਨ ਨਾਲ ਸੇਵਾ ਕਰਕੇ ਲਾਹਾ ਪ੍ਰਾਪਤ ਕਰਨ ਦੀ ਅਪੀਲ ਕੀਤੀ।ਸਮਾਗਮ ਦੌਰਾਨ ਠੰਡੇ-ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਇਸ ਮੌਕੇ ਭਾਈ ਰਣਜੀਤ ਸਿੰਘ ਬਾਠ ਬਾਬੋਵਾਲ, ਬਾਬਾ ਬਲਰਾਜ ਸਿੰਘ, ਭਾਈ ਨਰਿੰਦਰ ਸਿੰਘ ਭੋਏ ਸਮੇਤ ਹੋਰ ਸ਼ਖਸੀਅਤਾਂ ਮੌਜੂਦ ਸਨ।

# ਨਸ਼ਾ ਮੁਕਤੀ ਈ-ਰਿਕਸ਼ਾ ਨੂੰ ਹਰੀ ਝੰਡੀ



ਬਟਾਲਾ, (ਤਰਲੋਕ ਬੱਗਾ)-'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਮੰਤਵ ਨਾਲ ਨਸ਼ਾ ਮੁਕਤੀ ਈ- ਰਿਕਸ਼ਾ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਜਿਸ ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਤੋਂ ਨਸ਼ਾ ਮੁਕਤੀ ਈ-ਰਿਕਸ਼ਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਮਨਜੀਤ ਸਿੰਘ ਬੁਮਰਾਹ ਹਲਕਾ ਕੁਆਰਡੀਨੇਟਰ, ਨਸ਼ਾ ਮੁਕਤੀ ਮੋਰਚਾ ਬਟਾਲਾ ਵੀ ਮੌਜੂਦ ਸਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਕਰਦੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਮੁਕੰਮਲ ਤੌਰ ਤੇ ਖਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਸਰਕਾਰ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਤੋਂ ਇਲਾਵਾ ਨਸ਼ੇ ਦੇ ਜਾਲ ਵਿੱਚ ਫਸੇ ਵਿਅਕਤੀਆਂ ਦਾ ਨਸ਼ਾ ਛੱਡਣ ਲਈ ਇਲਾਜ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਮਨਜੀਤ ਸਿੰਘ ਬੁਮਰਾਹ ਨੇ ਕਿਹਾ ਕਿ ਨਸ਼ਾ ਮੁਕਤੀ ਈ ਰਿਕਸ਼ਾ ਦਾ ਮੁੱਖ ਮੰਤਵ ਸ਼ਰਾਰਤੀ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣਾ ਹੈ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਦੀ ਸਮੁੱਚੀ ਟੀਮ ਇਸ ਮੁਹਿੰਮ ਦੇ ਨਾਲ ਜੁੜੀ ਹੋਈ ਹੈ।ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਲੋਕ ਸਹਿਯੋਗ ਕਰਨ ਤਾਂ ਜੋ ਨਸ਼ਿਆਂ ਨੂੰ ਮੁਕੰਮਲ ਤੌਰ 'ਤੇ ਠੱਲ੍ਹ ਪਾਈ ਜਾ ਸਕੇ।

# ਦਿਵਯ ਜਯੋਤੀ ਜਾਗਰਤੀ ਸੰਸਥਾਨ ਨੇ ਪ੍ਰਦੂਸ਼ਣ ਮੁਕਤ ਵਾਤਾਵਰਣ ਸਿਰਜਣ ਦਾ ਦਿੱਤਾ ਸੱਦਾ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸ੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ ਵਿੱਚ ਤਿੰਨ ਦਿਨਾਂ ਦੀ ਸ਼ਿਵ ਕਥਾ ਦਾ ਆਯੋਜਨ ਕੀਤਾ ਗਿਆ।ਪਹਿਲੇ ਦਿਨ ਸਾਧਵੀ ਗੌਰੀ ਭਾਰਤੀ ਨੇ ਕਿਹਾ ਕਿ ਸੰਘਾਰਕ ਸ਼ਿਵ ਸਵਰੂਪ ਹੁੰਦੇ ਹੋਏ ਵੀ ਕਲਿਆਣਕਾਰੀ ਹੈ।ਭਗਵਾਨ ਮਹਾਦੇਵ ਨੂੰ ਅਸੀਂ ਨੀਲਕੰਠ ਕਹਿ ਕੇ ਸੰਬੋਧਿਤ ਕਰਦੇ ਹਾਂ ਕਿਉਂਕਿ ਉਨ੍ਹਾਂ ਨੇ ਸਾਗਰ ਮੰਥਨ ਦੌਰਾਨ ਕਾਲਕੂਟ ਵਿਸ਼ ਦਾ ਪਾਨ ਕਰਕੇ ਪ੍ਰਕਿਰਤੀ ਨੂੰ ਵਿਸ਼ ਮੁਕਤ ਕੀਤਾ।ਪਰ ਹੈਰਾਨੀ ਦਾ ਵਿਸ਼ਾ ਇਹ ਹੈ ਕਿ ਪਵਿੱਤਰ ਗੰਗਾ ਨੂੰ ਇਨਸਾਨ ਨੇ ਪ੍ਰਦੂਸ਼ਿਤ ਕਰ ਦਿੱਤਾ ਹੈ।ਭਾਰਤ ਦੀਆਂ ਨਦੀਆਂ ਹੀ ਨਹੀਂ, ਸਾਰੀ ਪ੍ਰਕਿਰਤੀ ਹੀ ਭੀਸ਼ਣ ਪ੍ਰਦੂਸ਼ਣ ਦੀ ਮਾਰ ਸਹਿਣ ਕਰ ਰਹੀ ਹੈ।ਇਨਸਾਨ ਆਪਣੇ ਸਵਾਰਥ ਵੱਸ ਹੋ ਕੇ ਰੁੱਖਾਂ ਦੀ ਕਟਾਈ ਕਰਦਾ ਜਾ ਰਿਹਾ ਹੈ।ਫੈਕਟਰੀਆਂ ਦਾ ਗੰਦਾ ਪਾਣੀ ਨਦੀਆਂ-ਨਾਲਿਆਂ ਦੇ ਪਾਣੀ ਨੂੰ ਪ੍ਰਦੂਸ਼ਤ ਕਰ ਰਿਹਾ ਹੈ।ਮਾਨਵ ਨੂੰ ਸੁਚੇਤ ਹੋਣਾ ਪਵੇਗਾ।ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਉਣ ਦੇ ਨਾਲ ਹੀ ਇਹ ਸੰਭਵ ਹੈ।ਜਿਸ ਪ੍ਰਕਾਰ ਭਗਵਾਨ ਸ਼ਿਵ ਨੇ ਵਿਸ਼ ਤੋਂ ਪੂਰੀ ਸ੍ਰਿਸ਼ਟੀ ਦੀ ਰੱਖਿਆ ਕੀਤੀ, ਇਸੇ ਪ੍ਰਕਾਰ ਅੱਜ ਦੇ ਮਾਨਵ ਨੂੰ ਵੀ ਪ੍ਰਦੂਸ਼ਿਤ ਹੋ ਰਹੀ ਇਸ ਪ੍ਰਕਿਰਤੀ ਨੂੰ ਬਚਾਉਣ ਦੇ ਲਈ ਖੁਦ ਜਾਗਰਿਤ ਹੋਣ ਦੀ ਲੋੜ ਹੈ।ਅਗਰ ਅਸੀਂ ਇਸ ਦੀ ਸੰਭਾਲ ਨਹੀਂ ਕਰਾਂਗੇ ਤਾਂ ਇਨਸਾਨ ਆਪਣੇ ਜੀਵਨ ਨੂੰ ਖੁਸ਼ਹਾਲ ਜੀਵਨ ਨਹੀਂ ਬਣਾ ਸਕਦਾ।ਕਥਾ ਦੌਰਾਨ ਸਾਧਵੀ ਸਦਯਾ ਭਾਰਤੀ, ਸਾਧਵੀ ਭਾਵਅਰਚਨਾ ਭਾਰਤੀ, ਸਾਧਵੀ ਪ੍ਰਭੂਜੋਤੀ ਭਾਰਤੀ, ਸਾਧਵੀ ਕਰਾਲਿਕਾ ਭਾਰਤੀ ਨੇ ਭਗਵਾਨ ਸ਼ਿਵ ਦੇ ਸੁੰਦਰ ਭਜਨਾਂ ਦਾ ਗਾਇਨ ਕੀਤਾ। ਇਸ ਮੌਕ ਪੰਡਿਤ ਮਹਾਵੀਰ ਪ੍ਰਸ਼ਾਦ (ਸ੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ), ਸ੍ਰੀ ਵਿਜੇ ਕੁਮਾਰ (ਮੈਨੇਜਰ), ਲਖਵਿੰਦਰ ਸਿੰਘ ਲੱਕੀ, ਡਿੰਪੀ ਮਹੰਤ, ਰਜਿੰਦਰ ਭੰਡਾਰੀ, ਜਸਪਾਲ ਸਿੰਘ, ਸੁਰਜੀਤ ਅਹੂਜਾ, ਮਾਸਟਰ ਸ਼ਕਤੀ ਸ਼ਰਮਾ (ਬ੍ਰਾਹਮਣ ਸਭਾ) ਨਾ ਹਾਜ਼ਰੀ ਭਰੀ।

## ਵਜ਼ੀਰ ਭੁੱਲਰ ਤੇ ਦੌਲੋ ਨੰਗਲ ਵਿਖੇ ਪੋਲੀਓ ਰੋਧਕ ਬੂੰਦਾਂ ਪਿਲਾਈਆਂ



ਬਿਆਸ (ਰੱਖੜਾ) ਭਾਰਤ ਵਿੱਚ ਸਮੇਂ-ਸਮੇਂ 'ਤੇ ਪੋਲੀਓ ਦਿਵਸ ਦੇ ਰੂਪ ਵਿੱਚ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਜਾਂਦੀਆਂ ਹਨ। ਇਸ ਅਭਿਆਨ ਦੇ ਤਹਿਤ ਪਿੰਡ ਵਜ਼ੀਰ ਭੁੱਲਰ ਵਿੱਚ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਵਿਖੇ ਸਰਬਜੀਤ ਕੌਰ, ਸੁਰੇਸ਼ ਰਾਣੀ, ਜਸਵਿੰਦਰ ਕੌਰ (ਸਾਰੀਆਂ ਆਸ਼ਾ ਵਰਕਰ) ਅਤੇ ਮਨਜੀਤ ਕੌਰ ਆਂਗਣਵਾੜੀ ਵਰਕਰ ਨੇ ਸਾਂਝੇ ਤੌਰ 'ਤੇ ਕੈਂਪ ਲਾਇਆ ਅਤੇ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ।

ਇਸ ਮੁਹਿੰਮ ਤਹਿਤ ਹੀ ਪਿੰਡ ਦੌਲੋ ਨੰਗਲ ਵਿਖੇ ਸੁਪਰਵਾਈਜ਼ਰ ਬਿਕਰਮਜੀਤ ਸਿੰਘ, ਸੁਖਵਿੰਦਰ ਕੌਰ, ਚਰਨਜੀਤ ਕੌਰ, ਰਣਜੀਤ ਕੌਰ, (ਸਾਰੀਆਂ ਆਸ਼ਾ ਵਰਕਰ) ਅਤੇ ਲਖਵਿੰਦਰ ਕੌਰ, ਕੁਲਬੀਰ ਕੌਰ (ਆਂਗਣਵਾੜੀ ਵਰਕਰ) ਨੇ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ।

# ਯੂਥ ਕਾਂਗਰਸ ਪਾਰਟੀ ਦੀ ਰੀੜ੍ਹ ਦੀ ਹੱਡੀ : ਸਿੱਕੀ

**ਦੋ ਦਰਜਨ ਨਵੇਂ ਚੁਣੇ ਯੂਥ ਕਾਂਗਰਸੀ ਆਗੂਆਂ ਨੂੰ ਸਿੱਕੀ ਨੇ ਕੀਤਾ ਸਨਮਾਨਿਤ**



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਹਾਲ ਹੀ ਵਿੱਚ ਸੂਬੇ ਭਰ ਵਿੱਚ ਹੋਈਆਂ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਨਾਲ ਸੰਬੰਧਿਤ ਦੋ ਦਰਜਨ ਦੇ ਕਰੀਬ ਹਲਕੇ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਰਹਿਨੁਮਾਈ ਹੇਠ ਯੂਥ ਆਗੂਆਂ ਨੇ ਚੋਣਾਂ ਵਿੱਚ ਹਿੱਸਾ ਲਿਆ। ਦਫਤਰ ਕਾਂਗਰਸ ਭਵਨ ਪਿੰਡ ਰੈਸ਼ੀਆਣਾ ਵਿਖੇ ਜਿੱਤੇ ਹੋਏ ਯੂਥ ਆਗੂਆਂ ਦਾ ਮੂੰਹ ਮਿੱਠਾ ਕਰਵਾ ਕੇ ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਯੂਥ ਚੋਣਾਂ 'ਚੋਂ ਜਿੱਤ ਪ੍ਰਾਪਤ ਕਰਨ ਵਾਲੇ ਹਲਕਾ ਖਡੂਰ ਸਾਹਿਬ ਦੇ ਯੂਥ ਕਾਂਗਰਸੀ ਆਗੂ ਜਿਨ੍ਹਾਂ 'ਚੋਂ ਹਲਕਾ ਖਡੂਰ ਸਾਹਿਬ ਯੂਥ ਪ੍ਰਧਾਨ ਜੁਗਰਾਜ ਸਿੰਘ ਰੰਧਾਵਾ, ਵਾਈਸ ਪ੍ਰਧਾਨ ਅਰਸ਼ਦੀਪ ਸਿੰਘ, ਐੱਸਸੀ ਵਾਇਸ ਪ੍ਰਧਾਨ ਦੇਸ਼ਦੀਪ ਸਿੰਘ, ਜਨਰਲ ਸਕੱਤਰ ਕੁਲਬੀਰ ਸਿੰਘ ਕੋਟ, ਜਨਰਲ ਸਕੱਤਰ ਰਾਜਪਾਲ ਸਿੰਘ ਵਿਰਕ, ਅਵਿਜੋਧ ਸਿੰਘ ਭੱਠਲ, ਜਨਰਲ ਸਕੱਤਰ ਕੁਲਦੀਪ ਸਿੰਘ, ਬਲਾਕ ਪ੍ਰਧਾਨ ਗੁਰਵਿੰਦਰ ਸਿੰਘ, ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਜੌਹਲ, ਬਲਾਕ ਵਾਈਸ ਪ੍ਰਧਾਨ ਮਲਕੀਅਤ ਸਿੰਘ ਜਗੀਰਦਾਰ, ਬਲਾਕ ਵਾਈਸ ਪ੍ਰਧਾਨ ਕਰਨਪ੍ਰੀਤ ਸਿੰਘ ਸੰਧੂ, ਬਲਾਕ ਵਾਈਸ ਪ੍ਰਧਾਨ ਬੀ. ਸੀ. ਗੁਰਵਤਨ ਸਿੰਘ, ਬਲਾਕ ਵਾਈਸ ਪ੍ਰਧਾਨ ਐੱਸ ਸੀ ਪਰਵਿੰਦਰ ਸਿੰਘ ਪ੍ਰਿੰਸ, ਜਨਰਲ ਸਕੱਤਰ ਲਵਜੀਤ ਸਿੰਘ, ਜਨਰਲ ਸਕੱਤਰ ਹਰਪ੍ਰੀਤ ਸਿੰਘ, ਜਨਰਲ ਸਕੱਤਰ ਐਸ. ਸੀ. ਰਵਿੰਦਰ ਸਿੰਘ ਰਵੀ, ਵਾਈਸ ਪ੍ਰਧਾਨ ਐੱਸ. ਸੀ. ਗੁਰਤੇਜ ਸਿੰਘ, ਵਾਈਸ ਪ੍ਰਧਾਨ ਐੱਸ.ਸੀ. ਜੱਜ ਸਿੰਘ, ਜਨਰਲ ਸਕੱਤਰ ਬੀ.ਸੀ. ਚਮਕੌਰ ਸਿੰਘ, ਵਾਈਸ ਪ੍ਰਧਾਨ ਅਮਨਦੀਪ ਕੌਰ ਜੌਹਲ, ਬਲਾਕ ਵਾਈਸ ਪ੍ਰਧਾਨ ਬਲਜਿੰਦਰ ਕੌਰ ਬਾਗੜੀਆਂ, ਜਨਰਲ ਸਕੱਤਰ ਮਨਦੀਪ ਕੌਰ ਤੋਂ ਇਲਾਵਾ ਜਗਰੂਪ ਸਿੰਘ ਸਰਪੰਚ, ਬਲਦੇਵ ਸਿੰਘ ਸਰਪੰਚ, ਚੇਅਰਮੈਨ ਜੋਯਤੀ ਬਾਗੜੀਆਂ, ਸਰਪੰਚ ਮਹਿੰਦਰ ਸਿੰਘ ਚੰਬਾ, ਬਾਬਾ ਪਰਮਜੀਤ ਸਿੰਘ ਮਾਹਕਾਲ, ਯਾਦਵਿੰਦਰ ਸਿੰਘ ਸੋਨੀ, ਪ੍ਰਭਦੀਪ ਸਿੰਘ ਕਾਹਲਵਾਂ, ਪਰਵਿੰਦਰ ਸਿੰਘ ਧੂੰਦਾ, ਬਲਦੇਵ ਸਿੰਘ ਫੌਜੀ, ਇੰਦਰਜੀਤ ਸਿੰਘ ਪੱਖੋਪੁਰ, ਕਰਮਜੀਤ ਸਿੰਘ ਪੱਖੋਪੁਰ, ਅਮਰਜੀਤ ਸਿੰਘ ਪੱਖੋਪੁਰ, ਗੁਰਦਿਆਲ ਸਿੰਘ ਦੀਨੇਵਾਲ, ਸੁਖਵਿੰਦਰ ਸਿੰਘ ਦੀਨੇਵਾਲ, ਦਵਿੰਦਰ ਸਿੰਘ ਗਿੱਲ ਵੜੈਚ, ਗਗਨਦੀਪ ਸਿੰਘ ਕੰਗ, ਅਮਨਦੀਪ ਸਿੰਘ ਜੌਹਲ, ਸੁਖਦੇਵ ਸਿੰਘ ਪੱਖੋਪੁਰ, ਗੁਰਜਿੰਦਰ ਸਿੰਘ ਮੈਂਬਰ, ਗੁਰਵਿੰਦਰ ਸਿੰਘ ਖ਼ਾਨ ਛਾਪੜੀ, ਗਗਨ ਰੰਧਾਵਾ, ਹਰਪ੍ਰੀਤ ਸਿੰਘ ਚੰਬਾ, ਪੀ ਏ ਰਣਜੀਤ ਸਿੰਘ ਰਾਣਾ ਪਵਾਰ ਆਦਿ ਕਾਂਗਰਸੀ ਹਾਜ਼ਰ ਸਨ।

# ਅਕਾਲ ਅਕੈਡਮੀ ਰਸੂਲਪੁਰ ਬੇਟ ਵੱਲੋਂ ਸਮਾਜ ਨੂੰ ਨਸ਼ਾ ਮੁਕਤ ਕਰਨ ਦਾ ਹੋਕਾ




ਧਾਰੀਵਾਲ, (ਮਨਦੀਪ ਵਿੱਕੀ)- ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ ਵਿੱਚ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ।ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਦੇਸ਼ ਭਰ ਵਿੱਚ ਸਥਿਤ ਅਕਾਲ ਅਕੈਡਮੀਆਂ ਵਿੱਚ ਇੱਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ।ਸਵੇਰੇ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ੍ਹ ਸੰਕਲਪ ਪ੍ਰਗਟਾਇਆ।ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇੱਕ ਮਨੁੱਖੀ ਸੰਦੇਸ਼ ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਉਣ ਦਾ ਸੰਕਲਪ ਵੀ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ।ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਿੰਡ ਰਸੂਲਪੁਰ ਬੇਟ ਦੇ ਸਰਪੰਚ ਰਣਜੀਤ ਕੌਰ ਅਤੇ ਰਾਜੇਸ਼ ਰਾਜ ਚੰਦਰਭਾਨ ਦੇ ਸਰਪੰਚ ਅਤੇ ਰਤਨਸਾਗਰ ਸਕੂਲ ਦੇ ਪ੍ਰਿੰਸੀਪਲ ਹਰਪ੍ਰੀਤ ਕੌਰ ਰੰਧਾਵਾ ਨੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੇ ਅਕੈਡਮੀ ਦੇ ਇਸ ਸਮਾਜਿਕ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ।

## ਇਲਾਕੇ 'ਚ ਚੋਰੀ ਦੀਆਂ ਘਟਨਾਵਾਂ 'ਚ ਵਾਧਾ

ਸਨੌਰ, (ਰਾਜਿੰਦਰ ਸਿੰਘ ਥਿੰਦ) ਚੋਰੀ ਦੀਆਂ ਵਾਰਦਾਤਾਂ ਲਗਾਤਾਰ ਵਧਦੀਆਂ ਜਾ ਰਹੀਆਂ ਹਨ, ਜਿਸ ਕਾਰਨ ਇਲਾਕਾ ਵਾਸੀਆਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ।ਤਾਜ਼ਾ ਘਟਨਾ ਵਿੱਚ ਸ਼ਹਿਰ ਦੇ ਅੱਧਾ ਦਰਜਨ ਦੇ ਕਰੀਬ ਘਰਾਂ ਵਿੱਚ ਲੱਗੇ ਮੋਟਰ ਕੁਨੈਕਸ਼ਨਾਂ ਦੀਆਂ ਬਿਜਲੀ ਵਾਲੀਆਂ ਤਾਰਾਂ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਅੰਕੁਰ ਸਿੰਗਲਾ ਨੇ ਦੱਸਿਆ ਕਿ ਰਾਤ ਦੇ ਸਮੇਂ ਮੋਟਰਾਂ ਨਾਲ ਜੁੜੀਆਂ ਬਿਜਲੀ ਦੀਆਂ ਤਾਰਾਂ ਕੱਟ ਕੇ ਚੋਰੀ ਕਰ ਲਈਆਂ।ਸਵੇਰੇ ਜਦੋਂ ਪਰਵਾਰਕ ਮੈਂਬਰਾਂ ਨੇ ਪਾਣੀ ਦੀ ਮੋਟਰ ਚਲਾਉਣ ਦੀ ਕੋਸ਼ਿਸ਼ ਕੀਤੀ ਤਾਂ ਚੋਰੀ ਦਾ ਪਤਾ ਲੱਗਾ।ਇਸ ਘਟਨਾ ਕਾਰਨ ਘਰਾਂ ਦੇ ਲੋਕਾਂ ਨੂੰ ਪਾਣੀ ਦੀ ਸਪਲਾਈ ਵਿੱਚ ਵੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਸਨੌਰ ਵਿੱਚ ਚੋਰੀ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਪਰ ਇਸ ਦੇ ਬਾਵਜੂਦ ਚੋਰਾਂ 'ਤੇ ਕੋਈ ਕਾਰਵਾਈ ਹੁੰਦੀ ਨਜ਼ਰ ਨਹੀਂ ਆ ਰਹੀ।ਉਨ੍ਹਾਂ ਪੁਲਸ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਰਾਤ ਸਮੇਂ ਗਸ਼ਤ ਵਧਾਈ ਜਾਵੇ ਤੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੁ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ।

# ਛੋਟੇ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ



ਪੱਟੀ ,(ਬਲਦੇਵ ਸਿੰਘ ਸੰਧੂ ਕਿਰਤੋਵਾਲ)-ਡਿਪਟੀ ਕਮਿਸ਼ਨਰ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਦੀ ਅਗਵਾਈ ਹੇਠ ਪਲਸ ਪੋਲੀਓ ਰਾਊਂਡ ਦੌਰਾਨ ਜ਼ਿਲ੍ਹਾ ਹਸਪਤਾਲ ਤਰਨ ਤਾਰਨ ਵਿਖੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਪਲਸ ਪੋਲੀਓ ਮੁਹਿੰਮ ਮੌਕੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁੱਲ 143447 ਜਨਮ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣੀਆਂ ਯਕੀਨੀ ਬਣਾਈਆਂ ਜਾਣਗੀਆਂ ਅਤੇ ਕੋਲ ਚੇਨ ਦਾ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਖ਼ਾਸ ਖ਼ਿਆਲ ਰੱਖਿਆ ਜਾ ਰਿਹਾ ਹੈ।

ਡਾ. ਭਾਰਤੀ ਧਵਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜਨਮ ਤੋ 5 ਤੱਕ ਦੇ ਛੋਟੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਉਣ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਪਲਸ ਪੋਲੀਓ ਰਾਊਡ ਤਹਿਤ 28, 29,ਅਤੇ 30 ਜੂਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹੇ ਵਿੱਚ ਫਿਕਸ ਬੂਥ 574 , ਡੋਰ-ਟੂ-ਡੋਰ 1148 ਟੀਮਾਂ, 33 ਟ੍ਰਾਂਜ਼ਿਟ ਟੀਮਾਂ, 49 ਮੋਬਾਈਲ ਟੀਮਾਂ ਅਤੇ ਇਸ ਦੇ ਯੋਗ ਪ੍ਰਬੰਧਾਂ ਲਈ 2450 ਵੈਕਸੀਨੇਟਰ ਨਿਯੁਕਤ ਕੀਤੇ ਗਏ ਹਨ। ਡਾ. ਵਰਿੰਦਰਪਾਲ ਕੌਰ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਟੀਮਾ ਦੀ ਸੁਪਰਵਿਜ਼ਨ ਲਈ ਜ਼ਿਲ੍ਹੇ ਵਿੱਚ ਕੁੱਲ 114 ਸੁਪਰਵਾਈਜ਼ਰ ਵੀ ਤਾਇਨਾਤ ਕਰ ਦਿੱਤੇ ਗਏ ਹਨ ਅਤੇ ਵੱਖ-ਵੱਖ ਬਲਾਕਾਂ ਦੀ ਸੁਪਰਵਿਜ਼ਨ ਲਈ ਸਮੂਹ ਬਲਾਕਾ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਵੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਤਾਂ ਜ਼ੋ ਇਸ ਪਲਸ ਪੋਲੀਓ ਰਾਂਊਂਡ ਵਿੱਚ ਕੋਈ ਵੀ ਬੱਚਾ ਪੋਲੀਓ ਬੂੰਦਾਂ ਤੋ ਵਾਂਝਾ ਨਾ ਰਹੇ।ਇਸ ਮੌਕੇ ਸਿਵਲ ਹਸਪਤਾਲ ਦੇ ਡਾ. ਰਣਦੀਪ ਸਿੰਘ ਜ਼ਿਲ੍ਹਾ ਐਪੀਡਿਮੋਲੋਜਿਸਟ, ਡਾ. ਵਿਪੁਲ, ਡਾ. ਜ਼ਸਪਿੰਦਰ ਪਾਲ ਸਿੰਘ, ਡਾ. ਰੁਪਿੰਦਰ ਕੌਰ, ਡਾ. ਰੌਬਿਨ ਸਿੰਘ ਟੀ.ਬੀ. ਅਫ਼ਸਰ, ਡਾ. ਲਾਜਵੀਰ ਸਿੰਘ , ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਹੈਲਥ ਸੁਪਰਵਾਈਜ਼ਰ ਭੁਪਿੰਦਰ ਸਿੰਘ, ਅਮਰਜੀਤ ਸਿੰਘ ਗਿੱਲ , ਐੱਲ.ਐੱਚ.ਵੀ ਜਸਬੀਰ ਕੌਰ, ਏ.ਐਨ.ਐਮ ਪ੍ਰਦੀਪ ਕੌਰ ਮਨਜਿੰਦਰ ਸਿੰਘ, ਜਸਪਿੰਦਰ ਸਿੰਘ, ਪ੍ਰਦੀਪ ਸਿੰਘ, ਆਰੂਸ਼ ਭੱਲਾ ਬੀ.ਸੀ.ਸੀ. ਕੋਆਰਡੀਨੇਟਰ, ਸੰਦੀਪ ਸਿੰਘ ਕੰਪਿਊਟਰ ਅਸਿਸਟੈਂਟ ਤੋਂ ਇਲਾਵਾ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ ਆਦਿ ਹਾਜ਼ਰ ਸਨ ।

# ਪੱਤਰਕਾਰ ਅਵਤਾਰ ਕਲੇਰ ਵੱਲੋਂ ਰੌਜ਼ਾ ਸ਼ਰੀਫ ਮੰਢਾਲੀ ਮੇਲੇ 'ਤੇ ਵਿਸ਼ੇਸ਼ ਸਪਲੀਮੈਂਟ

## ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਜੀ ਕਾਦਰੀ ਵੱਲੋਂ ਸੱਯਦ ਉਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਜੀ ਕਾਦਰੀ ਦੇ ਮੇਲੇ ਦੀਆਂ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਅਵਤਾਰ ਕਲੇਰ
ਪੱਤਰਕਾਰ ਬੰਗਾ
98721-16412,
99880-16412





ਡੇਰਾ 108 ਸੰਤ ਬਾਬਾ ਮੇਲਾ ਰਾਮ ਜੀ ਭਰੋਮਜਾਰਾ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ ਲੱਖ ਵਧਾਈਆਂ




ਸੰਤ ਕੁਲਵੰਤ ਰਾਮ ਜੀ
ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ



ਸੰਤ ਡਾ. ਲਛਮਣ ਦਾਸ ਜੀ ਭਰੋਮਜਾਰਾ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਡਾ. ਸੁਖਵਿੰਦਰ ਕੁਮਾਰ ਸੁੱਖੀ
ਵਿਧਾਇਕ ਬੰਗਾ



ਪਵਨਜੀਤ ਸਿੰਘ ਸਿੱਧੂ
ਹਲਕਾ ਸੰਗਠਨ ਇੰਜਾਰਜ



ਕਮਲਜੀਤ ਸਿੰਘ ਮੇਹਲੀ
ਯੂਥ ਆਗੂ ਆਪ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



| | | | | |
|---|---|---|---|---|
| ਸਤਵੀਰ ਸਿੰਘ ਪੱਲੀਝਿੱਕੀ<br>ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ | ਕੁਲਵਰਨ ਸਿੰਘ ਥਾਂਦੀਆਂ<br>ਪ੍ਰਧਾਨ ਬਲਾਕ ਕਾਂਗਰਸ ਕਮੇਟੀ | ਕਮਲਜੀਤ ਬੰਗਾ<br>ਪ੍ਰਧਾਨ ਕਿਸਾਨ ਕਾਂਗਰਸ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ | ਦਰਵਜੀਤ ਸਿੰਘ ਪੂਨੀਆ<br>ਸਾਬਕਾ ਪ੍ਰਧਾਨ ਮਾਰਕੀਟ ਕਮੇਟੀ ਬੰਗਾ | ਪਰਵਿੰਦਰ ਸਿੰਘ ਬਿੱਟੂ<br>ਸਾਬਕਾ ਸਰਪੰਚ, ਬਹੂਆ |

ਡੇਰਾ ਬਾਬਾ ਬਸਾਉ ਦਾਸ ਜੀ ਦੁੱਧਾਧਾਰੀ
ਸੰਤ ਮੰਗਲ ਦਾਸ ਜੀ ਸੱਚਖੰਡ ਈਸਪੁਰ (ਹੁਸ਼ਿਆਰਪੁਰ)





ਬ੍ਰਹਮਲੀਨ ਸੰਤ ਮੰਗਲ ਦਾਸ ਜੀ

ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਜੀ



ਸੰਤ ਹਰਵਿੰਦਰ ਦਾਸ ਈਸਪੁਰ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ ਲੱਖ ਵਧਾਈਆਂ



ਹਰਜੋਤ ਕੌਰ ਲੋਹਟੀਆ
ਹਲਕਾ ਇੰਚਾਰਜ ਫਿਲੌਰ
ਆਮ ਆਦਮੀ ਪਾਰਟੀ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



| | | | | |
|---|---|---|---|---|
| ਬਲਜੀਤ ਸਿੰਘ<br>ਸਾਬਕਾ ਸਰਪੰਚ ਕੁਲਥਮ | ਧਰਮਿੰਦਰ ਸਿੰਘ<br>ਨੰਬਰਦਾਰ ਮੰਢਾਲੀ | ਅਸ਼ੋਕ ਕੁਮਾਰ<br>ਸਾਬਕਾ ਸਰਪੰਚ ਖੋਥੜਾਂ | ਇੰਜ. ਮਲਕੀਤ ਮੰਢਾਲੀ | ਸਤਪਾਲ ਪੰਡੋਰੀ |

ਡੇਰਾ ਬਾਬਾ ਦੁੱਧਾਧਾਰੀ



ਮਹੰਤ ਗੁਰੂ ਗੁਰਬਚਨ ਦਾਸ ਜੀ

ਮਹੰਤ ਗੁਰਬਚਨ ਦਾਸ ਨਗਰ (ਫਰਾਲਾ)
ਡੇਰੇ ਵਿੱਚ ਸੇਵਾ ਜਾਰੀ ਹੈ, ਦਾਨੀ ਸੱਜਣ ਵੱਧ ਚੜ੍ਹ ਕੇ ਹਿੱਸਾ ਪਾਉਣ
ਮੋਬਾਇਲ : 77196-15088



ਗੱਦੀ ਨਸ਼ੀਨ ਸੰਤ ਪ੍ਰੇਮ ਦਾਸ

ਗੁਰੂ ਨਾਨਕ ਮਿਸ਼ਨ ਹਸਪਤਾਲ ਅਤੇ ਟਰੌਮਾ ਸੈਂਟਰ ਢਾਹਾਂ ਕਲੇਰਾਂ



★ ਸਾਬਕਾ ਫੌਜੀਆਂ ਲਈ ★
ਈ. ਸੀ. ਐਚ. ਐਸ. (ECHS)
ECHS
Ex-Servicemen Contributory Health Scheme
ਕੈਸ਼ਲੈਸ ਇਲਾਜ ਸੇਵਾ ਸਕੀਮ
- ਹੈਲਪਲਾਈਨ - 91158-60260
- ਅਮਰਜੈਂਸੀ - 91158-60260
- ਐਂਬੂਲੈਂਸ - 96465-60260



ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ ਲੱਖ ਵਧਾਈਆਂ
ਹਜ਼ਰਤ ਜਨਾਬ ਦਾਤਾ ਮੀਆਂ ਚਿਰਾਗ ਸ਼ਾਹ ਜੀ
ਪਿੰਡ ਸੁੰਨੜਾਂ ਰਾਜਪੂਤਾਂ (ਫਗਵਾੜਾ)
ਮੁੱਖ ਸੇਵਾਦਾਰ ਡਾ. ਧਲਵਿੰਦਰ ਰਾਜ

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



| | | | | |
|---|---|---|---|---|
| ਜਸਵਿੰਦਰ ਸਿੰਘ ਭੰਗਲ<br>ਜ਼ਿਲ੍ਹਾ ਸਕੱਤਰ ਸੀ ਪੀ ਆਈ | ਗੁਰਮੁੱਖ ਸਿੰਘ ਫਰਾਲਾ<br>ਬਲਾਕ ਸਕੱਤਰ ਸੀ ਪੀ ਆਈ | ਇੰਜੀ. ਰਾਮ ਆਸਰਾ<br>ਸੇਵਾ ਮੁਕਤ ਜੇ ਈ ਪਾਵਰਕਾਮ | ਹਸ਼ਮਤ ਅਲੀ<br>ਸਰਕਲ ਪ੍ਰਧਾਨ ਇੰਪ. ਫੈਡ. ਏਟਕ | ਗੋਰਾ ਚੱਕ ਪ੍ਰੇਮਾ<br>ਸੇਵਾਦਾਰ |



ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ ਲੱਖ ਵਧਾਈਆਂ
ਗੋਲਡ ਮੈਡਲਿਸਟ ਗਾਇਕ ਭੈਣਾਂ
ਕੌਰ ਸਿਸਟਰਜ਼
ਪ੍ਰੋਗਰਾਮਾਂ ਲਈ ਸੰਪਰਕ ਕਰੋ
ਮੋਬਾ.98148-25807

ਮੰਢਾਲੀ ਮੇਲੇ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ



Principal Janak Raj PES,
M.A.(Pol.Sc.& Pbi.)
Former Parmukh
Sewadar Rattu Jathere
Jhanderan, SBS Nagar.



ਅਵਤਾਰ ਕਲੇਰ ਪੱਤਰਕਾਰ | ਰਜਿੰਦਰ ਕੌਰ ਕਲੇਰ | ਇੰਜ. ਸੂਰਜ ਕਲੇਰ | ਅਕਾਸ਼ ਕਲੇਰ


## ਡੋਨੀ ਬੱਲ ਗੈਂਗ ਦਾ ਮੁੱਖ ਸਰਗਨਾ ਤੇ ਇੱਕ ਅਸਲਾ ਤਸਕਰ ਗ੍ਰਿਫਤਾਰ

**ਜਲੰਧਰ (ਸ਼ੈਲੀ ਐਲਬਰਟ)**- ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ (ਐੱਸ ਐੱਸ ਪੀ) ਜਲੰਧਰ-ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮਾਜ ਦੇ ਮਾੜੇ ਅਨਸਰਾਂ ਅਤੇ ਅਸਲਾ ਤਸਕਰਾਂ ਖਿਲਾਫ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਵਨੀਤ ਅਹਿਲਾਵਤ, ਪੁਲਿਸ ਕਪਤਾਨ (ਤਫਤੀਸ਼) ਅਤੇ ਲਖਵਿੰਦਰ ਸਿੰਘ, ਉਪ ਪੁਲਿਸ ਕਪਤਾਨ (ਤਫਤੀਸ਼), ਜਲੰਧਰ-ਦਿਹਾਤੀ ਦੀ ਅਗਵਾਈ ਹੇਠ ਇੰਸਪੈਕਟਰ ਪੁਸ਼ਪ ਬਾਲੀ, ਇੰਚਾਰਜ ਸੀ ਆਈ ਏ ਸਟਾਫ ਜਲੰਧਰ-ਦਿਹਾਤੀ ਦੀਆਂ ਟੀਮਾਂ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਡੋਨੀ ਬੱਲ ਗੈਂਗ ਦੇ ਮੁੱਖ ਸਾਥੀ ਸੁਖਜਿੰਦਰ ਸਿੰਘ ਉਰਫ ਬਿੱਟੂ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ ਇੱਕ 30 ਬੋਰ ਪਿਸਟਲ ਸਮੇਤ 3 ਮੈਗਜ਼ੀਨ, 9 ਜ਼ਿੰਦਾ ਰੌਂਦ ਤੇ ਇੱਕ 12 ਬੋਰ ਪੰਪ ਐਕਸ਼ਨ ਗੰਨ ਬਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਇੱਕ ਹੋਰ ਅਸਲਾ ਤਸਕਰ ਨੂੰ ਇੱਕ 32 ਬੋਰ ਪਿਸਟਲ ਸਮੇਤ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਮਿਤੀ 12 ਮਾਰਚ 2026 ਨੂੰ ਥਾਣਾ ਮਹਿਤਪੁਰ ਦੀ ਪੁਲਿਸ ਵੱਲੋਂ ਗਸ਼ਤ ਦੌਰਾਨ ਇੱਕ ਸਕਾਰਪੀਓ ਤੇ ਸਵਿਫਟ ਗੱਡੀ ਦੀ ਚੈਕਿੰਗ ਕੀਤੀ ਜਾ ਰਹੀ ਸੀ। ਚੈਕਿੰਗ ਦੌਰਾਨ ਸਕਾਰਪੀਓ ਗੱਡੀ ਵਿੱਚੋਂ ਇੱਕ ਵਿਦੇਸ਼ੀ ਗਲੌਕ ਪਿਸਟਲ ਸਮੇਤ ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਸਨ। ਗੱਡੀਆਂ ਸਮੇਤ ਵਿਅਕਤੀਆਂ ਨੂੰ ਕਾਬੂ ਕਰਦੇ ਸਮੇਂ ਇੱਕ ਨੌਜਵਾਨ ਮੌਕੇ ਤੋਂ ਇੱਕ ਸਪਲੈਂਡਰ ਮੋਟਰਸਾਈਕਲ ਛੱਡ ਕੇ ਫਰਾਰ ਹੋ ਗਿਆ ਸੀ।ਉਕਤ ਵਿਅਕਤੀ ਦੀ ਪਛਾਣ ਸੁਖਜਿੰਦਰ ਸਿੰਘ ਉਰਫ ਬਿੱਟੂ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਕੰਮੋਕੇ, ਥਾਣਾ ਬਿਆਸ, ਜ਼ਿਲ੍ਹਾ ਅੰਮ੍ਰਿਤਸਰ ਵਜੋਂ ਹੋਈ ਸੀ, ਜੋ ਕਿ ਵਿਦੇਸ਼ ਵਿੱਚ ਬੈਠੇ ਗੈਂਗਸਟਰ ਡੋਨੀ ਬੱਲ ਦਾ ਕਰੀਬੀ ਸਾਥੀ ਅਤੇ ਗੈਂਗ ਦਾ ਸਰਗਰਮ ਮੈਂਬਰ ਹੈ। ਇਸ ਸਬੰਧੀ ਮੁਕੱਦਮਾ ਥਾਣਾ ਮਹਿਤਪੁਰ, ਜ਼ਿਲ੍ਹਾ ਜਲੰਧਰ-ਦਿਹਾਤੀ ਵਿਖੇ ਦਰਜ ਰਜਿਸਟਰ ਕੀਤੇ ਗਏ ਸਨ।



## ਸੀਚੇਵਾਲ ਨੇ ਬੱਚਿਆਂ ਨੂੰ ਪਿਲਾਈਆਂ ਪਲਸ ਪੋਲੀਓ ਦੀਆਂ ਬੂੰਦਾਂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਦੇਸ਼-ਵਿਆਪੀ ਪਲਸ ਪੋਲੀਓ ਮੁਹਿੰਮ ਦੌਰਾਨ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਿਵਲ ਹਸਪਤਾਲ



ਸੁਲਤਾਨਪੁਰ ਲੋਧੀ ਵੱਲੋਂ ਲਾਏ ਗਏ ਕੈਂਪ ਦੀ ਸ਼ੁਰੂਆਤ ਬੱਚਿਆਂ ਨੂੰ ਪਲਸ ਪੋਲੀਓ ਦੀਆਂ ਬੂੰਦਾਂ ਪਿਲਾ ਕੇ ਕੀਤੀ। ਇਹ ਕੈਂਪ ਤਲਵੰਡੀ ਚੌਧਰੀਆਂ ਪੁਲ ਨੇੜੇ ਲਾਇਆ ਗਿਆ ਸੀ। ਸੁਲਤਾਨਪੁਰ ਲੋਧੀ ਕਸਬੇ ਵਿੱਚ ਕੁੱਲ 15 ਬੂਥ ਕੈਂਪ ਅਤੇ ਤਿੰਨ ਚੱਲਦੀਆ ਫਿਰਦੀਆਂ ਟੀਮਾਂ ਨੇ ਕੁੱਲ 1100 ਦੇ ਕਰੀਬ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ। ਇਸ ਕੈਂਪ ਵਿੱਚ ਪਰਵਾਸੀ ਮਜ਼ਦੂਰਾਂ ਦੇ ਬੱਚੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੂੰ ਪਲਸ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ।ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੈਂਪ ਦਾ ਉਦਘਾਟਨ ਕਰਨ ਉਪਰੰਤ ਗੱਲਬਾਤ ਦੌਰਾਨ ਦੱਸਿਆ ਕਿ ਬੱਚੇ ਹੀ ਦੇਸ਼ ਦੀ ਸਭ ਤੋਂ ਕੀਮਤੀ ਪੂੰਜੀ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਬਚਪਨ ਤੰਦਰੁਸਤ, ਸਿਹਤਮੰਦ, ਸੁਰੱਖਿਅਤ ਅਤੇ ਪੋਸ਼ਣ ਭਰਪੂਰ ਹੋਵੇਗਾ ਤਾਂ ਹੀ ਦੇਸ਼ ਦਾ ਭਵਿੱਖ ਮਜ਼ਬੂਤ ਬਣੇਗਾ। ਉਨ੍ਹਾਂ ਕਿਹਾ ਕਿ ਪਲਸ ਪੋਲੀਓ ਵਰਗੀਆਂ ਮੁਹਿੰਮਾਂ ਸਾਡੇ ਬੱਚਿਆਂ ਨੂੰ ਗੰਭੀਰ ਬਿਮਾਰੀਆਂ ਤੋਂ ਸੁਰੱਖਿਅਤ ਰੱਖਣ ਲਈ ਬੇਹੱਦ ਅਹਿਮ ਹਨ।

## ਬੱਚਿਆਂ ਵੱਲੋਂ ਲਗਾਈ ਗਈ ਠੰਢੇ-ਮਿੱਠੇ ਜਲ ਦੀ ਛਬੀਲ



**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਸ/ਰਾਮ ਲਾਲ)**- ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਵਾਰਡ ਨੰਬਰ 11 ਦੇ ਬੱਚਿਆਂ ਵੱਲੋਂ ਸੇਵਾ ਅਤੇ ਮਨੁੱਖਤਾ ਦੀ ਭਾਵਨਾ ਨਾਲ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਰਾਹਗੀਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ। ਛਬੀਲ ਦੌਰਾਨ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਸੇਵਾ ਨਿਭਾਈ ਅਤੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੱਤੀ। ਵਾਰਡ ਦੇ ਵੱਡੇ-ਬਜ਼ੁਰਗਾਂ ਨੇ ਵੀ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੀਆਂ ਧਾਰਮਿਕ ਤੇ ਸਮਾਜਿਕ ਗਤੀਵਿਧੀਆਂ ਨਾਲ ਨੌਜਵਾਨ ਪੀੜ੍ਹੀ ਵਿੱਚ ਸੇਵਾ ਭਾਵਨਾ ਅਤੇ ਆਪਸੀ ਭਾਈਚਾਰਾ ਮਜ਼ਬੂਤ ਹੁੰਦਾ ਹੈ।

## ਰੋਜ਼ਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਮੇਲਾ ਅੱਜ ਤੋਂ



**ਬੰਗਾ (ਅਵਤਾਰ ਕਲੇਰ)**- ਦਰਬਾਰ ਸੱਯਦ ਉਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ ਰੋਜ਼ਾ ਸ਼ਰੀਫ਼ ਮੰਢਾਲੀ ਵਿਖੇ ਸਲਾਨਾ ਜੋੜ ਮੇਲਾ 29 ਜੂਨ ਤੋਂ 3 ਜੁਲਾਈ ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਜੀ ਨੇ ਦੱਸਿਆ ਕਿ ਪੰਜ ਦਿਨਾਂ, ਦਿਨ -ਰਾਤ ਚੱਲਣ ਵਾਲੇ ਇਸ ਮੇਲੇ ਦੌਰਾਨ ਪਹਿਲੇ ਦਿਨ 29 ਜੂਨ ਨੂੰ ਸ਼ਾਮ ਨੂੰ ਝੰਡੇ ਦੀ ਰਸਮ ਉਪਰੰਤ ਚਿਰਾਗਾਂ ਦੀ ਰਸਮ ਅਦਾ ਕੀਤੀ ਜਾਵੇਗੀ। 30 ਜੂਨ ਤੇ 1 ਅਤੇ 2 ਜੁਲਾਈ ਨੂੰ ਪੰਜਾਬ ਦੇ ਮਸ਼ਹੂਰ ਕਲਾਕਾਰ ਅਤੇ ਕਵਾਲ ਪਾਰਟੀਆਂ ਹਾਜ਼ਰੀਆਂ ਭਰਨਗੇ। 3 ਜੁਲਾਈ ਨੂੰ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਸ਼ਿਰਕਤ ਕਰਨਗੇ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ, ਰੋਸ਼ਨ ਲਾਲ ਸਰਪੰਚ ਕੁਲਥਮ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਡਾ. ਸਤਨਾਮ ਸਿੰਘ ਪਰਸੋਵਾਲ, ਚਰਨਜੀਤ ਰਾਏ, ਸੋਨੂੰ ਜੱਸੋਮਜਾਰਾ, ਡਾ. ਜਗਦੀਸ਼ ਮੁਹੰਮਦ, ਗੋਰਾ ਚੱਕ ਪ੍ਰੇਮਾ, ਪੱਪੀ ਅਨੀਹਰ, ਸਨੀ, ਮਨੀ, ਗੱਗੀ, ਹਨੀ, ਜੱਸੀ, ਬੰਟੀ, ਨੂਰ ਮੁਹੰਮਦ, ਸੋਨੀ ਮੰਢਾਲੀ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।

## ਸਾਲਾਨਾ ਬਰਸੀ ਸਮਾਗਮ 5 ਨੂੰ

**ਬੰਗਾ (ਅਵਤਾਰ ਕਲੇਰ)**- ਡੇਰਾ ਬਾਬਾ ਲਹਿਣਾ ਦਾਸ ਜੀ, ਮਹੰਤ ਗੁਰਬਚਨ ਦਾਸ ਜੀ, ਸੰਤ ਪ੍ਰਿਥੀ ਦਾਸ ਜੀ, ਸੰਤ ਧਿਆਨ ਦਾਸ ਜੀ,



ਮਹੰਤ ਗੁਰਬਚਨ ਦਾਸ ਨਗਰ ਫਰਾਲਾ ਵਿਖੇ ਸੰਤਾਂ ਦੀ ਸਾਲਾਨਾ ਬਰਸੀ ਗੱਦੀ ਨਸ਼ੀਨ ਸੰਤ ਪ੍ਰੇਮ ਦਾਸ ਦੀ ਰਹਿਨੁਮਾਈ ਹੇਠ 5 ਜੁਲਾਈ ਨੂੰ ਮਨਾਈ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਸੰਤ ਪ੍ਰੇਮ ਦਾਸ ਨੇ ਦੱਸਿਆ ਕਿ ਮੇਲੇ ਦੌਰਾਨ ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਸ਼ਿਰਕਤ ਕਰਨਗੇ। ਨਾਮਵਰ ਕਲਾਕਾਰ ਦਰਬਾਰ ਤੇ ਹਾਜ਼ਰੀਆਂ ਭਰਨਗੇ। ਦਰਬਾਰ ਤੇ ਠੰਡਾ ਮਿੱਠਾ ਜਲ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਪਲਸ ਪੋਲੀਓ ਮੁਹਿੰਮ ਦੌਰਾਨ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਇਆਂ

**ਬੁਲ੍ਹੋਵਾਲ (ਵਿਰਦੀ)**- ਸੂਬੇ ਅੰਦਰ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ-ਰੋਧਕ ਕਤਰੇ ਪਿਲਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਸ ਤਿੰਨ ਦਿਨਾਂ ਮੁਹਿੰਮ ਦੇ ਪਹਿਲੇ ਦਿਨ ਅੱਜ ਵੱਖ ਵੱਖ ਸਥਾਨਾਂ ਤੇ ਬੂਥ ਲਗਾ ਕੇ ਇਹ ਪੋਲੀਓ ਦੇ ਕਤਰੇ ਪਿਲਾਏ ਗਏ। ਸਿਵਲ ਸਰਜਨ ਹੁਸ਼ਿਆਰਪੁਰ ਅਤੇ ਸੀਨੀਅਰ ਮੈਡੀਕਲ ਅਫਸਰ ਚੱਕੋਵਾਲ ਡਾ. ਮਨਪ੍ਰੀਤ ਕੌਰ ਦੀ ਦੇਖ-ਰੇਖ ਹੇਠ ਬਲਾਕ ਅੰਦਰ ਮੁਹਿੰਮ ਚਲਾਈ ਗਈ। ਸੁਪਰਵਾਈਜ਼ਰ ਇੰਦਰਜੀਤ ਵਿਰਦੀ ਫਾਰਮੇਸੀ ਅਫਸਰ ਨੇ ਦੱਸਿਆ ਕਿ ਉਹਨਾਂ ਵਲੋਂ ਜਿਹੜੇ ਪੰਜ ਬੂਥਾਂ ਤੇ ਦੇਖ-ਰੇਖ ਕੀਤੀ ਗਈ, ਉਹਨਾਂ ਵਿੱਚ 390 ਬੱਚਿਆਂ ਨੂੰ ਬੂੰਦਾਂ ਪਿਆਈਆਂ ਗਈਆਂ। ਸਬਸਿਡਰੀ ਹੈਲਥ ਸੈਂਟਰ ਆਹਰ-ਕੂੰਟ, ਸਬ ਸੈਂਟਰ ਬੇਗਮਪੁਰ ਜੰਡਿਆਲਾ, ਸਰਕਾਰੀ ਐਲੀਮੈਂਟਰੀ ਸਕੂਲ ਕੱਤੋਵਾਲ, ਸਬ-ਸੈਂਟਰ ਮਾਨਕਢੇਰੀ, ਸਰਕਾਰੀ ਐਲੀਮੈਂਟਰੀ ਸਕੂਲ ਬਡਾਲਾ ਪੱਕਾ ਵਿਖੇ ਲਗਾਏ ਗਏ ਬੂਥਾਂ ਵਿੱਚ ਸਬੰਧਿਤ ਪਿੰਡਾ ਦੇ 0-5 ਸਾਲ ਦੇ ਬੱਚਿਆਂ ਵੱਲੋਂ ਇਹ ਕਤਰੇ ਪਿਆਏ ਗਏ। ਇੰਦਰਜੀਤ ਵਿਰਦੀ ਨੇ ਦੱਸਿਆ ਕਿ 29 ਤੇ 30 ਜੂਨ ਵੀ ਇਹ ਪੋਲੀਓ ਮੁਹਿੰਮ ਜਾਰੀ ਰਹੇਗੀ ਅਤੇ ਇਸ ਦਿਨ ਘਰ-ਘਰ ਜਾ ਕੇ ਪੋਲੀਓ ਰੋਧਕ ਕਤਰੇ ਪਿਲਾਏ ਜਾਣਗੇ। ਉਹਨਾਂ ਵਲੋਂ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਬਹੁਤ ਹੀ ਅਹਿਮ ਮੁਹਿੰਮ ਵਿੱਚ ਪੂਰਣ ਸਹਿਯੋਗ ਦਿੱਤਾ ਜਾਵੇ ਤਾਂ ਜੋ ਇਸ ਖਤਰਨਾਕ ਬਿਮਾਰੀ ਤੋਂ ਬੱਚਿਆਂ ਨੂੰ ਬਚਾਇਆ ਜਾ ਸਕੇ। ਇਸ ਮੁਹਿੰਮ ਵਿੱਚ ਇਹਨਾਂ ਬੂਥਾਂ ਤੇ ਜਸਵਿੰਦਰ ਕੌਰ, ਨਵਦੀਪ ਕੌਰ, ਹਰਪ੍ਰੀਤ ਸਿੰਘ, ਸਤਵੀਰ ਸਿੰਘ, ਨਿਰਮਲਜੀਤ ਕੌਰ, ਰਸ਼ਪਾਲ ਸਿੰਘ, ਗੁਰਪ੍ਰੀਤ ਕੌਰ, ਇੰਦਰਜੀਤ ਕੌਰ, ਹਰਪ੍ਰੀਤ ਕੌਰ, ਬਿੰਦਰ, ਪਿੰਕੀ, ਜਸਵਿੰਦਰ ਕੌਰ, ਰੁਖਵਿੰਦਰ ਕੌਰ, ਮਨਪ੍ਰੀਤ ਕੌਰ, ਰਜਨੀ ਬਾਲਾ, ਬਲਵਿੰਦਰ ਕੌਰ, ਜੁਗਿੰਦਰ ਕੌਰ, ਸਰਬਜੀਤ ਕੌਰ, ਸੁਰਜੀਤ ਕੌਰ ਵਲੋਂ ਬੱਚਿਆਂ ਨੂੰ ਬੂੰਦਾਂ ਪਿਲਾਈਆਂ ਗਈਆਂ।



## 13 ਮੈਂਬਰੀ ਸੀ ਪੀ ਆਈ ਜ਼ਿਲ੍ਹਾ ਕਾਰਜਕਾਰਨੀ ਦਾ ਗਠਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਸੀ ਪੀ ਆਈ ਚੰਡੀਗੜ੍ਹ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਅਜੇ ਭਵਨ ਵਿਖੇ ਹੋਈ। ਮੀਟਿੰਗ ਦੇ ਪ੍ਰਧਾਨਗੀ ਮੰਡਲ ਵਿਚ ਸੁਰਜੀਤ ਕਾਲੜਾ, ਰਾਜ ਕੁਮਾਰ, ਦੇਵੀ ਦਿਆਲ ਸ਼ਰਮਾ ਅਤੇ ਕਰਮ ਸਿੰਘ ਵਕੀਲ ਸ਼ਾਮਿਲ ਹੋਏ।ਮੀਟਿੰਗ ਦੇ ਸ਼ੁਰੂ ਵਿੱਚ ਵੈਨੇਜ਼ੁਏਲਾ ਵਿਖੇ ਆਏ ਭੁਚਾਲ ਵਿੱਚ ਮਾਰੇ ਗਏ ਨਿਰਦੋਸ਼ਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।ਵਿਚਾਰ ਵਟਾਂਦਰਿਆਂ ਉਪਰੰਤ ਸਰਬਸੰਮਤੀ ਨਾਲ ਸਰਵਸ੍ਰੀ ਰਾਜ ਕੁਮਾਰ, ਦੇਵੀ ਦਿਆਲ ਸ਼ਰਮਾ, ਕਰਮ ਸਿੰਘ ਵਕੀਲ, ਪ੍ਰੀਤਮ ਸਿੰਘ ਹੁੰਦਲ, ਭੁਪਿੰਦਰ ਸਿੰਘ, ਜੋਗਿੰਦਰ ਸ਼ਰਮਾ, ਦਿਲਬਾਗ ਸਿੰਘ, ਗੁਰਚਰਨ ਸਿੰਘ, ਸ਼ਿੰਗਾਰਾ ਸਿੰਘ, ਅੰਮ੍ਰਿਤ ਲਾਲ, ਬਲਕਾਰ ਸਿੱਧੂ, ਸੁਰਜੀਤ ਕਾਲੜਾ ਅਤੇ ਸਤਿਆਵੀਰ ਸਿੰਘ 13 ਮੈਂਬਰੀ ਸੀ ਪੀ ਆਈ ਜ਼ਿਲ੍ਹਾ ਕਾਰਜਕਾਰਨੀ ਦਾ ਗਠਨ ਕੀਤਾ ਗਿਆ।ਰਾਜ ਕੁਮਾਰ ਜ਼ਿਲ੍ਹਾ ਸਕੱਤਰ ਨੇ ਦਸਿਆ ਕਿ ਮੌਜੂਦਾ ਸਮੇਂ ਵਿੱਚ ਪੰਜਾਬ ਅਤੇ ਚੰਡੀਗੜ੍ਹ ਦੇ ਆਰਥਿਕ, ਰਾਜਨੀਤਿਕ ਅਤੇ ਸਮਾਜਿਕ ਹਾਲਾਤਾਂ ਬਾਰੇ ਵਿਚਾਰ ਵਟਾਂਦਰਾ ਕਰਨ ਹਿੱਤ ਇਕ ਕਨਵੈਨਸ਼ਨ 12 ਜੁਲਾਈ ਨੂੰ ਸਵੇਰੇ 11 ਵਜੇ ਅਜੇ ਭਵਨ, ਚੰਡੀਗੜ੍ਹ ਵਿਖੇ ਕੀਤੀ ਜਾਵੇਗੀ। ਉਨ੍ਹਾਂ ਸਾਰੇ ਸਾਥੀਆਂ ਨੂੰ ਬੇਨਤੀ ਕੀਤੀ ਕਿ ਕਨਵੈਂਸ਼ਨ ਨੂੰ ਸਫਲ ਬਣਾਉਣ ਲਈ ਉਪਰਾਲੇ ਕਰਨ। ਕਨਵੈਨਸ਼ਨ ਨੂੰ ਸਫ਼ਲ ਕਰਨ ਲਈ ਸਾਥੀ ਦੇਵੀ ਦਿਆਲ ਸ਼ਰਮਾ, ਸੁਰਜੀਤ ਕੌਰ ਕਾਲੜਾ, ਕਰਮ ਸਿੰਘ ਵਕੀਲ, ਐੱਸ ਐੱਸ ਕਾਲੀਰਮਨਾ ਅਤੇ ਪ੍ਰਲਾਦ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ।ਅੰਤ ਵਿੱਚ ਧੰਨਵਾਦ ਮਤਾ ਪ੍ਰੀਤਮ ਸਿੰਘ ਹੁੰਦਲ ਨੇ ਪੇਸ਼ ਕੀਤਾ।

## ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**- ਡੇਰਾ 108 ਸੰਤ ਬਸਾਊ ਦਾਸ ਜੀ ਸੱਚਖੰਡ ਦੁੱਧਾਧਾਰੀ, ਸੰਤ ਮੰਗਲ ਦਾਸ ਈਸਪੁਰ ਵਿਖੇ ਸਲਾਨਾ ਮੇਲਾ ਸੰਤ ਬੀਬੀ ਪ੍ਰਕਾਸ਼ ਕੌਰ,ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਸੰਗਤਾਂ ਨਾਲ ਪ੍ਰਵਚਨਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਭਗਵਾਨ ਕਣ ਕਣ ਵਿੱਚ ਮੌਜੂਦ ਹੈ। ਸਾਨੂੰ ਹਮੇਸ਼ਾ ਪ੍ਰਮਾਤਮਾ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ। ਸੰਤ ਹਰਵਿੰਦਰ ਦਾਸ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਡੇਰਾ ਵਿਖੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੰਤ ਬੀਬੀ ਪ੍ਰਕਾਸ਼ ਕੌਰ, ਸੰਤ ਹਰਵਿੰਦਰ ਦਾਸ, ਤਰਸੇਮ ਲਾਲ, ਪਰਗਣ ਰਾਮ, ਧੰਨਵੀਰ ਮਾਹੀ, ਹੀਰਾ ਲਾਲ ਸਾਬਕਾ ਸਬ ਇੰਸਪੈਕਟਰ, ਸਾਧੂ ਰਾਮ ਜੰਡਿਆਲੀ, ਸ਼ਰਧਾ ਰਾਮ ਜੰਡਿਆਲੀ, ਨਰੈਣ ਦਾਸ, ਧੰਨਾ ਰਾਮ ਜੰਡਿਆਲੀ, ਰੂਪ ਲਾਲ ਤੋਂ ਇਲਾਵਾ ਭਾਰੀ ਗਿਣਤੀ 'ਨਚ ਸੰਗਤਾਂ ਹਾਜ਼ਰ ਸਨ।




ਜਨਮ ਦਿਨ ਮੁਬਾਰਕ



ਜੰਨਤ ਕੌਰ, ਮੋਰਿੰਡਾ

ਵਰ੍ਹੇਗੰਢ ਮੁਬਾਰਕ



ਗੁਰਮੇਲ ਸਿੰਘ ਅਤੇ ਗੁਰਦੀਪ ਕੌਰ ਵਾਸੀ ਮੋਗਾ ਨੇ ਆਪਣੇ ਵਿਆਹ ਦੀ 52ਵੀਂ ਵਰ੍ਹੇਗੰਢ ਮਨਾਈ


## ਸੁਰਿੰਦਰ ਜਾਜਾ ਨੇ ਸੰਤ ਬਾਬਾ ਨਿਰੰਜਨ ਦਾਸ ਨੂੰ ਕੀਤਾ ਸਨਮਾਨਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਡੇਰਾ ਰਾਪੁਰ ਬੱਲਾਂ ਦੇ ਗੱਦੀ ਨਸ਼ੀਨ ਸੰਤ ਬਾਬਾ ਨਿਰੰਜਨ ਦਾਸ ਨੂੰ ਕੇਂਦਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਅਧਿਆਤਮਿਕ ਅਤੇ ਸਮਾਜਿਕ ਸੇਵਾਵਾਂ ਨੂੰ ਵੇਖਦੇ ਹੋਏ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉਨ੍ਹਾਂ ਨੂੰ ਪਦਮ ਸ੍ਰੀ ਪੁਰਸਕਾਰ ਨਾਲ ਸਨਮਾਨਤ ਕੀਤਾ। ਇਹ ਖਬਰ ਫੈਲਦੇ ਹੀ ਦੇਸ਼ ਵਿਦੇਸ਼ ਵਿੱਚ ਰਹਿੰਦੇ ਦਲਿਤ ਸਮਾਜ ਅਤੇ ਪਿਛੜੀ ਜਾਤੀਆਂ ਦੇ ਲੋਕਾਂ ਦੇ ਮਨਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਸੰਤ ਬਾਬਾ ਨਿਰੰਜਨ ਦਾਸ ਦੇ ਡੇਰਾ ਰਾਪੁਰ ਬੱਲਾਂ ਵਿਖੇ ਪਹੁੰਚਣ 'ਤੇ ਪੰਜਾਬ ਭਾਜਪਾ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਆਪਣੇ ਸਾਥੀਆਂ ਸਮੇਤ ਡੇਰਾ ਰਾਪੁਰ ਬੱਲਾਂ ਵਿਖੇ ਪਹੁੰਚੇ ਅਤੇ ਸੰਤ ਬਾਬਾ ਨਿਰੰਜਨ ਦਾਸ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਕੇ ਉਨ੍ਹਾਂ ਨੂੰ ਪਦਮ ਸ੍ਰੀ ਮਿਲਣ ਤੇ ਵਧਾਈ ਦਿੰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਰਜੀਵ ਮਹਾਜਨ, ਸੋਢੀ ਬਸਣ, ਸੁਰਜੀਤ ਰਾਜਾ, ਵਿਜੇ ਸਹੋਤਾ ਅਤੇ ਠੇਕੇਦਾਰ ਪਰਮਿੰਦਰ ਸੋਢੀ ਤੋਂ ਇਲਾਵਾ ਹੋਰ ਭਾਜਪਾ ਵਰਕਰਾਂ ਨੇ ਵੀ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਸੁਰਿੰਦਰ ਜਾਜਾ ਨੇ ਕਿਹਾ ਕਿ ਸੰਤ ਨਿਰੰਜਨ ਦਾਸ ਜੀ ਮਹਾਰਾਜ ਵੱਲੋਂ ਦਲਿਤ ਸਮਾਜ ਦੇ ਵਿਕਾਸ ਆਤਮ ਮਾਨ ਸਨਮਾਨ ਅਤੇ ਸਿਹਤ ਸਹੂਲਤਾਂ ਤੋਂ ਇਲਾਵਾ ਅਧਿਆਤਮ ਜਾਗਰੂਕਤਾ ਵਿੱਚ ਪਾਏ ਬੜਮੁੱਲੇ ਯੋਗਦਾਨ ਸਦਕਾ ਹੀ ਭਾਜਪਾ ਦੀ ਕੇਂਦਰ ਸਰਕਾਰ ਨੇ ਉਨ੍ਹਾਂ ਨੂੰ ਪਦਮ ਸ਼੍ਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਹੈ।



## ਏ ਆਈ+ਸਮਾਰਟਫੋਨ ਨੇ ਨੋਵਾ 2 ਸੀਰੀਜ਼ ਕੀਤੀ ਲਾਂਚ

**ਚੰਡੀਗੜ੍ਹ**- ਏਆਈ+ ਸਮਾਰਟਫੋਨ ਨੇ ਆਪਣੀ ਨੋਵਾ ਸੀਰੀਜ਼ ਦਾ ਵਿਸਥਾਰ ਕਰਦਿਆਂ ਨੋਵਾ 2 ਨਿਓ 5ਜੀ ਅਤੇ ਨੋਵਾ 2 ਪ੍ਰੋ 5ਜੀ ਸਮਾਰਟਫੋਨ ਲਾਂਚ ਕੀਤੇ ਹਨ। ਕੰਪਨੀ ਨੇ ਇਨ੍ਹਾਂ ਡਿਵਾਈਸਾਂ ਨੂੰ ਰਵਾਇਤੀ ਲਾਂਚ ਸਮਾਗਮ ਦੀ ਥਾਂ 'ਇੰਡੀਆਜ਼ ਗਾਟ ਨੋਵਾ' ਨਾਮਕ ਵਿਸ਼ੇਸ਼ ਪ੍ਰੋਗਰਾਮ ਰਾਹੀਂ ਪੇਸ਼ ਕੀਤਾ। ਇਸ ਪ੍ਰੋਗਰਾਮ ਦੀ ਮੇਜ਼ਬਾਨੀ ਕਾਮੇਡੀਅਨ ਸਮੇਂ ਰੈਨਾ ਤੇ ਟੈਕਨੋਲੋਜੀ ਵਿਸ਼ੇਸ਼ਗਿਆ ਰਾਜੀਵ ਮਖਨੀ ਨੇ ਕੀਤੀ।ਪ੍ਰੋਗਰਾਮ ਦੌਰਾਨ ਦਰਸ਼ਕਾਂ ਦੀ ਭਾਗੀਦਾਰੀ, ਲਾਈਵ ਡੈਮੋ, ਚਰਚਾਵਾਂ ਅਤੇ ਰੀਅਲ-ਵਰਲਡ ਚੈਲੈਂਜ ਸ਼ਾਮਲ ਕੀਤੇ ਗਏ, ਤਾਂ ਜੋ ਉਪਭੋਗਤਾਵਾਂ ਨੂੰ ਸਮਾਰਟਫੋਨਾਂ ਦੀ ਕਾਰਗੁਜ਼ਾਰੀ ਬਾਰੇ ਅਸਲ ਅਨੁਭਵ ਮਿਲ ਸਕੇ। ਕੰਪਨੀ ਵੱਲੋਂ ਸ਼ੁਰੂ ਕੀਤੇ ਓਪਨ ਰਿਵਿਊ ਪ੍ਰੋਗਰਾਮ ਤਹਿਤ ਰਿਵਿਊਅਰਾਂ, ਪੱਤਰਕਾਰਾਂ ਅਤੇ ਟੈਕ ਕਮਿਊਨਿਟੀ ਨੂੰ ਡਿਵਾਈਸ ਬਾਜ਼ਾਰ ਵਿੱਚ ਆਉਣ ਤੋਂ ਪਹਿਲਾਂ ਇਸ ਦੀ ਜਾਂਚ ਅਤੇ ਸਮੀਖਿਆ ਕਰਨ ਦਾ ਮੌਕਾ ਦਿੱਤਾ ਗਿਆ।

## ਸਾਈਂ ਬਾਬਾ ਮੁਰਕੀ ਸ਼ਾਹ ਦਾ ਮੇਲਾ ਸਮਾਪਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬਾਬਾ ਮੁਰਕੀ ਸ਼ਾਹ ਜੀ ਦਾ ਸਲਾਨਾ ਜੋੜ ਮੇਲਾ, ਗੱਦੀ ਨਸ਼ੀਨ ਸਾਈਂ ਬਾਬਾ ਸੋਢੀ ਸ਼ਾਹ ਜੀ ਦੀ ਅਗਵਾਈ ਹੇਠ ਸਾਂਈਂ ਮੁਰਕੀ ਸ਼ਾਹ ਦੇ ਦਰਬਾਰ ਨੂਰਮਹਿਲ ਤੋਂ ਉਪਲ ਰੋਡ ਨਜ਼ਦੀਕ ਬਿਜ਼ਲੀ ਘਰ ਦੇ ਕੋਲ ਦਰਬਾਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸਾਈਂ ਦੇ ਦਰਬਾਰ ਤੇ ਮਹਿੰਦੀ ਦੀ ਰਸਮ ਅਦਾ ਕੀਤੀ ਗਈ ਤੇ ਝੰਡੇ ਦੀ ਰਸਮ ਅਦਾ ਕੀਤੀ ਗਈ। ਪ੍ਰਸ਼ਾਦ ਚੋਲਾ ਦੀ ਨਿਆਜ ਆਦਿ ਪ੍ਰਸ਼ਾਦ ਵਰਤਾਏ ਗਏ ਸਨ। ਸਾਈਂ ਦੇ ਦਰਬਾਰ ਤੇ ਅਖੀਰਲੇ ਦਿਨ ਵੱਖ ਵੱਖ ਕਲਾਕਾਰਾਂ ਵਲੋਂ, ਮਾਟਾ ਮਾਸਟਰ ਕਵਾਲ ਐਂਡ ਪਾਰਟੀ ਵਲੋਂ ਅਤੇ ਵਨੀਤ ਖਾਂ ਐਂਡ ਪਾਰਟੀ ਵਲੋਂ ਸੂਫੀਅਨ ਕਲਾਮ ਪੇਸ਼ ਕੀਤੇ ਗਏ।ਇਸ ਸਮੇਂ ਸਾਈਂ ਗੱਦੀ ਨਸ਼ੀਨ ਬਾਬਾ ਸੋਢੀ ਸ਼ਾਹ ਜੀ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਨੂਰਮਹਿਲ ਦੇ ਆਗੂ ਅਤੇ ਉੱਘੇ ਸਮਾਜ ਸੇਵਕ, ਸੰਜੂ ਸ਼ਰਮਾ ਤੇ ਹੋਰ ਵੱਖ ਵੱਖ ਧਾਰਮਿਕ ਜਥੇਬੰਦੀਆਂ ਦੇ ਆਗੂਆਂ, ਵੱਖ-ਵੱਖ ਡੇਰਿਆਂ ਦੇ ਫੱਕਰ ਸਾਈਂ ਫ਼ਕੀਰਾ ਨੇ ਵੀ ਆਪਣੀ ਹਾਜ਼ਰੀ ਲਗਵਾਈ। ਇਸ ਮੇਲੇ ਤੇ ਕਈ ਵੱਖ ਵੱਖ ਪ੍ਰਕਾਰ ਦੇ ਲੰਗਰ ਚਾਹ ਪਕੌੜੇ, ਛੋਲੇ ਪੂੜੀਆਂ, ਆਈਸਕ੍ਰੀਮਾ, ਠੰਡੇ, ਮਿੱਠੇ ਜਲ ਦੀਆਂ ਛਬੀਲਾਂ ਜੂਸ, ਫੱਲ ਫਰੂਟ ਆਦਿ ਦੇ ਲੰਗਰ ਵਰਤਾਏ ਗਏ।

